19-AUG-PAGE-1.qxd 8/18/2025 9:30 PM Page 1

ਮੰਗਲਵਾਰ, 19 ਅਗਸਤ, 2025
4 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 78

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 19 AUGUST, 2025 ਜਲੰਧਰ

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

## ਆਪੋਜ਼ੀਸ਼ਨ ਵੱਲੋਂ ਮੁੱਖ ਚੋਣ ਕਮਿਸਨਰ ਭਾਜਪਾ ਦਾ ਬੁਲਾਰਾ ਕਰਾਰ



**ਨਵੀਂ ਦਿੱਲੀ** : ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਪ੍ਰੈੱਸ ਕਾਨਫਰੰਸ ਕਰਕੇ ਰਾਹੁਲ ਗਾਂਧੀ ਅਤੇ ਹੋਰਾਂ, ਜੋ ਵੋਟ ਚੋਰੀ ਦੇ ਦੋਸ਼ ਲਗਾ ਰਹੇ ਹਨ, ਨੂੰ ਇੱਕ ਹਫਤੇ ਦੇ ਅੰਦਰ ਸਬੂਤ ਪੇਸ਼ ਕਰਨ ਜਾਂ ਮੁਆਫੀ ਮੰਗਣ ਲਈ ਕਹਿਣ ਤੋਂ ਇੱਕ ਦਿਨ ਬਾਅਦ ਇੰਡੀਆ ਬਲਾਕ ਨੇ ਸੋਮਵਾਰ ਇੱਥੇ ਪ੍ਰੈੱਸ ਕਾਨਫਰੰਸ ਕਰਕੇ ਚੋਣ ਕਮਿਸ਼ਨ ਦੇ ਕੰਮਕਾਜ 'ਤੇ ਤਿੱਖੇ ਸਵਾਲ ਉਠਾਏ।

ਕਾਂਗਰਸ ਦੇ ਗੌਰਵ ਗੋਗੋਈ ਨੇ ਦੋਸ਼ ਲਾਇਆ ਕਿ ਚੋਣ ਕਮਿਸ਼ਨ ਉਨ੍ਹਾਂ ਅਧਿਕਾਰੀਆਂ ਦੇ ਹੱਥਾਂ ਵਿੱਚ ਹੈ ਜਿਹੜੇ ਪੱਖਪਾਤ ਕਰ ਰਹੇ ਹਨ। ਚੋਣ ਕਮਿਸ਼ਨ ਆਪੋਜ਼ੀਸ਼ਨ ਵੱਲੋਂ ਲਾਏ ਕਿਸੇ ਦੋਸ਼ ਦੀ ਜਾਂਚ ਨਹੀਂ ਕਰ ਰਿਹਾ। ਤ੍ਰਿਣਮੂਲ ਕਾਂਗਰਸ ਦੀ ਸਾਂਸਦ ਮਹੂਆ ਮੋਇਤਰਾ ਨੇ ਕਿਹਾ ਕਿ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਡੁਪਲੀਕੇਟ ਐਪਿਕ ਵੋਟਰ ਕਾਰਡਾਂ ਦਾ ਮੁੱਦਾ ਉਠਾਇਆ ਸੀ ਪਰ ਚੋਣ ਕਮਿਸ਼ਨ ਨੇ ਹਾਲੇ ਤੱਕ ਹੱਲ ਨਹੀਂ ਕੀਤਾ।

ਮੋਇਤਰਾ ਨੇ ਕਿਹਾ ਕਿ ਵੋਟਰ ਸੂਚੀਆਂ ਵਿੱਚ ਗੜਬੜੀਆਂ ਲਈ ਪਿਛਲੇ ਚੋਣ ਕਮਿਸ਼ਨਰਾਂ ਖਿਲਾਫ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਸੂਚੀਆਂ ਦੇ ਆਧਾਰ 'ਤੇ ਬਣੀ ਲੋਕ ਸਭਾ ਤੁਰੰਤ ਭੰਗ ਕੀਤੀ ਜਾਵੇ। ਡੀ ਐੱਮ ਕੇ ਦੇ ਤਿਰੁਚੀ ਸ਼ਿਵਾ ਨੇ ਕਿਹਾ ਕਿ ਹੁਕਮਰਾਨ ਪਾਰਟੀ ਸੰਸਦ ਵਿੱਚ ਚੋਣ ਸੂਚੀਆਂ ਵਿੱਚ ਸੁਧਾਈ 'ਤੇ ਬਹਿਸ ਕਿਉਂ ਨਹੀਂ ਹੋਣ ਦੇ ਰਹੀ। ਸੀ ਪੀ ਆਈ (ਐੱਮ) ਦੇ ਜੌਹਨ ਬ੍ਰਿਟਸ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ 'ਤੇ ਵਰ੍ਹਦਿਆਂ ਕਿਹਾ ਕਿ ਉਨ੍ਹਾ ਮੁੱਖ ਚੋਣ ਕਮਿਸ਼ਨਰ ਹੋਣ ਦਾ ਹੱਕ ਗੁਆ ਲਿਆ ਹੈ। ਜਾਪਦਾ ਹੈ ਕਿ ਮੁੱਖ ਚੋਣ ਕਮਿਸ਼ਨਰ ਨੇ ਆਪੋਜ਼ੀਸ਼ਨ ਪਾਰਟੀਆਂ ਖਿਲਾਫ ਜੰਗ ਐਲਾਨ ਦਿੱਤੀ ਹੈ ਤੇ ਚੋਣ ਕਮਿਸ਼ਨ ਸਰਕਾਰ ਦੀ ਬੀ-ਟੀਮ ਬਣ ਗਿਆ ਹੈ।

ਸਮਾਜਵਾਦੀ ਪਾਰਟੀ ਦੇ ਰਾਮਗੋਪਾਲ ਯਾਦਵ ਨੇ ਕਿਹਾ ਕਿ ਉਨ੍ਹਾ ਦੀ ਪਾਰਟੀ ਨੇ ਹਲਫਨਾਮਾ ਦੇ ਕੇ ਸ਼ਿਕਾਇਤ ਕੀਤੀ ਕਿ 2022 ਵਿੱਚ ਯੂ ਪੀ 'ਚ 18 ਹਜ਼ਾਰ ਵੋਟਾਂ ਕੱਟੀਆਂ ਗਈਆਂ, ਪਰ ਕੋਈ ਕਾਰਵਾਈ ਨਹੀਂ ਹੋਈ। ਰਾਜਦ ਦੇ ਮਨੋਜ ਝਾਅ ਨੇ ਕਿਹਾ—ਕੱਲ੍ਹ ਅਸੀਂ ਆਪਣੇ ਮੁੱਖ ਚੋਣ ਕਮਿਸ਼ਨਰ ਨੂੰ ਲੱਭ ਰਹੇ ਸੀ, ਪਰ ਨਵਾਂ ਭਾਜਪਾਈ ਬੁਲਾਰਾ ਲੱਭਿਆ। ਸ਼ਿਵ ਸੈਨਾ (ਯੂ ਬੀ ਟੀ) ਦੇ ਅਰਵਿੰਦ ਸਾਵੰਤ ਨੇ ਵੀ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਭਾਜਪਾ ਦੇ ਬੁਲਾਰੇ ਵਜੋਂ ਵਿਚਰੇ।

ਇਸ ਤੋਂ ਪਹਿਲਾਂ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਦੇ ਚੈਂਬਰ ਵਿੱਚ ਹੋਈ ਮੀਟਿੰਗ 'ਚ ਗਿਆਨੇਸ਼ ਕੁਮਾਰ ਨੂੰ ਹਟਵਾਉਣ ਦੇ ਮੁੱਦੇ 'ਤੇ ਚਰਚਾ ਕੀਤੀ ਗਈ। ਮੁੱਖ ਚੋਣ ਕਮਿਸ਼ਨਰ ਨੂੰ 'ਸਾਬਤ ਹੋਏ ਦੁਰਵਿਹਾਰ ਜਾਂ ਅਯੋਗਤਾ' ਦੇ ਆਧਾਰ 'ਤੇ ਹਟਾਇਆ ਜਾ ਸਕਦਾ ਹੈ। ਉਸ ਨੂੰ ਰਾਸ਼ਟਰਪਤੀ ਸੰਸਦ ਦੇ ਦੋਵਾਂ ਸਦਨਾਂ ਵੱਲੋਂ ਪਾਸ ਕੀਤੇ ਮਤੇ ਦੇ ਆਧਾਰ 'ਤੇ ਹਟਾ ਸਕਦਾ ਹੈ, ਪਰ ਵੋਟਿੰਗ ਵਿੱਚ ਦੋ-ਤਿਹਾਈ ਮੈਂਬਰ ਸ਼ਾਮਲ ਹੋਣ ਅਤੇ ਕੁੱਲ ਮੈਂਬਰਾਂ ਵਿੱਚੋਂ 50 ਫੀਸਦੀ ਤੋਂ ਵੱਧ ਦਾ ਸਮਰਥਨ ਪ੍ਰਾਪਤ ਹੋਵੇ। ਸੰਵਿਧਾਨ ਮੁੱਖ ਚੋਣ ਕਮਿਸ਼ਨਰ ਨੂੰ ਹਟਾਉਣ ਲਈ 'ਮਹਾਂਦੋਸ਼' ਸ਼ਬਦ ਦੀ ਵਰਤੋਂ ਨਹੀਂ ਕਰਦਾ। ਵਿਰੋਧੀ ਧਿਰ ਦੇ ਨੇਤਾਵਾਂ ਨੇ ਕਿਹਾ ਕਿ ਕੁਮਾਰ ਨੂੰ ਹਟਾਉਣ ਦਾ ਪ੍ਰਸਤਾਵ ਸ਼ੁਰੂਆਤੀ ਪੜਾਅ 'ਤੇ ਹੈ। ਆਗੂ ਇਸ ਤੱਥ ਤੋਂ ਜਾਣੂ ਹਨ ਕਿ ਉਨ੍ਹਾਂ ਕੋਲ ਲੋੜੀਂਦੇ ਅੰਕੜੇ ਨਹੀਂ ਹਨ।

## ਵੋਟਰ ਸੂਚੀਆਂ 'ਚੋਂ ਹਟਾਏ 65 ਲੱਖ ਵੋਟਰਾਂ ਦੇ ਨਾਂਅ ਨਸ਼ਰ

**ਨਵੀਂ ਦਿੱਲੀ** : ਚੋਣ ਕਮਿਸ਼ਨ ਨੇ ਉਨ੍ਹਾਂ 65 ਲੱਖ ਲੋਕਾਂ ਦੇ ਨਾਂਅ ਨਸ਼ਰ ਕਰ ਦਿੱਤੇ ਹਨ, ਜਿਨ੍ਹਾਂ ਨੂੰ ਬਿਹਾਰ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੋਧ ਦੀ ਕਾਰਵਾਈ ਦੇ ਹਿੱਸੇ ਵਜੋਂ ਪ੍ਰਕਾਸ਼ਤ ਡਰਾਫਟ ਵੋਟਰ ਸੂਚੀਆਂ ਵਿੱਚੋਂ ਹਟਾ ਦਿੱਤਾ ਗਿਆ ਸੀ।

ਇਹ ਕਾਰਵਾਈ ਸੁਪਰੀਮ ਕੋਰਟ ਦੀਆਂ ਹਦਾਇਤਾਂ ਦੇ ਪਿਛੋਕੜ ਵਿੱਚ ਕੀਤੀ ਗਈ ਹੈ। ਸੁਪਰੀਮ ਕੋਰਟ ਨੇ ਹਦਾਇਤ ਦਿੱਤੀ ਸੀ ਕਿ ਹਟਾਏ ਗਏ ਨਾਵਾਂ ਦੇ ਵੇਰਵੇ 19 ਅਗਸਤ ਤੱਕ ਜਨਤਕ ਕੀਤੇ ਜਾਣ ਅਤੇ 22 ਅਗਸਤ ਤੱਕ ਪਾਲਣਾ ਰਿਪੋਰਟ ਦਾਇਰ ਕੀਤੀ ਜਾਵੇ। ਚੋਣ ਕਮਿਸ਼ਨ ਪੋਲਿੰਗ ਬੂਥਾਂ 'ਤੇ 'ਏ ਐੱਸ ਡੀ' (ਗੈਰਹਾਜ਼ਰ, ਸ਼ਿਫਟਡ ਭਾਵ ਕਿਤੇ ਹੋਰ ਚਲੇ ਗਏ ਅਤੇ ਡੈੱਡ ਭਾਵ ਮ੍ਰਿਤਕ) ਵੋਟਰਾਂ ਦੇ ਨਾਂਅ ਪ੍ਰਕਾਸ਼ਤ ਕਰ ਰਿਹਾ ਹੈ ਅਤੇ ਅਧਿਕਾਰੀਆਂ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਅਜਿਹਾ ਆਨਲਾਈਨ ਕਰਨ ਦੀ ਸੰਭਾਵਨਾ ਹੈ। ਬਿਹਾਰ ਦੇ ਮੁੱਖ ਚੋਣ ਅਧਿਕਾਰੀ (ਸੀ ਈ ਓ) ਦੇ ਅਨੁਸਾਰ ਰੋਹਤਾਸ, ਬੇਗੂਸਰਾਏ, ਅਰਵਾਲ ਅਤੇ ਹੋਰ ਥਾਵਾਂ 'ਤੇ ਪੋਲਿੰਗ ਬੂਥਾਂ 'ਤੇ ਏ ਐੱਸ ਡੀ ਸੂਚੀਆਂ ਪ੍ਰਦਰਸ਼ਤ ਕੀਤੀਆਂ ਗਈਆਂ ਹਨ।

## ਸਿਰੀ ਰਾਮ ਅਰਸ਼ ਨੂੰ ਨਮ ਅੱਖਾਂ ਨਾਲ ਵਿਦਾਇਗੀ



**ਚੰਡੀਗੜ੍ਹ** : ਨਾਮਵਰ ਗ਼ਜ਼ਲਗੋ, ਪੰਜਾਬੀ ਲੇਖਕ ਸਭਾ ਦੇ ਸਾਬਕਾ ਪ੍ਰਧਾਨ, ਪ੍ਰਗਤੀਸ਼ੀਲ ਲੇਖਕ ਸੰਘ ਦੇ ਸਰਪ੍ਰਸਤ, ਚੰਡੀਗੜ੍ਹ ਪੰਜਾਬੀ ਮੰਚ ਦੇ ਚੇਅਰਮੈਨ ਅਤੇ ਸੀ ਪੀ ਆਈ ਦੀ ਹੈੱਡਕੁਆਟਰ ਬਰਾਂਚ ਦੇ ਮੈਂਬਰ ਸਿਰੀ ਰਾਮ ਅਰਸ਼ ਨੂੰ ਸੋਮਵਾਰ ਬਲੌਂਗੀ ਵਿਖੇ ਉਹਨਾਂ ਦੇ ਸੈਂਕੜੇ ਮੁਹੱਬਤ ਕਰਨ ਵਾਲਿਆਂ ਨੇ ਨਮ ਅੱਖਾਂ ਨਾਲ ਅਗਨ ਸਪੁਰਦ ਕੀਤਾ। ਕੁੱਝ ਮਹੀਨਿਆਂ ਤੋਂ ਉਹ ਬਿਮਾਰ ਚਲੇ ਆ ਰਹੇ ਸਨ ਤੇ ਆਖਰੀ ਸਮੇਂ ਆਈ ਸੀ ਯੂ ਵਿਚ ਸਨ। ਉਨ੍ਹਾਂ ਦੇ ਦੋ ਲੜਕਿਆਂ, ਧੀ, ਨੂੰਹਾਂ ਅਤੇ ਪਰਵਾਰ ਨੇ ਜਿੱਥੇ ਦੇਖਭਾਲ ਕੀਤੀ, ਉਥੇ ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੇ ਕਾਰਜਕਾਰਨੀ ਮੈਂਬਰ ਸ਼ਾਇਰ ਭੱਟੀ, ਜੋ ਅੱਜਕੱਲ੍ਹ ਵਿੰਦਰ ਮਾਝੀ ਹਨ, ਨੇ ਲਗਾਤਾਰ ਸੇਵਾ ਸੰਭਾਲ ਕੀਤੀ।

ਉਨ੍ਹਾਂ ਸਸਕਾਰ ਮੌਕੇ ਪੰਜਾਬੀ ਲੇਖਕ ਸਭਾ ਵੱਲੋਂ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ, ਜਨਰਲ ਸਕੱਤਰ ਭੂਪਿੰਦਰ ਮਲਿਕ, ਗੁਰਨਾਮ ਕੰਵਰ, ਬਲਕਾਰ ਸਿੱਧੂ ਤੇ ਪਾਲ ਅਜਨਬੀ ਨੇ ਲੋਈ ਪਾਈ, ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਡਾ. ਸੁਖਦੇਵ ਸਿਰਸਾ, ਡਾ. ਲਾਭ ਸਿੰਘ ਖੀਵਾ ਅਤੇ ਗੁਰਨਾਮ ਕੰਵਰ ਨੇ ਉਨ੍ਹਾਂ ਦੀ ਦੇਹ ਉਤੇ ਲੋਈ ਅਰਪਿਤ ਕੀਤੀ, ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਜਿਸ ਦੀ ਉਹ ਹੈੱਡਕੁਆਟਰ ਬਰਾਂਚ ਦੇ ਮੈਂਬਰ ਸਨ, ਵੱਲੋਂ ਸੂਬਾ ਸਕੱਤਰ ਸਾਥੀ ਬੰਤ ਸਿੰਘ ਬਰਾੜ, ਸਾਥੀ ਦੇਵੀ ਦਿਆਲ ਸ਼ਰਮਾ, ਪ੍ਰੀਤਮ ਹੁੰਦਲ, ਮਹਿੰਦਰਪਾਲ ਸਿੰਘ ਅਤੇ ਦਿਲਦਾਰ ਨੇ ਲਾਲ ਝੰਡਾ ਪਾਇਆ।

ਉਨ੍ਹਾ ਦੇ ਚਲਾਣੇ ਉਤੇ ਕੇਂਦਰੀ ਪੰਜਾਬੀ ਲੇਖਕ ਸਭਾ ਤੇ ਪ੍ਰਗਤੀਸ਼ੀਲ ਲੇਖਕ ਸੰਘ ਸਮੇਤ ਚੰਡੀਗੜ੍ਹ ਅਤੇ ਮੁਹਾਲੀ ਦੇ ਮੁੱਖ ਅਹੁਦੇਦਾਰਾਂ ਤੇ ਨਾਮੀ ਸਾਹਿਤਕਾਰਾਂ ਡਾ. ਮਨਮੋਹਨ, ਡਾ. ਸਰਬਜੀਤ ਕੌਰ ਸੋਹਲ, ਸਾਥੀ ਬਲਵਿੰਦਰ ਉੱਤਮ, ਸ਼ਾਮ ਸਿੰਘ ਅੰਗਸੰਗ, ਡਾ. ਯੋਗਰਾਜ ਅੰਗਰੀਸ਼, ਬਲੀਜੀਤ, ਗੁਲ ਚੌਹਾਨ, ਡਾ. ਸ਼ਿੰਦਰ ਪਾਲ ਸਿੰਘ, ਗੁਰਦੇਵ ਚੌਹਾਨ ਤੇ ਹੋਰਨਾਂ ਨੇ ਦੁੱਖ ਜ਼ਾਹਰ ਕੀਤਾ ਹੈ। ਉਨ੍ਹਾਂ ਉਨ੍ਹਾ ਦੀ ਵਿਦਾਇਗੀ ਨੂੰ ਪੰਜਾਬੀ ਸਾਹਿਤ ਜਗਤ ਲਈ ਅਸਹਿ ਨੁਕਸਾਨ ਕਰਾਰ ਦਿੱਤਾ ਹੈ। ਲੁਧਿਆਣਾ ਵਿੱਚ 15 ਦਸੰਬਰ, 1934 ਨੂੰ ਜਨਮੇ ਸਿਰੀ ਰਾਮ ਅਰਸ਼ ਦੀਆਂ ਰਚਨਾਵਾਂ ਪੰਜਾਬੀ ਸਾਹਿਤ ਦਾ ਅਮੁੱਲ ਖਜ਼ਾਨਾ ਹਨ। ਇਨ੍ਹਾਂ ਵਿੱਚ ਰਬਾਬ, ਸਮੁੰਦਰ ਸੰਜਮ, ਸੰਖ ਤੇ ਸਿੱਪੀਆਂ, ਸਰਘੀਆਂ ਤੇ ਸਮੁੰਦਰ, ਕਿਰਨਾਂ ਦੀ ਬੁੱਕਲ, ਪੁਰਸਲਾਤ ਤੇ ਗ਼ਜ਼ਲ ਸਮੁੰਦਰ ਆਦਿ ਗ਼ਜ਼ਲ ਸੰਗ੍ਰਹਿਆਂ ਸਮੇਤ ਤੁਮ ਚੰਦਨ, ਅਗੰਮੀ ਨੂਰ, ਪੰਥ ਸਜਾਇਓ ਖਾਲਸਾ ਤੇ ਗੁਰੂ ਮਿਲਿਓ ਰਵਿਦਾਸ ਆਦਿ ਮਹਾਂਕਾਵਿ ਵਰਨਣਯੋਗ ਕਿਰਤਾਂ ਸ਼ਾਮਲ ਹਨ। ਉਨ੍ਹਾ ਦੀਆਂ ਸੰਵੇਦਨਸ਼ੀਲ ਅਤੇ ਸਮਾਜਕ ਸਰੋਕਾਰਾਂ ਨਾਲ ਭਰਪੂਰ ਗ਼ਜ਼ਲਾਂ ਨੇ ਸਮਾਜਕ ਅਸਮਾਨਤਾ, ਗਰੀਬੀ ਅਤੇ ਮਨੁੱਖੀ ਸੰਘਰਸ਼ ਵਰਗੇ ਵਿਸ਼ਿਆਂ ਨੂੰ ਗਹਿਰੀ ਸੋਚ ਅਤੇ ਸੁਹਜ ਨਾਲ ਪੇਸ਼ ਕੀਤਾ। ਉਨ੍ਹਾ ਦੀ ਸ਼ਾਇਰੀ ਵਿੱਚ ਮਾਨਵਤਾਵਾਦੀ ਸੁਨੇਹੇ ਅਤੇ ਸਮਾਜਿਕ ਜਾਗਰੂਕਤਾ ਨੇ ਪਾਠਕਾਂ ਦੇ ਦਿਲਾਂ 'ਤੇ ਗਹਿਰਾ ਅਸਰ ਕੀਤਾ। ਸ਼੍ਰੋਮਣੀ ਕਵੀ ਸਿਰੀ ਰਾਮ ਅਰਸ਼ ਦੇ ਚਹੇਤਿਆਂ ਨੇ ਉਨ੍ਹਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾ ਦੀਆਂ ਰਚਨਾਵਾਂ ਪੰਜਾਬੀ ਸਾਹਿਤ ਦੀ ਅਮਰ ਵਿਰਾਸਤ ਹਨ ਅਤੇ ਉਹ ਸਾਹਿਤ ਪ੍ਰੇਮੀਆਂ ਦੇ ਦਿਲਾਂ ਵਿੱਚ ਸਦਾ ਜਿਉਂਦੇ ਰਹਿਣਗੇ।

## ਯਮੁਨਾ ਖਤਰੇ ਦਾ ਨਿਸ਼ਾਨ ਟੱਪਣ ਲੱਗੀ

**ਨਵੀਂ ਦਿੱਲੀ** : ਕੇਂਦਰੀ ਜਲ ਕਮਿਸ਼ਨ ਨੇ ਯਮੁਨਾ ਨਦੀ ਵਿੱਚ 19 ਅਗਸਤ ਤੱਕ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਤੋਂ ਟੱਪਣ ਦੀ ਪੇਸ਼ੀਨਗੋਈ ਕੀਤੀ ਹੈ। ਕਮਿਸ਼ਨ ਨੇ ਕਿਹਾ ਕਿ ਮੰਗਲਵਾਰ ਤੱਕ ਪਾਣੀ ਦਾ ਪੱਧਰ 206 ਮੀਟਰ ਤੱਕ ਪਹੁੰਚਣ ਦੀ ਸੰਭਾਵਨਾ ਹੈ, ਜਦੋਂਕਿ ਖਤਰੇ ਦਾ ਨਿਸ਼ਾਨ 205.33 ਮੀਟਰ ਹੈ। ਕਮਿਸ਼ਨ ਇਹਤਿਆਤੀ ਉਪਰਾਲੇ ਵਜੋਂ ਪਾਣੀ ਦੀ ਨਿਕਾਸੀ ਸ਼ੁਰੂ ਕਰ ਸਕਦਾ ਹੈ। ਸੋਮਵਾਰ ਸਵੇਰੇ 7 ਵਜੇ ਤੱਕ ਪੁਰਾਣੇ ਰੇਲਵੇ ਪੁਲ 'ਤੇ ਪਾਣੀ ਦਾ ਪੱਧਰ 204.80 ਮੀਟਰ ਸੀ, ਜੋ ਐਤਵਾਰ ਸ਼ਾਮ ਨੂੰ 204.60 ਮੀਟਰ ਤੋਂ ਵੱਧ ਗਿਆ ਹੈ। ਚੇਤਾਵਨੀ ਦਾ ਨਿਸ਼ਾਨ 204.50 ਮੀਟਰ ਹੈ ਅਤੇ ਦਰਿਆ ਲਗਾਤਾਰ ਦੋ ਦਿਨਾਂ ਤੋਂ ਇਸ ਪੱਧਰ ਤੋਂ ਉਪਰ ਵਗ ਰਿਹਾ ਹੈ। ਇਸੇ ਦੌਰਾਨ ਭਾਰਤੀ ਮੌਸਮ ਵਿਭਾਗ ਨੇ ਹਰਿਆਣਾ ਅਤੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਮੀਂਹ, ਗਰਜ ਅਤੇ ਬਿਜਲੀ ਡਿੱਗਣ ਦੀ ਭਵਿੱਖਬਾਣੀ ਕਰਦੇ ਹੋਏ ਚੇਤਾਵਨੀ ਜਾਰੀ ਕੀਤੀ ਹੈ। ਉਸ ਨੇ ਪੰਜਾਬ ਦੇ ਪਟਿਆਲਾ, ਮੁਹਾਲੀ ਅਤੇ ਲੁਧਿਆਣਾ ਵਰਗੇ ਜ਼ਿਲ੍ਹਿਆਂ ਵਿੱਚ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ।

## ਡਰੱਗ ਮਾਫੀਆ ਦੇ ਸਰਗਣੇ ਨਾਲ ਨਰਮਾਈ ਨਹੀਂ ਵਰਤਾਂਗੇ : ਮਾਨ



**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ ਨੂੰ ਸੋਮਵਾਰ ਚੁਣੌਤੀ ਦਿੰਦਿਆਂ ਕਿਹਾ ਕਿ ਉਹ ਝੂਠੀਆਂ ਪ੍ਰਾਪਤੀਆਂ ਦੇ ਸੋਹਲੇ ਗਾਉਣ ਦੀ ਬਜਾਏ ਲੋਕਾਂ ਸਾਹਮਣੇ ਸਪੱਸ਼ਟ ਕਰਨ ਕਿ ਉਨ੍ਹਾ ਦੀ ਸਰਕਾਰ ਦੌਰਾਨ ਬਰਗਾੜੀ ਘਟਨਾ ਅਤੇ ਨਸ਼ਿਆਂ ਨਾਲ ਹੋਈਆਂ ਹਜ਼ਾਰਾਂ ਨੌਜਵਾਨਾਂ ਦੀਆਂ ਮੌਤਾਂ ਦੀ ਜ਼ਿੰਮੇਵਾਰੀ ਕੌਣ ਲਵੇਗਾ। ਇੱਥੇ ਚਮਕੌਰ ਸਾਹਿਬ ਵਿਧਾਨ ਸਭਾ ਹਲਕੇ ਵਿੱਚ ਵੱਖ-ਵੱਖ ਵਿਕਾਸ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੁਖਬੀਰ ਬਾਦਲ ਅਕਸਰ ਹੀ ਦਮਗਜ਼ੇ ਮਾਰਦੇ ਹਨ ਕਿ ਉਨ੍ਹਾ ਦੀ ਸਰਕਾਰ ਦੌਰਾਨ ਵੱਡੇ ਪੱਧਰ 'ਤੇ ਵਿਕਾਸ ਹੋਇਆ ਹੈ, ਪਰ ਜਦੋਂ ਬਰਗਾੜੀ ਘਟਨਾ ਵਿੱਚ ਬੇਕਸੂਰ ਲੋਕਾਂ 'ਤੇ ਗੋਲੀਆਂ ਚਲਾਉਣ ਜਾਂ ਨਸ਼ਿਆਂ ਦੀ ਅਲਾਮਤ ਦਾ ਮਸਲਾ ਉਠਦਾ ਹੈ ਤਾਂ ਉਹ ਚੁੱਪ ਵੱਟ ਲੈਂਦੇ ਹਨ। ਨਸ਼ਿਆਂ ਨੇ ਸਾਡੇ ਨੌਜਵਾਨਾਂ ਦੀ ਨਸਲਕੁਸ਼ੀ ਕੀਤੀ ਹੈ, ਜਿਸ ਨਾਲ ਅਕਾਲੀਆਂ ਦੇ ਬਦਅਮਨੀ ਵਾਲੇ ਲੰਮੇ ਸ਼ਾਸਨ ਦੀ

• ਬਾਕੀ ਸਫਾ 2 'ਤੇ

## 1158 ਸਹਾਇਕ ਪ੍ਰੋਫੈਸਰਾਂ ਤੇ ਲਾਇਬਰੇਰੀਅਨਾਂ ਨੂੰ ਕੁਝ ਰਾਹਤ

**ਚੰਡੀਗੜ੍ਹ** : ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਨੂੰ 1158 ਸਹਾਇਕ ਪ੍ਰੋਫੈਸਰਾਂ ਅਤੇ ਲਾਇਬਰੇਰੀਅਨਾਂ ਦੀ ਨਿਯੁਕਤੀ ਮਾਮਲੇ ਵਿੱਚ ਵੱਡੀ ਰਾਹਤ ਦਿੱਤੀ ਹੈ। ਪੰਜਾਬ ਸਰਕਾਰ ਨੇ ਨਵੀਂ ਭਰਤੀ ਹੋਣ ਤੱਕ ਇਨ੍ਹਾਂ ਪ੍ਰੋਫੈਸਰਾਂ ਅਤੇ ਲਾਇਬਰੇਰੀਅਨਾਂ ਦੀ ਨੌਕਰੀ ਨੂੰ ਜਾਰੀ ਰੱਖਣ ਦੀ ਬੇਨਤੀ ਕੀਤੀ ਸੀ, ਜਿਹੜੀ ਸੁਪਰੀਮ ਕੋਰਟ ਨੇ ਮੰਨ ਲਈ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਹ ਜਾਣਕਾਰੀ ਦਿੱਤੀ। ਸੁਪਰੀਮ ਕੋਰਟ ਨੇ ਜੁਲਾਈ 2025 ਵਿੱਚ ਪੰਜਾਬ ਸਰਕਾਰ ਨੂੰ ਵੱਡਾ ਝਟਕਾ ਦਿੰਦਿਆਂ 1158 ਸਹਾਇਕ ਪ੍ਰੋਫੈਸਰਾਂ ਤੇ ਲਾਇਬਰੇਰੀਅਨਾਂ ਦੀ ਭਰਤੀ ਨੂੰ ਰੱਦ ਕਰ ਦਿੱਤਾ ਸੀ। ਇਸ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਡਿਵੀਜ਼ਨ ਬੈਂਚ ਵੱਲੋਂ ਸਾਲ 2024 ਵਿੱਚ ਇਸ ਨਿਯੁਕਤੀ ਨੂੰ ਸਹੀ ਠਹਿਰਾਇਆ ਗਿਆ ਸੀ ਪਰ ਸੁਪਰੀਮ ਕੋਰਟ ਨੇ ਹਾਈ ਕੋਰਟ ਦੇ ਫੈਸਲੇ ਨੂੰ ਉਲਟਾ ਦਿੱਤਾ ਸੀ। ਹੁਣ ਸੁਪਰੀਮ ਕੋਰਟ ਨੇ ਨਵੀਂ ਭਰਤੀ ਤੱਕ ਇਨ੍ਹਾਂ ਪ੍ਰੋਫੈਸਰਾਂ ਤੇ ਲਾਇਬਰੇਰੀਅਨਾਂ ਨੂੰ ਕੰਮ ਕਰਦੇ ਰਹਿਣ ਦੀ ਇਜਾਜ਼ਤ ਦੇ ਦਿੱਤੀ ਹੈ।

## ਵਿਕਰਮਾਦਿਤਿਆ ਦੂਜਾ ਵਿਆਹ ਕਰਾਉਣਗੇ



**ਸ਼ਿਮਲਾ** : ਹਿਮਾਚਲ ਦੇ ਲੋਕ ਨਿਰਮਾਣ ਮੰਤਰੀ ਵਿਕਰਮਾਦਿਤਿਆ ਸਿੰਘ ਦੂਜੀ ਵਾਰ ਵਿਆਹ ਦੇ ਬੰਧਨ ਵਿੱਚ ਬੱਝਣ ਜਾ ਰਹੇ ਹਨ। ਛੇ ਵਾਰ ਮੁੱਖ ਮੰਤਰੀ ਰਹੇ ਰਾਜਾ ਵੀਰਭੱਦਰ ਸਿੰਘ ਦੇ ਪੁੱਤਰ ਵਿਕਰਮਾਦਿਤਿਆ ਸਿੰਘ ਦਾ ਵਿਆਹ 22 ਸਤੰਬਰ ਨੂੰ ਚੰਡੀਗੜ੍ਹ ਵਿੱਚ ਹੋਵੇਗਾ। ਅਮਰੀਨ ਕੌਰ ਨਾਲ ਵਿਆਹ ਦਾ ਕਾਰਡ ਇੰਟਰਨੈੱਟ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਇਸ ਤੋਂ ਪਹਿਲਾਂ ਉਨ੍ਹਾ ਦਾ ਵਿਆਹ 8 ਮਾਰਚ 2019 ਨੂੰ ਰਾਜਸਮੰਦ ਦੇ ਅਮੇਤ ਰਾਜ ਦੀ ਸੁਦਰਸ਼ਨਾ ਕੁਮਾਰੀ ਨਾਲ ਹੋਇਆ ਸੀ ਤੇ ਲਗਭਗ ਦੋ ਸਾਲ ਪਹਿਲਾਂ ਤਲਾਕ ਹੋ ਗਿਆ ਸੀ। ਅਮਰੀਨ ਕੌਰ ਸੈਕਟਰ 2, ਚੰਡੀਗੜ੍ਹ ਦੇ ਸਰਦਾਰ ਜੋਤਿੰਦਰ ਸਿੰਘ ਸੇਖੋਂ ਅਤੇ ਓਪਿੰਦਰ ਕੌਰ ਦੀ ਧੀ ਹੈ। ਉਹ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਮਨੋਵਿਗਿਆਨ ਦੀ ਸਹਾਇਕ ਪ੍ਰੋਫੈਸਰ ਹੈ। ਉਸ ਦੀ ਵਿਕਰਮਾਦਿਤਿਆ ਸਿੰਘ ਨਾਲ ਲੰਮੇ ਸਮੇਂ ਤੋਂ ਦੋਸਤੀ ਦੱਸੀ ਜਾਂਦੀ ਹੈ।

## ਪਹਿਲਾਂ ਚੋਣ ਕਮਿਸ਼ਨ ਹਲਫਨਾਮਾ ਦੇਵੇ, ਫਿਰ ਅਸੀਂ ਵੀ ਦੇਵਾਂਗੇ : ਕਾਂਗਰਸ

**ਗਯਾ ਜੀ (ਬਿਹਾਰ)** : ਕਾਂਗਰਸ ਨੇ ਸੋਮਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ 'ਤੇ ਪਲਟਵਾਰ ਕਰਦਿਆਂ ਕਿਹਾ ਕਿ ਪਹਿਲਾਂ ਚੋਣ ਸੰਸਥਾ ਸੁਪਰੀਮ ਕੋਰਟ ਵਿੱਚ ਇੱਕ ਹਲਫਨਾਮਾ ਦਾਖਲ ਕਰੇ ਕਿ ਉਸ ਦੀ ਵੋਟਰ ਸੂਚੀ ਸਾਫ ਹੈ ਅਤੇ ਫਿਰ ਉਹ ਵੀ ਇੱਕ ਹਲਫਨਾਮਾ ਦੇਵੇਗੀ ਕਿ ਮੌਜੂਦਾ ਸੂਚੀ ਵਿੱਚ ਬੇਨੇਮੀਆਂ ਹਨ। ਵਿਰੋਧੀ ਪਾਰਟੀ ਨੇ ਇਹ ਵੀ ਦੋਸ਼ ਲਗਾਇਆ ਕਿ ਗਿਆਨੇਸ਼ ਕੁਮਾਰ ਆਪਣੀ ਨਵੀਂ ਦਿੱਲੀ ਵਿੱਚ ਹੋਈ ਪ੍ਰੈੱਸ ਕਾਨਫਰੰਸ ਦੌਰਾਨ ਇੱਕ ਭਾਜਪਾ ਬੁਲਾਰੇ ਵਰਗੇ ਲੱਗ ਰਹੇ ਸਨ।

ਇਸ ਤੋਂ ਪਹਿਲਾਂ ਮੁੱਖ ਚੋਣ ਕਮਿਸ਼ਨਰ ਨੇ ਰਾਹੁਲ ਗਾਂਧੀ ਨੂੰ ਹਸਤਾਖਰ ਕੀਤਾ ਹਲਫਨਾਮਾ ਜਮ੍ਹਾਂ ਕਰਾਉਣ ਲਈ ਸੱਤ ਦਿਨਾਂ ਦਾ ਅਲਟੀਮੇਟਮ ਦੇਣ ਲਈ ਕਿਹਾ ਸੀ, ਨਹੀਂ ਤਾਂ ਉਸ ਦੇ ਦੋਸ਼ਾਂ ਨੂੰ ਬੇਬੁਨਿਆਦ ਅਤੇ ਨਾਜਾਇਜ਼ ਮੰਨਿਆ ਜਾਵੇਗਾ।

ਕਾਂਗਰਸੀ ਕਨ੍ਹੱਈਆ ਕੁਮਾਰ ਨੇ ਕਿਹਾ, 'ਉਸ ਨੇ (ਗਿਆਨੇਸ਼ ਕੁਮਾਰ) ਇੱਕ ਹਲਫਨਾਮਾ ਦੇਣ ਦੀ ਧਮਕੀ ਦਿੱਤੀ। ਉਹ ਧਮਕੀਆਂ ਤੋਂ ਡਰਦਾ ਹੋਵੇਗਾ, ਪਰ ਅਸੀਂ ਨਹੀਂ ਡਰਦੇ। ਉਹ ਆਪਣੇ ਖੁਦ ਦੇ ਡੇਟਾ 'ਤੇ ਵਿਸ਼ਵਾਸ ਨਹੀਂ ਕਰਦੇ।' ਉਸ ਨੇ ਦੋਸ਼ ਲਗਾਇਆ ਕਿ ਭਾਜਪਾ ਵੋਟ ਚੋਰੀ ਅਤੇ ਸੰਵਿਧਾਨ ਚੋਰੀ ਕਰਨਾ ਚਾਹੁੰਦੀ ਹੈ। ਉਨ੍ਹਾ ਕਿਹਾ, 'ਅਸੀਂ ਪੜ੍ਹਨਯੋਗ ਫਾਰਮੈਟ ਮੰਗਿਆ, ਪਰ ਉਨ੍ਹਾਂ ਇਨਕਾਰ ਕਰ ਦਿੱਤਾ। ਚੋਣ ਕਮਿਸ਼ਨ ਕਹਿੰਦਾ ਰਿਹਾ ਕਿ ਕੋਈ ਸਮੱਸਿਆ ਨਹੀਂ ਹੈ, ਪਰ ਹੁਣ ਉਹ ਕਹਿ ਰਹੇ ਹਨ ਕਿ ਅਸੀਂ ਵੋਟਰ ਸੂਚੀ ਵਿਚਲੇ ਮੁੱਦਿਆਂ ਨੂੰ ਠੀਕ ਕਰਨ ਲਈ ਐੱਸ ਆਈ ਆਰ ਕਰ ਰਹੇ ਹਾਂ'।' ਕੁਮਾਰ ਨੇ ਕਿਹਾ, 'ਚੋਣ ਕਮਿਸ਼ਨ ਖੁਦ ਕਹਿ ਰਿਹਾ ਹੈ ਕਿ ਵੋਟਰ ਸੂਚੀ ਵਿੱਚ ਕੁਝ ਗਲਤ ਹੈ, ਜਿਸ ਦਾ ਮਤਲਬ ਹੈ ਕਿ ਉਹ ਪਹਿਲਾਂ ਝੂਠ ਬੋਲ ਰਿਹਾ ਸੀ।' ਇਹ ਪੁੱਛੇ ਜਾਣ 'ਤੇ ਕਿ ਉਨ੍ਹਾ ਨੂੰ ਕਿਸ ਤਰ੍ਹਾਂ ਦਾ ਹਲਫਨਾਮਾ ਦੇਣਾ ਚਾਹੀਦਾ ਹੈ, ਕੁਮਾਰ ਨੇ ਕਿਹਾ ਕਿ ਚੋਣ ਕਮਿਸ਼ਨ ਨੂੰ ਵੋਟਰ ਸੂਚੀ ਨੂੰ ਮਸ਼ੀਨ-ਪੜ੍ਹਨਯੋਗ ਫਾਰਮੈਟ ਵਿੱਚ ਦੇਣਾ ਚਾਹੀਦਾ ਹੈ। ਉਨ੍ਹਾ ਕਿਹਾ, 'ਸੁਪਰੀਮ ਕੋਰਟ ਵਿੱਚ ਇੱਕ ਹਲਫਨਾਮਾ ਦਿਓ ਕਿ ਸਾਡੀ ਵੋਟਰ ਸੂਚੀ ਸਾਫ ਹੈ ਅਤੇ ਫਿਰ ਅਸੀਂ ਵੀ ਇੱਕ ਹਲਫਨਾਮਾ ਦੇਵਾਂਗੇ ਕਿ ਮੌਜੂਦਾ ਵੋਟਰ ਸੂਚੀ ਵਿੱਚ ਬੇਨੇਮੀਆਂ ਹਨ।'

## ਸੰਸਦ ਦੇ ਦੋਹਾਂ ਸਦਨਾਂ 'ਚ ਹੰਗਾਮਾ

**ਨਵੀਂ ਦਿੱਲੀ** : ਬਿਹਾਰ ਵਿੱਚ ਵੋਟਰ ਸੂਚੀ ਦੀ ਸੁਧਾਈ ਅਤੇ ਹੋਰ ਮੁੱਦਿਆਂ 'ਤੇ ਚਰਚਾ ਦੀ ਮੰਗ ਨੂੰ ਲੈ ਕੇ ਵਿਰੋਧੀ ਪਾਰਟੀਆਂ ਦੇ ਜਾਰੀ ਪ੍ਰਦਰਸ਼ਨਾਂ ਕਾਰਨ ਸੋਮਵਾਰ ਲੋਕ ਸਭਾ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ ਗਈ। ਉਧਰ, ਰਾਜ ਵਿੱਚ ਵਿਰੋਧੀ ਧਿਰ ਵੱਲੋਂ ਵਾਕਆਊਟ ਕੀਤਾ ਗਿਆ। ਲੋਕ ਸਭਾ 'ਚ ਵਿਰੋਧੀ ਮੈਂਬਰ 'ਵੋਟ ਚੋਰ, ਗੱਦੀ ਛੋੜ' ਦੇ ਨਾਅਰੇ ਲਗਾਉਂਦੇ ਹੋਏ ਆਸਣ ਦੇ ਅੱਗੇ ਆ ਗਏ। ਉਹ ਨਾਅਰੇਬਾਜ਼ੀ ਕਰਦੇ ਹੋਏ ਬਿਹਾਰ ਵਿੱਚ ਐੱਸ ਆਈ ਆਰ 'ਤੇ ਚਰਚਾ ਦੀ ਮੰਗ ਵਾਲੇ ਪੋਸਟਰ ਦਿਖਾ ਰਹੇ ਸਨ। ਰਾਜ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਨੇ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ 'ਤੇ ਚਰਚਾ ਦੀ ਮੰਗ ਕੀਤੀ। ਆਗਿਆ ਨਾ ਮਿਲਣ 'ਤੇ ਮੈਂਬਰ ਨਾਅਰੇਬਾਜ਼ੀ ਕਰਦੇ ਵਾਕਆਊਟ ਕਰ ਗਏ।

## ਕਾਮਰੇਡ ਸੁਰਿੰਦਰ ਸਿੰਘ ਜਲਾਲਦੀਵਾਲ ਵੱਲੋਂ 50 ਹਜ਼ਾਰ ਦਾ ਚੈੱਕ



**ਲੁਧਿਆਣਾ (ਐੱਮ ਐੱਸ ਭਾਟੀਆ)** : ਲੁਧਿਆਣਾ ਜ਼ਿਲ੍ਹੇ ਵਿੱਚ ਪਾਰਟੀ ਕਾਂਗਰਸ ਲਈ ਫੰਡ ਇਕੱਠਾ ਕਰਨ ਦੀ ਮੁਹਿੰਮ ਦੇ ਤਹਿਤ ਸੋਮਵਾਰ ਜ਼ਿਲਾ ਸਕੱਤਰ ਡੀ ਪੀ ਮੌੜ ਦੀ ਅਗਵਾਈ ਵਿੱਚ ਚਮਕੌਰ ਸਿੰਘ ਸਹਾਇਕ ਸਕੱਤਰ, ਐੱਮ ਐੱਸ ਭਾਟੀਆ ਵਿੱਤ ਸਕੱਤਰ ਅਤੇ ਡਾਕਟਰ ਰਜਿੰਦਰਪਾਲ ਸਿੰਘ ਔਲਖ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਪਿੰਡ ਜਲਾਲਦੀਵਾਲ ਸੁਰਿੰਦਰ ਸਿੰਘ ਜਲਾਲਦੀਵਾਲ ਦੇ ਘਰ ਪਹੁੰਚੇ।

ਇਹ ਪਰਵਾਰ ਆਜ਼ਾਦੀ ਘੁਲਾਟੀਏ ਬਾਬਾ ਦੁੱਲਾ ਸਿੰਘ ਜਲਾਲਦੀਵਾਲ ਦਾ ਪਰਵਾਰ ਹੈ ਅਤੇ ਸੁਰਿੰਦਰ ਸਿੰਘ ਉਹਨਾ ਦੇ ਪੋਤਰੇ ਹਨ।ਪਾਰਟੀ ਦੇ ਅਤੇ ਆਲ ਇੰਡੀਆ ਕਿਸਾਨ ਸਭਾ ਦੇ ਸੀਨੀਅਰ ਆਗੂ ਜਲਾਲਦੀਵਾਲ ਨੇ ਚੰਡੀਗੜ੍ਹ ਵਿਖੇ ਹੋਣ ਵਾਲੇ ਪਾਰਟੀ ਦੇ 25ਵੇਂ ਮਹਾਂ-ਸੰਮੇਲਨ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਉਸ ਲਈ ਇਕੱਠੇ ਕੀਤੇ ਜਾ ਰਹੇ ਫੰਡ ਵਿੱਚ ਆਪਣੇ ਵੱਲੋਂ ਤੇ ਆਪਣੇ ਸਾਥੀਆਂ ਵੱਲੋਂ 50 ਹਜ਼ਾਰ ਦਾ ਚੈੱਕ ਜ਼ਿਲ੍ਹਾ ਲੀਡਰਸ਼ਿਪ ਨੂੰ ਭੇਟ ਕੀਤਾ। ਸਾਥੀ ਜਲਾਲਦੀਵਾਲ ਹਮੇਸ਼ਾ ਹੀ ਇਹੋ ਜਿਹੇ ਕੰਮਾਂ ਲਈ ਮੂਹਰਲੀਆਂ ਕਤਾਰਾਂ ਵਿੱਚ ਰਹਿੰਦੇ ਹਨ।

## ਗਿਆਨ ਸੈਦਪੁਰੀ ਦੇ ਪਰਵਾਰ ਵੱਲੋਂ 21 ਹਜ਼ਾਰ ਦਾ ਯੋਗਦਾਨ



**ਸ਼ਾਹਕੋਟ** : ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ-ਸੰਮੇਲਨ ਦੀ ਕਾਮਯਾਬੀ ਲਈ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਸਮਰੱਥਾ ਅਨੁਸਾਰ ਯੋਗਦਾਨ ਪਾਇਆ ਜਾ ਰਿਹਾ ਹੈ। ਇਸੇ ਸਿਲਸਿਲੇ ਤਹਿਤ ਕਾਮਰੇਡ ਗਿਆਨ ਸੈਦਪੁਰੀ ਦੇ ਪਰਵਾਰ ਨੇ 21 ਹਜ਼ਾਰ ਸਹਿਯੋਗ ਰਾਸ਼ੀ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੂੰ ਸੌਂਪੀ। ਦੋਹਾਂ ਆਗੂਆਂ ਨੇ ਕਾਮਰੇਡ ਸੈਦਪੁਰੀ ਦੀ ਪਤਨੀ ਮਨਜੀਤ ਕੌਰ, ਸਪੁੱਤਰਾਂ ਗਗਨਦੀਪ ਸਿੰਘ ਮੱਟੂ ਅਤੇ ਅਮਨਦੀਪ ਸੈਦਪੁਰੀ ਦਾ ਵੀ ਧੰਨਵਾਦ ਕੀਤਾ।

## ਮਜੀਠੀਆ ਦੀ ਜ਼ਮਾਨਤ ਦੀ ਅਰਜ਼ੀ ਰੱਦ



**ਮੁਹਾਲੀ** : ਆਮਦਨ ਤੋਂ ਵੱਧ ਜਾਇਦਾਦ ਦੇ ਦੋਸ਼ਾਂ ਤਹਿਤ ਨਾਭਾ ਦੀ ਨਿਊ ਜੇਲ੍ਹ ਵਿੱਚ ਬੰਦ ਸਾਬਕਾ ਅਕਾਲੀ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਮੁਹਾਲੀ ਅਦਾਲਤ ਨੇ ਜ਼ਮਾਨਤ ਦੀ ਅਰਜ਼ੀ ਸੋਮਵਾਰ ਰੱਦ ਕਰ ਦਿੱਤੀ। ਅਦਾਲਤ ਨੇ ਕਿਹਾ ਕਿ ਮਾਮਲੇ ਦੀ ਹਾਲੇ ਜਾਂਚ ਜਾਰੀ ਹੈ, ਜਿਸ ਕਰ ਕੇ ਜ਼ਮਾਨਤ ਨਹੀਂ ਦਿੱਤੀ ਜਾ ਸਕਦੀ। ਮਜੀਠੀਆ ਦੇ ਵਕੀਲ ਅਰਸ਼ਦੀਪ ਸਿੰਘ ਕਲੇਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਅਦਾਲਤ ਦਾ ਫੈਸਲਾ ਪੜ੍ਹਨ ਮਗਰੋਂ ਇਸ ਮਾਮਲੇ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਚੁਣੌਤੀ ਦੇਣਗੇ।

## ਅਪ੍ਰੇਸ਼ਨ ਸਿੰਧੂਰ ਨਾਲ ਸਪੱਸ਼ਟ ਹੋ ਗਿਆ ਕਿ ਤੁਹਾਡੇ ਨਾਲ ਕੌਣ ਹੈ : ਜਨਰਲ ਖੰਡਾਰੇ



**ਛਤਰਪਤੀ ਸ਼ੰਭਾਜੀਨਗਰ** : ਰੱਖਿਆ ਮੰਤਰਾਲਾ ਦੇ ਸਾਬਕਾ ਪ੍ਰਮੁੱਖ ਸਲਾਹਕਾਰ ਲੈਫਟੀਨੈਂਟ ਜਨਰਲ ਵਿਨੋਦ ਖੰਡਾਰੇ (ਸੇਵਾਮੁਕਤ) ਨੇ ਕਿਹਾ ਹੈ ਕਿ ਅਪ੍ਰੇਸ਼ਨ ਸਿੰਧੂਰ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਕੂਟਨੀਤਕ ਤੌਰ 'ਤੇ ਕੌਣ ਭਾਰਤ ਦੇ ਨਾਲ ਖੜ੍ਹਾ ਹੈ। ਉਨ੍ਹਾ ਅੱਗੇ ਕਿਹਾ ਕਿ ਜੰਗ ਇੱਕ ਮਹਿੰਗਾ ਸੌਦਾ ਹੈ ਅਤੇ ਇਸ ਨਾਲ ਦੇਸ਼ ਦੀ ਆਰਥਿਕਤਾ 'ਤੇ ਦਬਾਅ ਪੈਂਦਾ ਹੈ। ਉਨ੍ਹਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਿਵਲ ਡਿਫੈਂਸ 'ਤੇ ਬਹੁਤ ਕੰਮ ਕਰਨ ਦੀ ਲੋੜ ਹੈ, ਕਿਉਂਕਿ ਇਹ ਇੱਕ ਕਮਜ਼ੋਰੀ ਬਣੀ ਰਹੇਗੀ। ਉਹ ਐਤਵਾਰ ਮਹਾਰਾਸ਼ਟਰ ਦੇ ਛਤਰਪਤੀ ਸੰਭਾਜੀਨਗਰ ਸ਼ਹਿਰ ਵਿੱਚ ਇੱਕ ਸਥਾਨਕ ਗੈਰ-ਸਰਕਾਰੀ ਸੰਗਠਨ ਵੱਲੋਂ ਕਰਵਾਏ ਇੱਕ ਸਮਾਗਮ ਦੌਰਾਨ ਅਪ੍ਰੇਸ਼ਨ ਸਿੰਧੂਰ ਬਾਰੇ ਲੋਕਾਂ ਨਾਲ ਗੱਲਬਾਤ ਕਰਨ ਲਈ ਆਏ ਸਨ। ਅਪ੍ਰੇਸ਼ਨ ਸਿੰਧੂਰ ਤੋਂ ਮਿਲੇ ਸਬਕ ਬਾਰੇ ਪੁੱਛੇ ਜਾਣ 'ਤੇ ਲੈਫਟੀਨੈਂਟ ਜਨਰਲ ਖੰਡਾਰੇ ਨੇ ਕਿਹਾ, "ਇਹ ਸਪੱਸ਼ਟ ਹੋ ਗਿਆ ਹੈ ਕਿ ਕੂਟਨੀਤਕ ਤੌਰ 'ਤੇ ਤੁਹਾਡੇ (ਭਾਰਤ) ਨਾਲ ਕੌਣ ਹੈ ਅਤੇ ਕੌਣ ਨਹੀਂ। ਅੰਦਰੂਨੀ ਤੌਰ 'ਤੇ ਇਹ ਸਪੱਸ਼ਟ ਹੈ ਕਿ ਸਮੱਸਿਆਵਾਂ ਜਾਂ ਕਮਜ਼ੋਰੀਆਂ ਕਿੱਥੇ ਹਨ। ਜੇ ਤੁਸੀਂ ਵਿਆਪਕ ਤੌਰ 'ਤੇ ਸੋਚਦੇ ਹੋ, ਤਾਂ ਕਮਜ਼ੋਰੀਆਂ ਦੀ ਪਛਾਣ ਬਹੁਤ ਸਪੱਸ਼ਟ ਹੋ ਗਈ ਹੈ।"

ਉਨ੍ਹਾ ਕਿਹਾ ਕਿ ਸਵਾਰਥੀ ਹਿੱਤ ਵੀ ਸਪੱਸ਼ਟ ਹੋ ਗਏ ਹਨ। ਇਸ ਤੋਂ ਇਲਾਵਾ ਉਨ੍ਹਾ ਕਿਹਾ ਕਿ ਸਾਨੂੰ ਸਿਵਲ ਡਿਫੈਂਸ 'ਤੇ ਬਹੁਤ ਕੰਮ ਕਰਨਾ ਪਵੇਗਾ ਕਿਉਂਕਿ ਇਹ ਇੱਕ ਕਮਜ਼ੋਰੀ ਬਣੀ ਰਹੇਗੀ। ਉਨ੍ਹਾ ਇਸ਼ਾਰਾ ਕੀਤਾ, "ਅੱਜ, ਜਿਸ ਤਰ੍ਹਾਂ ਦੀਆਂ ਮਿਜ਼ਾਈਲਾਂ ਅਤੇ ਪਹੁੰਚ ਤੁਹਾਡੇ ਕੋਲ ਹੈ, ਸਭ ਕੁਝ ਪਹੁੰਚਯੋਗ ਹੈ। ਅਸੀਂ ਨਾਜ਼ੁਕ ਤਕਨਾਲੋਜੀਆਂ ਅਤੇ ਖੋਜ ਵਿੱਚ ਅੱਗੇ ਹਾਂ।"

## ਅੱਜ-ਨਾਮਾ

ਮਜੀਠੀਏ ਕੇਸ ਦੀ ਚਾਲ ਫਿਰ ਤੇਜ਼ ਹੋਈ,
ਹੋਈ ਲੋਕਾਂ ਵਿੱਚ ਬਹਿਸ ਕੁਝ ਤੇਜ਼ ਬੇਲੀ।
ਲੜੀ ਦੋਸ਼ਾਂ ਦੀ ਲਾਉਂਦੇ ਆ ਕਈ ਲੱਗਦੇ,
ਚਰਚਾ ਕਰਦੇ ਕੁਝ ਕਰਨ ਪਰਹੇਜ਼ ਬੇਲੀ।
ਕਈ ਤਾਂ ਏਦਾਂ ਦੀ ਗੱਲ ਆ ਕੱਢ ਬਹਿੰਦੇ,
ਜਿਹੜੀ ਬੜੀ ਲੱਗਦੀ ਸਨਸਨੀਖੇਜ਼ ਬੇਲੀ।
ਬਦਲਦੇ ਹਵਾ ਦੇ ਨਿੱਤ ਕਈ ਵੇਗ ਰਹਿੰਦੇ,
ਦਿੱਸੇ ਨਹੀਂ ਬੋਲਣ ਦਾ ਕੋਈ ਬੰਧੇਜ ਬੇਲੀ।
ਜੀਹਨੇ ਵੀ ਗੱਲ ਆਖੀ ਚੜ੍ਹਦੀ ਹੋਰਨਾਂ ਤੋਂ,
ਸਭ ਦਾ ਉਹਦੇ ਵੱਲ ਜਾਏ ਧਿਆਨ ਬੇਲੀ।
ਉਹ ਵੀ ਫਾਈਲ ਦੇ ਖੋਲ੍ਹਦਾ ਭੇਦ ਲੱਗਦਾ,
ਕੌਡੀ ਦਾ ਜੀਹਨੂੰ ਨਾ ਕੋਈ ਗਿਆਨ ਬੇਲੀ।

-ਤੀਸ ਮਾਰ ਖਾਂ

## ਔੜ ਬਲਾਕ ਨੂੰ ਤੋੜਨ ਵਿਰੁੱਧ ਸੈਂਕੜੇ ਲੋਕਾਂ ਵੱਲੋਂ ਰੋਹ ਭਰਿਆ ਪ੍ਰਦਰਸ਼ਨ



**ਬੰਗਾ (ਅਵਤਾਰ ਕਲੇਰ)**

'ਔੜ ਬਲਾਕ ਬਚਾਓ ਸੰਘਰਸ਼ ਕਮੇਟੀ' ਦੇ ਸੱਦੇ 'ਤੇ ਸੋਮਵਾਰ ਬਲਾਕ ਦਫ਼ਤਰ ਔੜ ਅੱਗੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿਚ ਇਲਾਕੇ ਦੇ ਪਿੰਡਾਂ ਦੇ ਸਰਪੰਚ, ਪੰਚਾਇਤ ਮੈਂਬਰ, ਸਮਾਜ ਸੇਵੀ ਸੰਸਥਾਵਾਂ ਅਤੇ ਰਾਜਨੀਤਕ ਪਾਰਟੀਆਂ ਦੇ ਆਗੂ, ਔਰਤਾਂ ਅਤੇ ਪਿੰਡਾਂ ਦੇ ਹੋਰ ਲੋਕ ਵੱਡੀ ਗਿਣਤੀ ਵਿਚ ਸ਼ਾਮਲ ਹੋਏ। ਇਕੱਠ ਨੂੰ ਬਸਪਾ ਦੇ ਸੂਬਾਈ ਆਗੂ ਪ੍ਰਵੀਨ ਬੰਗਾ, ਸੰਘਰਸ਼ ਕਮੇਟੀ ਦੇ ਮੈਂਬਰ ਰਾਜ ਕੁਮਾਰ ਮਾਹਲ ਖੁਰਦ, ਰੂਪ ਲਾਲ ਧੀਰ, ਬੂਟਾ ਸਿੰਘ ਮਹਿਮੂਦਪੁਰ, ਨਿੰਦਰਪਾਲ ਸਰਪੰਚ ਮਾਈਦਿੱਤਾ, ਤਲਵਿੰਦਰ ਸਿੰਘ ਸ਼ੇਰਗਿੱਲ ਸਰਪੰਚ ਗੁਣਾਚੌਰ, ਸੀਟੂ ਦੇ ਸੂਬਾਈ ਆਗੂ ਮਹਾਂ ਸਿੰਘ ਰੋੜੀ, ਐੱਸ ਜੀ ਪੀ ਸੀ ਮੈਂਬਰ ਮਹਿੰਦਰ ਸਿੰਘ ਹੁਸੈਨਪੁਰ, ਭਾਜਪਾ ਦੇ ਹਲਕਾ ਇੰਚਾਰਜ ਪ੍ਰਿਤਪਾਲ ਬਜਾਜ, ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ, ਸਾਬਕਾ ਵਿਧਾਇਕ ਚੌਧਰੀ ਮੋਹਣ ਸਿੰਘ, ਪਰਮ ਸਿੰਘ ਖ਼ਾਲਸਾ, ਗੁਰਵਿੰਦਰ ਸਿੰਘ ਛੋਕਰ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸਾਬਕਾ ਸਰਪੰਚ ਮਨੋਹਰ ਕਮਾਮ, ਮਨਜੀਤ ਸਿੰਘ ਅੜਕ ਸਰਪੰਚ ਚਾਹਲ ਖ਼ੁਰਦ, ਨੰਬਰਦਾਰ ਕੇਸਰ ਸਿੰਘ ਮੱਲ੍ਹੀ, ਕਮੇਟੀ ਮੈਂਬਰ ਮਾਸਟਰ ਸੱਤਪਾਲ ਰਟੈਂਡਾ ਪ੍ਰਧਾਨ ਹਲਕਾ ਬੰਗਾ, ਕਮਲਜੀਤ ਦੁੱਗਲ ਸਰਪੰਚ ਔੜ, ਵਿਜੇ ਕੁਮਾਰ ਗੁਣਾਚੌਰ, ਪ੍ਰਿੰਸੀਪਲ ਨਛੱਤਰ ਸੁਮਨ, ਚਰਨਜੀਤ ਸਿੰਘ ਜ਼ਿਲ੍ਹਾ ਸਕੱਤਰ ਸੀ ਪੀ ਐੱਮ, ਜੋਗਿੰਦਰ ਸਿੰਘ ਔੜ, ਚਰਨਜੀਤ ਮੰਢਾਲੀ, ਪੰਚ ਗੁਰਦੀਪ ਕੌਰ ਔੜ, ਕਿਰਤੀ ਕਿਸਾਨ ਯੂਨੀਅਨ ਦੇ ਇਲਾਕਾ ਪ੍ਰਧਾਨ ਸੁਰਿੰਦਰ ਸਿੰਘ ਮਹਿਰਮਪੁਰ, ਪ੍ਰੈੱਸ ਰਿਪੋਰਟਰ ਸੁਖਵਿੰਦਰ ਸਿੰਘ ਅਤੇ ਹੋਰ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔੜ ਬਲਾਕ ਨੂੰ ਖ਼ਤਮ ਕਰਨ ਦਾ ਜੋ ਫ਼ੈਸਲਾ ਲਿਆ ਗਿਆ ਹੈ, ਉਹ ਕਿਸੇ ਵੀ ਤਰ੍ਹਾਂ ਲੋਕ ਹਿਤੈਸ਼ੀ ਅਤੇ ਤਰਕਪੂਰਨ ਨਹੀਂ। ਕੋਈ ਵੀ ਫ਼ੈਸਲਾ ਲੋਕਾਂ ਅਤੇ ਇਲਾਕੇ ਦੇ ਹਿੱਤਾਂ ਨੂੰ ਸਾਹਮਣੇ ਰੱਖ ਕੇ ਲਿਆ ਜਾਣਾ ਚਾਹੀਦਾ ਹੈ, ਨਾ ਕਿ ਵਿਧਾਨ ਸਭਾ ਹਲਕੇ ਦੀਆਂ ਕੁਝ ਕੁ ਤਕਨੀਕੀ ਮੁਸ਼ਕਲਾਂ ਨੂੰ ਮੁੱਖ ਰੱਖ ਕੇ। ਇਲਾਕੇ ਦੇ ਲੋਕ ਦੂਰਅੰਦੇਸ਼ ਬਜ਼ੁਰਗ ਆਗੂਆਂ ਵੱਲੋਂ ਵੱਡੀ ਘਾਲਣਾ ਘਾਲ਼ ਕੇ ਸਥਾਪਤ ਕੀਤੇ ਬਲਾਕ ਨੂੰ ਤੋੜਨ ਦੇ ਨਾਦਰਸ਼ਾਹੀ ਫ਼ਰਮਾਨ ਨੂੰ ਸਵੀਕਾਰ ਨਹੀਂ ਕਰਨਗੇ। ਸਾਰੀਆਂ ਹੀ ਪਾਰਟੀਆਂ ਅਤੇ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਰਾਜਨੀਤੀ ਤੋਂ ਉਪਰ ਉਠ ਕੇ ਅਤੇ ਇਲਾਕੇ ਦੇ ਹਿੱਤਾਂ ਦੀ ਰਾਖੀ ਲਈ ਸੰਘਰਸ਼ ਦਾ ਡਟ ਕੇ ਸਾਥ ਦੇਣਗੇ। ਇਕੱਠ ਵਿਚ ਹਾਜ਼ਰ ਸੈਂਕੜੇ ਲੋਕਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਮੰਗ ਕੀਤੀ ਕਿ ਇਲਾਕੇ ਦੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਬਲਾਕ ਨੂੰ ਤੋੜਨ ਦਾ ਫ਼ੈਸਲਾ ਤੁਰੰਤ ਰੱਦ ਕੀਤਾ ਜਾਵੇ ਅਤੇ ਔੜ ਬਲਾਕ ਨੂੰ ਮੁੜ ਬਹਾਲ ਕੀਤਾ ਜਾਵੇ। ਸੰਘਰਸ਼ ਕਮੇਟੀ ਨੇ ਐਲਾਨ ਕੀਤਾ ਕਿ ਵੱਧ ਤੋਂ ਵੱਧ ਲੋਕਾਂ ਨੂੰ ਲਾਮਬੰਦ ਕਰਕੇ ਇਸ ਲੋਕ ਵਿਰੋਧੀ ਫ਼ੈਸਲੇ ਦਾ ਵਿਰੋਧ ਕੀਤਾ ਜਾਵੇਗਾ। ਸੰਘਰਸ਼ ਕਮੇਟੀ, ਪੰਚਾਇਤਾਂ ਅਤੇ ਹੋਰ ਆਗੂ ਵਫ਼ਦ ਦੇ ਰੂਪ 'ਚ ਡਿਪਟੀ ਕਮਿਸ਼ਨਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਮਿਲ ਕੇ ਮਤੇ ਦੀ ਕਾਪੀ ਪੰਜਾਬ ਸਰਕਾਰ ਨੂੰ ਭੇਜਣ ਲਈ ਸੌਂਪਣਗੇ ਅਤੇ ਬਲਾਕ ਨੂੰ ਬਹਾਲ ਨਾ ਕੀਤੇ ਜਾਣ ਦੀ ਸੂਰਤ 'ਚ ਆਉਣ ਵਾਲੇ ਦਿਨਾਂ ਵਿਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

## ਇੰਡੀਅਨ ਜਰਨਲਿਸਟਸ ਯੂਨੀਅਨ ਦੇ ਬਲਵਿੰਦਰ ਜੰਮੂ ਪ੍ਰਧਾਨ ਤੇ ਸ਼ਾਮ ਸੁੰਦਰ ਸਕੱਤਰ ਜਨਰਲ ਬਣੇ



**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਪ੍ਰੈੱਸ ਕੌਂਸਲ ਆਫ ਇੰਡੀਆ ਦਾ ਸਾਬਕਾ ਮੈਂਬਰ ਅਤੇ ਸੀਨੀਅਰ ਪੱਤਰਕਾਰ ਬਲਵਿੰਦਰ ਜੰਮੂ ਸੋਮਵਾਰ ਇੰਡੀਅਨ ਜਰਨਲਿਸਟਸ ਯੂਨੀਅਨ (ਆਈ ਜੇ ਯੂ) ਦੇ ਪ੍ਰਧਾਨ ਚੁਣੇ ਗਏ ਜਦਕਿ ਆਂਧਰਾ ਪ੍ਰਦੇਸ਼ ਦੇ ਸੀਨੀਅਰ ਪੱਤਰਕਾਰ ਸ਼ਾਮ ਸੁੰਦਰ ਸਕੱਤਰ ਜਨਰਲ ਚੁਣੇ ਗਏ ।ਯੂਨੀਅਨ ਦੇ ਸੈਂਟਰਲ ਰਿਟਰਨਿੰਗ ਅਧਿਕਾਰੀ ਮਹੇਸ਼ ਕੁਮਾਰ ਸਿਨਹਾ ਨੇ ਇਹ ਜਾਣਕਾਰੀ ਦਿੱਤੀ ।ਇੰਡੀਅਨ ਜਰਨਲਿਸਟਸ ਯੂਨੀਅਨ ਦੇਸ਼ ਦੇ ਪੱਤਰਕਾਰਾਂ ਦੀ ਸਭ ਤੋਂ ਵੱਡੀ ਯੂਨੀਅਨ ਹੈ। ਪੰਜਾਬ ਲਈ ਇਹ ਮਾਣ ਵਾਲੀ ਗੱਲ ਹੈ ਕਿ ਦੇਸ਼ ਦੀ ਸਭ ਤੋਂ ਵੱਡੀ ਯੂਨੀਅਨ ਦੇ ਕਿਸੇ ਪੱਤਰਕਾਰ ਨੂੰ ਪਹਿਲੀ ਵਾਰ ਕੌਮੀ ਪੱਧਰ 'ਤੇ ਯੂਨੀਅਨ ਦਾ ਪ੍ਰਧਾਨ ਬਣਨ ਦਾ ਮੌਕਾ ਮਿਲਿਆ ਹੈ। ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਪ੍ਰਧਾਨ ਬਲਬੀਰ ਜੰਡੂ, ਕਾਰਜਕਾਰੀ ਪ੍ਰਧਾਨ ਜੈ ਸਿੰਘ ਛਿੱਬਰ, ਜਨਰਲ ਸਕੱਤਰ ਭੂਸ਼ਨ ਸੂਦ, ਸਕੱਤਰ ਸੰਤੋਖ ਗਿੱਲ, ਭੁਪਿੰਦਰ ਮਲਿਕ, ਦਵਿੰਦਰ ਸਿੰਘ ਭੰਗੂ, ਬਲਵਿੰਦਰ ਸਿਪਰੇ, ਜਸਬੀਰ ਸਿੰਘ ਮਮਦੋਟ, ਰਾਜਨ ਮਾਨ, ਡੀ ਪੀ ਧਵਨ, ਬਲਦੇਵ ਸ਼ਰਮਾ, ਜਸਵੰਤ ਸਿੰਘ, ਨਿਰਮਲ ਪੰਡੋਰੀ, ਬਲਵਿੰਦਰ ਸਿੰਘ ਭੰਗੂ, ਸਰਬਜੀਤ ਸਿੰਘ ਭੱਟੀ, ਸੁਖਨੈਬ ਸਿੱਧੂ ਤੇ ਹੋਰਨਾਂ ਨੇ ਬਲਵਿੰਦਰ ਜੰਮੂ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਬਲਵਿੰਦਰ ਜੰਮੂ ਦਾ ਜਨਮ ਪਿੰਡ ਗਰਰੌਲਾ (ਪਟਿਆਲਾ) ਵਿਖੇ ਹੋਇਆ। ਉਹ ਕਾਲਜ ਸਮੇਂ ਤੋਂ ਹੀ ਵਿਦਿਆਰਥੀ ਸਿਆਸਤ ਨਾਲ ਜੁੜ ਗਏ ਸਨ। ਸਾਲ 1977-78 'ਚ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵਿਚ ਸ਼ਾਮਲ ਹੋਏ ਅਤੇ ਪਟਿਆਲਾ ਤੋਂ ਪ੍ਰਧਾਨ

• ਬਾਕੀ ਸਫਾ 2 'ਤੇ

CMYK

19-AUG-PAGE-1.qxd 8/18/2025 9:31 PM Page 2



## ਸ਼ਿਵ ਮੰਦਰ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਿਵ ਮੰਦਰ ਕਮੇਟੀ ਤੇ ਸਰਬ ਧਰਮ ਗਊਸ਼ਾਲਾ ਪ੍ਰਬੰਧਕ ਕਮੇਟੀ ਮਹਿਲ ਕਲਾਂ ਵੱਲੋਂ ਦੋਵੇਂ ਗ੍ਰਾਮ ਪੰਚਾਇਤਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਰਾਮਾਇਣ ਪਾਠ ਦੇ ਭੋਗ ਉਪਰੰਤ ਹੋਈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ, ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਉਨ੍ਹਾਂ ਸਮੂਹ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਆਪਸੀ ਭਾਈਚਾਰੇ ਨੂੰ ਮਜ਼ਬੂਤ ਬਣਾਉਣ, ਸਾਨੂੰ ਪਾਰਟੀ ਬਾਜ਼ੀ ਤੋਂ ਉੱਪਰ ਉੱਠ ਕੇ ਮਿਲ ਬੈਠਣ ਦਾ ਸੁਨੇਹਾ ਦਿੰਦੇ ਹਨ।ਸ਼ਿਵ ਮੰਦਰ ਕਮੇਟੀ ਦੇ ਪ੍ਰਧਾਨ ਵਿਜੈ ਕੁਮਾਰ ਬਾਂਸਲ, ਉੱਪ-ਪ੍ਰਧਾਨ ਮਨਦੀਪ ਚੀਕੂ, ਉੱਪ-ਪ੍ਰਧਾਨ ਨਰਿੰਦਰ ਸ਼ਰਮਾ, ਖ਼ਜ਼ਾਨਚੀ ਰਜੇਸ਼ ਕੁਮਾਰ ਤੇ ਸਮੂਹ ਪ੍ਰਬੰਧਕਾਂ ਦੀ ਅਗਵਾਈ ਹੇਠ ਮੁੱਖ ਮਹਿਮਾਨ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਵੱਖ-ਵੱਖ ਸ਼ਖ਼ਸੀਅਤਾਂ, ਦਾਨੀ ਸੱਜਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਰਪੰਚ ਸਰਬਜੀਤ ਸਿੰਘ ਸ਼ੰਭੂ, ਸਰਬਜੀਤ ਸਿੰਘ ਸਰਬੀ ਆਤੂਰੀਆ, ਪ੍ਰਧਾਨ ਗਗਨਦੀਪ ਸਰਾਂ, ਰੂਬਲ ਗਿੱਲ ਕੈਨੇਡਾ, ਗੁਰਦੀਪ ਸਿੰਘ ਸੋਢਾ, ਰਵਿੰਦਰ ਸ਼ਰਮਾ, ਸਰਪੰਚ ਕਿਰਨਾ ਰਾਣੀ ਬਾਂਸਲ, ਪ੍ਰਧਾਨ ਬਾਬਾ ਸ਼ੇਰ ਸਿੰਘ, ਅਰੁਣ ਕੁਮਾਰ ਬਾਂਸਲ, ਪੰਚ ਬ੍ਰਹਮ ਦੱਤ, ਰਵਿੰਦਰ ਸਿੰਘ ਧਨੇਆ, ਪੰਚ ਸੰਦੀਪ ਕੌਰ, ਪੰਚ ਕੁਲਵਿੰਦਰ ਕੌਰ, ਪਰਮ ਪਾਸੀ, ਡਾ: ਤੀਰਥ ਚੰਦ, ਤਰਸੇਮ ਕਕੜੀਆ ਆਦਿ ਹਾਜ਼ਰ ਸਨ।

## ਸ਼ਿਵ ਦਿਆਲਾ ਮੰਦਰ ਵਿਖੇ ਜਨਮ ਅਸ਼ਟਮੀ ਧੂਮ-ਧਾਮ ਨਾਲ ਮਨਾਈ



**ਦੋਰਾਹਾ (ਹਰਮਿੰਦਰ ਸੇਠ)**-ਸ਼ਿਵ ਦਿਆਲਾ ਮੰਦਰ ਦੋਰਾਹਾ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਧੂਮ-ਧਾਮ ਨਾਲ ਮਨਾਈ ਗਈ। ਇਸ ਮੌਕੇ ਕਰਵਾਏ ਸਮਾਗਮ ਵਿੱਚ ਵੱਖ-ਵੱਖ ਸਕੂਲੀ ਬੱਚਿਆਂ ਨੇ ਜੋ ਕਿ ਸ੍ਰੀ ਕ੍ਰਿਸ਼ਨ, ਰਾਧਾ, ਗੋਪੀਆਂ ਤੇ ਗਵਾਲੇ ਦੇ ਪਹਿਰਾਵੇ ਵਿੱਚ ਸਜੇ ਹੋਏ ਸਨ, ਨੇ ਮੰਚਣ ਰਾਹੀ ਦੇ ਦ੍ਰਿਸ਼ ਤੇ ਝਾਂਕੀ 'ਚੋਂ ਮਧਹਾਨੀ ਲੈ ਕੇ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਨਾਲ ਸਬੰਧਤ ਮਨਮੋਹਕ ਪੇਸ਼ਕਾਰੀਆਂ ਕੀਤੀਆਂ।ਇਸ ਮੌਕੇ ਬੱਚੇ ਜਿਨ੍ਹਾਂ ਵੱਲੋਂ ਸਮਾਗਮ ਦੌਰਾਨ ਝਲਕੀਆਂ ਪੇਸ਼ ਕੀਤੀਆਂ ਗਈਆਂ, ਉਨ੍ਹਾਂ ਨੂੰ ਇਨਾਮਾਂ ਦੀ ਵੰਡ ਕੀਤੀ।ਇਸ ਮੌਕੇ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ, ਨਗਰ ਕੌਂਸਲ ਦੋਰਾਹਾ ਦੇ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਕੁਲਵੰਤ ਸਿੰਘ ਕਾਲੂ ਕੌਂਸਲਰ, ਕਵਲਜੀਤ ਸਿੰਘ ਬਿੱਟੂ ਐੱਮ ਸੀ, ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਬੰਤ ਸਿੰਘ ਦੋਬੁਰਜੀ ਚੇਅਰਮੈਨ, ਸਾਬਕਾ ਕੌਂਸਲਰ ਮਨਦੀਪ ਸਿੰਘ ਮਾਂਗਟ, ਭਾਜਪਾ ਆਗੂ ਬਿਕਰਮਜੀਤ ਸਿੰਘ ਚੀਮਾ, ਪ੍ਰਿੰਸੀਪਲ ਸਤਿੰਦਰ ਸ਼ਰਮਾ, ਮਨੋਜ ਪੰਡਤ ਤੇ ਹੋਰ ਪਤਵੰਤੇ ਸੱਜਣਾਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਮੰਦਰ ਕਮੇਟੀ ਦੇ ਚੇਅਰਮੈਨ ਸ੍ਰੀ ਪਵਨ ਸ਼ਰਮਾ, ਪ੍ਰਧਾਨ ਰਕੇਸ਼ ਕੁਮਾਰ, ਰਮੇਸ਼ ਟੀਟੂ, ਸੁਰੇਸ਼, ਅਨਿਲ ਪੁਰੀ, ਮੁਕੇਸ਼ ਕੁਮਾਰ ਮੰਨੂ, ਤਜਿੰਦਰ ਸਿੰਘ ਘੱਗਾ, ਬੌਬੀ ਕਪਿਲਾ, ਸੁਖਵਿੰਦਰ ਨੋਨਾ, ਸੁਰਿੰਦਰ ਪਾਲ, ਸਤੀਸ਼ ਬਾਤਿਸ਼, ਕੌਸ਼ਲ ਤਿਵਾੜੀ, ਪੁਨੀਤ ਮਹਿਤਾ ਤੇ ਮੰਦਰ ਕਮੇਟੀ ਦੇ ਸਮੂਹ ਮੈਂਬਰ ਮੌਜੂਦ ਸਨ।ਅਖੀਰ ਵਿੱਚ ਪਵਨ ਸ਼ਰਮਾ ਤੇ ਪ੍ਰਧਾਨ ਰਕੇਸ਼ ਕੁਮਾਰ ਨੇ ਆਏ ਸਾਰੇ ਭਗਤਾਂ ਦਾ ਧੰਨਵਾਦ ਕੀਤਾ।

## ਰਾਜਦੀਪ ਰਾਜੂ ਚਨਾਰਥਲ ਕਲਾਂ ਰਾਮਲੀਲ੍ਹਾ ਕਮੇਟੀ ਦੇ ਪ੍ਰਧਾਨ ਬਣੇ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪ੍ਰਾਚੀਨ ਸ਼ਿਵ ਮੰਦਰ ਚਨਾਰਥਲ ਕਲਾਂ ਵਿਖੇ ਰਾਮਲੀਲ੍ਹਾ ਕਮੇਟੀ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਵੱਖ-ਵੱਖ ਪ੍ਰਸਤਾਵਾਂ ਤੇ ਚਰਚਾ ਕੀਤੀ ਗਈ।ਇਸ ਦੌਰਾਨ ਪਿੰਡ ਦੇ ਸਰਪੰਚ ਰਾਜਦੀਪ ਸਿੰਘ ਰਾਜੂ ਨੂੰ ਸਰਬਸੰਮਤੀ ਦੇ ਨਾਲ ਰਾਮਲੀਲ੍ਹਾ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਨਵ-ਨਿਯੁਕਤ ਪ੍ਰਧਾਨ ਰਾਜਦੀਪ ਸਿੰਘ ਰਾਜੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚਨਾਰਥਲ ਕਲਾਂ ਦਾ ਦੁਸਹਿਰਾ ਪੂਰੇ ਭਾਰਤ ਵਿੱਚ ਮਸ਼ਹੂਰ ਹੈ।ਉਨ੍ਹਾਂ ਦੱਸਿਆ ਕਿ ਇਸ ਸਾਲ 164ਵਾਂ ਦੁਸਹਿਰਾ ਮੇਲਾ ਭਰਨ ਜਾ ਰਿਹਾ ਹੈ।ਇਸ ਤੋਂ ਪਹਿਲਾਂ ਰਾਮਲੀਲ੍ਹਾ ਕਮੇਟੀ ਵੱਲੋਂ ਰਾਮਲੀਲ੍ਹਾ ਦਾ ਆਯੋਜਨ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਅੱਜ ਕਮੇਟੀ ਦੀ ਪਲੇਠੀ ਮੀਟਿੰਗ ਹੋਈ ਹੈ, ਜਿਸ ਵਿੱਚ ਵੱਖ-ਵੱਖ ਪ੍ਰਸਤਾਵਾਂ ਉੱਤੇ ਵਿਚਾਰ ਚਰਚਾ ਕੀਤੀ ਗਈ ਹੈ।ਅੰਤ ਵਿੱਚ ਉਨ੍ਹਾਂ ਨੇ ਕਿਹਾ ਕਿ ਪਿੰਡ ਦੇ ਮੁਹਤਬਰਾਂ ਵੱਲੋਂ ਸਰਬਸੰਮਤੀ ਨਾਲ ਉਨ੍ਹਾਂ ਨੂੰ ਰਾਮਲੀਲ੍ਹਾ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਇਸ ਲਈ ਉਹ ਜਿੱਥੇ ਉਨ੍ਹਾਂ ਦੇ ਧੰਨਵਾਦੀ ਹਨ, ਉੱਥੇ ਹੀ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੱਗਾ ਸਿੰਘ ਸੀਨੀਅਰ ਮੀਤ ਪ੍ਰਧਾਨ, ਰੂਪ ਚੰਦ ਸ਼ਰਮਾ ਖਜ਼ਾਨਚੀ, ਸੰਜੀਵ ਕੁਮਾਰ ਮੀਤ ਪ੍ਰਧਾਨ, ਡਾਕਟਰ ਹਰਮਿੰਦਰ ਸਿੰਘ ਸੈਕਟਰੀ, ਸਵਰਨਜੀਤ ਸਿੰਘ ਪ੍ਰਧਾਨ ਕੋਆਪ੍ਰੇਟਿਵ ਸੁਸਾਇਟੀ, ਕੁਲਵੀਰ ਸਿੰਘ ਪੰਚ, ਕ੍ਰਿਸ਼ਨ ਗੋਪਾਲ ਆਦਿ ਹਾਜ਼ਰ ਸਨ।

## ਸਪਰਿੰਗ ਫੀਲਡ ਸਕੂਲ ਵਿਖੇ ਆਜ਼ਾਦੀ ਦਿਵਸ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਬੱਚਿਆਂ ਨੇ ਆਜ਼ਾਦੀ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ।ਸਕੂਲ ਚੇਅਰਮੈਨ ਨਰ ਸਿੰਘ ਬਰਾੜ ਨੇ ਇਸ ਮੌਕੇ ਤਿਰੰਗਾ ਝੰਡਾ ਲਹਿਰਾਇਆ ਤੇ ਬੱਚਿਆਂ ਨੂੰ ਇਸ ਦਿਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਆਜ਼ਾਦੀ ਸਾਨੂੰ ਬਹੁਤ ਕੁਰਬਾਨੀਆਂ ਬਾਅਦ ਮਿਲੀ ਹੈ ਅਤੇ ਉਨ੍ਹਾਂ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਆਪਣੀ ਆਜ਼ਾਦੀ ਦੇ ਅਧਿਕਾਰਾਂ ਦੀ ਪਾਲਣਾ ਕਰਦੇ ਹੋਏ ਆਪਣੇ ਕਰਤੱਵ ਵੀ ਯਾਦ ਰੱਖਣੇ ਚਾਹੀਦੇ ਹਨ ਅਤੇ ਸਭ ਨਾਲ ਮਿਲਜੁਲ ਕੇ ਪਿਆਰ ਨਾਲ ਆਜ਼ਾਦੀ ਦਾ ਆਨੰਦ ਮਾਨਣਾ ਚਾਹੀਦਾ ਹੈ।ਇਸ ਮੌਕੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ ਗਾਏ ਤੇ ਸਭ ਦੀ ਤੰਦਰੁਸਤੀ ਦੀਆਂ ਦੁਆਵਾਂ ਕੀਤੀਆਂ। ਪ੍ਰਿੰਸੀਪਲ ਬਾਜ਼ਿਜੂ ਵਿਜੇ ਤੇ ਕੋਆਰਡੀਨੇਟਰ ਮੈਡਮ ਅਨੁਪਮ ਸ਼ਰਮਾ ਨੇ ਆਜ਼ਾਦੀ ਦਿਵਸ ਦੀ ਬੱਚਿਆਂ ਤੇ ਸਟਾਫ ਨੂੰ ਵਧਾਈ ਦਿੱਤੀ।

## ਗਾਜ਼ਾ 'ਚ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਉਣ ਦੀ ਜ਼ੋਰਦਾਰ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਵਿੰਦਰ ਜੰਮੂ, ਕਾਰਜਕਾਰੀ ਪ੍ਰਧਾਨ ਜੈ ਸਿੰਘ ਛਿੱਬਰ, ਸਕੱਤਰ ਜਨਰਲ ਕੁਲਵ ਸੂਦ ਤੇ ਜਥੇਬੰਦਕ ਸਕੱਤਰ ਰਣਜੀਤ ਸਿੰਘ ਗਿੱਲ ਨੇ ਗਾਜ਼ਾ ਵਿੱਚ ਇਜ਼ਰਾਈਲੀ ਫ਼ੌਜ ਵੱਲੋਂ ਇੱਕ ਹਵਾਈ ਹਮਲੇ ਵਿੱਚ ਅਲ-ਜਜ਼ੀਰਾ ਦੇ ਪੱਤਰਕਾਰ ਮੁਹੰਮਦ ਕਰੀਕੇਹ ਸਮੇਤ ਚਾਰ ਹੋਰ ਪੱਤਰਕਾਰਾਂ ਨੂੰ ਨਿਸ਼ਾਨਾ ਬਣਾ ਕੇ ਜਾਨ ਤੋਂ ਮਾਰ ਦੇਣ ਦੀ ਜ਼ੋਰਦਾਰ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੀ ਟੀਮ ਗਾਜ਼ਾ ਵਿੱਚ ਭੁੱਖਮਰੀ ਦਾ ਸ਼ਿਕਾਰ ਹੋ ਰਹੇ ਬੇਕਸੂਰ ਫ਼ਲਸਤੀਨੀ ਲੋਕਾਂ ਬਾਰੇ ਸਿੱਧੀ ਜਾਣਕਾਰੀ ਨਸ਼ਰ ਕਰ ਰਹੀ ਸੀ। ਪੱਤਰਕਾਰ ਆਗੂਆਂ ਨੇ ਕਿਹਾ ਕਿ 22 ਮਹੀਨੇ ਤੋਂ ਜਾਰੀ ਯੁੱਧ ਦੌਰਾਨ ਇਹ ਪਹਿਲਾ ਮੌਕਾ ਹੈ, ਜਦੋਂ ਇਜ਼ਰਾਈਲੀ ਫ਼ੌਜ ਨੇ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਉਣ ਦੀ ਸਿੱਧੇ ਤੌਰ 'ਤੇ ਜ਼ਿੰਮੇਵਾਰੀ ਵੀ ਕਬੂਲ ਕੀਤੀ ਹੈ। ਪੱਤਰਕਾਰ ਆਗੂਆਂ ਨੇ ਇਜ਼ਰਾਈਲੀ ਫ਼ੌਜ ਦੀ ਇਸ ਕਾਇਰਤਾ ਭਰੀ ਕਾਰਵਾਈ ਦੀ ਜ਼ੋਰਦਾਰ ਨਿੰਦਾ ਕਰਦਿਆਂ ਇਸ ਵਿਰੁੱਧ ਅਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਯੁੱਧ ਦੌਰਾਨ ਪੱਤਰਕਾਰਾਂ ਦੀ ਸੁਰੱਖਿਆ ਦਾ ਵਾਅਦਾ ਕਰਕੇ ਕਮੇਟੀ ਨੇ ਵੀ ਜੋਖ਼ਮ ਭਰੇ ਹਾਲਾਤ ਵਿੱਚ ਕੰਮ ਕਰਨ ਵਾਲੇ ਪੱਤਰਕਾਰਾਂ ਨੂੰ ਬਦਲਾ-ਲਊ ਢੰਗ ਨਾਲ ਨਿਸ਼ਾਨਾ ਬਣਾਉਣ ਦੀ ਨਿੰਦਾ ਕੀਤੀ ਹੈ। ਆਗੂਆਂ ਨੇ ਕੌਮਾਂਤਰੀ ਪੱਧਰ 'ਤੇ ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ ਲਈ ਲੜਨ ਵਾਲੀਆਂ ਜਥੇਬੰਦੀਆਂ ਸਮੇਤ ਸੰਯੁਕਤ ਰਾਸ਼ਟਰ ਨੂੰ ਵੀ ਇਜ਼ਰਾਈਲੀ ਸਰਕਾਰ ਵਿਰੁੱਧ ਅਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ ਹੈ।



ਸ੍ਰੀ ਸ਼ਿਵ ਮੰਦਰ ਵਿਖੇ ਝਾਕੀਆਂ ਦਾ ਉਦਘਾਟਨ ਕਰਦੇ ਹੋਏ ਕਮਲ ਕਿਸ਼ੋਰ ਗਰਗ ਨਾਲ ਸਕੇਸ਼ ਗਰਗ ਸ਼ੈਂਕਾ। ਇਸ ਮੌਕੇ ਸ੍ਰੀ ਸ਼ਿਵ ਮੰਦਰ ਦੇ ਪ੍ਰਧਾਨ ਬਲਵਿੰਦਰ ਗਰਗ, ਕ੍ਰਿਸ਼ਨ ਗਰਗ, ਰੋਸ਼ਨ ਲਾਲ ਰੋਸ਼ੀ, ਸੰਦੀਪ ਠੰਡੂ, ਅਸ਼ਵਨੀ ਸ਼ਰਮਾ, ਰਕੇਸ਼ ਜਿੰਦਲ ਤੋਤਾ, ਬਿਮਲ ਗੋਇਲ, ਰਵਿੰਦਰ ਗੋਇਲ, ਟੀਟੂ ਗਰਗ, ਦੀਪੂ ਗਰਗ, ਗੈਰੀ ਸਿੰਗਲਾ, ਅਮਨ ਤਨੇਜਾ ਤੇ ਹੋਰ ਮੈਂਬਰ ਹਾਜ਼ਰ ਸਨ। (ਫੋਟੋ ਤੇ ਵੇਰਵਾ : ਮਨੀ ਸਿੰਗਲਾ, ਬਾਘਾ ਪੁਰਾਣਾ)



ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਤਿਉਹਾਰ 'ਤੇ ਬਾਘਾ ਪੁਰਾਣਾ ਪੁਲਸ ਵੱਲੋਂ ਥਾਣਾ ਮੁਖੀ ਜਤਿੰਦਰ ਸਿੰਘ ਦੀ ਅਗਵਾਈ ਹੇਠ ਸ਼ਹਿਰ 'ਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ। ਇਸ ਮੌਕੇ ਡਿਊਟੀ ਦੌਰਾਨ ਉਨ੍ਹਾਂ ਨਾਲ ਐੱਸ ਆਈ ਗੁਰਪਾਲ ਸਿੰਘ, ਏ ਐੱਸ ਆਈ ਜਗਸੀਰ ਸਿੰਘ, ਹੈੱਡ ਕਾਂਸਟੇਬਲ ਪਰਗਟ ਸਿੰਘ, ਹੈੱਡ ਕਾਂਸਟੇਬਲ ਹਰਮੇਲ ਸਿੰਘ ਤੇ ਹੈੱਡ ਕਾਂਸਟੇਬਲ ਹਰਦੀਪ ਕੁਮਾਰ ਹਾਜ਼ਰ ਸਨ। (ਫੋਟੋ ਤੇ ਵੇਰਵਾ : ਮਨੀ ਸਿੰਗਲਾ, ਬਾਘਾ ਪੁਰਾਣਾ)

## ਨੌਜਵਾਨਾਂ ਲਈ ਪੰਜਾਬ ਪੁਲਸ, ਜੇਲ੍ਹ ਵਾਰਡਨ, ਬੀ.ਐੱਸ.ਐੱਫ ਦਾ ਮੁਫ਼ਤ ਤਿਆਰੀ ਕੈਂਪ ਸ਼ੁਰੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ (ਫ਼ਿਰੋਜ਼ਪੁਰ) ਦੇ ਕੈਂਪ ਟ੍ਰੇਨਿੰਗ ਅਫ਼ਸਰ ਕੈਪਟਨ ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਜਿਹੜੇ ਨੌਜਵਾਨ ਪੰਜਾਬ ਪੁਲਸ ਦੇ ਲਿਖਤੀ ਪੇਪਰ 'ਚੋਂ ਪਾਸ ਹੋ ਗਏ ਹਨ, ਉਨ੍ਹਾਂ ਦੀ ਫ਼ਿਜ਼ੀਕਲ ਦੀ ਤਿਆਰੀ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਚੱਲ ਰਹੀ ਹੈ।ਇਸ ਤੋਂ ਇਲਾਵਾ ਸ੍ਰੀ ਮੁਕਤਸਰ ਸਾਹਿਬ, ਫਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ ਅਤੇ ਮੋਗਾ ਜ਼ਿਲ੍ਹੇ ਦੇ ਜਿਹੜੇ ਨੌਜਵਾਨ ਜੇਲ੍ਹ ਵਾਰਡਨ, ਬੀ.ਐਸ.ਐਫ, ਸੀ.ਆਈ.ਐਸ.ਐਫ., ਸੀ.ਆਰ.ਪੀ.ਐਫ. ਵਿੱਚ ਭਰਤੀ ਹੋਣਾ ਹੈ, ਉਨ੍ਹਾਂ ਨੌਜਵਾਨਾਂ ਦੀ ਲਿਖਤੀ ਪੇਪਰ ਤੇ ਫ਼ਿਜ਼ੀਕਲ ਦੀ ਤਿਆਰੀ ਚੱਲ ਰਹੀ ਹੈ। ਜਿਹੜੇ ਨੌਜਵਾਨ ਅਜੇ ਤੱਕ ਕੈਂਪ 'ਚ ਕਿਸੇ ਕਾਰਨ ਕਰਕੇ ਨਹੀਂ ਆ ਸਕੇ, ਉਹ ਨੌਜਵਾਨ ਜਲਦੀ ਤੋਂ ਜਲਦੀ ਕੈਂਪ ਵਿੱਚ ਆ ਕੇ ਆਪਣੀ ਤਿਆਰੀ ਸ਼ੁਰੂ ਕਰਨ ਤੇ ਲਾਭ ਉਠਾਉਣ।ਕੈਂਪ ਵਿੱਚ ਆਉਣ ਸਮੇਂ ਆਨਲਾਈਨ ਅਪਲਾਈ ਦੀ ਇੱਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, 10+2 ਪਾਸ ਅਤੇ ਇਸ ਤੋਂ ਵੱਧ ਪੜ੍ਹਾਈ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤੀ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਇੱਕ ਪਾਸਪੋਰਟ ਸਾਈਜ਼ ਫੋਟੋ, ਇੱਕ ਕਾਪੀ ਇੱਕ ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ ਤੇ ਕੈਂਪ ਵਿੱਚ ਆਉਣ ਦਾ ਸਮਾਂ ਸਵੇਰੇ 09:00 ਵਜੇ ਹੈ।ਕੈਂਪ ਵਿੱਚ ਰਹਿਣ ਸਮੇਂ ਖਾਣਾ ਤੇ ਰਿਹਾਇਸ਼ ਬਿਲਕੁਲ ਮੁਫਤ ਦਿੱਤੀ ਜਾਵੇਗੀ।

# ਰਾਹੁਲ ਗਾਂਧੀ ਦੇ ਫੇਸਬੁਕ ਪੇਜ 'ਤੇ ਮੋਹਿਤ ਮਹਿੰਦਰਾ ਦੀ ਫੋਟੋ ਨਾਲ ਛਿੜੀ ਚਰਚਾ

### ਵੋਟ ਚੋਰੀ ਦੇ ਖ਼ਿਲਾਫ਼ ਮੋਹਿਤ ਮਹਿੰਦਰਾ ਨੇ ਪਟਿਆਲਾ ਜ਼ਿਲ੍ਹੇ ਵਿੱਚ ਕੀਤੀ ਸ਼ੁਰੂਆਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜ਼ਿਲ੍ਹੇ ਦੇ ਯੂਥ ਕਾਂਗਰਸ ਪ੍ਰਧਾਨ ਮੋਹਿਤ ਮਹਿੰਦਰਾ ਦੀ ਰਾਹੁਲ ਗਾਂਧੀ ਦੇ ਅਧਿਕਾਰਕ ਫੇਸਬੁਕ ਪੇਜ 'ਤੇ ਫੋਟੋ ਸ਼ੇਅਰ ਹੋਣ ਨਾਲ ਰਾਜਨੀਤਕ ਗਲਿਆਰੇ ਵਿੱਚ ਨਵੀਂ ਚਰਚਾ ਛਿੜ ਗਈ ਹੈ।ਇਹ ਫੋਟੋ ਉਸ ਸਮੇਂ ਦੀ ਹੈ, ਜਦੋਂ ਮੋਹਿਤ ਮਹਿੰਦਰਾ ਨੇ ਪਾਰਟੀ ਦੇ ਆਗੂਆਂ ਨਾਲ ਮਿਲ ਕੇ ਵੋਟ ਚੋਰੀ ਦੇ ਖਿਲਾਫ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ।

ਮੋਹਿਤ ਮਹਿੰਦਰਾ ਨੇ ਕਿਹਾ ਕਿ ਲੋਕਤੰਤਰ ਵਿੱਚ ਵੋਟ ਹੀ ਸਭ ਤੋਂ ਵੱਡਾ ਹਥਿਆਰ ਹੈ ਤੇ ਜੇਕਰ ਇਸ 'ਤੇ ਹੀ ਚੋਰੀ ਹੋਣ ਲੱਗ ਪਏ ਤਾਂ ਲੋਕਾਂ ਦਾ ਭਰੋਸਾ ਲੋਕਤੰਤਰ ਤੋਂ ਉੱਠ ਜਾਵੇਗਾ।ਉਨ੍ਹਾਂ ਦਾਅਵਾ ਕੀਤਾ ਕਿ ਪਟਿਆਲਾ ਜ਼ਿਲ੍ਹੇ 'ਚ ਵੋਟਾਂ ਦੀ ਚੋਰੀ, ਧੱਕੇਸ਼ਾਹੀ ਤੇ ਬੂਥ ਕੈਪਚਰਿੰਗ ਦੇ ਕਈ ਮਾਮਲੇ ਸਾਹਮਣੇ ਆ ਰਹੇ ਹਨ, ਜਿਨ੍ਹਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਇਹ ਲੜਾਈ ਸਿਰਫ਼ ਕਾਂਗਰਸ ਦੀ ਨਹੀਂ, ਸਗੋਂ ਹਰ ਉਸ ਆਮ ਆਦਮੀ ਦੀ ਹੈ, ਜੋ ਆਪਣੇ ਵੋਟ ਦੇ ਅਧਿਕਾਰ ਨੂੰ ਇਮਾਨਦਾਰੀ ਨਾਲ ਵਰਤਣਾ ਚਾਹੁੰਦਾ ਹੈ।ਪਟਿਆਲਾ ਤੋਂ ਸ਼ੁਰੂਆਤ ਕਰਕੇ ਅਸੀਂ ਪੂਰੇ ਪੰਜਾਬ ਵਿੱਚ ਇਹ ਅੰਦੋਲਨ ਫੈਲਾਵਾਂਗੇ ਤਾਂ ਜੋ ਕੋਈ ਵੀ ਤਾਕਤ ਲੋਕਾਂ ਦੀ ਆਵਾਜ਼ ਨੂੰ ਦਬਾ ਨਾ ਸਕੇ।

ਰਾਹੁਲ ਗਾਂਧੀ ਦੇ ਫੇਸਬੁੱਕ ਪੇਜ 'ਤੇ ਮੋਹਿਤ ਮਹਿੰਦਰਾ ਦੀ ਤਸਵੀਰ ਆਉਣਾ ਨਾ ਸਿਰਫ਼ ਯੂਥ ਕਾਂਗਰਸ ਵਰਕਰਾਂ ਲਈ ਮਾਣ ਵਾਲੀ ਗੱਲ ਹੈ, ਸਗੋਂ ਇਸ ਨੂੰ ਆਗੂਆਂ ਵੱਲੋਂ ਮਿਲ ਰਹੀ ਹੌਸਲਾ ਅਫ਼ਜ਼ਾਈ ਵੀ ਮੰਨਿਆ ਜਾ ਰਿਹਾ ਹੈ।ਕਾਂਗਰਸੀ ਵਰਕਰਾਂ ਨੇ ਇਸ ਨੂੰ ਵੱਡੀ ਉਪਲਬਧੀ ਕਰਾਰ ਦਿੰਦਿਆਂ ਕਿਹਾ ਕਿ ਮੋਹਿਤ ਮਹਿੰਦਰਾ ਵਰਗੇ ਨੌਜਵਾਨ ਆਗੂ ਹੀ ਭਵਿੱਖ ਵਿੱਚ ਪਾਰਟੀ ਨੂੰ ਮਜ਼ਬੂਤੀ ਦੇਣਗੇ।



# ਮਾਲਵਾ ਕਾਲਜ ਨੇ ਬੀ ਏ ਤੀਸਰਾ ਸਮੈਸਟਰ ਦੇ ਨਤੀਜੇ 'ਚ ਬਾਜ਼ੀ ਮਾਰੀ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਬੀਤੇ ਦਿਨੀਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਦਸੰਬਰ 2024 ਵਿੱਚ ਕਰਵਾਈ ਗਈ ਬੀ. ਏ. ਦੇ ਤੀਸਰਾ ਸਮੈਸਟਰ ਦੀ ਪ੍ਰੀਖਿਆ ਦਾ ਨਤੀਜਾ ਐਲਾਨਿਆ ਗਿਆ ਹੈ।ਹਰ ਵਾਰ ਵਾਂਗ ਇਸ ਸਾਲ ਵੀ ਸਰਦੂਲਗੜ੍ਹ ਏਰੀਏ ਦੀ ਉਚੇਰੀ ਤਕਨੀਕੀ ਸਿੱਖਿਆ ਦੀ ਸੁਪ੍ਰਸਿੱਧ ਸੰਸਥਾ ਮਾਲਵਾ ਗਰੁੱਪ ਆਫ ਕਾਲਜਿਜ਼ ਸਰਦੂਲੇਵਾਲਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ ਅਤੇ ਬੀ. ਏ. ਤੀਸਰਾ ਸਮੈਸਟਰ ਦੀਆਂ ਵਿਦਿਆਰਥਣਾਂ ਨੇ ਵਧੀਆ ਅੰਕ ਲੈ ਕੇ ਸੰਸਥਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਪ੍ਰੀਖਿਆ ਵਿੱਚੋਂ ਸਨੇਹਾ ਗਰਗ ਨੇ 90 ਪ੍ਰਤੀਸ਼ਤ ਅੰਕ ਲੈ ਕੇ ਪਹਿਲੀ, ਗਗਨਜੀਤ ਕੌਰ, ਰਮਨਦੀਪ ਕੌਰ ਨੇ 85 ਪ੍ਰਤੀਸ਼ਤ ਅੰਕ ਲੈ ਕੇ ਦੂਜੀ ਅਤੇ ਜਸਪ੍ਰੀਤ ਕੌਰ ਤੇ ਪ੍ਰਭਜੋਤ ਕੌਰ ਨੇ 81 ਪ੍ਰਤੀਸ਼ਤ ਅੰਕ ਲੈ ਕੇ ਤੀਸਰੀ ਪੁਜ਼ੀਸ਼ਨ ਹਾਸਲ ਕੀਤੀ।ਇਨ੍ਹਾਂ ਵਧੀਆ ਨਤੀਜਿਆਂ ਵਿੱਚ ਉੱਤਮ ਕਾਰਗੁਜ਼ਾਰੀ ਨੂੰ ਦੇਖਦਿਆਂ ਵਿਦਿਆਰਥਣਾਂ ਦੇ ਮਾਪਿਆਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਹੈ।ਸੰਸਥਾ ਦੇ ਚੇਅਰਮੈਨ ਜਤਿੰਦਰ ਸਿੰਘ ਸੋਢੀ ਨੇ ਲੜਕੀਆਂ ਦੀ ਇਸ ਸ਼ਾਨਦਾਰ ਸਫਲਤਾ 'ਤੇ ਉਨ੍ਹਾਂ ਦੇ ਮਾਪਿਆਂ ਤੇ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਵਿੱਖ ਵਿੱਚ ਵੀ ਲੜਕੀਆਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਲਈ ਕਾਲਜ ਵਿੱਚ ਅਕਾਦਮਿਕ ਤੇ ਸਹਿ-ਅਕਾਦਮਿਕ ਸਰਗਰਮੀਆਂ ਨੂੰ ਹੋਰ ਵਧਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ।ਮੈਨੇਜਿੰਗ ਡਾਇਰੈਕਟਰ ਰਾਜ ਸੋਢੀ ਨੇ ਵੀ ਲੜਕੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਸਟਾਫ ਵੱਲੋਂ ਲੜਕੀਆਂ ਨੂੰ ਵਧਾਈ ਦੇਣ ਮੌਕੇ ਅਸਿਸਟੈਂਟ ਪ੍ਰੋਫੈਸਰ ਬਲਜੀਤ ਪਾਲ ਸਿੰਘ, ਅਰਵਿੰਦਰ ਸਿੰਗਲਾ, ਗੁਰਦੀਪ ਸਿੰਘ, ਚਰਨਜੀਤ ਸਿੰਘ, ਜਸਪਾਲ ਕੌਰ, ਰਕਸ਼ਾ ਰਾਣੀ, ਹਰਪ੍ਰੀਤ ਕੌਰ, ਸਿੰਬਲ ਪਾਲ, ਰੇਖਾ ਰਾਣੀ ਆਦਿ ਹਾਜ਼ਰ ਸਨ।

## ਸੀ-ਪਾਈਟ ਵਿਖੇ ਭਰਤੀ ਦੀ ਮੁਫ਼ਤ ਤਿਆਰੀ ਲਈ ਕੈਂਪ ਸ਼ੁਰੂ

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**

ਸੀ-ਪਾਈਟ ਕੈਂਪ ਹਕੂਮਤ ਸਿੰਘ ਵਾਲਾ (ਫਿਰੋਜ਼ਪੁਰ) ਦੇ ਕੈਂਪ ਟ੍ਰੇਨਿੰਗ ਅਫ਼ਸਰ ਕੈਪਟਨ ਗੁਰਦਰਸ਼ਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਹੜੇ ਨੌਜਵਾਨ ਪੰਜਾਬ ਪੁਲਸ ਦੇ ਲਿਖਤੀ ਪੇਪਰ ਵਿੱਚੋਂ ਪਾਸ ਹੋ ਗਏ ਹਨ, ਉਨ੍ਹਾਂ ਯੁਵਕਾਂ ਦੀ ਫ਼ਿਜ਼ੀਕਲ ਦੀ ਤਿਆਰੀ ਸੀ-ਪਾਈਟ ਕੈਂਪ ਹਕੂਮਤ ਸਿੰਘ ਵਾਲਾ ਵਿਖੇ ਚੱਲ ਰਹੀ ਹੈ।ਇਸ ਤੋਂ ਇਲਾਵਾ ਸ੍ਰੀ ਮੁਕਤਸਰ ਸਾਹਿਬ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ ਤੇ ਮੋਗਾ ਜ਼ਿਲ੍ਹੇ ਦੇ ਜਿਹੜੇ ਨੌਜਵਾਨ ਜੇਲ੍ਹ ਵਾਰਡਨ, ਬੀ.ਐੱਸ.ਐੱਫ, ਸੀ ਆਈ ਐੱਸ ਐੱਫ, ਸੀ.ਆਰ.ਪੀ.ਐੱਫ. ਵਿੱਚ ਭਰਤੀ ਹੋਣਾ ਹੈ, ਉਨ੍ਹਾਂ ਨੌਜਵਾਨਾਂ ਦੀ ਲਿਖਤੀ ਪੇਪਰ ਤੇ ਫਿਜ਼ੀਕਲ ਦੀ ਤਿਆਰੀ ਚੱਲ ਰਹੀ ਹੈ।ਜਿਹੜੇ ਨੌਜਵਾਨ ਅਜੇ ਤੱਕ ਕੈਂਪ ਵਿੱਚ ਕਿਸੇ ਕਾਰਨ ਕਰਕੇ ਨਹੀਂ ਆ ਸਕੇ, ਉਹ ਨੌਜਵਾਨ ਜਲਦੀ ਤੋਂ ਜਲਦੀ ਕੈਂਪ ਵਿੱਚ ਆ ਕੇ ਆਪਣੀ ਤਿਆਰੀ ਸ਼ੁਰੂ ਕਰਨ ਤੇ ਲਾਭ ਉਠਾਉਣ।ਕੈਂਪ ਵਿੱਚ ਆਉਣ ਸਮੇਂ ਆਨਲਾਈਨ ਅਪਲਾਈ ਦੀ ਇੱਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, 10+2 ਪਾਸ ਤੇ ਇਸ ਤੋਂ ਵੱਧ ਪੜ੍ਹਾਈ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤੀ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ ਆਦਿ ਨਾਲ ਲੈ ਕੇ ਆਉਣ।ਵਧੇਰੇ ਜਾਣਕਾਰੀ ਲਈ 73476-66557 ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸ਼ਹੀਦ ਹਰਮਿੰਦਰ ਸਿੰਘ ਦੀ ਯਾਦਗਾਰ ਬਣਾਉਣ ਦੀ ਰੱਖੀ ਜਾਵੇਗੀ ਮੰਗ : ਡਾ. ਹਰਬੰਸ ਲਾਲ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**





ਸ੍ਰੀਨਗਰ ਦੇ ਜ਼ਿਲ੍ਹਾ ਕੁਲਗਾਮ ਅਨੰਤਨਾਗ ਦੇ ਪਹਾੜੀ ਜੰਗਲੀ ਇਲਾਕੇ 'ਚ ਰਾਤ ਸਮੇਂ ਪਾਕਿਸਤਾਨੀ ਅੱਤਵਾਦੀਆਂ ਨਾਲ ਆਹਮੋ-ਸਾਹਮਣੀ ਲੜਾਈ ਲੜਦੇ ਹੋਏ ਭਾਰਤੀ ਫੌਜ ਦੇ ਜਾਂਬਾਜ ਸਿਪਾਹੀ ਹਰਮਿੰਦਰ ਸਿੰਘ ਪਿੰਡ ਬਦੀਨਪੁਰ ਦੇ ਜੰਮਪਲ ਉਮਰ 26 ਸਾਲ ਸ਼ਹੀਦੀ ਪਾ ਗਏ ਤੇ ਨਾਲ ਹੀ ਪਿੰਡ ਮਾਨੂੰਪੁਰ ਗੌਂਸਲਾਂ ਦੇ ਪ੍ਰਿਤਪਾਲ ਸਿੰਘ ਵੀ ਦੋਵੇਂ ਸਿਪਾਹੀ ਇਕੱਠੇ ਲੜਦੇ ਹੋਏ ਰਾਤ ਦੇ ਸਮੇਂ ਪਹਾੜੀ ਘਨੇ ਜੰਗਲਾਂ ਵਿਚ ਸ਼ਹੀਦ ਹੋ ਗਏ।

ਦੋਵੇਂ ਸ਼ਹੀਦ ਗਰੀਬ ਤੇ ਦਲਿਤ ਰਾਮਦਾਸੀਆ ਜਾਤੀ ਨਾਲ ਸਬੰਧਤ ਸਨ।ਡਾ. ਹਰਬੰਸ ਲਾਲ, ਸਾਬਕਾ ਮੰਤਰੀ ਸ਼ਹੀਦ ਹਰਮਿੰਦਰ ਸਿੰਘ ਪਿੰਡ ਬਦੀਨਪੁਰ ਨਜ਼ਦੀਕ ਗੋਬਿੰਦਗੜ੍ਹ ਅਤੇ ਖੰਨਾ ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਦੇ ਘਰ ਪਰਵਾਰ ਨਾਲ ਦੁੱਖ ਸਾਂਝਾ ਕਰਨ ਵਾਸਤੇ ਆਪਣੇ ਸਾਥੀਆਂ ਸਮੇਤ ਗਏ।ਸ਼ਹੀਦ ਹਰਮਿੰਦਰ ਸਿੰਘ ਦੇ ਪਿਤਾ ਜਸਵੰਤ ਸਿੰਘ ਤੇ ਚਾਚਾ ਪੰਚ ਹਰਬੰਸ ਸਿੰਘ ਅਤੇ ਸ਼ਹੀਦ ਦੀ ਮਾਤਾ ਗੁਰਮੀਤ ਕੌਰ ਨੇ ਡਾ. ਹਰਬੰਸ ਲਾਲ ਨੂੰ ਦੱਸਿਆ ਕਿ ਜੇ ਪੰਜਾਬ ਜਾਂ ਦੇਸ਼ ਦੀ ਭਾਰਤ ਸਰਕਾਰ ਸਾਡੇ ਬੇਟੇ ਦੀ ਯਾਦ ਵਿਚ ਕੁੱਝ ਕਰਨਾ ਚਾਹੁੰਦੀ ਹੈ ਤਾਂ ਅਸੀਂ ਚਾਹੁੰਦੇ ਹਾਂ ਕਿ ਜੋ ਪਿੰਡ 'ਚ ਸਾਡੀ ਧਰਮਸ਼ਾਲਾ ਦੇ ਸਾਹਮਣੇ ਜੋ ਖਾਲੀ ਗਰਾਊਂਡ ਹੈ, ਉਸਦੇ ਆਲੇ ਦੁਆਲੇ ਘੱਟੋ ਘੱਟ 8 ਫੁੱਟ ਉੱਚੀ ਦੀਵਾਰ ਕੀਤੀ ਜਾਵੇ ਤੇ ਉਸ ਦੀਵਾਰ ਦੇ ਨਾਲ ਸ਼ਹੀਦ ਦੀ ਯਾਦ ਹਮੇਸ਼ਾ ਨਜਰ ਆਉਂਦੀ ਰਹੇ, ਉਸ ਦਾ ਆਦਮਕੱਦ ਦਾ 7 ਫੁੱਟ ਦਾ ਬੁੱਤ ਬਣਾ ਕੇ ਲਾਇਆ ਜਾਵੇ, ਚਾਰਦੀਵਾਰੀ ਦੇ ਨਾਲ ਮੂਹਰਲੇ ਪਾਸੇ ਲਾਇਆ ਜਾਵੇ।ਸ਼ਹੀਦ ਦੇ ਪਰਵਾਰ ਦੀ ਮੰਗ ਹੈ ਕਿ ਪਿੰਡ ਵਿੱਚ ਜੋ ਸਾਡੇ ਦਲਿਤ ਭਰਾਵਾਂ ਦੇ ਹਿੱਸੇ ਦੀ ਪੰਚਾਇਤੀ ਜ਼ਮੀਨ ਹੈ, ਉਸ ਜ਼ਮੀਨ ਵਿਚੋਂ ਸਾਡੇ ਸਾਰੇ ਦਲਿਤ ਭਾਈਚਾਰੇ ਦੇ ਸ਼ਾਦੀਸ਼ੁਦਾ ਹਰ ਪਰਵਾਰ ਨੂੰ 2/2 ਵਿਸਬੇ ਪਲਾਟ ਕੱਟ ਕੇ ਜ਼ਰੂਰ ਦਿੱਤੇ ਜਾਣ। ਸ਼ਹੀਦ ਹਰਮਿੰਦਰ ਸਿੰਘ ਦਾ ਮਕਾਨ ਕੱਚਾ ਤੇ ਬਾਲਿਆਂ ਦੀ ਟੁੱਟੀ ਹੋਈ ਛੱਤ ਦਾ ਇੱਕ ਕਮਰਾ ਹੈ ਤੇ ਬਾਕੀ ਪਰਵਾਰ ਇੱਕ ਕਮਰੇ ਵਿਚ ਹੀ ਰਹਿ ਰਿਹਾ ਹੈ।ਇਸ ਲਈ ਸ਼ਹੀਦ ਦੇ ਪਰਵਾਰ ਦੇ ਲਈ ਪੱਕਾ ਮਕਾਨ ਬਣਾਉਣ ਲਈ ਵਿਸ਼ੇਸ਼ ਫੰਡ ਵੀ ਜਲਦੀ ਦਿੱਤਾ ਜਾਵੇ ਤਾਂ ਜੁ ਸ਼ਹੀਦ ਦੇ ਪਰਵਾਰ ਦਾ ਘਰ ਪੱਕਾ ਹੋ ਸਕੇ।ਸ਼ਹੀਦ ਹਰਮਿੰਦਰ ਸਿੰਘ ਦੇ ਛੋਟੇ ਭਰਾ ਨੂੰ ਸਰਕਾਰੀ ਨੌਕਰੀ ਵੀ ਜ਼ਰੂਰ ਦਿੱਤੀ ਜਾਵੇ। ਸੜਕ ਜੋ ਬਦੀਨਪੁਰ ਤੋਂ ਪਿੰਡ ਤੋਂ ਮੁਗਲ ਮਾਜਰੇ ਨੂੰ ਹੋ ਕੇ ਮੇਨ ਗੋਬਿੰਦਗੜ੍ਹ ਲੁਧਿਆਣਾ ਸੜਕ ਨਾਲ ਜਾ ਲੱਗਦੀ ਹੈ ਅਤੇ ਬਦੀਨਪੁਰਾ ਪਿੰਡ ਤੋਂ ਪਿੰਡ ਕਾਨਪੁਰ ਤੱਕ ਜੋ ਕਿ ਅਮਲੋਹ ਖੰਨਾ ਰੋਡ ਤੱਕ ਜਾ ਲਗਦੀ ਹੈ, ਇਸ ਸੜਕ ਨੂੰ 25 ਫੁੱਟ ਚੌੜਾ ਕੀਤਾ ਜਾਵੇ ਤੇ ਮਜ਼ਬੂਤ ਸੜਕ ਬਣਾ ਕੇ ਇਸ ਦੇ ਆਲੇ ਦੁਆਲੇ ਵਧੀਆ ਫੁੱਲਾਂ ਵਾਲੇ ਦਰੱਖਤ ਲਾਏ ਜਾਣ।ਸੜਕ ਦੇ ਦੋਵੇਂ ਪਾਸੇ ਕਾਨਪੁਰ ਸਾਈਡ ਤੇ ਮੁਗਲ ਮਾਜਰਾ ਸਾਈਡ ਦੋ ਯਾਦਗਾਰੀ ਗੇਟ ਬਣਾ ਕੇ ਉਨ੍ਹਾਂ ਗੇਟਾਂ ਤੇ ਸ਼ਹੀਦ ਦਾ ਨਾਂਅ ਸੁਨਹਿਰੀ ਅੱਖਰਾਂ ਵਿਚ ਉੱਕਰਿਆ ਜਾਵੇ ਤਾਂ ਜੁ ਆਉਣ ਜਾਣ ਵਾਲੇ ਵਿਅਕਤੀ ਨੂੰ ਸ਼ਹੀਦ ਦੀ ਯਾਦ ਆਉਂਦੀ ਰਹੇ।

# ਕਸ਼ਮੀਰ ਅੰਦਰ 25 ਕਿਤਾਬਾਂ 'ਤੇ ਲਾਈ ਪਾਬੰਦੀ ਵਾਪਸ ਲਈ ਜਾਵੇ : ਕੇਂਦਰੀ ਪੰਜਾਬੀ ਲੇਖਕ ਸਭਾ

### ਕਾਰਜਕਾਰਨੀ ਮੀਟਿੰਗ 'ਚ ਕੀਤੇ ਮਹੱਤਵਪੂਰਨ ਫ਼ੈਸਲੇ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**

ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਵੱਲੋਂ ਸਾਹਿਤ ਸਭਾ ਧੂਰੀ ਦੇ ਸਹਿਯੋਗ ਨਾਲ ਹੋਈ ਕਾਰਜਕਾਰਨੀ ਮੀਟਿੰਗ ਦੀ ਪ੍ਰਧਾਨਗੀ ਪਵਨ ਹਰਚੰਦਪੁਰੀ ਨੇ ਕੀਤੀ, ਜਿੱਥੇ ਡਾ. ਜੋਗਿੰਦਰ ਸਿੰਘ ਨਿਰਾਲਾ ਤੇ ਪ੍ਰੋ. ਸੰਧੂ ਵਰਿਆਣਵੀ ਸਮੇਤ ਦੋ ਦਰਜਨ ਤੋਂ ਵੱਧ ਲੇਖਕ ਆਗੂਆਂ ਨੇ ਭਾਗ ਲਿਆ।ਮੀਟਿੰਗ ਦੌਰਾਨ ਸਭਾਵਾਂ ਦੀਆਂ ਮੈਂਬਰਸ਼ਿਪ ਸੂਚੀਆਂ, ਮੈਂਬਰਸ਼ਿਪ ਫੀਸ ਵਾਧੇ, ਸਹਾਇਤਾ ਫੰਡ ਤੇ ਕਾਰਜ ਰਿਪੋਰਟਾਂ 30 ਸਤੰਬਰ ਤੱਕ ਜਮ੍ਹਾਂ ਕਰਵਾਉਣ ਦੇ ਫ਼ੈਸਲੇ ਕੀਤੇ ਗਏ।ਜਨਰਲ ਅਜਲਾਸ, ਜੋ 24 ਸਤੰਬਰ ਨੂੰ ਹੋਣਾ ਸੀ, ਹੁਣ 30 ਅਪ੍ਰੈਲ ਤੱਕ ਲਈ ਮੁਲਤਵੀ ਕਰ ਦਿੱਤਾ ਗਿਆ।ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ ਸਾਹਿਤਕ ਰਸਾਲਿਆਂ ਦੇ ਸੰਪਾਦਕਾਂ, ਨਾਟਕ ਮੰਡਲੀਆਂ, ਲੋਕ ਸੰਗੀਤ ਮੰਡਲੀਆਂ, ਕਵੀਸ਼ਰੀ ਤੇ ਢਾਡੀ ਜਥਿਆਂ, ਕੱਵਾਲ ਪਾਰਟੀਆਂ, ਇਨਕਲਾਬੀ ਗਾਇਕਾਂ ਤੇ ਲੇਖਕ-ਫੋਟੋਗ੍ਰਾਫਰ ਹਰਭਜਨ ਬਾਜਵਾ ਦਾ ਸਨਮਾਨ ਜਨਰਲ ਅਜਲਾਸ ਦੌਰਾਨ ਕੀਤਾ ਜਾਵੇਗਾ।ਸਭਾ ਵੱਲੋਂ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਕਿ ਕਸ਼ਮੀਰ ਅੰਦਰ ਲੋਕ ਪੱਖੀ ਲੇਖਕਾਂ ਦੀਆਂ 25 ਕਿਤਾਬਾਂ 'ਤੇ ਲਾਈ ਪਾਬੰਦੀ ਤੁਰੰਤ ਹਟਾਈ ਜਾਵੇ।ਇਸੇ ਨਾਲ ਹੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਨਰਸਰੀ ਤੋਂ ਪੰਜਾਬੀ ਭਾਸ਼ਾ ਲਾਜ਼ਮੀ ਕੀਤੀ ਜਾਵੇ, ਪੰਜਾਬ ਵਿੱਚ ਲਾਇਬਰੇਰੀ ਕਾਨੂੰਨ ਬਣਾਇਆ ਜਾਵੇ, ਨਿੱਜੀ ਤੇ ਸਰਕਾਰੀ ਅਦਾਰਿਆਂ ਦੇ ਬੋਰਡ ਪੰਜਾਬੀ ਵਿੱਚ ਲਗਾਏ ਜਾਣ।ਇਸ ਤੋਂ ਇਲਾਵਾ 100 ਗਰੀਬ ਲੇਖਕਾਂ ਲਈ ਸਾਹਿਤਕ ਪੈਨਸ਼ਨ, ਭਾਸ਼ਾ ਸਲਾਹਕਾਰ ਬੋਰਡ ਦਾ ਗਠਨ ਤੇ ਲੇਖਕਾਂ ਲਈ ਬੱਸ ਕਿਰਾਏ ਮੁਆਫ਼ ਕਰਨ ਦੀ ਮੰਗ ਵੀ ਰੱਖੀ ਗਈ।ਅੰਤ ਵਿੱਚ ਸਾਹਿੱਤ ਸਭਾ ਧੂਰੀ ਦੇ ਪ੍ਰਧਾਨ ਸੁਰਿੰਦਰ ਸ਼ਰਮਾ ਨਾਗਰਾ ਨੇ ਸਾਰੇ ਪਹੁੰਚੇ ਲੇਖਕਾਂ ਤੇ ਸਹਿਯੋਗੀ ਸੰਸਥਾਵਾਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਭਗਵੰਤ ਸਿੰਘ, ਸੁਖਦੇਵ ਔਲ਼ਖ, ਹਰਮੇਸ਼ ਮੇਸ਼ੀ, ਇਕਬਾਲ ਘਾਰੂ, ਮੋਹੀ ਅਮਰਜੀਤ, ਤਰਲੋਚਨ ਮੀਰ, ਡਾ. ਸੁਰਜੀਤ ਬਰਾੜ ਘੋਲੀਆ, ਤਰਸੇਮ ਖਾਸਪੁਰੀ, ਡਾ. ਲਕਸ਼ਮੀ ਨਰਾਇਣ ਭੀਖੀ, ਦਰਸ਼ਨ ਸਿੰਘ ਪ੍ਰੀਤੀਮਾਨ, ਰਾਕੇਸ਼ ਸ਼ਰਮਾ ਮਾਲੇਰਕੋਟਲਾ, ਅਲੀ ਰਾਜਪੁਰਾ, ਜਸਵਿੰਦਰ ਸਿੰਘ ਜੱਸੀ, ਸੰਤ ਸਿੰਘ ਬੀਹਲਾ, ਅਮਰੀਕ ਸਿੰਘ ਤਲਵੰਡੀ, ਡਾ. ਜਗਦੀਪ ਕੌਰ ਆਹੂਜਾ, ਗੁਲ਼ਜ਼ਾਰ ਸਿੰਘ ਸ਼ੌਂਕੀ ਤੇ ਯੁਗਰਾਜ ਧੌਲਾ ਆਦਿ ਹਾਜ਼ਰ ਸਨ।

## ...ਸ.ਫ਼ਾ 1 ਦੇ ਬਾਕੀ

### ਡਰੱਗ ਮਾਫੀਆ ਦੇ ਸਰਗਣੇ ...

ਅਸਲ ਤਸਵੀਰ ਸਾਹਮਣੇ ਆਉਂਦੀ ਹੈ। ਅਕਾਲੀ ਲੀਡਰ ਸੁਖਬੀਰ ਸਿੰਘ ਬਾਦਲ 'ਤੇ ਚੁਟਕੀ ਲੈਂਦਿਆਂ ਉਹਨਾ ਕਿਹਾ ਕਿ ਸੱਤਾ ਵਿੱਚ ਹੁੰਦਿਆਂ ਤਾਂ ਬਾਦਲਾਂ ਨੇ ਆਪਣਾ ਕਾਰੋਬਾਰ ਹੀ ਵਧਾਇਆ ਹੈ। ਨਸ਼ਿਆਂ ਦੇ ਦੋਸ਼ਾਂ ਹੇਠ ਨਾਭਾ ਜੇਲ੍ਹ ਵਿੱਚ ਬੰਦ ਸਾਬਕਾ ਅਕਾਲੀ ਲੀਡਰ ਦਾ ਪੱਖ ਪੂਰਨ ਵਾਲੇ ਰਵਾਇਤੀ ਪਾਰਟੀਆਂ ਦੇ ਲੀਡਰ ਉੱਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਕਾਂਗਰਸੀ ਲੀਡਰ ਚਰਨਜੀਤ ਸਿੰਘ ਚੰਨੀ, ਪ੍ਰਤਾਪ ਸਿੰਘ ਬਾਜਵਾ, ਸੁਖਪਾਲ ਸਿੰਘ ਖਹਿਰਾ, ਭਾਜਪਾ ਲੀਡਰ ਕੈਪਟਨ ਅਮਰਿੰਦਰ ਸਿੰਘ ਅਤੇ ਰਵਨੀਤ ਸਿੰਘ ਬਿੱਟੂ ਨੇ ਖੁੱਲ੍ਹ ਕੇ ਸਮਰਥਨ ਕੀਤਾ। ਉਨ੍ਹਾ ਕਿਹਾ ਕਿ ਇਸ ਨਾਲ ਰਵਾਇਤੀ ਪਾਰਟੀਆਂ ਦੀ ਆਪਸੀ ਮਿਲੀਭੁਗਤ ਸਾਹਮਣੇ ਆਈ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਚਮਕੌਰ ਸਾਹਿਬ ਹਸਪਤਾਲ ਵਿੱਚ ਬਿਸਤਰਿਆਂ ਦੀ ਗਿਣਤੀ 30 ਤੋਂ ਵਧਾ ਕੇ 50 ਕਰ ਦਿੱਤੀ ਹੈ ਅਤੇ ਇਸ ਦਾ ਦਰਜਾ ਕਮਿਊਨਿਟੀ ਹੈੱਲਥ ਸੈਂਟਰ ਤੋਂ ਸਬ-ਡਵੀਜ਼ਨਲ ਹਸਪਤਾਲ ਵਿੱਚ ਅਪਗ੍ਰੇਡ ਕਰ ਦਿੱਤਾ ਹੈ। ਇਸ ਹਸਪਤਾਲ ਵਿੱਚ ਮਾਹਰ ਡਾਕਟਰਾਂ ਦੀ ਗਿਣਤੀ ਪੰਜ ਤੋਂ ਵਧਾ ਕੇ 10 ਕਰ ਦਿੱਤੀ ਗਈ ਹੈ।

### ਇੰਡੀਅਨ ਜਰਨਲਿਸਟਸ ਯੂਨੀਅਨ...

ਬਣੇ।ਸਾਲ 1980-81 'ਚ ਬਲਵਿੰਦਰ ਜੰਮੂ ਪਟਿਆਲਾ ਦੇ ਮੁਲਤਾਨੀ ਮੱਲ ਮੋਦੀ ਕਾਲਜ 'ਚ ਪੜ੍ਹਨ ਦੌਰਾਨ ਸਟੂਡੈਂਟ ਕੌਂਸਲ ਦੇ ਪ੍ਰਧਾਨ ਬਣੇ। ਉਨ੍ਹਾ ਨੂੰ 1985 'ਚ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦਾ ਸੂਬਾਈ ਪ੍ਰਧਾਨ ਬਣਾ ਦਿੱਤਾ ਗਿਆ। ਵਿਦਿਆਰਥੀ ਜੀਵਨ ਦੌਰਾਨ ਦਿੱਲੀ ਬੋਟ ਕਲੱਬ ਵਿਖੇ ਪ੍ਰਦਰਸ਼ਨ ਕਰਦੇ ਹੋਏ ਉਨ੍ਹਾ ਨੂੰ ਹਿਰਾਸਤ ਵਿਚ ਲਿਆ ਗਿਆ ਤੇ ਪੰਜ ਦਿਨਾਂ ਤੱਕ ਤਿਹਾੜ ਜੇਲ੍ਹ ਵਿਚ ਬੰਦ ਰਹੇ।

ਜੰਮੂ ਨੇ ਪੱਤਰਕਾਰੀ ਦਾ ਸਫ਼ਰ 1990 'ਚ 'ਨਵਾਂ ਜ਼ਮਾਨਾ' ਵਿਚ ਬਤੌਰ ਸਬ-ਐਡੀਟਰ ਸ਼ੁਰੂ ਕੀਤਾ। ਉਹ 1993 'ਚ ਪੰਜਾਬੀ ਟ੍ਰਿਬਿਊਨ ਨਾਲ ਜੁੜ ਗਏ ਅਤੇ ਵੱਖ-ਵੱਖ ਅਹੁਦਿਆਂ 'ਤੇ 27 ਵਰ੍ਹੇ ਕੰਮ ਕੀਤਾ। ਉਹ ਟ੍ਰਿਬਿਊਨ ਇੰਪਲਾਈਜ਼ ਯੂਨੀਅਨ ਦੇ ਵੀ ਤਿੰਨ ਵਾਰ ਜਨਰਲ ਸਕੱਤਰ ਰਹੇ।ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਬਾਨੀ ਮੈਂਬਰ ਹਨ ਅਤੇ ਮਈ 2022 ਤੱਕ ਯੂਨੀਅਨ ਦੇ ਸੂਬਾਈ ਪ੍ਰਧਾਨ ਰਹੇ। ਉਹ 'ਚੰਡੀਗੜ੍ਹ ਪ੍ਰੈਸ ਕਲੱਬ' ਦੇ ਦੋ ਵਾਰ ਮੀਤ ਪ੍ਰਧਾਨ, ਦੋ ਵਾਰ ਸੀਨੀਅਰ ਮੀਤ ਪ੍ਰਧਾਨ ਅਤੇ ਇੱਕ ਵਾਰ ਪ੍ਰਧਾਨ ਰਹਿ ਚੁੱਕੇ ਹਨ।

## ਮਾਨ ਸਰਕਾਰ ਲਈ ਲੋਕਾਂ ਦੀ ਖ਼ੁਸ਼ੀ ਸਭ ਤੋਂ ਉੱਤਮ : ਦਲਵੀਰ ਢਿੱਲੋਂ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮਾਨ ਸਰਕਾਰ ਹਮੇਸ਼ਾਂ ਲੋਕਾਂ ਦੇ ਹਿੱਤਾਂ ਨੂੰ ਸਿਰਮੌਰ ਮੰਨਦੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਬਿਤ ਕੀਤਾ ਹੈ ਕਿ ਸਰਕਾਰ ਲਈ ਸਭ ਤੋਂ ਪਹਿਲਾਂ ਲੋਕਾਂ ਦੀਆਂ ਭਾਵਨਾਵਾਂ ਤੇ ਉਨ੍ਹਾਂ ਦੀ ਖ਼ੁਸ਼ੀ ਹੈ।ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਮਾਮਲੇ ਵਿੱਚ ਮੁੱਖ ਮੰਤਰੀ ਨੇ ਲੋਕਾਂ ਦੀ ਗੱਲ ਸੁਣੀ ਵੀ, ਸਮਝੀ ਵੀ ਤੇ ਆਖ਼ਿਰਕਾਰ ਮੰਨੀ ਵੀ।ਇਸੇ ਲਈ ਲੈਂਡ ਪੂਲਿੰਗ ਨੀਤੀ ਨੂੰ ਰੱਦ ਕਰਕੇ ਲੋਕਾਂ ਦੇ ਮਨਾਂ ਨੂੰ ਸਨਮਾਨ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਫੈਸਲਾ ਮਾਨ ਸਰਕਾਰ ਦੀ ਲੋਕਪ੍ਰਤੀਬੱਧਤਾ ਦਾ ਸਬੂਤ ਹੈ।ਦਲਵੀਰ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉੱਤਰ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਜਿੱਥੇ ਪਿਛਲੀਆਂ ਸਰਕਾਰਾਂ ਸਿਰਫ਼ ਕਾਗਜ਼ਾਂ 'ਤੇ ਲੋਕਾਂ ਨੂੰ ਵਾਅਦੇ ਕਰਦੀਆਂ ਰਹੀਆਂ, ਓਥੇ ਮਾਨ ਸਰਕਾਰ ਨੇ ਹਰ ਵੱਡੇ ਮਾਮਲੇ ਵਿੱਚ ਜਨਤਾ ਦੀ ਆਵਾਜ਼ ਨੂੰ ਪਹਿਲ ਦਿੱਤੀ ਹੈ।ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਲੋਕ-ਹਿੱਤਾਂ ਵਾਲੀਆਂ ਨੀਤੀਆਂ ਬਣਾਈਆਂ ਜਾ ਰਹੀਆਂ ਹਨ, ਜਿਨ੍ਹਾਂ ਨਾਲ ਹਰ ਵਰਗ ਨੂੰ ਲਾਭ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਧੂਰੀ ਹੀ ਨਹੀਂ, ਸਗੋਂ ਸਾਰੇ ਪੰਜਾਬ ਵਿੱਚ ਲੋਕ ਇਹ ਮਹਿਸੂਸ ਕਰ ਰਹੇ ਹਨ ਕਿ ਸਰਕਾਰ ਉਨ੍ਹਾਂ ਦੇ ਨਾਲ ਖੜੀ ਹੈ। ਦਲਵੀਰ ਢਿੱਲੋਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਮਾਨ ਸਰਕਾਰ ਲੋਕਾਂ ਦੇ ਭਲੇ ਲਈ ਹਰ ਸੰਭਵ ਕਦਮ ਚੁੱਕੇਗੀ।

## ਸੁਖਬੀਰ ਬਾਦਲ ਦੀ ਅਗਵਾਈ 'ਚ ਸ਼੍ਰੋਮਣੀ ਅਕਾਲੀ ਦਲ ਚੜ੍ਹਦੀ ਕਲਾ 'ਚ : ਕਾਲੇਕੇ, ਗਿੱਲ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਬਚਿੱਤਰ ਸਿੰਘ ਕਾਲੇਕੇ, ਤਲੋਚਨ ਸਿੰਘ ਗਿੱਲ ਕਾਲੇਕੇ ਤੇ ਹਰਜਿੰਦਰ ਸਿੰਘ ਕਾਲੇਕੇ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਪੂਰੀ ਸਮਰਪਣ ਭਾਵਨਾ ਨਾਲ ਜੁੜੇ ਹੋਏ ਹਨ ਅਤੇ ਉਨ੍ਹਾਂ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਅਕਾਲੀ ਦਲ ਦੀ ਮਜ਼ਬੂਤੀ 'ਤੇ ਜ਼ੋਰ ਦਿੰਦਿਆਂ ਆਖਿਆ ਕਿ ਸੁਖਬੀਰ ਸਿੰਘ ਬਾਦਲ ਦੇ ਨੇਤ੍ਰਤਵ ਹੇਠ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਪੂਰੀ ਤਰ੍ਹਾਂ ਚੜ੍ਹਦੀ ਕਲਾ ਵਿੱਚ ਹੈ ਅਤੇ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਉਨ੍ਹਾਂ ਨਵੇਂ ਬਣੇ ਅਕਾਲੀ ਦਲ (ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ) 'ਤੇ ਸਵਾਲ ਚੁੱਕਦਿਆਂ ਕਿਹਾ ਕਿ ਕਈ ਪੰਥ ਵਿਰੋਧੀ ਤਾਕਤਾਂ ਨੇ ਸਮੇਂ-ਸਮੇਂ 'ਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ, ਪਰ ਸੁਖਬੀਰ ਸਿੰਘ ਬਾਦਲ ਦੀ ਮਜ਼ਬੂਤ ਅਗਵਾਈ ਕਾਰਨ ਇਹ ਸਾਰੀਆਂ ਸਾਜ਼ਿਸ਼ਾਂ ਨਾਕਾਮ ਸਾਬਿਤ ਹੋਈਆਂ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਸਭ ਤੋਂ ਪੁਰਾਣੀ ਤੇ ਸੰਘਰਸ਼ਸ਼ੀਲ ਪਾਰਟੀ ਹੈ, ਜੋ ਹਮੇਸ਼ਾ ਪੰਜਾਬੀਅਤ, ਸਿੱਖ ਅਧਿਕਾਰਾਂ ਤੇ ਕਿਸਾਨਾਂ ਦੀ ਭਲਾਈ ਲਈ ਲੜਦੀ ਰਹੀ ਹੈ।ਉਨ੍ਹਾਂ ਅਪੀਲ ਕੀਤੀ ਕਿ ਸੰਗਤਾਂ ਤੇ ਪਾਰਟੀ ਵਰਕਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਇਕਜੁੱਟ ਹੋ ਕੇ ਪੰਜਾਬ ਦੇ ਵਿਕਾਸ ਤੇ ਖ਼ੁਸ਼ਹਾਲੀ ਲਈ ਕੰਮ ਕਰਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਹਰ ਵਰਗ ਦੀ ਆਵਾਜ਼ ਨੂੰ ਬੁਲੰਦ ਕਰਦਾ ਰਹੇਗਾ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਜਿੱਤੇਗਾ।ਇਸ ਮੌਕੇ ਚੇਅਰਮੈਨ ਬਚਿੱਤਰ ਸਿੰਘ ਕਾਲੇਕੇ, ਤਲੋਚਨ ਸਿੰਘ ਗਿੱਲ ਕਾਲੇਕੇ ਤੇ ਹਰਜਿੰਦਰ ਸਿੰਘ ਕਾਲੇਕੇ ਵੱਲੋਂ ਪਾਰਟੀ ਦੇ ਨਵ-ਨਿਯੁਕਤ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ, ਜਰਨਲ ਸਕੱਤਰ ਬਾਲ ਕ੍ਰਿਸ਼ਨ ਬਾਲੀ ਦੇ ਇਲਾਵਾ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਸਰਕਲ ਪ੍ਰਧਾਨਾਂ ਨੂੰ ਵਧਾਈ ਦਿੰਦਿਆਂ ਆਖਿਆ ਕਿ ਪਾਰਟੀ ਨੇ ਮਿਹਨਤੀ ਆਗੂਆਂ ਨਵੀਆਂ ਜ਼ਿੰਮੇਵਾਰੀਆਂ ਸੌਂਪ ਕੇ ਪਾਰਟੀ ਮਜ਼ਬੂਤੀ ਵਿੱਚ ਅਹਿਮ ਯੋਗਦਾਨ ਪਾਇਆ ਹੈ।

## ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ ਸੀ ਏ ਭਾਗ-ਪਹਿਲਾ (ਸਮੈੱਸਟਰ-ਪਹਿਲਾ) ਦੇ ਨਤੀਜੇ 'ਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ 'ਚੋਂ ਕਮਲਪ੍ਰੀਤ ਕੌਰ ਨੇ ਪਹਿਲਾ, ਅਰਸ਼ਦੀਪ ਕੌਰ ਨੇ ਦੂਜਾ ਤੇ ਅਕਾਸ਼ਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਤੇ ਐਡਮਨਿਸਟ੍ਰੇਟਰ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਡਿਗਰੀ ਕਾਲਜ ਦੇ ਪ੍ਰਿੰਸੀਪਲ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਕੰਪਿਊਟਰ ਦੇ ਖੇਤਰ ਵਿੱਚ ਬਾਹਰਲੇ ਦੇਸ਼ਾਂ 'ਚ ਵੀ ਨਾਮ ਰੋਸ਼ਨ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਪ੍ਰੋ. ਅਮਨਿੰਦਰ ਕੌਰ, ਪ੍ਰੋ. ਮੋਨਿਕਾ ਗਰਗ, ਪ੍ਰੋ. ਰਮਨਦੀਪ ਕੌਰ, ਪ੍ਰੋ. ਸੁਖਦੀਪ ਕੌਰ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਦਲਜੀਤ ਕੌਰ, ਪ੍ਰੋ. ਰੁਚੀਕਾ, ਪ੍ਰੋ. ਅਵਨੀਤ ਕੌਰ, ਪ੍ਰੋ. ਰਵਿੰਦਰ ਕੌਰ, ਪ੍ਰੋ. ਨਵਦੀਪ ਸ਼ਰਮਾ, ਪ੍ਰੋ. ਜਗਪ੍ਰੀਤ ਕੌਰ, ਪ੍ਰੋ. ਕੁਲਦੀਪ ਸਿੰਘ, ਪ੍ਰੋ. ਜਸਕਰਨ ਸਿੰਘ ਤੇ ਪ੍ਰੋ. ਅਕਾਸ਼ਦੀਪ ਆਦਿ ਸਟਾਫ਼ ਮੈਂਬਰ ਮੌਜੂਦ ਸਨ।

## ਗੁਰਦੁਆਰਾ ਪ੍ਰਬੰਧਕ ਕਮੇਟੀ ਬਾਹਮਣੀਆਂ ਦੀ ਚੋਣ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰਦੁਆਰਾ ਸਾਹਿਬ ਪਿੰਡ ਬਾਹਮਣੀਆਂ (ਬਰਨਾਲਾ) ਦੀ ਪ੍ਰਬੰਧਕ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਪ੍ਰਧਾਨ ਭਗਵੰਤ ਸਿੰਘ ਬੈਨੀਪਾਲ, ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਪੰਧੇਰ, ਮੀਤ ਪ੍ਰਧਾਨ ਕੁਲਦੀਪ ਸਿੰਘ ਖ਼ਾਲਸਾ, ਖਜ਼ਾਨਚੀ ਅਵਨਿੰਦਰਪਾਲ ਸਿੰਘ ਬੈਨੀਪਾਲ, ਹਰਜੀਤ ਸਿੰਘ ਸੈਕਟਰੀ ਤੋਂ ਇਲਾਵਾ ਬੂਟਾ ਸਿੰਘ, ਗੁਲਸ਼ਨ ਸਿੰਘ, ਅਵਤਾਰ ਸਿੰਘ ਖ਼ਾਲਸਾ, ਦਰਸ਼ਨ ਸਿੰਘ ਮਹਿਰਾ, ਹਰਪਾਲ ਸਿੰਘ, ਬੂਟਾ ਸਿੰਘ ਪੰਧੇਰ, ਰਛਪਾਲ ਸਿੰਘ ਬੈਨੀਪਾਲ, ਇਕਬਾਲ ਸਿੰਘ ਸੇਖੋਂ, ਬੇਅੰਤ ਸਿੰਘ, ਮਨਪ੍ਰੀਤ ਸਿੰਘ ਬੈਨੀਪਾਲ, ਹਰਵਿੰਦਰ ਸਿੰਘ ਬੈਨੀਪਾਲ, ਹਰਜੀਤ ਸਿੰਘ ਪੰਚ, ਹਰਬਿੰਦਰ ਸਿੰਘ ਬੈਨੀਪਾਲ, ਸ਼ਿੰਦਰਪਾਲ ਸਿੰਘ, ਜਗਤਾਰ ਸਿੰਘ, ਸੁਖਮੀਤ ਸਿੰਘ ਬੈਨੀਪਾਲ ਕਮੇਟੀ ਮੈਂਬਰ ਚੁਣੇ ਗਏ।ਇਸ ਮੌਕੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਆਗੂ ਰਿੰਕਾ ਕੁਤਬਾ ਬਾਹਮਣੀਆਂ ਦੀ ਅਗਵਾਈ ਹੇਠ ਪਤਵੰਤੇ ਸੱਜਣਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਗੁਰਦੁਆਰਾ ਟੁੱਟੀ ਗੰਢੀ ਸਾਹਿਬ ਦੇ ਆਲੇ-ਦੁਆਲੇ ਵਿਰਾਸਤੀ ਦਿੱਖ ਛੇਤੀ ਹੋਵੇਗੀ ਬਹਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਚਾਲੀ ਮੁਕਤਿਆਂ ਦੀ ਪਵਿੱਤਰ ਧਰਤੀ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਦੇ ਚਾਰ ਚੁਫੇਰੇ ਪੁਰਾਤਨ ਦਿੱਖ ਬਹਾਲ ਕਰਨ ਲਈ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸੂਬਾ ਸਰਕਾਰ ਨੂੰ ਕੀਤੀ ਬੇਨਤੀ ਤੇ ਪੰਜਾਬ ਸਰਕਾਰ ਦੇ ਸੈਰ-ਸਪਾਟਾ ਤੇ ਸੱਭਿਆਚਾਰ ਸਲਾਹਕਾਰ ਦੀਪਕ ਬਾਲੀ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ।ਦੀਪਕ ਬਾਲੀ ਗੁਰੂਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਨਤਮਸਤਕ ਹੋਏ ਤੇ ਚਾਰ ਚੁਫੇਰੇ ਸ਼ੁਰੂ ਕੀਤੇ ਜਾਣ ਵਾਲੇ ਪ੍ਰੋਜੈਕਟ ਸਬੰਧੀ ਮੌਕੇ ਦਾ ਜਾਇਜ਼ਾ ਲਿਆ।ਉਨ੍ਹਾਂ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਮੱਥਾ ਵੀ ਟੇਕਿਆ ਤੇ ਸਮੂਹ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਸ ਮਹੱਤਵਪੂਰਨ ਕਾਰਜ ਸਬੰਧੀ ਮੀਟਿੰਗ ਵੀ ਕੀਤੀ।ਕਾਕਾ ਬਰਾੜ ਨੇ ਦੱਸਿਆ ਕਿ ਚਾਲੀ ਮੁਕਤਿਆਂ ਦੀ ਇਤਿਹਾਸਕ ਧਰਤੀ ਲਈ ਲਗਾਤਾਰ ਮੰਗ ਕੀਤੀ ਜਾ ਰਹੀ ਸੀ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਤਰਜ਼ 'ਤੇ ਸ੍ਰੀ ਮੁਕਤਸਰ ਸਾਹਿਬ ਦੀ ਦਿੱਖ ਬਣਾਈ ਜਾਵੇ, ਜਿਸ 'ਤੇ ਸਰਕਾਰ ਨੇ ਅਮਲ ਕਰਦਿਆਂ ਸੈਰ ਸਪਾਟਾ ਤੇ ਸੱਭਿਆਚਾਰ ਸਲਾਹਕਾਰ ਮੌਕੇ 'ਤੇ ਪਹੁੰਚੇ।

## ਸੱਤਪਾਲ ਗਰਗ ਰਾਮਪੁਰਾ ਸ਼ਹਿਰੀ ਪ੍ਰਧਾਨ ਨਿਯੁਕਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ 'ਚ ਹਲਕਾ ਫੂਲ ਵਿੱਚ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਸੱਤਪਾਲ ਗਰਗ ਨੂੰ ਮੁੜ ਰਾਮਪੁਰਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਨਰੇਸ਼ ਕੁਮਾਰ ਸੀ.ਏ ਨੂੰ ਪਟਿਆਲਾ ਮੰਡੀ, ਹੈਪੀ ਬਾਂਸਲ ਨੂੰ ਨਾਭਾ ਮੰਡੀ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ।ਯੂਥ ਅਕਾਲੀ ਦਲ ਚ ਆਸ਼ੂ ਕੁਮਾਰ ਨੂੰ ਨਾਭਾ ਮੰਡੀ ਦਾ ਸਰਕਲ ਪ੍ਰਧਾਨ ਬਣਾਇਆ ਗਿਆ ਹੈ।ਇਸੇ ਤਰ੍ਹਾਂ ਸੁਖਜੀਤ ਸਿੰਘ ਸੁੱਖਾ ਨੂੰ ਫੂਲ, ਗੁਰਚੇਤ ਸਿੰਘ ਨੂੰ ਮਹਿਰਾਜ, ਅਵਤਾਰ ਸਿੰਘ ਫੂਲੇਵਾਲਾ ਨੂੰ ਢਿਪਾਲੀ, ਜਗਤਾਰ ਸਿੰਘ ਜਵੰਦਾ ਨੂੰ ਭਾਈਰੂਪਾ, ਅਮਰਜੀਤ ਸਿੰਘ ਫੌਜੀ ਨੂੰ ਦਿਆਲਪੁਰਾ ਭਾਈਕਾ, ਭੀਮ ਸੇਨ ਕਾਨੂੰਗੋ ਨੂੰ ਜਲਾਲ, ਸੁਖਜਿੰਦਰ ਸਿੰਘ ਸਾਬਕਾ ਐਮ ਸੀ ਨੂੰ ਭਗਤਾ ਭਾਈਕਾ ਤੇ ਡਾ ਜਸਪਾਲ ਸਿੰਘ ਦਿਆਲਪੁਰਾ ਨੂੰ ਕੋਠਾ ਗੁਰੂ ਸਰਕਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਮਲੂਕਾ ਨੇ ਨਵਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਸਨਮਾਨਤ ਕੀਤਾ। ਮਲੂਕਾ ਨੇ ਕਿਹਾ ਕਿ ਅਕਾਲੀ ਦਲ ਚ ਹਮੇਸ਼ਾ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਅੱਗੇ ਵਧਨ ਦਾ ਮੌਕਾ ਦਿੱਤਾ ਜਾਂਦਾ ਹੈ।ਮਲੂਕਾ ਨੇ ਹਰਪ੍ਰੀਤ ਸਿੰਘ ਦੀ ਅਗਵਾਈ ਵਾਲੇ ਅਕਾਲੀ ਦਲ ਬਾਰੇ ਗੱਲ ਕਰਦਿਆਂ ਕਿਹਾ ਕਿ ਪੰਥ ਤੇ ਪੰਜਾਬੀਆਂ ਦਾ ਅਸਲ ਸ਼੍ਰੋਮਣੀ ਅਕਾਲੀ ਦਲ ਇੱਕ ਹੀ ਹੈ, ਜਿਸਦੀ ਅਗਵਾਈ ਸੁਖਬੀਰ ਸਿੰਘ ਬਾਦਲ ਕਰ ਰਹੇ ਹਨ।

## ਨਵੇਂ ਆਰ ਓ ਸਿਸਟਮ ਦਾ ਉਦਘਾਟਨ ਕੀਤਾ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਬਲਾਕ ਲੰਬੀ ਅਧੀਨ ਪੈਂਦੇ ਸਰਕਾਰੀ ਪ੍ਰਾਇਮਰੀ ਸਕੂਲ ਮਿੱਠੜੀ ਬੁੱਧਗਿਰ ਵਿਖੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਵੱਲੋਂ ਨਵੇਂ ਆਰ.ਓ. ਸਿਸਟਮ ਦਾ ਉਦਘਾਟਨ ਕੀਤਾ ਗਿਆ।ਸਕੂਲ ਸਟਾਫ਼ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਮਿੱਠੜੀ ਬੁੱਧਗਿਰ ਤੇ ਸਕੂਲ ਸਟਾਫ ਵੱਲੋਂ ਜ਼ਿਲ੍ਹਾ ਯੋਜਨਾ ਕਮੇਟੀ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਨੂੰ ਬੱਚਿਆਂ ਦੇ ਪੀਣ ਲਈ ਸਾਫ਼ ਪਾਣੀ ਲਈ ਆਰ.ਓ.ਸਿਸਟਮ ਦੀ ਮੰਗ ਕੀਤੀ ਗਈ ਸੀ।ਇਸ ਮੰਗ ਨੂੰ ਪੂਰੀ ਕਰਦੇ ਹੋਏ ਉਹਨਾਂ ਵੱਲੋਂ ਪਿਛਲੇ ਦਿਨਾਂ ਵਿੱਚ ਇਕ ਲੱਖ ਸੱਠ ਹਜ਼ਾਰ ਰੁਪਏ ਆਰ.ਓ. ਸਿਸਟਮ ਤੇ ਵਾਟਰ ਕੂਲਰ ਲਈ ਜਾਰੀ ਕੀਤੇ ਗਏ।ਜ਼ਿਲ੍ਹਾ ਸਿੱਖਿਆ ਅਫਸਰ (ਪ੍ਰਾਇਮਰੀ) ਸ੍ਰੀ ਮੁਕਤਸਰ ਸਾਹਿਬ ਯਾਦਵਿੰਦਰ ਸਿੰਘ ਮਾਨ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਲੰਬੀ ਬਲਵਿੰਦਰ ਸਿੰਘ ਵੱਲੋਂ ਉਚੇਚੇ ਤੌਰ 'ਤੇ ਪਹੁੰਚ ਕੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਦਾ ਧੰਨਵਾਦ ਕੀਤਾ ਗਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਆਸ਼ਾ ਵਰਕਰਾਂ ਨੇ ਹੱਕੀ ਮੰਗਾਂ ਨੂੰ ਲੈ ਕੇ ਐੱਸ ਐੱਮ ਓ ਨੂੰ ਸੌਂਪਿਆ ਮੰਗ ਪੱਤਰ

**ਪੱਟੀ (ਬਲਦੇਵ ਸਿੰਘ ਸੰਧੂ)**

ਆਸ਼ਾ ਵਰਕਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਐੱਸ ਐੱਮ ਓ ਮੈਡਮ ਨੀਤੂ ਚੱਢਾ ਨੂੰ ਮੰਗ ਪੱਤਰ ਸੌਂਪਿਆ ਗਿਆ।ਆਸ਼ਾ ਵਰਕਰਜ਼ ਅਤੇ ਆਸ਼ਾ ਫੈਸੀਲਿਟੇਟਰਜ਼ ਸਾਂਝਾ ਮੋਰਚਾ ਪੰਜਾਬ ਦੇ ਕਨਵੀਨਰ ਅਮਰਜੀਤ ਕੌਰ ਰਣ ਸਿੰਘ ਵਾਲਾ (ਗਰੁੱਪ ਏਟਕ), ਰਾਣੋ ਖੇੜੀ ਗਿੱਲਾਂ (ਸਤੀਸ਼ ਰਾਣਾ ਗਰੁੱਪ), ਹਰਿੰਦਰ ਕੌਰ ਸ਼ਤਰਾਣਾ ਪਟਿਆਲਾ (ਗਰੁੱਪ ਸੀਟੂ), ਸੰਤੋਸ਼ ਕੁਮਾਰੀ ਫਿਰੋਜ਼ਪੁਰ ਵੱਲੋਂ ਪੰਜਾਬ ਸਰਕਾਰ ਨੂੰ ਲਗਾਤਾਰ ਪ੍ਰੈੱਸ ਬਿਆਨ ਰਾਹੀਂ ਦੱਸਿਆ ਗਿਆ ਕਿ ਵਰਕਰਾਂ ਦੀਆਂ ਲਮਕ ਰਹੀਆਂ ਮੰਗਾਂ ਨੂੰ ਤੁਰੰਤ ਮੰਨਿਆ ਜਾਵੇ ਅਤੇ ਕੱਟੇ ਹੋਏ ਭੱਤੇ ਨੂੰ ਮੁੜ ਤੋਂ ਬਹਾਲ ਕੀਤਾ ਜਾਵੇ। ਫੈਸਿਲੀਟੇਟਰਾਂ ਨੂੰ ਕੇਂਦਰ ਸਰਕਾਰ ਤੇ ਮਿਲਣ ਵਾਲਾ 1 ਹਜ਼ਾਰ ਅਤੇ ਟੂਰ ਮਨੀ ਵਿਚ ਵਾਧਾ ਕੀਤਾ ਜਾਵੇ, 10 ਆਸ਼ਾ ਵਰਕਰਾਂ ਪਿੱਛੇ ਇੱਕ ਫੈਸੀਲਿਟੇਟਰਜ਼ ਭਰਤੀ ਕਰਦੇ ਹੋਏ ਕੰਮਾਂ ਦੇ ਬੋਝ ਨੂੰ ਘਟਾਇਆ ਜਾਵੇ, ਸੇਵਾ ਮੁਕਤ ਵਰਕਰਾਂ ਨੂੰ ਸਹਾਇਤਾ ਰਾਸ਼ੀ ਘੱਟੋ ਘੱਟ ਪੰਜ ਲੱਖ ਰੁਪਏ ਦੇਣਾ ਯਕੀਨੀ ਬਣਾਇਆ ਜਾਵੇ। ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ, ਮਿਲਣ ਵਾਲੇ ਫਿਕਸ ਤੱਤਾ 2500 ਰੁਪਏ ਨੂੰ ਸੱਤਾ ਵਿੱਚ ਆਉਣ ਤੇ ਪਹਿਲਾਂ ਕੀਤੇ ਵਾਅਦੇ ਅਨੁਸਾਰ 10 ਹਜ਼ਾਰ ਕੀਤਾ ਜਾਵੇ।ਮੰਨੀਆਂ ਮੰਗਾਂ ਪ੍ਰਸੂਤੀ ਛੁੱਟੀ, ਟੇਬਲਟ ਤੁਰੰਤ ਮੰਗਾਂ ਦਾ ਨਿਪਟਾਰਾ ਕਰਨ ਲਈ ਮੀਟਿੰਗ ਦਾ ਸਮਾਂ ਮੰਗਿਆ ਗਿਆ ਸੀ। ਪ੍ਰੰਤੂ ਗਰਾਊਂਡ ਤੇ ਸਿਹਤ ਵਿਭਾਗ ਦੇ ਸਾਰੇ ਕੰਮਾਂ ਲਈ ਪੰਜਾਬ ਭਰ ਦੀਆਂ ਸੈਕੜਿਆਂ ਦੀ ਗਿਣਤੀ ਵਿੱਚ ਆਸ਼ਾ ਵਰਕਰਜ਼ ਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ।ਆਸ਼ਾ ਪ੍ਰੋਗਰਾਮ ਅਨੁਸਾਰ 54/55 ਕੰਮਾਂ ਨੂੰ ਪੱਕੇ ਤੌਰ ਤੇ ਆਸ਼ਾ ਦੇ ਤਬੀਅਤ ਦੀ ਤਰ੍ਹਾਂ ਗਲ ਵਿਚ ਮੜ੍ਹ ਦਿੱਤਾ ਗਿਆ ਹੈ। ਕੰਮ ਕਰ ਵੀ ਰਹੀਆਂ ਹਨ ਤੇ ਕਰਨਾ ਵੀ ਪੈਣਾ ਹੈ।ਪ੍ਰਧਾਨ ਮਨਜਿੰਦਰ ਕੌਰ ਨੇ ਸਰਕਾਰ ਦੇ ਇਸ਼ਾਰੇ ਤੇ ਸੂਬਾ ਪ੍ਰਧਾਨ ਅਮਰਜੀਤ ਕੌਰ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਸਾਡੀਆਂ ਮੰਗਾਂ ਮੁਸ਼ਕਿਲਾਂ ਲਈ ਜਾਂ ਤਾਂ ਪੰਜਾਬ ਸਰਕਾਰ ਟੇਬਲ-ਟਾਕ ਰਾਹੀਂ ਕਰੇ ਨਹੀਂ ਤਾਂ ਫਿਰ ਆਰ ਪਾਰ ਦੇ ਸੰਘਰਸ਼ ਸ਼ੁਰੂ ਕੀਤੇ ਜਾਣਗੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ, ਸਰਬਜੀਤ ਕੌਰ ਮੀਤ ਪ੍ਰਧਾਨ, ਅਮਰਦੀਪ ਕੌਰ ਬਲਾਕ ਪ੍ਰਧਾਨ, ਸਰਬਜੀਤ ਕੌਰ, ਮਨਦੀਪ ਕੌਰ, ਖ਼ਜ਼ਾਨਚੀ ਰਾਜਵਿੰਦਰ ਕੌਰ, ਵੀਰਪਾਲ ਕੌਰ ਸੈਕਟਰੀ, ਰਾਜਵਿੰਦਰ ਕੌਰ, ਅਨੂਬੀਰ ਕੌਰ, ਰਮਨਦੀਪ ਕੌਰ ਅਤੇ ਜਸਬੀਰ ਕੌਰ ਆਦਿ ਹਾਜ਼ਰ ਸਨ।



# ਬਾਵਾ ਲਾਲ ਜੀ ਮੰਦਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਮਨਾਈ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਸਥਾਨਕ ਕਸਬੇ ਦੇ ਬਜ਼ਾਰ ਜੋੜੀਆਂ ਵਾਲਾ ਸਥਿਤ ਸ੍ਰੀ ਬਾਵਾ ਲਾਲ ਦਿਆਲ ਜੀ ਦੇ ਮੰਦਰ ਵਿਖੇ ਪ੍ਰਬੰਧਕ ਕਮੇਟੀ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਬੀਤੀ ਰਾਤ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਗਈ।ਇਸ ਮੌਕੇ ਰਾਤ ਨੂੰ ਮਹਿਲਾ ਕੀਰਤਨ ਮੰਡਲੀ ਵੱਲੋਂ ਸ੍ਰੀ ਕ੍ਰਿਸ਼ਨ ਜੀ ਦੀ ਮਹਿਮਾ ਦਾ ਭਜਨਾਂ ਨਾਲ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਉਪਰੰਤ ਮੰਦਿਰ ਦੇ ਮੁੱਖ ਪੁਜਾਰੀ ਪੰਡਿਤ ਮੁਕੇਸ਼ ਸ਼ਰਮਾ ਵੱਲੋਂ ਸ੍ਰੀ ਕ੍ਰਿਸ਼ਨ ਜੀ ਦੀ ਮੂਰਤੀ ਨੂੰ ਇਸ਼ਨਾਨ ਕਰਵਾਉਣ ਤੋਂ ਬਾਅਦ ਪੂਜਾ ਅਰਚਨਾ ਕੀਤੀ ਗਈ।ਪ੍ਰਬੰਧਕਾਂ ਵੱਲੋਂ ਸ੍ਰੀ ਕ੍ਰਿਸ਼ਨ ਜੀ ਦੀ ਸੁੰਦਰ ਮੂਰਤੀ ਨੂੰ ਫੁੱਲਾਂ ਨਾਲ ਸਜੀ ਪਾਲਕੀ ਵਿੱਚ ਬਿਰਾਜਮਾਨ ਕਰਕੇ ਸੰਗਤਾਂ ਨੂੰ ਦਰਸ਼ਨ ਦੀਦਾਰੇ ਕਰਵਾਏ ਗਏ।ਨਾਲ ਲੈ ਕੇ ਆਰਤੀ ਲਈ ਲੰਗਰ ਭੰਡਾਰਾ ਲਗਾਇਆ ਗਿਆ।ਇਸ ਮੌਕੇ ਇਲਾਕੇ ਦੀਆਂ ਸੰਗਤਾਂ ਨੇ ਹੁੰਮ-ਹੁੰਮਾ ਕੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਵਿੱਚ ਹਾਜ਼ਰੀ ਭਰੀ ਤੇ ਸ੍ਰੀ ਕ੍ਰਿਸ਼ਨ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਪ੍ਰਬੰਧਕਾਂ ਵੱਲੋਂ ਰਾਤ 12 ਵਜੇ ਕੇਕ ਕੱਟ ਕੇ ਸ੍ਰੀ ਕ੍ਰਿਸ਼ਨ ਜੀ ਜਨਮ ਦਿਹਾੜਾ ਮਨਾਇਆ ਗਿਆ।ਇਸ ਮੌਕੇ ਮੰਦਿਰ ਦੇ ਸੇਵਾਦਾਰ ਵਿਜੇ ਕੁਮਾਰ ਸ਼ਰਮਾ, ਅਸ਼ਵਨੀ ਕੁਮਾਰ ਬਿੱਟੂ, ਸਮੀਰ ਸ਼ਰਮਾ, ਰਾਮ ਸ਼ਰਮਾ, ਰਾਜਨ ਡੋਗਰਾ, ਸਤੀਸ਼ ਕੁਮਾਰ ਸ਼ਰਮਾ, ਬਾਬਾ ਹਰਜੀਤ ਸਿੰਘ ਪਾਂਡੀ, ਮੰਨੂ ਚੰਦੂ ਨੰਗਲ, ਰਵਿੰਦਰ ਸਿੰਘ ਬੇਦੀ, ਤੰਨੂ ਮਹਾਜਨ, ਦੀਪਕ ਸ਼ਰਮਾ, ਰਮੇਸ਼ ਕੁਮਾਰ, ਮਾਤਾ ਕੇਸਰ ਦੇਵੀ, ਮਾਤਾ ਮਾਇਆ ਦੇਵੀ, ਨੀਲਮ ਸ਼ਰਮਾ, ਵਿਜੇ ਵਿੱਗ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਚੋਰਾਂ ਵੱਲੋਂ ਦਿਨ-ਦਿਹਾੜੇ ਜ਼ੇਵਰਾਤ ਤੇ ਨਗਦੀ ਚੋਰੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਚਿੱਟੇ ਦਿਨ ਸਥਾਨਕ ਡੇਰਾ ਰੋਡ ਕਾਦੀਆਂ ਤੇ ਚੋਰਾਂ ਵੱਲੋਂ ਇੱਕ ਘਰ ਨੂੰ ਨਿਸ਼ਾਨਾ ਬਣਾ ਕੇ ਸੋਨੇ ਦੇ ਗਹਿਣੇ ਅਤੇ ਨਗਦੀ ਚੋਰੀ ਕਰਨ ਦਾ ਸਮਾਚਾਰ ਮਿਲਿਆ ਹੈ।ਪੁਲਸ ਥਾਣਾ ਕਾਦੀਆਂ ਨੂੰ ਲਿਖਤ ਦਰਖਾਸਤ ਦਿੰਦਿਆਂ ਇੰਦਰਜੀਤ ਸਿੰਘ ਪੁੱਤਰ ਜਸਬੀਰ ਸਿੰਘ ਵਾਸੀ ਰਜ਼ਾਦਾ ਰੋਡ ਮੁਹੱਲਾ ਧਰਮਪੁਰਾ ਕਾਦੀਆਂ ਨੇ ਕਿਹਾ ਕਿ ਉਹ 16 ਅਗਸਤ ਨੂੰ ਆਪਣੀ ਪਤਨੀ ਪਰਮਜੀਤ ਕੌਰ ਅਤੇ ਬੱਚਿਆ ਨਾਲ ਡੇਰਾ ਬਾਬਾ ਨਾਨਕ ਗਿਆ ਹੋਇਆ ਸੀ।ਜਦੋਂ ਉਹ ਰਾਤ ਲਗਭਗ 7 ਵਜੇ ਘਰ ਵਾਪਸ ਪਰਤਿਆ ਤਾਂ ਘਰ ਦਾ ਮੇਨ ਗੇਟ ਨੂੰ ਤਾਲਾ ਲੱਗਿਆ ਹੋਇਆ ਸੀ ਅਤੇ ਅੰਦਰ ਘਰ ਦਾ ਮੇਨ ਦਰਵਾਜ਼ਾ ਟੁੱਟਿਆ ਹੋਇਆ ਸੀ। ਜਦੋਂ ਉਹ ਕਮਰੇ ਅੰਦਰ ਦਾਖ਼ਲ ਹੋਏ ਤਾਂ ਘਰ ਦਾ ਸਾਮਾਨ ਖਿਲਰਿਆ ਪਿਆ ਸੀ।ਇਸੇ ਤਰ੍ਹਾਂ ਸਟੋਰ ਰੂਮ ਦੀ ਅਲਮਾਰੀ ਦਾ ਦਰਵਾਜ਼ਾ ਖੁੱਲ੍ਹਿਆ ਹੋਇਆ ਸੀ ਅਤੇ ਉਸਦਾ ਲਾਕਰ ਟੁੱਟਿਆ ਹੋਇਆ ਸੀ। ਇੰਦਰਜੀਤ ਸਿੰਘ ਨੇ ਅੱਗੇ ਦੱਸਿਆ ਕਿ ਅਲਮਾਰੀ ਚੈੱਕ ਕਰਨ ਤੇ 4 ਸੋਨੇ ਦੀਆਂ ਮੁੰਦਰੀਆਂ, 1 ਲੇਡੀਜ਼ ਸੋਨੇ ਦਾ ਸੈੱਟ, 2 ਸੋਨੇ ਦੇ ਟਾਪਸ, 1 ਸੋਨੇ ਦੀ ਲੇਡੀਜ਼ ਚੇਨ, ਇਕ ਜੋੜਾ ਵਾਲੀਆਂ ਦਾ ਅਤੇ ਲਗਭਗ 50 ਹਜ਼ਾਰ ਰੁਪਏ ਗਾਇਬ ਸੀ।ਇੰਦਰਜੀਤ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਅਸੀਂ ਆਪਣੇ ਤੌਰ ਤੇ ਚੋਰਾਂ ਬਾਰੇ ਪਤਾ ਲਗਾਉਂਦੇ ਰਹੇ ਅਤੇ ਚੋਰਾਂ ਦੀ ਸੀਸੀ ਟੀਵੀ ਫੁਟੇਜ ਮਿਲ ਗਈ ਹੈ ਜੋ ਪੀੜਿਤ ਵਿਅਕਤੀ ਵੱਲੋਂ ਪੁਲਸ ਨੂੰ ਦੇ ਦਿੱਤੀ ਗਈ ਹੈ।ਪੁਲਸ ਨੇ ਘਟਨਾ ਦੀ ਰਿਪੋਰਟ ਦਰਜ ਕਰ ਲਈ ਹੈ।ਚੋਰਾਂ ਦੀ ਭਾਲ ਜਾਰੀ ਹੈ।ਉਧਰ ਦੂਜੇ ਪਾਸੇ ਇਲਾਕੇ ਦੇ ਮੋਤਬਰ ਲੋਕਾਂ ਨੇ ਦੱਸਿਆ ਕਿ ਇਲਾਕੇ ਦੇ ਵਿੱਚ ਪਹਿਲਾਂ ਵੀ ਚੋਰੀ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ ਅਤੇ ਇਲਾਕੇ ਦੇ ਵਿੱਚ ਚੋਰਾਂ ਦੇ ਹੌਸਲੇ ਕਾਫੀ ਬੁਲੰਦ ਹਨ ਜਿਸ ਨੂੰ ਲੈ ਕੇ ਪੁਲਸ ਪ੍ਰਸ਼ਾਸਨ ਦੇ ਉੱਪਰ ਸਵਾਲੀਆ ਚਿੰਨ੍ਹ ਖੜੇ ਹੋ ਰਹੇ ਹਨ। ਇਥੋਂ ਤੱਕ ਕਿ ਸ਼ਹਿਰ ਦੇ ਅੰਦਰ ਹੋ ਰਹੀਆਂ ਚੋਰੀ ਦੀਆਂ ਘਟਨਾਵਾਂ ਨੂੰ ਲੈ ਕੇ ਲੋਕਾਂ ਦੇ ਵਿੱਚ ਸਹਿਮ ਦਾ ਮਾਹੌਲ ਹੈ।



# ਤਰਨਤਾਰਨ ਦੀਆਂ ਵਿਦਿਆਰਥਣਾਂ ਨੇ ਦੱਖਣੀ ਕੋਰੀਆ ਵਿਖੇ ਖੇਡਾਂ 'ਚ ਮਾਰੀਆਂ ਮੱਲਾਂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਨ ਤਾਰਨ ਦੀਆਂ ਦੋ ਪ੍ਰਤਿਭਾਸ਼ਾਲੀ ਵਿਦਿਆਰਥਣਾਂ ਕਿਰਨਦੀਪ ਕੌਰ ਅਤੇ ਸੁਖਮਨਪ੍ਰੀਤ ਕੌਰ ਨੇ ਦੱਖਣੀ ਕੋਰੀਆ ਵਿੱਚ ਆਯੋਜਿਤ ਵੱਕਾਰੀ ਅੰਤਰਰਾਸ਼ਟਰੀ ਜੂਡੋ ਚੈਂਪੀਅਨਸ਼ਿਪ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਲਈ ਦੱਖਣੀ ਕੋਰੀਆ ਵਿੱਚ ਜੂਡੋ ਮੁਕਾਬਲੇ ਵਿੱਚ ਹਿੱਸਾ ਲਿਆ ਉਨ੍ਹਾਂ ਦੀ ਚੋਣ ਮਾਰਸ਼ਲ ਆਰਟਸ ਦੇ ਖੇਤਰ ਵਿੱਚ ਉਨ੍ਹਾਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਸ਼ਾਨਦਾਰ ਪ੍ਰਦਰਸ਼ਨ ਦਾ ਪ੍ਰਮਾਣ ਸੀ।ਵਿਦਿਆਰਥਣਾਂ ਕਿਰਨਜੀਤ ਕੌਰ ਅਤੇ ਸੁਖਮਨਪ੍ਰੀਤ ਕੌਰ ਨੂੰ ਪਿਛਲੇ ਕਈ ਮਹੀਨਿਆਂ ਤੋਂ ਪ੍ਰਿੰਸੀਪਲ ਸ਼੍ਰੀਮਤੀ ਰਵਿੰਦਰ ਕੌਰ ਆਹਲੂਵਾਲੀਆ, ਜੋ ਖਿਡਾਰੀਆਂ ਦਾ ਨਿਰੰਤਰ ਸਮਰਥਨ ਅਤੇ ਪ੍ਰੇਰਿਤ ਕਰਦੀਆਂ ਰਹੀਆਂ ਹਨ, ਅਤੇ ਉਨ੍ਹਾਂ ਦੀ ਕੋਚ ਸ਼੍ਰੀਮਤੀ ਸੁਖਜੀਤ ਕੌਰ ਚਾਹਲ ਦੇ ਮਾਹਰ ਮਾਰਗ ਦਰਸ਼ਨ ਹੇਠ ਸਖ਼ਤ ਸਿਖਲਾਈ ਦਿੱਤੀ ਗਈ ਸੀ ਅਤੇ ਲਗਾਤਾਰ ਬੇਮਿਸਾਲ ਹੁਨਰ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ ਹੈ।ਪ੍ਰਿੰਸੀਪਲ ਰਵਿੰਦਰ ਕੌਰ ਆਹਲੂਵਾਲੀਆ ਨੇ ਕਿਹਾ ਕਿ ਇਹ ਅੰਤਰਰਾਸ਼ਟਰੀ ਐਕਸਪੋਜ਼ਰ ਨਾ ਸਿਰਫ਼ ਉਨ੍ਹਾਂ ਦੀਆਂ ਐਥਲੈਟਿਕ ਯੋਗਤਾਵਾਂ ਨੂੰ ਵਧਾਏਗਾ ਬਲਕਿ ਸਾਡੀ ਸੰਸਥਾ ਅਤੇ ਸਾਡੇ ਦੇਸ਼ ਲਈ ਬਹੁਤ ਮਾਣ ਵੀ ਲਿਆਏਗਾ। ਸਕੂਲ ਦੇ ਸਟਾਫ ਮੈਂਬਰਾਂ ਨੇ ਉਨ੍ਹਾਂ ਦੀ ਵਾਪਸੀ 'ਤੇ ਸਵਾਗਤ ਕੀਤਾ। ਪ੍ਰਿੰਸੀਪਲ ਰਵਿੰਦਰ ਕੌਰ ਆਹਲੂਵਾਲੀਆ ਅਤੇ ਸਟਾਫ ਮੈਂਬਰਾਂ ਦੁਆਰਾ ਦੋਵਾਂ ਨੂੰ ਸਨਮਾਨਿਤ ਕੀਤਾ ਗਿਆ।

# ਕਾਰਪੋਰੇਟ ਘਰਾਣਿਆਂ ਦੀ ਲੁੱਟ ਨੂੰ ਰੋਕਣ ਲਈ ਕਿਸਾਨ ਜਥੇਬੰਦ ਹੋਣ : ਸੇਖੋਂ

**ਰਾਜਾਸਾਂਸੀ, (ਮਨੋਜ)**

ਕੁੱਲ ਹਿੰਦ ਕਿਸਾਨ ਸਭਾ ਦਾ 41ਵਾਂ ਜ਼ਿਲ੍ਹਾ ਇਜਲਾਸ ਪਿੰਡ ਅਦਲੀਵਾਲ ਵਿਖੇ ਬਜ਼ੁਰਗ ਕਿਸਾਨ ਆਗੂ ਕਾਮਰੇਡ ਦਰਬਾਰਾ ਸਿੰਘ ਲੋਪੋਕੇ ਵੱਲੋਂ ਝੰਡਾ ਚੜ੍ਹਾਉਣ ਦੀ ਰਸਮ ਨਾਲ ਆਰੰਭ ਹੋਇਆ। ਨੌਜਵਾਨ ਆਗੂ ਕੁਲਬੀਰ ਸਿੰਘ ਵੜੈਚ ਨੇ ਆਏ ਹੋਏ ਡੈਲੀਗੇਟਾਂ ਨੂੰ ਜੀ ਆਇਆਂ ਕਿਹਾ। ਉਪਰੰਤ ਐਡਵੋਕੇਟ ਕਵਲਜੀਤ ਕੌਰ ਵੱਲੋਂ ਵਿਛੜੇ ਸਾਥੀਆਂ ਦੀ ਯਾਦ ਵਿਚ ਸ਼ੋਕ ਮਤਾ ਪੇਸ਼ ਕਰਦਿਆਂ ਦੋ ਮਿੰਟ ਦਾ ਮੌਨ ਰੱਖਿਆ ਗਿਆ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਇਜਲਾਸ ਦਾ ਉਦਘਾਟਨ ਕਰਦਿਆਂ ਕਿਹਾ ਕਿ ਕਿਸਾਨਾਂ ਖ਼ਿਲਾਫ਼ ਲਿਆਂਦੇ ਗਏ ਤਿੰਨ ਕਾਲੇ ਕਾਨੂੰਨਾਂ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਵੱਲੋਂ ਲੜੇ ਗਏ ਸੰਘਰਸ਼ ਵਿਚ ਕੁੱਲ ਹਿੰਦ ਕਿਸਾਨ ਸਭਾ ਨੇ ਮੋਰਚੇ ਦੇ ਅਗਵਾਈ ਕਰਦਿਆਂ ਸ਼ਾਨਦਾਰ ਇਤਿਹਾਸ ਸਿਰਜਿਆ ਹੈ। ਇਸੇ ਤਰ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਿਸਾਨਾਂ ਦੀ ਉਪਜਾਊ ਭੂਮੀ ਹੜੱਪਣ ਲਈ ਲਿਆਂਦੀ ਲੈਂਡ ਪੂਲਿੰਗ ਪਾਲਿਸੀ ਨੂੰ ਵਾਪਸ ਕਰਾਉਣ ਲਈ ਵੀ ਸੰਘਰਸ਼ ਕਰਕੇ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਕਿਹਾ ਕਿ ਹੜ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧ ਨਾ ਕਰਨ ਕਰਕੇ ਹਜ਼ਾਰਾਂ ਏਕੜ ਫ਼ਸਲ ਤਬਾਹ ਹੋਣਾ ਸਰਕਾਰ ਦੀ ਨਲਾਇਕੀ ਹੈ। ਉਨ੍ਹਾਂ ਸਰਕਾਰ ਕੋਲੋਂ ਮੰਗ ਕੀਤੀ ਕਿ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਡੇਢ ਲੱਖ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਕਾਰਪੋਰੇਟ ਘਰਾਣੇ ਸਰਕਾਰ ਨਾਲ ਰਲ ਕੇ ਨਿਤ ਨਵੇਂ ਹੱਥ ਕੰਡੇ ਅਪਣਾ ਕੇ ਕਿਸਾਨਾਂ ਦੀ ਉਪਜਾਊ ਜ਼ਮੀਨ ਹੜੱਪਣਾ ਚਾਹੁੰਦੇ ਹਨ ਜਿਸ ਨੂੰ ਰੋਕਣ ਦਾ ਕੇਵਲ ਇੱਕੋ ਇੱਕ ਹੱਲ ਕਿਸਾਨਾਂ ਦਾ ਜਥੇਬੰਦ ਹੋਣਾ ਹੈ। ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਸੁਵਿੰਦਰ ਸਿੰਘ ਮੀਰਾਂਕੋਟ ਨੇ ਪਿਛਲੇ ਤਿੰਨਾਂ ਸਾਲਾਂ ਦੀ ਰਿਪੋਰਟ ਪੇਸ਼ ਕੀਤੀ ਜਿਸ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਸੂਬਾ ਮੀਤ ਪ੍ਰਧਾਨ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵੱਲੋਂ ਚੋਣ ਪੈਨਲ ਪੇਸ਼ ਕੀਤਾ ਗਿਆ ਜਿਸ ਵਿਚ ਰਣਜੀਤ ਸਿੰਘ ਬੱਲ ਨੂੰ ਪ੍ਰਧਾਨ, ਸੁਵਿੰਦਰ ਸਿੰਘ ਮੀਰਾਂਕੋਟ ਨੂੰ ਜਨਰਲ ਸਕੱਤਰ, ਐਡਵੋਕੇਟ ਕਵਲਜੀਤ ਕੌਰ ਨੂੰ ਵਿੱਤ ਸਕੱਤਰ, ਕਾਮਰੇਡ ਸੁੱਚਾ ਸਿੰਘ ਅਜਨਾਲਾ ਨੂੰ ਸੀਨੀਅਰ ਮੀਤ ਪ੍ਰਧਾਨ, ਭੁਪਿੰਦਰਜੀਤ ਸਿੰਘ ਛੀਨਾ, ਰਾਜ ਦਵਿੰਦਰ ਸਿੰਘ, ਦਲਬੀਰ ਸਿੰਘ ਧੂਲਕਾ, ਦਿਆਲ ਸਿੰਘ ਕਲੇਰ, ਬਖਤਾਵਰ ਸਿੰਘ ਤੇ ਹਰਦੇਵ ਸਿੰਘ ਛੀਨਾ ਨੂੰ ਮੀਤ ਪ੍ਰਧਾਨ, ਸੁਵਿੰਦਰ ਸਿੰਘ ਸਿੱਧੂ, ਕਾਰਜਵਿੰਦਰ ਸਿੰਘ ਬੁੱਟਰ, ਪਰਮਜੀਤ ਕੌਰ, ਕੁਲਵੰਤ ਸਿੰਘ ਸੈਂਹਸਰਾ, ਨਿਰਮਲ ਸਿੰਘ ਆਦਲੀਵਾਲ ਤੇ ਨਰਿੰਦਰ ਸਿੰਘ ਸ਼ਾਹ ਨੂੰ ਸਕੱਤਰ ਚੁਣ ਲਿਆ ਗਿਆ। ਪੰਜ ਅਹੁਦੇ ਖਾਲੀ ਰੱਖ ਲਏ ਗਏ। ਇਸ ਮੌਕੇ ਸੀਟੂ ਵੱਲੋਂ ਕਾਮਰੇਡ ਚਰਨਜੀਤ ਸਿੰਘ ਮਜੀਠਾ, ਜਨਵਾਦੀ ਇਸਤਰੀ ਸਭਾ ਵੱਲੋਂ ਡਾ. ਕਵਲਜੀਤ ਕੌਰ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਜਸਬੀਰ ਸਿੰਘ ਝਬਾਲ ਨੇ ਭਰਾਤਰੀ ਸੰਦੇਸ਼ ਦਿੱਤਾ। ਕਾਮਰੇਡ ਸੁੱਚਾ ਸਿੰਘ ਅਜਨਾਲਾ ਵੱਲੋਂ ਆਏ ਹੋਏ ਡੈਲੀਗੇਟਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਾਮਰੇਡ ਇੰਦਰਜੀਤ ਸਿੰਘ ਮਰਹਾਣਾ, ਗੁਰਦੀਪ ਸਿੰਘ ਬੁਤਾਲਾ, ਨਰਿੰਦਰ ਧੰਜਲ, ਨਰਿੰਦਰਪਾਲ ਚਮਿਆਰੀ, ਗੁਰਨਾਮ ਸਿੰਘ ਤਲਵੰਡੀ, ਮਨਦੀਪ ਕੌਰ ਖਿਆਲਾ, ਕਾਰਜਵਿੰਦਰ ਸਿੰਘ ਬੁੱਟਰ, ਪ੍ਰਤਾਪ ਸਿੰਘ ਖਾਪੜਖੇੜੀ, ਵਿਜੇ ਕੁਮਾਰ ਅਤੇ ਕਿਰਪਾ ਰਾਮ ਆਦਿ ਸਾਥੀ ਹਾਜ਼ਰ ਸਨ।

**ਕੁੱਲ ਹਿੰਦ ਕਿਸਾਨ ਸਭਾ ਦੇ ਇਜਲਾਸ 'ਚ ਜ਼ਿਲ੍ਹਾ ਇਕਾਈ ਦੀ ਚੋਣ ਹੋਈ**



# ਸਿਸੋਦੀਆ ਦਾ ਬਿਆਨ ਪੰਜਾਬ 'ਚ ਅਮਨ-ਸ਼ਾਂਤੀ ਭੰਗ ਕਰਨ ਵਾਲਾ : ਕੱਕੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸ੍ਰ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਆਮ ਆਦਮੀ ਪਾਰਟੀ ਦੇ ਆਗੂ ਮਨੀਸ਼ ਸਿਸੋਦੀਆ ਵੱਲੋਂ 2027 ਦੀਆਂ ਚੋਣਾਂ ਸਬੰਧੀ ਦਿੱਤੇ ਭੜਕਾਊ ਬਿਆਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਆਪ ਆਗੂ ਮਨੀਸ਼ ਸਿਸੋਦੀਆ ਪੰਜਾਬੀਆਂ ਨੂੰ ਧਮਕੀ ਦੇਣ ਤੋਂ ਪਹਿਲਾਂ ਪੰਜਾਬੀਆਂ ਦਾ ਇਤਿਹਾਸ ਪੜ੍ਹਨ।ਪੰਜਾਬੀ ਇਹੋ ਜਿਹੀਆਂ ਗਿੱਦੜ ਭਬਕੀਆਂ ਅੱਗੇ ਨਾ ਕਦੇ ਝੁਕੇ ਸਨ ਨਾ ਕਦੇ ਝੁਕਣਗੇ।ਕੱਕੜ ਨੇ ਕਿਹਾ ਕਿ ਮਨੀਸ਼ ਸਿਸੋਦੀਆ ਦੇ ਭੜਕਾਊ ਬਿਆਨ ਨਾਲ ਆਮ ਆਦਮੀ ਪਾਰਟੀ ਦਾ ਅਸਲ ਚਿਹਰਾ ਨੰਗਾ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਇਹ ਨਾ ਭੁੱਲੇ ਕਿ ਲੁੱਟ ਖਸੁੱਟ ਕਰਨ ਆਏ ਧਾੜਵੀਆਂ ਨੂੰ ਹਮੇਸ਼ਾ ਪੰਜਾਬ ਤੋਂ ਮੂੰਹ ਦੀ ਖਾਣੀ ਪਈ ਹੈ, ਪੰਜਾਬ ਦੇ ਲੋਕ ਕਦੇ ਵੀ ਇਹੋ ਜਿਹੀਆਂ ਗੱਲਾਂ ਨੂੰ ਬਰਦਾਸ਼ਤ ਨਹੀਂ ਕਰਨਗੇ ਕੱਕੜ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਕੁਰਬਾਨੀਆਂ ਦੇ ਕੇ ਪੰਜਾਬ ਵਿੱਚ ਲਿਆਂਦੀ ਸ਼ਾਂਤੀ ਨੂੰ ਆਮ ਆਦਮੀ ਪਾਰਟੀ ਆਪਣੇਂ ਲਾਲਚ ਲਈ ਖ਼ਤਮ ਕਰਨਾ ਚਾਹੁੰਦੀ ਹੈ ਜਿਸਨੂੰ ਗੈਰਤਮੰਦ ਪੰਜਾਬੀ ਕਦੇ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੂੰ 2027 ਵਿੱਚ ਆਪਣੀ ਹਾਰ ਪ੍ਰਤੱਖ ਰੂਪ ਵਿੱਚ ਦਿਖਾਈ ਦੇਣ ਲੱਗ ਪਈ ਹੈ, ਇਸ ਲਈ ਆਪਣਾਂ ਦਿਮਾਗੀ ਤਵਾਜ਼ਨ ਖ਼ਰਾਬ ਹੋ ਗਿਆ ਹੈ ਜਿਸ ਕਾਰਨ ਅਜਿਹੇ ਭੜਕਾਊ ਬਿਆਨ ਦੇ ਰਹੇ ਹਨ।ਕੱਕੜ ਨੇ ਚੋਣ ਕਮਿਸ਼ਨ ਨੂੰ ਅਪੀਲ ਕਰਦਿਆਂ ਕਿਹਾ ਕਿ ਲੋਕਤੰਤਰ ਨੂੰ ਕੁੱਚਲਣ ਵਾਲੇ ਬਿਆਨ ਦੇਣ ਵਾਲੇ ਅਜਿਹੇ ਆਮ ਆਦਮੀ ਪਾਰਟੀ ਦੇ ਆਗੂ ਤੇ ਤੁਰੰਤ ਕਾਰਵਾਈ ਕਰਨ।

# ਸ਼ੈਰੀ ਕਲਸੀ ਦੇ ਯਤਨਾਂ ਸਦਕਾ ਜਿਥੇ ਲੋਕਾਂ ਦਾ ਸਰਬਪੱਖੀ ਵਿਕਾਸ ਹੋਇਆ ਉਥੇ ਹਰ ਮੁਸ਼ਕਲ ਮੌਕੇ 'ਤੇ ਹੁੰਦੀ ਹੈ ਹੱਲ : ਅੰਮ੍ਰਿਤ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਓਥੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਅੰਮ੍ਰਿਤ ਕਲਸੀ ਭਰਾ ਵਿਧਾਇਕ ਸ਼ੈਰੀ ਕਲਸੀ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕੀਤਾ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਬਲਜੀਤ ਸਿੰਘ ਨਿੱਕੂ, ਦਵਿੰਦਰ ਸਿੰਘ ਤੇ ਕੁਲਦੀਪ ਸਿੰਘ ਵੀ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਜੋ ਅਮਰੀਕਾ ਦੌਰੇ ਤੇ ਗਏ ਹਨ ਪਰ ਉਨ੍ਹਾਂ ਦਾ ਧਿਆਨ ਮਗਰ ਆਪਣੇ ਹਲਕੇ ਦੇ ਲੋਕਾਂ ਵੱਲ ਹੀ ਰਹਿੰਦਾ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਮੇਰੀ ਡਿਊਟੀ ਲਗਾਈ ਹੈ ਕਿ ਹਰੇਕ ਵਿਅਕਤੀ ਦੀ ਗੱਲ/ ਸਮੱਸਿਆ ਸੁਣੀ ਜਾਵੇ, ਤਾਂ ਜੋ ਇੱਕ ਤਾਂ ਲੋਕਾਂ ਨੂੰ ਫੇਰਾ ਨਾ ਪਵੇ ਅਤੇ ਦੂਜਾ ਲੋਕਾਂ ਦੀ ਮੁਸ਼ਕਿਲ ਪਹਿਲ ਦੇ ਆਧਾਰ ਤੇ ਹੱਲ ਕੀਤੀ ਜਾ ਸਕੇ।ਉਨ੍ਹਾਂ ਦੱਸਿਆ ਕਿ ਬਾਬਾ ਜੀ ਦੇ ਵਿਆਹ ਪੁਰਬ ਸਮਾਗਮ ਦੀਆਂ ਤਿਆਰੀਆਂ ਸਬੰਧੀ ਵੀ ਵਿਧਾਇਕ ਸ਼ੈਰੀ ਕਲਸੀ ਵੱਲੋਂ ਰੋਜ਼ਾਨਾ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜਾਂਦੀ ਹੈ ਅਤੇ ਉਨ੍ਹਾਂ ਵਲੋਂ ਦੇਸ਼ ਵਿਦੇਸ਼ ਦੀ ਧਰਤੀ ਤੋਂ ਬਟਾਲਾ ਵਿਖੇ ਪਹੁੰਚਣ ਵਾਲੀਆਂ ਸੰਗਤਾਂ ਦੀਆਂ ਸਹੂਲਤਾਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਿਲ ਕੀਤੀ ਜਾ ਰਹੀ ਹੈ।ਸ਼ਹਿਰ ਵਿੱਚ ਸਾਫ ਸਫਾਈ ਅਤੇ ਸੀਵਰੇਜ ਆਦਿ ਸਮੇਤ ਵੱਖ-ਵੱਖ ਮੁੱਦਿਆਂ ਸਬੰਧੀ ਸਬੰਧਤ ਵਿਭਾਗਾਂ ਨੂੰ ਕਿਹਾ ਗਿਆ ਹੈ ਕਿ ਉਹ ਆਪਣੇ ਵਿਭਾਗ ਨਾਲ ਸਬੰਧਤ ਕਾਰਜ ਪਹਿਲ ਦੇ ਆਧਾਰ 'ਤੇ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਸ਼ਹਿਰ ਵਾਸੀਆਂ ਅਤੇ ਸੰਗਤਾਂ ਨੂੰ ਕੋਈ ਪਰੇਸ਼ਾਨੀ ਨਾ ਆਵੇ।

# ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਵਿਖੇ ਲੱਗਾ ਸਾਵਣ ਕਵੀ ਦਰਬਾਰ



**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**

ਬੀਤੇ ਦਿਨ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਵਿਖੇ ਸਾਵਣ ਕਵੀ ਦਰਬਾਰ ਕਰਵਾਇਆ ਗਿਆ ਜਿਸਦੀ ਸ਼ੁਰੂਆਤ ਬੱਚਿਆਂ ਵੱਲੋਂ ਨਵਦੀਪ ਕੌਰ, ਮਨਕੀਰਤ ਕੌਰ, ਹਰਮਨਜੀਤ ਕੌਰ, ਪਵਨਦੀਪ ਕੌਰ, ਐਸ਼ਮੀਤ ਕੌਰ ਤੇ ਹਰਮਨਪ੍ਰੀਤ ਕੌਰ ਨੇ ਕਵਿਤਾਵਾਂ, ਲੇਖ ਤੇ ਵੰਨ ਸੁਵੰਨੇ ਗੀਤ ਗਾ ਕੇ ਬੜੇ ਸ਼ਾਨਦਾਰ ਤਰੀਕੇ ਨਾਲ ਕੀਤੀ ਗਈ। ਸਟੇਜ ਸੈਕਟਰੀ ਦੀ ਭੂਮਿਕਾ ਨਿਭਾ ਰਹੇ ਪ੍ਰਸਿਧ ਸ਼ਾਇਰ ਰਾਜਪਾਲ ਬਾਠ ਨੇ ਕਿਹਾ ਕੇ ਬੇਸ਼ੱਕ ਸਾਵਣ ਮਾਂਹ ਬੀਤ ਚੁੱਕਾ ਏ ਪਰ ਫਿਰ ਵੀ ਅਸੀਂ ਇਹ ਕਵੀ ਦਰਬਾਰ ਸਾਵਣ ਮਹੀਨੇ ਨੂੰ ਸਮਰਪਿਤ ਕੀਤਾ ਹੈ।ਇਸ ਦੌਰਾਨ ਲਾਇਬ੍ਰੇਰੀ ਪ੍ਰਬੰਧਕ ਜਸਦੇਵ ਮਾਨ ਤੇ ਰਮਨਦੀਪ ਕੌਰ ਮਾਨ ਨੇ ਸਮਾਗਮ ਵਿੱਚ ਹਾਜ਼ਰ ਸਖਸ਼ੀਅਤਾਂ ਨੂੰ ਜੀ ਆਇਆਂ ਨੂੰ ਕਿਹਾ ਤੇ ਭਰਵੇਂ ਰੂਪ ਚ ਸ਼ਿਰਕਤ ਕਰਨ ਲਈ ਸਭਨਾਂ ਦਾ ਧੰਨਵਾਦ ਕੀਤਾ। ਸਾਵਣ ਕਵੀ ਦਰਬਾਰ ਦੇ ਦੂਸਰੇ ਪੜਾਅ ਵਿੱਚ ਹਰਪਾਲ ਸਿੰਘ ਨਾਗਰਾ, ਰੋਜ਼ੀ ਸਿੰਘ, ਸੁਖਬੀਰ ਸਿੰਘ ਭੁੱਲਰ, ਰਾਜਪਾਲ ਸਿੰਘ ਬਾਠ, ਰਾਜਪਾਲ ਸ਼ਰਮਾਂ, ਕਸ਼ਮੀਰ ਭੰਡਾਰੀਆਂ ਤੇ ਜਸਦੇਵ ਮਾਨ ਨੇ ਆਪਣੇ ਕਲਾਮ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ।ਇਸ ਮੌਕੇ ਗ੍ਰੰਥੀ ਸਿੰਘ ਬਾਬਾ ਬਲਦੇਵ ਸਿੰਘ ਨੇ ਸਾਵਣ ਮਹੀਨੇ ਦੀ ਮਹੱਤਤਾ ਤੇ ਵਾਤਾਵਰਨ ਸੰਬੰਧੀ ਆਪਣੇ ਵਿਚਾਰ ਪੇਸ਼ ਕੀਤੇ।ਜ਼ਿਕਰਯੋਗ ਹੈ ਕੇ ਇਹ ਸਮਾਗਮ ਗੁਰਸ਼ੇਰ ਸਿੰਘ ਮਾਨ, ਹਰਸੀਨ ਕੌਰ ਸਹੋਤਾ ਮਾਨ, ਪ੍ਰੋ. ਮਨਦੀਪ ਕੌਰ ਢੀਂਡਸਾ, ਜਗਰੂਪ ਸਿੰਘ ਬੁੱਟਰ ਤੇ ਪੰਜਾਬੀ ਸਾਹਿਤ ਸਭਾ ਨਵੀਂ ਦਿੱਲੀ ਦੇ ਸਹਿਯੋਗ ਨਾਲ ਕਰਵਾਇਆ ਗਿਆ ਹੈ।ਮੰਚ ਸੰਚਾਲਕ ਰਾਜਪਾਲ ਬਾਠ ਨੇ ਕਿਹਾ ਕੇ ਸੋਸ਼ਲ ਮੀਡੀਆ ਦੇ ਇਸ ਅਫਰਾ ਤਫਰੀ ਵਾਲੇ ਮਾਹੌਲ ਵਿੱਚ ਪਿੰਡ 'ਚ ਲਾਇਬ੍ਰੇਰੀ ਦਾ ਹੋਣਾ ਤੇ ਇੰਝ ਦੇ ਸਾਹਿਤਕ ਸਮਾਗਮ ਮਨ ਨੂੰ ਬੜਾ ਸਕੂਨ ਦਿੰਦੇ ਹਨ। ਅਜਿਹੇ ਸਾਹਿਤਕ ਸਮਾਗਮ ਕਰਵਾਉਂਦੇ ਰਹਿਣ ਲਈ ਜਸਦੇਵ ਮਾਨ ਵਧਾਈ ਦਾ ਹੱਕਦਾਰ ਹੈ।ਇਸ ਮੌਕੇ ਪ੍ਰਧਾਨ ਸੁਖਜਿੰਦਰ ਸਿੰਘ, ਕੁਲਦੀਪ ਸਿੰਘ, ਸੁਖਬੀਰ ਸਿੰਘ ਸੰਧੂ, ਭੁਪਿੰਦਰ ਸਿੰਘ ਭਿੰਦਰ ਮਾਨ, ਸਤਨਾਮ ਸਿੰਘ ਰੰਧਾਵਾ, ਗੁਰਦੇਵ ਸਿੰਘ, ਪ੍ਰੇਮ ਸਿੰਘ ਮਾਨ, ਰਾਗੀ ਹਰਵਿੰਦਰ ਸਿੰਘ,ਚਰਨਜੀਤ ਸਿੰਘ ਚੰਨਾ, ਗੋਲਡੀ ਫੁੱਲ, ਰਣਜੀਤ ਸਿੰਘ, ਬਾਬਾ ਬਲਵਿੰਦਰ ਸਿੰਘ, ਸਿਮਰ ਮਾਨ, ਅਮਰਜੀਤ ਸਿੰਘ, ਪਲਵਿੰਦਰ ਸਿੰਘ, ਹਰਪਾਲ ਸਿੰਘ ਮੈਂਬਰ, ਸ਼ਨੂੰ, ਅਵਤਾਰ ਸਿੰਘ ਆਦਿ ਹਾਜ਼ਰ ਸਨ।

# ਜੀ ਆਰ ਡੀ ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਅਜਨਾਲਾ ਵਿਖੇ ਜੀਆਰਡੀ ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਤੀਆਂ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ।ਪ੍ਰਿੰਸੀਪਲ ਗੁਰਦਰਸ਼ਨ ਬਜਾਜ ਨੇ ਸਾਰਿਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਸਾਡਾ ਪੰਜਾਬੀ ਸੱਭਿਆਚਾਰ ਜਿਹੜਾ ਕਿ ਹੌਲੀ ਹੌਲੀ ਹੁਣ ਅਲੋਪ ਹੋ ਰਿਹਾ ਹੈ ਇਸ ਨੂੰ ਸਾਨੂੰ ਸੰਭਾਲਣ ਦੀ ਲੋੜ ਹੈ। ਇਸ ਲਈ ਸਮੇਂ-ਸਮੇਂ ਅਨੁਸਾਰ ਪੰਜਾਬੀ ਸੱਭਿਆਚਾਰ ਨਾਲ ਸੰਬੰਧਤ ਤਿਉਹਾਰ ਸਾਨੂੰ ਮਨਾਉਣੇ ਚਾਹੀਦੇ ਹਨ ਤਾਂ ਜੋ ਅਸੀਂ ਆਉਣ ਵਾਲੀ ਪੀੜ੍ਹੀ ਨੂੰ ਜਾਗਰੂਕ ਕਰ ਸਕੀਏ ਕਿ ਸਾਡਾ ਪੰਜਾਬੀ ਸੱਭਿਆਚਾਰ ਬਹੁਤ ਹੀ ਅਮੀਰ ਵਿਰਸਾ ਹੈ। ਇਸ ਪ੍ਰੋਗਰਾਮ ਦੌਰਾਨ ਬੱਚਿਆਂ ਵੱਲੋਂ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤੇ ਗਏ।ਪੰਜਾਬ ਦੇ ਪ੍ਰਸਿੱਧ ਲੋਕ ਨਾਚ ਗਿੱਧਾ ਅਤੇ ਭੰਗੜਾ ਵੀ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਤਰ੍ਹਾਂ ਦੇ ਸਟਾਲ ਵੀ ਲਗਾਏ ਗਏ ਜਿਸ ਦਾ ਬੱਚਿਆਂ ਨੇ ਬਹੁਤ ਆਨੰਦ ਲਿਆ।ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਦੀਆਂ ਮਾਵਾਂ ਨੂੰ ਵੀ ਬੁਲਾਇਆ ਗਿਆ ਤੇ ਉਨ੍ਹਾਂ ਨਾਲ ਵੀ ਤੀਆਂ ਦੇ ਤਿਉਹਾਰ ਦੀ ਖੁਸ਼ੀ ਸਾਂਝੀ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਗੁਰਦਰਸ਼ਨ ਬਜਾਜ, ਐਮਡੀ ਮੈਡਮ ਸੰਤੋਸ਼ ਬਜਾਜ, ਵਾਈਸ ਪ੍ਰਿੰਸੀਪਲ ਰਾਜਿੰਦਰ ਕੌਰ ਗੰਥਗੜ੍ਹ, ਮੈਡਮ ਅਰਸ਼ਦੀਪ ਕੌਰ,ਜਸਦੀਪ ਕੌਰ, ਭਾਵਨਾ, ਹਰਜੋਤ, ਸਿਮਰਜੀਤ ਕੌਰ, ਮਨਪ੍ਰੀਤ, ਮਨਪ੍ਰੀਤ ਗੁਜਰਪੁਰਾ, ਸੁਖਰਾਜ ਕੌਰ, ਰੇਨੂੰ ਮੈਡਮ, ਕਵਿਤਾ ਮੈਡਮ, ਦਿਲਪ੍ਰੀਤ ਕੌਰ, ਮੀਨੂੰ ਮੈਡਮ ਨਵਜੀਤ ਮੈਡਮ, ਅਮਨ, ਰੀਤੂ ਮੈਡਮ, ਬਲਜਿੰਦਰ ਕੌਰ,ਨਵਦੀਪ ਕੌਰ ਸਪਨਾ, ਜਸਪ੍ਰੀਤ ਕੌਰ, ਲਵਪ੍ਰੀਤ ਕੌਰ ਗੁਰਪ੍ਰੀਤ ਕੌਰ, ਗੁਰਜਿੰਦਰ ਸਿੰਘ, ਹਰਪ੍ਰੀਤ ਸਿੰਘ ਅਤੇ ਹੋਰ ਵੀ ਕਈ ਅਧਿਆਪਕ ਸ਼ਾਮਿਲ ਹੋਏ।



# ਅੰਮ੍ਰਿਤਧਾਰੀ ਸਰਪੰਚ ਨੂੰ ਕਿਰਪਾਨ ਕਾਰਨ ਲਾਲ ਕਿਲ੍ਹੇ 'ਤੇ ਜਾਣ ਤੋਂ ਰੋਕਣਾ ਨਿੰਦਾਯੋਗ: ਧਾਮੀ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ 15 ਅਗਸਤ ਨੂੰ ਲਾਲ ਕਿਲ੍ਹੇ 'ਤੇ ਹੋ ਰਹੇ ਸਮਾਗਮ ਵਿੱਚ ਵਿਸ਼ੇਸ਼ ਸੱਦੇ 'ਤੇ ਗਏ ਨਾਭਾ ਨੇੜਲੇ ਪਿੰਡ ਦੇ ਅੰਮ੍ਰਿਤਧਾਰੀ ਗੁਰਸਿੱਖ ਸਰਪੰਚ ਸ. ਗੁਰਧਿਆਨ ਸਿੰਘ ਨੂੰ ਕਿਰਪਾਨ ਕਾਰਨ ਦਾਖ਼ਲ ਹੋਣ ਤੋਂ ਰੋਕਣ ਦੀ ਕਰੜੀ ਨਿੰਦਾ ਕਰਦਿਆਂ ਇਸ ਨੂੰ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਾਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਾਰੀ ਇੱਕ ਬਿਆਨ ਵਿੱਚ ਆਖਿਆ ਕਿ ਸ. ਗੁਰਧਿਆਨ ਸਿੰਘ ਵਿਸ਼ੇਸ਼ ਸੱਦੇ 'ਤੇ ਬੁਲਾਇਆ ਹੋਣ ਦੇ ਬਾਵਜੂਦ ਵੀ ਧਾਰਮਿਕ ਚਿੰਨ੍ਹ ਕਿਰਪਾਨ ਕਾਰਨ ਅੰਦਰ ਜਾਣ ਤੋਂ ਰੋਕਣਾ ਆਪਣੇ ਹੀ ਦੇਸ਼ ਅੰਦਰ ਬੇਗਾਨਗੀ ਵਾਲਾ ਵਿਹਾਰ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਨੇ ਦੇਸ਼ ਦੀ ਆਜ਼ਾਦੀ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਪ੍ਰੰਤੂ ਦੇਸ਼ ਅਜ਼ਾਦ ਹੋਣ ਤੋਂ ਲੈ ਕੇ ਹੁਣ ਤੱਕ ਸਿੱਖਾਂ ਨਾਲ ਹਮੇਸ਼ਾ ਵਿਤਕਰੇ ਹੋ ਰਹੇ ਹਨ। ਦੇਸ਼ ਦੇ ਸੰਵਿਧਾਨ ਵਿੱਚ ਮਿਲੇ ਹੱਕਾਂ ਤੋਂ ਵੀ ਸਿੱਖਾਂ ਨੂੰ ਵਾਂਝਿਆਂ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਕਿਹੋ ਜਿਹਾ ਅਜ਼ਾਦੀ ਦਿਹਾੜਾ ਹੈ, ਜਿਸ ਵਿਚ ਦੇਸ਼ ਦੇ ਬਸ਼ਿੰਦਿਆਂ ਨੂੰ ਆਪਣੀਆਂ ਧਾਰਮਿਕ ਪਰੰਪਰਾਵਾਂ ਨਿਭਾਉਣ ਤੋਂ ਵੀ ਰੋਕਿਆ ਜਾਵੇ।ਉਨ੍ਹਾਂ ਕਿਹਾ ਕਿ ਪੰਜ ਕਕਾਰ ਸਿੱਖ ਰਹਿਣੀ ਦਾ ਅਹਿਮ ਹਿੱਸਾ ਹਨ ਜਿਸ ਨੂੰ ਸਿੱਖ ਕਦੇ ਵੀ ਜੁਦਾ ਨਹੀਂ ਕਰ ਸਕਦਾ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਘਟਨਾ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਸਿੱਖਾਂ ਨੂੰ ਉਨ੍ਹਾਂ ਦੇ ਧਾਰਮਿਕ ਅਧਿਕਾਰਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ।

# ਬੇਰੁਜ਼ਗਾਰ ਸਾਂਝੇ ਮੋਰਚੇ ਨੇ ਕੈਬਨਿਟ ਮੰਤਰੀ ਕਟਾਰੂਚੱਕ ਸਾਹਮਣੇ ਆਪਣੀਆਂ ਮੰਗਾਂ ਰੱਖੀਆਂ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਬੇਰੁਜ਼ਗਾਰ ਸਾਂਝਾ ਮੋਰਚਾ ਜ਼ਿਲ੍ਹਾ ਤਰਨਤਾਰਨ ਦੇ ਪ੍ਰਧਾਨ ਹਰਨੰਦ ਸਿੰਘ ਬੱਲਿਆਂਵਾਲਾ, ਖਜਾਨਚੀ ਕਰਨਬੀਰ ਸਿੰਘ, ਸਤਨਾਮ ਸਿੰਘ ਪੱਟੀ ਅਤੇ ਬਿਕਰਮਜੀਤ ਸਿੰਘ ਰਈਆ ਵੱਲੋਂ ਬੇਰੁਜ਼ਗਾਰ ਸਾਂਝੇ ਮੋਰਚੇ ਦੀਆਂ ਮੰਗਾਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਸਾਹਮਣੇ ਰੱਖੀਆਂ। ਤਰਨਤਾਰਨ ਦੇ ਪ੍ਰਸ਼ਾਸਨ ਵੱਲੋਂ ਨਿਸਚਿਤ ਕਰਵਾਈ ਮੀਟਿੰਗ ਵਿੱਚ ਬੇਰੁਜ਼ਗਾਰ ਆਗੂਆਂ ਨੇ ਮੰਤਰੀ ਸਾਹਿਬ ਨੂੰ ਦੱਸਿਆ ਕਿ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਮਿਆਰੀ ਸੁਧਾਰ ਦਾ ਵਾਅਦਾ ਕਰਨ ਅਤੇ ਸੱਤਾ ਹਾਸਲ ਕਰਨ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਕਰੀਬ ਤਿੰਨ ਸਾਲਾਂ ਦੇ ਆਪਣੇ ਸ਼ਾਸਨ ਕਾਲ ਸਮੇਂ ਮਾਸਟਰ ਕੇਡਰ ਅਤੇ ਲੈਕਚਰਾਰ ਦੀ ਇੱਕ ਵੀ ਨਵੀਂ ਭਰਤੀ ਜਾਰੀ ਨਹੀਂ ਕੀਤੀ।ਉਨ੍ਹਾਂ ਦੱਸਿਆ ਕੇ ਬੇਰੁਜ਼ਗਾਰਾਂ ਵੱਲੋਂ ਲਗਾਤਾਰ ਧਰਨੇ ਮੁਜ਼ਾਹਰੇ ਕੀਤੇ ਜਾ ਰਹੇ ਹਨ ਪਰ ਸਰਕਾਰ ਲਗਾਤਾਰ ਲਾਰੇ ਲੱਪਿਆਂ ਵਿੱਚ ਸਮਾਂ ਲੰਘਾ ਰਹੀ ਹੈ। ਆਗੂਆਂ ਵੱਲੋਂ ਮਾਸਟਰ ਕੇਡਰ ਦੀ ਭਰਤੀ ਲਈ ਬੇਤਿਕੀ 55% ਸ਼ਰਤ ਰੱਦ ਕਰਨ, ਰੁਜ਼ਗਾਰ ਲਈ ਉਮਰ ਹੱਦ ਵਿੱਚ ਛੋਟ ਅਤੇ ਲੈਕਚਰਾਰ ਅਤੇ ਮਾਸਟਰ ਕੇਡਰ ਲਈ ਵੱਧ ਤੋਂ ਵੱਧ ਭਰਤੀ ਦਾ ਇਸ਼ਤਿਹਾਰ ਜਾਰੀ ਕਰਨ ਲਈ ਕਿਹਾ। ਕਟਾਰੂਚੱਕ ਨੇ ਬੇਰੁਜ਼ਗਾਰਾਂ ਨਾਲ ਵਾਅਦਾ ਕੀਤਾ ਕਿ ਉਨ੍ਹਾਂ ਦੀਆਂ ਮੰਗਾਂ ਜਲਦੀ ਤੋਂ ਜਲਦੀ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ।ਮੀਟਿੰਗ ਤੋਂ ਬਾਅਦ ਬੇਰੁਜ਼ਗਾਰ ਨੇ ਕਿਹਾ ਕਿ ਜੇਕਰ ਸਰਕਾਰ ਨੇ ਬੇਰੁਜ਼ਗਾਰਾਂ ਦੀਆਂ ਮੰਗਾਂ ਅਜੇ ਵੀ ਨਾ ਮੰਨੀਆਂ ਜਾ ਲਾਰੇ-ਲੱਪੇ ਲਾਉਣੇ ਜਾਰੀ ਰੱਖੇ ਤਾਂ ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ ਅਸਾਮੀਆਂ ਉੱਤੇ ਉਮਰ ਹੱਦ ਛੋਟ ਦੇ ਕੇ ਭਰਤੀ ਕਰਨ, ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ 55 ਪ੍ਰਤੀਸ਼ਤ ਲਾਜ਼ਮੀ ਅੰਕਾਂ ਦੀ ਸ਼ਰਤ ਰੱਦ ਕਰਵਾਉਣ, ਲੈਕਚਰਾਰ ਦੀਆਂ ਰੱਦ ਕੀਤੀਆਂ 343 ਪੋਸਟਾਂ ਵਿੱਚ ਬਾਕੀ ਸਾਰੇ ਵਿਸ਼ਿਆਂ ਦੀਆਂ ਅਸਾਮੀਆਂ ਜੋੜ ਕੇ ਉਮਰ ਹੱਦ ਛੋਟ ਸਮੇਤ ਇਸ਼ਤਿਹਾਰ ਜਾਰੀ ਕਰਵਾਉਣ ਦੀਆਂ ਮੰਗਾਂ ਲਈ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਜੇਕਰ ਸਰਕਾਰ ਫਿਰ ਵੀ ਜਾਇਜ਼ ਮੰਗਾਂ ਨੂੰ ਮੰਨ ਕੇ ਇਸ਼ਤਿਹਾਰ ਜਾਰੀ ਨਹੀਂ ਕਰਦੀ ਤਾਂ ਤਰਨਤਾਰਨ ਦੀ ਜਿਮਨੀ ਚੋਣ ਸਮੇਂ ਸਰਕਾਰ ਦਾ ਜਬਰਦਸਤ ਘਿਰਾਓ ਕੀਤਾ ਜਾਵੇਗਾ।ਅੰਤ ਵਿੱਚ ਬੇਰੁਜ਼ਗਾਰ ਸਾਂਝਾ ਮੋਰਚਾ ਵੱਲੋਂ ਪ੍ਰਸ਼ਾਸਨ ਦਾ ਮੰਤਰੀ ਸਾਹਿਬ ਨਾਲ ਮੀਟਿੰਗ ਕਰਵਾਉਣ ਲਈ ਧੰਨਵਾਦ ਕੀਤਾ ਗਿਆ।



# ਦਰਿਆ ਰਾਵੀ ਵਿੱਚ ਡੇਢ ਲੱਖ ਕਿਊਸਿਕ ਪਾਣੀ ਛੱਡਿਆ, ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ

**ਗੁਰਦਾਸਪੁਰ, (ਜਨਕ ਮਹਾਜਨ)**

ਪਹਾੜੀ ਖੇਤਰਾਂ ਵਿਚ ਹੋ ਰਹੀ ਲਗਾਤਾਰ ਭਾਰੀ ਬਾਰਸ਼ ਕਾਰਨ ਦਰਿਆਵਾਂ ਅਤੇ ਨਾਲਿਆਂ 'ਚ ਪਾਣੀ ਦਾ ਪੱਧਰ ਵੱਧ ਗਿਆ ਹੈ ਜਿਸ ਤਹਿਤ ਉਜ ਦਰਿਆ ਅਤੇ ਰਣਜੀਤ ਸਾਗਰ ਡੈਮ 'ਚੋਂ 150000 ਕਿਊਸਕ ਪਾਣੀ ਦਰਿਆ ਰਾਵੀ ਵਿੱਚ ਛੱਡਿਆ ਗਿਆ। ਇਹ ਇਸ ਸੀਜ਼ਨ ਦੌਰਾਨ ਰਾਵੀ ਦਰਿਆ ਵਿੱਚ ਛੱਡਿਆ ਜਾਣ ਵਾਲਾ ਪਾਣੀ ਦਾ ਸਭ ਤੋਂ ਵੱਧ ਪੱਧਰ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਜਿਉਂ ਹੀ ਦਰਿਆ ਰਾਵੀ ਵਿੱਚ ਡੇਢ ਲੱਖ ਕਿਊਸਕ ਪਾਣੀ ਛੱਡਣ ਦੀ ਸੂਚਨਾ ਮਿਲੀ ਤਾਂ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਤੁਰੰਤ ਦਰਿਆ ਉੱਜ ਤੇ ਦਰਿਆ ਰਾਵੀ ਕਿਨਾਰੇ ਦੀ ਵਸੋਂ ਨੂੰ ਦਰਿਆ ਤੋਂ ਦੂਰ ਸੁਰੱਖਿਅਤ ਥਾਵਾਂ ਉਪਰ ਜਾਣ ਲਈ ਅਲਰਟ ਜਾਰੀ ਕਰ ਦਿੱਤਾ ਸੀ। ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਸੰਭਾਵੀ ਹੜ੍ਹਾਂ ਵਾਲੇ ਖੇਤਰਾਂ ਵਿਚ ਤਾਇਨਾਤ ਕਰ ਦਿੱਤੀਆਂ ਗਈਆਂ ਸਨ ਅਤੇ ਫਲੱਡ ਪਲਾਨ ਅਨੁਸਾਰ ਨਿਰਧਾਰਿਤ ਥਾਵਾਂ ਉਪਰ ਬਣਾਏ ਜਾਣ ਵਾਲੇ ਰਾਹਤ ਕੈਂਪਾਂ ਨੂੰ ਐਕਟੀਵੇਟ ਕਰ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦਰਿਆ ਉਜ ਅਤੇ ਰਾਵੀ ਦੇ ਨੇੜੇ ਰਹਿੰਦੀ ਵਸੋਂ ਨੂੰ ਸਾਵਧਾਨ ਕਰਦਿਆਂ ਕਿਹਾ ਹੈ ਕਿ ਉਹ ਉਜ ਤੇ ਰਾਵੀ ਦਰਿਆ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਤੋਂ ਘੱਟੋ-ਘੱਟ 200 ਮੀਟਰ ਦੂਰ ਰਹਿਣ ਅਤੇ ਨਾਲ ਹੀ ਆਪਣੇ ਜਾਨਵਰਾਂ ਆਦਿ ਨੂੰ ਸੁਰੱਖਿਅਤ ਥਾਵਾਂ 'ਤੇ ਲੈ ਜਾਣ। ਉਨ੍ਹਾਂ ਕਿਹਾ ਕਿ ਪਹਾੜਾਂ ਵਿੱਚ ਹੋ ਰਹੀ ਬਾਰਸ਼ ਕਾਰਨ ਕਿਸੇ ਸਮੇਂ ਵੀ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵੱਧ ਸਕਦਾ ਹੈ। ਇਸ ਦੌਰਾਨ ਦੁਪਹਿਰੇ ਐੱਸਐੱਸਪੀ ਗੁਰਦਾਸਪੁਰ ਆਦਿੱਤਯ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸਡੀਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ ਵੱਲੋਂ ਮਕੌੜਾ ਪੱਤਣ ਵਿਖੇ ਪਹੁੰਚ ਕੇ ਦਰਿਆ ਰਾਵੀ ਵਿੱਚ ਪਾਣੀ ਦੀ ਸਥਿਤੀ ਦਾ ਜਾਇਜ਼ਾ ਲਿਆ।



# ਪੁਲਸ ਵੱਲੋਂ ਦੋ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਦੋਰਾਂਗਲਾ ਦੇ ਏ.ਐੱਸ.ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਮੁਖਬਰ ਖਾਸ ਨੇ ਇੱਤਲਾਹ 'ਤੇ ਸਾਲੂ ਪਤਨੀ ਰਵੀ ਕੁਮਾਰ ਵਾਸੀ ਗਾਹਲੜੀ ਦੇ ਘਰ ਰੇਡ ਕਰਕ ਉਸ ਪਾਸੋ 19,500 ਐੱਮ.ਐੱਲ. ਸ਼ਰਾਬ ਨਜਾਇਜ਼ ਬਰਾਮਦ ਕੀਤੀ ਹੈ। ਥਾਣਾ ਭੈਣੀ ਮੀਆਂ ਖਾਂ ਦੇ ਏ.ਐੱਸ.ਆਈ. ਅਵਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਇਕ ਮੋਨਾ ਨੌਜਵਾਨ ਜੋ ਖੱਬੀ ਜੇਬ ਵਿਚੋਂ ਇਕ ਮੋਮੀ ਲਿਫਾਫਾ ਸੜਕ ਕਿਨਾਰੇ ਸੁੱਟ ਕੇ ਖਿਸਕਣ ਲਗਾ ਤਾਂ ਉਸ ਨੂੰ ਸਾਥੀ ਕਰਮਚਾਰੀਆ ਦੀ ਮਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਜਗਦੀਸ਼ ਸਿੰਘ ਉਰਫ ਭਾਊ ਪੁੱਤਰ ਸ਼ਿੰਦਰ ਪਾਲ ਵਾਸੀ ਚਾਵਾ ਥਾਣਾ ਪੁਰਾਣਾ ਸ਼ਾਲਾ ਦੱਸਿਆ, ਜਿਸ ਵੱਲੋਂ ਸੁੱਟੇ ਮੋਮੀ ਲਿਫਾਫਾ ਚੈੱਕ ਕਰਨ 'ਤੇ 30 ਨਸ਼ੀਲੀਆ ਗੋਲੀਆ ਬਰਾਮਦ ਹੋਈਆਂ। ਪੁਲਸ ਨੇ ਇਨ੍ਹਾਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਜੀ ਟੀ ਬੀ ਆਈ ਸਕੂਲ ਕਲਿਆਣਪੁਰ ਵਿਖੇ 79ਵਾਂ ਆਜ਼ਾਦੀ ਦਿਵਸ ਮਨਾਇਆ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਵਿਖੇ ਦੇਸ਼ ਦਾ 79ਵਾਂ ਆਜ਼ਾਦੀ ਦਿਵਸ ਮਨਾਇਆ।ਇਸ ਮੌਕੇ ਸਕੂਲ ਚੇਅਰਮੈਨ ਸੁਰਜੀਤ ਸਿੰਘ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਨਿਭਾਈ।ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸੰਬੰਧਿਤ ਸ਼ਾਨਦਾਰ ਪ੍ਰੋਗਰਾਮ ਪੇਸ਼ ਕੀਤਾ ਗਿਆ।ਆਜ਼ਾਦੀ ਲਈ ਸ਼ਹੀਦ ਹੋਣ ਵਾਲੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ ਅਤੇ ਵਿਦਿਆਰਥੀਆਂ ਨੇ ਨੁੱਕੜ ਨਾਟਕ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਨਸ਼ਾ ਮੁਕਤ ਭਾਰਤ ਦੀ ਸਿਰਜਣਾ ਕਰਨ ਦੀ ਪ੍ਰੇਰਨਾ ਦਿੱਤੀ।ਇਸ ਤੋਂ ਇਲਾਵਾ ਦੇਸ਼ ਭਗਤੀ ਨਾਲ ਸੰਬੰਧਿਤ ਵੱਖ-ਵੱਖ ਗੀਤ ਅਤੇ ਕੋਰੀਓਗਰਾਫੀਆਂ ਆਦਿ ਦੀ ਪੇਸ਼ਕਾਰੀ ਕੀਤੀ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰ. ਸੈਮੂਅਲ ਦਾਸ ਨੇ ਵਿਦਿਆਰਥੀਆਂ ਨੂੰ ਆਪਣੇ ਪੁਰਾਣੇ ਇਤਿਹਾਸ ਬਾਰੇ ਜਾਗਰੂਕ ਕਰਦੇ ਹੋਏ ਦੱਸਿਆ ਗਿਆ ਕਿ ਸਾਨੂੰ ਆਜ਼ਾਦੀ ਪ੍ਰਾਪਤ ਕਰਨ ਲਈ ਕਿੰਨੇ ਸੰਘਰਸ਼ ਕਰਨੇ ਪਏ। ਲੰਮੇ ਸੰਘਰਸ਼ ਤੇ ਅਨੇਕਾਂ ਸ਼ਹੀਦੀਆਂ ਤੋਂ ਬਾਅਦ 15 ਅਗਸਤ 1947 ਨੂੰ ਸਾਡਾ ਦੇਸ਼ ਅੰਗਰੇਜ਼ਾਂ ਤੋਂ ਆਜ਼ਾਦ ਹੋਇਆ ਸੀ।ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਡਾ. ਕ੍ਰਿਤਇੰਦਰ ਪਾਲ ਕੌਰ ਨੇ ਵਿਦਿਆਰਥੀਆਂ ਦੀ ਤਾਰੀਫ਼ ਕੀਤੀ ਅਤੇ ਬੱਚਿਆਂ ਦੀ ਭੂਮਿਕਾ ਨੂੰ ਵੇਖਦੇ ਹੋਏ ਉਨ੍ਹਾਂ ਦੀ ਹੌਸਲਾ ਅਫ਼ਜਾਈ ਕੀਤੀ ਅਤੇ ਕਿਹਾ ਕਿ ਸਾਨੂੰ ਇਸ ਆਜ਼ਾਦੀ ਨੂੰ ਮਾਣਦੇ ਹੋਏ ਆਪਣੇ ਦੇਸ਼ ਨੂੰ ਤਰੱਕੀ ਦੇ ਰਸਤੇ ਤੇ ਲੈ ਕੇ ਜਾਣਾ ਚਾਹੀਦਾ ਹੈ। ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸੀ।



# ਦੁਕਾਨਾਂ ਅੱਗੇ ਨਾਜਾਇਜ਼ ਪਾਰਕ ਕੀਤੀਆਂ ਕਾਰਾਂ ਤੋਂ ਦੁਕਾਨਦਾਰ ਡਾਢੇ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਸ਼ਹਿਰ ਅੰਦਰ ਟਰੈਫ਼ਿਕ ਦੀ ਸਮੱਸਿਆ ਦਿਨ-ਬ-ਦਿਨ ਵਧਦੀ ਜਾ ਰਹੀ ਹੈ ਜਿਸ ਨੂੰ ਲੈ ਕੇ ਅਕਸਰ ਜਾਮ ਲਗਦਾ ਰਹਿੰਦਾ ਹੈ। ਜਾਣਕਾਰੀ ਅਨੁਸਾਰ ਲਾਇਬ੍ਰੇਰੀ ਰੋਡ 'ਤੇ ਲੋਕਾਂ ਵਲੋਂ ਦੁਕਾਨਾਂ ਅੱਗੇ ਆਪਣੀਆਂ ਕਾਰਾਂ ਆਦਿ ਖੜੀਆਂ ਕਰਨ ਨਾਲ ਦੁਕਾਨਦਾਰ ਅਤੇ ਕਾਰ ਮਾਲਕ ਅਕਸਰ ਬਹਿਸ ਕਰਦੇ ਨਜ਼ਰ ਆਉਂਦੇ ਹਨ ਕਿਉਂ ਜੋ ਕਈ ਕਾਰ ਮਾਲਕ ਆਪਣੀਆਂ ਕਾਰਾਂ ਸੜਕ 'ਤੇ ਦੁਕਾਨਾਂ ਅੱਗੇ ਖੜੀਆਂ ਕਰਕੇ ਬਾਜ਼ਾਰਾਂ ਵਿਚ ਚਲੇ ਜਾਂਦੇ ਹਨ ਜਿਸ ਤੋਂ ਦੁਕਾਨਦਾਰ ਡਾਢੇ ਪ੍ਰੇਸ਼ਾਨ ਹੁੰਦੇ ਹਨ। ਇਸ ਤਰ੍ਹਾਂ ਦੁਕਾਨਦਾਰਾਂ ਵਲੋਂ ਮਨਾ ਕਰਨ 'ਤੇ ਆਪਸ ਵਿਚ ਬਹਿਸ ਬਾਜੀ ਕਰਨ ਤੋਂ ਬਾਅਦ ਮਾਹੌਲ ਤਣਾਅ-ਪੂਰਨ ਹੋ ਜਾਂਦਾ ਹੈ। ਲੋਕਾ ਦੀ ਮੰਗ ਹੈ ਕਿ ਟਰੈਫ਼ਿਕ ਵਿਭਾਗ ਨੂੰ ਇਨ੍ਹਾਂ ਨਾਜਾਇਜ਼ ਕਾਰ ਪਾਰਕਿੰਗ ਨੂੰ ਲੈ ਕੇ ਕੋਈ ਠੋਸ ਕਦਮ ਚੁਕਣੇ ਚਾਹੀਦੇ ਹਨ ਤਾਂ ਜੋ ਦੁਕਾਨਦਾਰਾਂ ਨੂੰ ਇਸ ਮੁਸ਼ਕਿਲ ਤੋਂ ਰਾਹਤ ਮਿਲ ਸਕੇ। ਲੋਕਾਂ ਦਾ ਕਹਿਣਾ ਹੈ ਕਿ ਟਰੈਫ਼ਿਕ ਪੁਲਿਸ ਨੂੰ ਚਾਹੀਦਾ ਹੈ ਕਿ ਜਾਂ ਤਾਂ ਇਨ੍ਹਾਂ ਕਾਰਾਂ ਦੇ ਪਹੀਆਂ ਨੂੰ ਲਾਕ ਕਰੇ ਜਾਂ ਫ਼ਿਰ ਟੋਚਨ ਕਰਕੇ ਇਨ੍ਹਾਂ ਕਾਰਾਂ ਨੂੰ ਥਾਣੇ ਲਿਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਸੜਕਾਂ 'ਤੇ ਨਜਾਇਜ਼ ਪਾਰਕਿੰਗ ਕੀਤੀਆਂ ਕਾਰਾਂ ਦੇ ਮਾਲਕਾ ਨੂੰ ਬਣਦਾ ਜੁਰਮਾਨਾ ਕਰਨਾ ਚਾਹੀਦਾ ਹੈ ਜਿਵੇਂ ਕਿ ਚੰਡੀਗੜ੍ਹ, ਅੰਮ੍ਰਿਤਸਰ ਆਦਿ ਸ਼ਹਿਰਾਂ ਵਿਚ ਟਰੈਫ਼ਿਕ ਪੁਲਸ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ। ਦੁਕਾਨਦਾਰਾਂ ਨੇ ਭਰੇ ਮਨ ਨਾਲ ਦੱਸਿਆ ਕਿ ਕਈ ਵਾਰ ਦੁਕਾਨ ਅੱਗੇ ਕਾਰਾਂ ਖੜੀਆਂ ਹੋਣ ਕਰਕੇ ਉਨ੍ਹਾਂ ਦੇ ਗ੍ਰਾਹਕਾਂ ਨੂੰ ਦੁਕਾਨ ਅੱਗੇ ਵਾਹਨ ਖੜੇ ਕਰਨ ਦੀ ਜਗ੍ਹਾ ਨਹੀਂ ਮਿਲਦੀ ਅਤੇ ਉਹ ਬਿਨ੍ਹਾਂ ਸਾਮਾਨ ਖਰੀਦੇ ਹੀ ਮੁੜ ਜਾਂਦੇ ਹਨ ਜਿਸ ਨਾਲ ਦੁਕਾਨਦਾਰਾਂ ਦਾ ਆਰਥਿਕ ਨੁਕਸਾਨ ਹੁੰਦਾ ਹੈ। ਇਸ ਤੋਂ ਇਲਾਵਾ ਪੁਲਸ ਵੱਲੋਂ ਇਨ੍ਹਾਂ ਗਲਤ ਪਾਰਕਿੰਗ ਵਾਲੇ ਵਾਹਨਾਂ ਦਾ ਚਾਲਾਨ ਵੀ ਕਰਨਾ ਚਾਹੀਦਾ ਹੈ ਜਿਸ ਨਾਲ ਕਾਫ਼ੀ ਹੱਦ ਤੱਕ ਟਰੈਫ਼ਿਕ ਸਮੱਸਿਆ ਦਾ ਹੱਲ ਹੋ ਸਕਦਾ ਹੈ।



# ਸ਼ਹੀਦ ਮਦਨ ਲਾਲ ਢੀਂਗਰਾ ਨੂੰ ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਭੇਟ

**ਛੇਹਰਟਾ, (ਮਨੋਜ ਕੁਮਾਰ)**

ਭਾਰਤ ਤੋਂ ਬਾਹਰ ਕਿਸੇ ਵਿਦੇਸ਼ੀ ਧਰਤੀ 'ਤੇ ਸ਼ਹੀਦ ਹੋਣ ਵਾਲੇ ਪਹਿਲੇ ਭਾਰਤੀ ਕ੍ਰਾਂਤੀਕਾਰੀ ਸ਼ਹੀਦ ਮਦਨ ਲਾਲ ਢੀਂਗਰਾ ਨੂੰ ਐਤਵਾਰ ਉਨ੍ਹਾਂ ਦੇ ਸ਼ਹੀਦ ਦਿਹਾੜੇ ਮੌਕੇ ਸੀਪੀਆਈ (ਐੱਮ) ਦੀ ਜ਼ਿਲ੍ਹਾ ਕਮੇਟੀ ਅੰਮ੍ਰਿਤਸਰ ਵੱਲੋਂ ਇਨਕਲਾਬੀ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਮਜੀਠਾ ਨੇ ਸ਼ਹੀਦ ਮਦਨ ਲਾਲ ਢੀਂਗਰਾ ਦੇ ਜੀਵਨ 'ਤੇ ਝਾਤ ਪਾਉਂਦਿਆਂ ਦੱਸਿਆ ਕਿ 18 ਸਤੰਬਰ 1883 ਨੂੰ ਜਨਮੇ ਮਦਨ ਲਾਲ ਢੀਂਗਰਾ ਭਾਰਤੀ ਸੁਤੰਤਰਤਾ ਸੰਗਰਾਮ ਦੇ ਮਹਾਨ ਕ੍ਰਾਂਤੀਕਾਰੀ ਸਨ। ਉਨ੍ਹਾਂ ਦਾ ਜਨਮ ਅੰਮ੍ਰਿਤਸਰ, ਪੰਜਾਬ ਵਿਚ ਇਕ ਅਮੀਰ ਹਿੰਦੂ ਖੱਤਰੀ ਪਰਿਵਾਰ ਵਿਚ ਹੋਇਆ। ਮਦਨ ਲਾਲ ਨੇ ਕਾਲਜ ਸਮੇਂ ਤੋਂ ਹੀ ਅਜ਼ਾਦੀ ਦੀਆਂ ਸਰਗਰਮੀਆਂ ਵਿਚ ਹਿੱਸਾ ਲੈਣਾ ਸ਼ੁਰੂ ਕੀਤਾ ਸੀ। 1906 ਵਿਚ ਉਹ ਮਕੈਨੀਕਲ ਇੰਜੀਨੀਅਰਿੰਗ ਦੀ ਪੜ੍ਹਾਈ ਲਈ ਲੰਦਨ ਗਏ। 1 ਜੁਲਾਈ 1909 ਨੂੰ ਉਨ੍ਹਾਂ ਨੇ ਲੰਦਨ ਵਿਚ ਇੰਡੀਅਨ ਨੈਸ਼ਨਲ ਐਸੋਸੀਏਸ਼ਨ ਦੇ ਸਮਾਗਮ ਦੌਰਾਨ ਬ੍ਰਿਟਿਸ਼ ਅਧਿਕਾਰੀ ਸਰ ਕਰਜ਼ਨ ਵਾਇਲੀ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ, ਜੋ ਭਾਰਤੀਆਂ ਦੀਆਂ ਸਰਗਰਮੀਆਂ 'ਤੇ ਨਜ਼ਰ ਰੱਖਦਾ ਸੀ। ਇਸ ਕਾਰਵਾਈ ਲਈ ਉਨ੍ਹਾਂ 'ਤੇ ਮੁਕੱਦਮਾ ਚੱਲਿਆ ਅਤੇ 17 ਅਗਸਤ 1909 ਨੂੰ ਪੈਂਟਨਵਿਲ ਜੇਲ੍ਹ, ਲੰਦਨ ਵਿਚ ਫਾਂਸੀ ਦਿੱਤੀ ਗਈ। ਉਨ੍ਹਾਂ ਦੇ ਆਖ਼ਰੀ ਸ਼ਬਦ ਸਨ, "ਮੈਂ ਆਪਣੇ ਦੇਸ਼ ਲਈ ਜਾਨ ਵਾਰ ਰਿਹਾ ਹਾਂ।" ਉਨ੍ਹਾਂ ਦੀ ਸ਼ਹਾਦਤ ਨੇ ਭਾਰਤੀ ਸੁਤੰਤਰਤਾ ਸੰਗਰਾਮ ਨੂੰ ਨਵੀਂ ਪ੍ਰੇਰਣਾ ਦਿੱਤੀ। 1976 ਵਿਚ ਉਨ੍ਹਾਂ ਦੀਆਂ ਅਸਥੀਆਂ ਭਾਰਤ ਲਿਆਂਦੀਆਂ ਗਈਆਂ ਅਤੇ ਅੰਮ੍ਰਿਤਸਰ ਵਿਚ ਸਸਕਾਰ ਕੀਤਾ ਗਿਆ। ਇਸ ਮੌਕੇ ਕਾਮਰੇਡ ਸੁੱਚਾ ਸਿੰਘ ਅਜਨਾਲਾ, ਨਰਿੰਦਰਪਾਲ ਚਮਿਆਰੀ, ਵਿਜੇ ਕੁਮਾਰ, ਕਿਰਪਾ ਰਾਮ, ਜਸਪਾਲ ਸ਼ਰਮਾ ਆਦਿ ਸਾਥੀ ਹਾਜ਼ਰ ਸਨ।



19-Aug-PAGE-4.qxd 8/18/2025 10:42 PM Page 1

ਨਵਾਂ ਜ਼ਮਾਨਾ

ਮੰਗਲਵਾਰ, 19 ਅਗਸਤ 2025

# ਸੀਨਾਜ਼ੋਰੀ

*ਵੋਟ ਚੋਰੀ ਦੇ ਲੱਗ ਰਹੇ ਦੋਸ਼ਾਂ ਦਰਮਿਆਨ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਐਤਵਾਰ ਵਿਸ਼ੇਸ਼ ਤੌਰ ’ਤੇ ਪ੍ਰੈੱਸ ਕਾਨਫਰੰਸ ਲਾ ਕੇ ਕਿਹਾ ਕਿ ਚੋਣ ਕਮਿਸ਼ਨ ਭਾਰਤ ਦੇ ਹਰ ਵੋਟਰ ਨਾਲ ਚੱਟਾਨ ਵਾਂਗ ਖੜ੍ਹਾ ਹੈ। ਚੋਣ ਕਮਿਸ਼ਨ ਦੀ ਓਟ ਲੈ ਕੇ ਵੋਟਰਾਂ ’ਤੇ ਹਮਲਾ ਕੀਤਾ ਜਾ ਰਿਹਾ ਹੈ ਅਤੇ ਕਮਿਸ਼ਨ ਇਸ ਨੂੰ ਬਰਦਾਸ਼ਤ ਨਹੀਂ ਕਰੇਗਾ। ਜਦੋਂ ਬਿਹਾਰ ਦੇ 7 ਕਰੋੜ ਵੋਟਰ ਚੋਣ ਕਮਿਸ਼ਨ ਨਾਲ ਖੜ੍ਹੇ ਹਨ ਤਾਂ ਚੋਣ ਕਮਿਸ਼ਨ ਦੀ ਤੇ ਵੋਟਰ ਦੀ ਸਾਖ ’ਤੇ ਕੋਈ ਸਵਾਲ ਨਹੀਂ ਚੁੱਕਿਆ ਜਾ ਸਕਦਾ। ਮੁੱਖ ਚੋਣ ਕਮਿਸ਼ਨਰ ਦੇ ਮੂੰਹੋਂ ਇਹ ਸਭ ਸੁਣਨ ਦੇ ਬਾਅਦ ਯਾਦ ਆ ਗਏ ਗੁਜਰਾਤ ਦੇ ਵੇਲੇ ਦੇ ਮੁੱਖ ਮੰਤਰੀ, ਜਦੋਂ ਉਨ੍ਹਾ 2002 ਵਿੱਚ ਹਿੰਸਾ ਭੜਕਾਉਣ ਤੇ ਉਸ ਨੂੰ ਜਾਰੀ ਰੱਖਣ ਦੇ ਆਪਣੇ ’ਤੇ ਲੱਗੇ ਦੋਸ਼ਾਂ ਦੇ ਜਵਾਬ ਵਿੱਚ ਗਰਜ-ਗਰਜ ਕੇ ਕਿਹਾ ਸੀ ਕਿ ਇਹ ਗੁਜਰਾਤ ਦੇ ਲੋਕਾਂ ਦਾ ਅਪਮਾਨ ਹੈ। ਉਹ ਗੁਜਰਾਤ ਦਾ ਅਪਮਾਨ ਨਹੀਂ ਹੋਣ ਦੇਣਗੇ। ਪ੍ਰਧਾਨ ਮੰਤਰੀ ਬਣਨ ’ਤੇ ਜਦੋਂ ਉਨ੍ਹਾ ’ਤੇ ਦੇਸ਼ ਦੀ ਸੁਰੱਖਿਆ ਦੇ ਮਾਮਲੇ ’ਚ ਨਾਕਾਮ ਰਹਿਣ ਦਾ ਦੋਸ਼ ਲੱਗਾ ਤਾਂ ਉਨ੍ਹਾ ਇਸ ਨੂੰ ਭਾਰਤ ਦੀ ਫੌਜ ਦਾ ਅਪਮਾਨ ਦੱਸਿਆ। ਅਪ੍ਰੇਸ਼ਨ ਸਿੰਧੂਰ ਵਿੱਚ ਭਾਰਤੀ ਸੁਰੱਖਿਆ ਪੱਖ ਦੀ ਕਮਜ਼ੋਰੀ ਬਾਰੇ ਸਵਾਲ ਉੱਠੇ ਤਾਂ ਕਿਹਾ ਕਿ ਦੇਸ਼ ਤੇ ਫੌਜ ਦਾ ਅਪਮਾਨ ਕੀਤਾ ਜਾ ਰਿਹਾ ਹੈ। ਜਦ ਭਾਰਤੀ ਅਰਥ-ਵਿਵਸਥਾ ਨੂੰ ਤਬਾਹ ਕਰਨ ਦਾ ਦੋਸ਼ ਲੱਗਾ ਤਾਂ ਕਿਹਾ ਕਿ ਇਹ ਭਾਰਤ ਦੇ ਲੋਕਾਂ ਦਾ ਅਪਮਾਨ ਹੈ, ਕਿਉਂਕਿ ਇਸ ਦਾ ਮਤਲਬ ਇਹ ਹੈ ਕਿ ਉਹ ਕੰਮ ਨਹੀਂ ਕਰ ਰਹੇ, ਉਤਪਾਦਨ ਨਹੀਂ ਕਰ ਰਹੇ।*

*ਦਰਅਸਲ ਇਹ ਨਰਿੰਦਰ ਮੋਦੀ ਤੇ ਭਾਜਪਾ ਆਗੂਆਂ ਦਾ ਪੁਰਾਣਾ ਤਰੀਕਾ ਹੈ, ਜਿਹੜੇ ਆਪਣੇ ਹਰ ਫੈਸਲੇ ਨੂੰ ਲੋਕਾਂ ਵੱਲੋਂ ਤੇ ਉਨ੍ਹਾਂ ਦੀ ਸਹਿਮਤੀ ਨਾਲ ਲਿਆ ਫੈਸਲਾ ਦੱਸਦੇ ਹਨ ਅਤੇ ਖੁਦ ਨੂੰ ਜਵਾਬਦੇਹੀ ਦੇ ਦਾਇਰੇ ਤੋਂ ਬਾਹਰ ਕਰ ਲੈਂਦੇ ਹਨ। ਉਹ ਆਪਣੇ ਅਲੋਚਕਾਂ ਨੂੰ ਲੋਕਾਂ ਦਾ ਦੁਸ਼ਮਣ ਕਰਾਰ ਦੇ ਕੇ ਲੋਕਾਂ ਸਾਹਮਣੇ ਖੜ੍ਹਾ ਕਰ ਦਿੰਦੇ ਹਨ ਤੇ ਖੁਦ ਬਚ ਨਿਕਲਦੇ ਹਨ। ਕਈ ਸਿਆਸਤਦਾਨ ਅਜਿਹਾ ਕਰਦੇ ਹਨ, ਪਰ ਜਦੋਂ ਕੋਈ ਨੌਕਰਸ਼ਾਹ (ਮੁੱਖ ਚੋਣ ਕਮਿਸ਼ਨਰ) ਵੀ ਆਪਣੀਆਂ ਕੁਤਾਹੀਆਂ ਨੂੰ ਲੋਕਾਂ ਦੇ ਨਾਂਅ ਨਾਲ ਜੋੜ ਕੇ ਜਾਇਜ਼ ਠਹਿਰਾਉਣ ਲੱਗੇ ਤਾਂ ਚੁਕੰਨੇ ਹੋਣ ਦੀ ਲੋੜ ਹੈ। ਉਹ ਲੋਕਾਂ ਵੱਲੋਂ ਨਹੀਂ, ਸਗੋਂ ਸੱਤਾ ਵੱਲੋਂ ਬੋਲ ਰਿਹਾ ਹੈ।*

*ਚੋਣ ਕਮਿਸ਼ਨ ਦੇ ਇਤਿਹਾਸ ਵਿੱਚ ਇਹ ਹੁਣ ਤੱਕ ਦੀ ਸਭ ਤੋਂ ਅਹਿਮ ਪ੍ਰੈੱਸ ਕਾਨਫਰੰਸ ਸੀ, ਜਦੋਂ ਉਸ ਕੋਲ ਉਸ ਦੀ ਸਾਖ ਨੂੰ ਲੈ ਕੇ ਉਠ ਰਹੇ ਸਵਾਲਾਂ ਦਾ ਜਵਾਬ ਦੇਣ ਦਾ ਮੌਕਾ ਸੀ। ਇਤਫਾਕ ਨਾਲ ਪ੍ਰੈੱਸ ਕਾਨਫਰੰਸ ਤੋਂ ਪਹਿਲਾਂ ਸਰਕਰਦਾ ਅੰਗਰੇਜ਼ੀ ਅਖਬਾਰ ‘ਦੀ ਹਿੰਦੂ’ ਵਿੱਚ ਸੀ ਐੱਸ ਡੀ ਐੱਸ ਦੇ ਇੱਕ ਸਰਵੇਖਣ ਦੀ ਰਿਪੋਰਟ ਛਪੀ, ਜਿਹੜੀ ਦੱਸਦੀ ਹੈ ਕਿ ਲੋਕਾਂ ਵਿੱਚ ਇਸ ਸਮੇਂ ਚੋਣ ਕਮਿਸ਼ਨ ਦੀ ਸਾਖ ਬਹੁਤ ਡਿਗ ਗਈ ਹੈ। ਉਨ੍ਹਾਂ ਨੂੰ ਆਪਣੇ ਵੋਟ ਦੇ ਅਧਿਕਾਰ ਨੂੰ ਲੈ ਕੇ ਤੌਖਲੇ ਪੈਦਾ ਹੋ ਗਏ ਹਨ। ਚੋਣ ਕਮਿਸ਼ਨਰ ਇਨ੍ਹਾਂ ਤੌਖਲਿਆਂ ਦਾ ਨਿਵਾਰਨ ਕਰ ਸਕਦੇ ਸਨ, ਪਰ ਉਨ੍ਹਾ ਭਾਜਪਾ ਆਗੂਆਂ ਵਾਂਗ ਹਮਲਾਵਰ ਰੁਖ਼ ਅਪਣਾਇਆ। ਉਨ੍ਹਾ ਰਾਹੁਲ ਗਾਂਧੀ ਦੇ ਵੋਟਰ ਸੂਚੀਆਂ ਵਿੱਚ ਹੇਰਾਫੇਰੀ ਦੇ ਦੋਸ਼ਾਂ ਦੀ ਜਾਂਚ ਕਰਾਉਣ ਦੀ ਥਾਂ ਧਮਕੀ ਦੇ ਦਿੱਤੀ ਕਿ ਉਹ ਇਸ ਦੋਸ਼ ਨੂੰ ਹਲਫਨਾਮੇ ਦੀ ਸ਼ਕਲ ਵਿੱਚ ਚੋਣ ਕਮਿਸ਼ਨ ਕੋਲ ਜਮ੍ਹਾਂ ਕਰਵਾਉਣ, ਨਹੀਂ ਤਾਂ ਦੇਸ਼ ਤੋਂ ਮੁਆਫੀ ਮੰਗਣ। ਵੋਟਰ ਸੂਚੀਆਂ ਵਿੱਚ ਖਾਮੀਆਂ ਦੇ ਦੋਸ਼ ਭਾਜਪਾ ਆਗੂਆਂ ਨੇ ਵੀ ਲਾਏ, ਪਰ ਚੋਣ ਕਮਿਸ਼ਨ ਨੇ ਉਨ੍ਹਾਂ ਤੋਂ ਹਲਫਨਾਮਾ ਨਹੀਂ ਮੰਗਿਆ। ਕੀ ਭਾਜਪਾ ਆਗੂਆਂ ਦੇ ਦੋਸ਼ਾਂ ਨਾਲ ਚੋਣ ਕਮਿਸ਼ਨ ਦਾ ਤੇ ਵੋਟਰਾਂ ਦਾ ਅਪਮਾਨ ਨਹੀਂ ਹੋ ਰਿਹਾ?*

*ਭਾਰਤੀ ਲੋਕਤੰਤਰ ਭਾਰਤ ਦੇ ਸਧਾਰਨ ਨਾਗਰਿਕ ਨੂੰ ਹੋਰ ਕਿਸੇ ਤਰ੍ਹਾਂ ਦੀ ਬਰਾਬਰੀ ਦੀ ਗਰੰਟੀ ਨਹੀਂ ਦੇ ਸਕਿਆ। ਨਾਬਰਾਬਰੀਆਂ ਦੇ ਦਰਮਿਆਨ ਸਿਰਫ ਇੱਕ ਬਰਾਬਰੀ ਵੋਟ ਪਾਉਣ ਦੇ ਅਧਿਕਾਰ ਦੀ ਸ਼ਕਲ ਵਿੱਚ ਮਿਲੀ ਹੈ। ਚੋਣ ਕਮਿਸ਼ਨ ਸਰਕਾਰ ਨਾਲ ਮਿਲ ਕੇ ਇਸ ਅਧਿਕਾਰ ’ਤੇ ਸ਼ਰਤਾਂ ਲਾਉਣ ਦੀ ਸਾਜ਼ਿਸ਼ ਕਰ ਰਿਹਾ ਹੈ। ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ ਲਈ ਜਿਹੜੇ ਦਸਤਾਵੇਜ਼ ਮੰਗੇ ਗਏ ਹਨ, ਉਹ ਮੁਹੱਈਆ ਕਰਾਉਣੇ ਹਰ ਕਿਸੇ ਦੇ ਵੱਸ ਦਾ ਰੋਗ ਨਹੀਂ। ਮੁਹੱਈਆ ਨਾ ਕਰਾਉਣ ’ਤੇ ਉਹ ਵੋਟ ਪਾਉਣ ਦੇ ਹੱਕ ਤੋਂ ਵਾਂਝੇ ਹੋ ਜਾਣਗੇ। ਹੁਣ ਦੇਖਣ ਵਾਲੀ ਗੱਲ ਹੈ ਕਿ ਨਾਗਰਿਕ ਆਪਣੇ ਅਧਿਕਾਰ ਪ੍ਰਤੀ ਕਿੰਨੀ ਚੌਕਸੀ ਦਿਖਾਉਂਦੇ ਹਨ? ਉਹ ਆਪਣੇ ਇਸ ਅਧਿਕਾਰ ਦੀ ਰਾਖੀ ਕਰ ਸਕਣਗੇ ਜਾਂ ਨਹੀਂ?*

# ਸਾਹਿਤ, ਸਿਆਸੀ ਖਚਰਾਪਨ ਅਤੇ ਮਨੁੱਖ ਦਾ ਸਿਰਜਣਾਤਮਕ ਵਿਕਾਸ



ਗੁਰਮੀਤ ਸਿੰਘ ਪਲਾਹੀ

ਸਾਹਿਤ ਦਾ ਸੋਮਾ ਜੀਵਨ-ਧਾਰਾ ਦਾ ਵੇਗ ਹੈ। ਮਨੁੱਖ ਵਿਚੋਂ, ਮਨੁੱਖ ਰਾਹੀਂ ਅਤੇ ਮਨੁੱਖ ਲਈ ਕੀਤੀ ਗਈ ਰਚਨਾ ਹੀ ਅਸਲ ਵਿੱਚ ਸਾਹਿਤ ਅਖਵਾ ਸਕਦੀ ਹੈ। ਜਦੋਂ ਗੱਲ ਮਨੁੱਖ ਲਈ ਉਤੇ ਪੁੱਜਦੀ ਹੈ ਤਾਂ ਇਸ ਦਾ ਸਿੱਧਾ ਸੰਬੰਧ ਪ੍ਰਤੀਬਧ ਰਾਜਨੀਤੀ ਨਾਲ ਜਾ ਜੁੜਦਾ ਹੈ। ਕੁਝ ਸਮੀਖਿਆਕਾਰ ਇਸ ਤਰ੍ਹਾਂ ਦੀ ਰਚਨਾ ਨੂੰ ਪ੍ਰਚਾਰ ਅਤੇ ਰਾਜਨੀਤਕ ਆਖਣਗੇ, ਪਰ ਇਸ ਗੱਲ ਨੂੰ ਕਦੇ ਵੀ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ ਕਿ ਲੋਕ ਹਿਤੈਸ਼ੀ ਲੇਖਕ ਦਾ ਪ੍ਰਚਾਰਕ ਅਤੇ ਸਿਆਸੀ ਹੋਣਾ ਕਠੋਰ ਸੱਚ ਹੈ।

ਸਿਆਸਤ ਜਾਂ ਰਾਜਨੀਤੀ ਨਿੱਜੀ ਜਾਂ ਸਮੂਹਿਕ ਪੱਧਰ ’ਤੇ ਲੋਕਾਂ ਨੂੰ ਪ੍ਰਭਾਵਤ ਕਰਨ ਦਾ ਅਮਲ ਅਤੇ ਸਿਧਾਂਤ ਹੈ। ਖ਼ਾਸ ਕਰਕੇ ਇੱਕ ਸਮਾਜ ਜਾਂ ਰਾਜ ਦੇ ਲੋਕਾਂ ਉੱਪਰ ਰਾਜ ਕਰਨਾ ਜਾਂ ਕੰਟਰੋਲ ਕਰਨਾ ਅਤੇ ਇਸ ਨੂੰ ਅੱਗੋਂ ਜਾਰੀ ਰੱਖਣਾ। ਸਿਆਸਤ ਦਾ ਉਦੇਸ਼ ਕਈ ਢੰਗਾਂ ਨਾਲ ਲੋਕਾਂ ਵਿੱਚ ਆਪਣੇ ਵਿਚਾਰ ਪ੍ਰਫੁਲਤ ਕਰਨੇ, ਕਾਨੂੰਨ ਬਣਾ ਕੇ ਲੋਕਾਂ ’ਤੇ ਲਾਗੂ ਕਰਨੇ ਅਤੇ ਵਿਰੋਧੀਆਂ ਖਿਲਾਫ਼ ਜੰਗ ਦੀ ਹੱਦ ਤੱਕ ਤਾਕਤ ਦੀ ਵਰਤੋਂ ਕਰਨਾ ਆਦਿ ਹੈ। ਇਸ ਸੰਬੰਧ ਵਿੱਚ ਪਲੈਟੋ ਅਤੇ ਕਨਫੂਸੀਅਸ਼ ਦੀਆਂ ਰਾਜਨੀਤੀ ਬਾਰੇ ਪੁਸਤਕਾਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ।

ਸਾਹਿਤ ਦੇ ਵੱਖੋ-ਵੱਖਰੇ ਰੂਪਾਂ ਦਾ ਫ਼ਾਇਦਾ ਹਮੇਸ਼ਾ ਰਾਜਨੀਤੀ ਨੇ ਲਿਆ ਹੈ। ਭਾਵੇਂ ਉਹ ਕਵਿਤਾ, ਨਾਵਲ, ਕਹਾਣੀ ਜਾਂ ਨਾਟਕ ਹੋਵੇ। ਸਾਹਿਤ ਨੂੰ ਪ੍ਰਭਾਸ਼ਿਤ ਕਰਨ ਲਈ ਭਾਰਤੀ ਕਾਵਿ ਸ਼ਾਸ਼ਤਰ ਅਨੁਸਾਰ ਸਾਹਿਤ ਨੂੰ ਸੱਤਯਮ, ਸ਼ਿਵਮ, ਸੁੰਦਰਮ ਕਿਹਾ ਗਿਆ ਭਾਵ ਸੱਚ ਕਲਿਆਣਕਾਰੀ ਅਤੇ ਸੁੰਦਰ ਹੋਵੇ। ਵਣਜਾਰਾ ਬੇਦੀ ਅਨੁਸਾਰ ‘ਸਾਹਿਤ ਕੋਮਲ ਭਾਵਾਂ ਦਾ ਸੁਹਜਮਈ ਪ੍ਰਗਟਾਵਾ ਹੈ’। ਜੀਵਨ ਨੂੰ ਅਗਵਾਈ ਕਰਨ ਦੀ ਸ਼ਕਤੀ ਵੀ ਇਸ ਵਿੱਚ ਹੋਣੀ ਚਾਹੀਦੀ ਹੈ। ਐਮਰਸਨ ਸਾਹਿਤ ਨੂੰ ਮਹਾਨ ਵਿਚਾਰਾਂ ਦਾ ਸੰਗ੍ਰਹਿ ਮੰਨਦਾ ਹੈ। ਮੈਥਿਓ ਅਰਨਲਡ ਸਾਹਿਤ ਨੂੰ ਜੀਵਨ ਦੀ ਅਲੋਚਨਾ ਮੰਨਦਾ ਹੈ। ਸਾਹਿਤ ਭਾਵਨਾਵਾਂ, ਕਲਪਨਾਵਾਂ ਅਤੇ ਬੁੱਧੀ ਦੇ ਬਲ ’ਤੇ ਰਚਿਆ ਜਾਂਦਾ ਹੈ। ਪੱਛਮੀ ਵਿਦਵਾਨ ਸਾਹਿਤ ਨੂੰ ਪੰਜ ਕਲਾਵਾਂ ਵਿੱਚੋਂ ਇੱਕ ਮੰਨਦੇ ਹਨ। ਉਹ ਕਲਾਵਾਂ ਸੰਗੀਤ, ਕਵਿਤਾ, ਮੂਰਤੀਕਲਾ, ਭਵਨ ਨਿਰਮਾਣ ਅਤੇ ਨਾਚ ਹਨ। ਕਲਾ ਜਾਂ ਸਾਹਿਤ ਨੂੰ ਵੀ ਉਹ ਦੋ ਵੱਖਰੇ ਨਜ਼ਰੀਏ ਤੋਂ ਵੇਖਦੇ ਹਨ। ਜਿਵੇਂ ਸਾਹਿਤ ਕਲਾ ਲਈ ਜਾਂ ਸਾਹਿਤ ਜਾਂ ਕਲਾ ਜੀਵਨ ਲਈ।

ਸਿਆਸੀ ਖਚਰੇਪਨ ਨੇ ਸੰਸਾਰ ਦੀ ਸਮਾਜਿਕ, ਦਾਰਸ਼ਨਿਕ, ਇਤਿਹਾਸਕ ਅਤੇ ਸ਼ਬਦ ਸ਼ਕਤੀ ਵਿਵਸਥਾ ਵਿਚੋਂ ਮਨੁੱਖ ਦੇ ਸਿਰਜਣਾਤਮਿਕ ਵਿਕਾਸ ਨੂੰ ਲਾਂਭੇ ਕਰ ਦਿੱਤਾ ਹੈ ਅਤੇ ਉਸ ਦੀ ਥਾਂ ਜੰਤਰੀ ਅਤੇ ਮੰਤਰੀ ਵਿਕਾਸ ਨੇ ਲੈ ਲਈ ਹੈ। ਮਾਨਵ ਆਪਣੀ ਬੁਨਿਆਦੀ ਹੋਂਦ ਅਤੇ ਸਿਰਜਨਾਤਮਿਕ ਸ਼ਕਤੀ ਦੇ ਨੁਕਤੇ ਤੋਂ ਭਟਕ ਗਿਆ ਹੈ ਜਾਂ ਭਟਕਾ ਦਿੱਤਾ ਗਿਆ ਹੈ। ਇਥੇ ਸਿਆਸਤ ਕੰਮ ਕਰ ਰਹੀ ਹੈ। ਹਾਕਮ ਸਿਆਸੀ ਤਾਕਤ ਕਾਇਮ ਰੱਖਣ ਲਈ ਕਿਧਰੇ ਰਾਸ਼ਟਰਵਾਦ ਕਿਧਰੇ ਕੱਟੜਤਾ ਦਾ ਨਾਹਰਾ ਦੇ ਕੇ ਸਮਾਜ ਨੂੰ ਪ੍ਰਭਾਵਤ ਕਰਦਾ ਹੈ ਅਤੇ ਉਸ ਕਿਸਮ ਦੇ ਸਾਹਿਤ ਨੂੰ ਉਤਸ਼ਾਹਤ ਕਰਦਾ ਹੈ, ਜੋ ਉਸ ਦੇ ਹਿੱਤਾਂ ਦੀ ਪੂਰਤੀ ਲਈ ਲਾਹੇਵੰਦ ਹੈ। ਇੱਕ ਕੌਮ, ਇੱਕ ਭਾਸ਼ਾ, ਇੱਕ ਸੱਭਿਆਚਾਰ ਦਾ ਪ੍ਰਚਾਰ ਇਸੇ ਤੱਥ ਦੀ ਤਰਜਮਾਨੀ ਕਰਦਾ ਹੈ।

ਕੌਮੀਅਤਾਂ ਦਾ ਮਸਲਾ ਭਾਰਤ ਦੀਆਂ ਵੱਖ-ਵੱਖ ਕੌਮੀਅਤਾਂ ਦੇ ਸੰਦਰਭ ਵਿੱਚ ਸਿਆਸੀ ਬਣ ਗਿਆ ਹੈ। ਕੇਂਦਰੀ ਸ਼ਕਤੀ ਦੀਆਂ ਮੁਦਈ ਰਾਜਨੀਤਕ ਸ਼ਕਤੀਆਂ ਭਾਰਤ ਨੂੰ ਵੱਖ-ਵੱਖ ਕੌਮੀਅਤਾਂ, ਭਾਸ਼ਾਈ ਇਕਾਈਆਂ, ਸੱਭਿਆਚਾਰਕਬਹੁਬਚਨੀ ਵਖਰੇਵਿਆਂ ਨੂੰ ਮਾਨਤਾ ਨਹੀਂ ਦਿੰਦੀਆਂ, ਸਗੋਂ ਇੱਕ ਕੌਮ, ਇੱਕ ਭਾਸ਼ਾ, ਇੱਕ ਸੱਭਿਆਚਾਰ ਦਾ ਪ੍ਰਚਾਰ ਹੀ ਨਹੀਂ ਕਰਦੀਆਂ, ਸਗੋਂ ਰਾਜ ਸ਼ਕਤੀ ਦੇ ਆਸਰੇ ਬਹੁ-ਕੌਮਾਂ, ਭਾਸ਼ਾਵਾਂ ਅਤੇ ਸੱਭਿਆਚਾਰਾਂ ਨੂੰ ਜਬਰੀ ਖ਼ਤਮ ਕਰਨ ਦੇ ਰਾਹ ਪਈਆਂ ਹਨ। ਸਿਆਸੀ ਚੇਤਨਾ ਨਾਲ ਓਤਪੋਤ ਸਾਹਿਤਕਾਰ, ਲੋਕ ਹਿੱਤਾਂ ਦੀ ਖ਼ਾਤਰ ਅਨਿਆਂ ਦੇ ਵਿਰੋਧ ਵਿੱਚ ਖੜ੍ਹਦੇ ਹਨ। ਸਾਹਿਤ ਰਚਦੇ ਹਨ ਅਤੇ ਸਿਆਸੀ ਜਬਰ ਸਹਿੰਦੇ ਹਨ। ਭਾਰਤ ਦੇ ਕੋਨੇ-ਕੋਨੇ ’ਚ ਸਾਹਿਤਕਾਰ, ਬੁੱਧੀਜੀਵੀ, ਪੱਤਰਕਾਰ ਮੌਜੂਦਾ ਹਾਕਮਾਂ ਵੱਲੋਂ ਚਲਾਏ ਦੇਸ਼ ਧ੍ਰੋਹ ਦੇ ਮੁਕੱਦਮਿਆਂ ਦਾ ਸਾਹਮਣਾ ਕਰਦੇ ਹੋਏ ਵੀ ਕੌਮੀਅਤਾਂ ਦੀ ਖ਼ੁਦਮੁਖਤਾਰ ਅਤੇ ਲੋਕ ਇਨਸਾਫ ਦਾ ਝੰਡਾ ਉੱਚਾ ਕਰੀ ਰੱਖਦੇ ਹਨ।

ਇਸ ਖਿੱਤੇ ਵਿੱਚ ਚੱਲੀਆਂ ਹੁਣ ਤੱਕ ਦੀਆਂ ਸਾਰੀਆਂ ਰਾਜਸੀ, ਧਾਰਮਿਕ, ਆਰਥਿਕ ਲਹਿਰਾਂ ਅਤੇ ਇਸ ਦੌਰਾਨ ਰਚੇ ਸਾਹਿਤ ਦਾ ਵਿਸਥਾਰ ਨਾਲ ਮੁਲੰਕਣ, ਲੇਖਾ-ਜੋਖਾ ਕਰਕੇ ਇਹ ਗੱਲ ਸਹਿਜੇ ਹੀ ਪ੍ਰਵਾਨ ਕਰਨਯੋਗ ਹੈ ਕਿ ਸਾਹਿਤ ਸਮਾਜ ਦਾ ਸ਼ੀਸ਼ਾ ਹੈ (ਲੈਨਿਨ)। ਇਸੇ ਗੱਲ ਨੂੰ ਅੱਗੇ ਤੋਰਦਿਆਂ ਟਰਾਟਸਕੀ ਕਹਿੰਦਾ ਹੈ ਕਿ ਸਾਹਿਤ ਸ਼ੀਸ਼ੇ ਵਿੱਚ ਸਮਾਜਿਕ ਵਿਵਸਥਾ ਦੀ ਸਥਿਤੀ ਨੂੰ ਦੇਖਦੇ ਉਸ ਵਿਚਲੇ ਚਿੱਬਾਂ ਨੂੰ ਠੀਕ ਕਰਨ ਲਈ ਇੱਕ ਹਥੌੜਾ ਵੀ ਹੈ। ਇਸੇ ਲਈ ਜਦੋਂ ਸਾਹਿਤਕ ਹਥੌੜਾ ਚੱਲਦਾ ਹੈ ਤਾਂ ਸਿਆਸੀ ਧਿਰ ਉਪਰਾਮ ਹੁੰਦੀ ਹੈ ਅਤੇ ਸਾਹਿਤ ਨੂੰ ਆਪਣੇ ਨਿਸ਼ਾਨੇ ’ਤੇ ਲਿਆਉਂਦੀ ਹੈ। ਇੱਥੇ ਇਹ ਗੱਲ ਵੀ ਕਹਿਣੀ ਬਣਦੀ ਹੈ ਕਿ ਰਾਜਨੀਤੀ ਲੋਕਾਂ ’ਤੇ ਸ਼ਾਸਨ ਕਰਨ ਦੀ ਗੱਲ ਕਰਦੀ ਹੈ, ਪਰ ਸਾਹਿਤ ਲੋਕਾਂ ਦੇ ਹਿੱਤ ’ਚ ਭੁਗਤਦਾ ਹੈ।

ਪੰਜਾਬ ਵਿੱਚ ਸਮਾਜਿਕ ਅਤੇ ਰਾਜਨੀਤਕ ਬਦਲਾਅ ਲਿਆਉਣ ਲਈ ਪੰਜਾਬੀ ਕਵੀਆਂ ਪਾਸ਼, ਲਾਲ ਸਿੰਘ ਦਿਲ, ਸੰਤ ਰਾਮ ਉਦਾਸੀ, ਸੰਤ ਸੰਧੂ, ਰਵਿੰਦਰ ਸਹਿਰਾਅ ਵਰਗੇ ਦਰਜਨਾਂ ਕਵੀਆਂ ਨੇ ਲੋਕ ਚੇਤਨਾ ਪੈਦਾ ਕਰਨ ਦਾ ਯਤਨ ਕੀਤਾ, ਪਰ ਉਹ ਸਿਆਸੀ ਦੰਭ ਦਾ ਸ਼ਿਕਾਰ ਹੋਏ। ਸਟੇਟ ਪਾਵਰ ਨੇ ਉਹਨਾ ਦੀ ਆਵਾਜ਼ ਕੁਚਲਣ ਦਾ ਯਤਨ ਕੀਤਾ। ਜਸਵੰਤ ਸਿੰਘ ਕੰਵਲ ਆਪਣੇ ਲੋਕਾਂ ਦੀ ਸੰਘਰਸ਼ੀ ਧੁਨੀ ਦੀ ਪਛਾਣ ਕਰਦਿਆਂ ਰਾਤ ਬਾਕੀ ਹੈ, ਤਾਰੀਖ ਵੇਖਦੀ ਹੈ, ਲਹੂ ਦੀ ਲੋਅ, ਐਨਿਆਂ ’ਚੋਂ ਉਠਿਆ ਸੂਰਮਾ ਆਦਿ ਸਫ਼ਲ ਸਿਆਸੀ ਸੰਗਰਾਮਾਂ ਦੇ ਨਾਵਲਾਂ ਦੀ ਰਚਨਾ ਕਰਦਾ ਹੈ।

ਪੰਜਾਬ ਸਦਾ ਰਾਜਨੀਤਕ, ਆਰਥਿਕ, ਸਮਾਜਿਕ ਅਤੇ ਸੱਭਿਆਚਾਰਕ ਸੰਘਰਸ਼ਾਂ ਦੀ ਕਰਮ ਭੂਮੀ ਰਿਹਾ ਹੈ, ਮੁਜ਼ਾਹਰਾ ਲਹਿਰ, ਕਿਰਤੀ-ਕਿਰਸਾਨ ਲਹਿਰ, ਪਰਜਾ ਮੰਡਲ ਲਹਿਰ, ਖੁਸ਼ਹੈਸੀਅਤ ਟੈਕਸ ਵਿਰੋਧੀ ਲਹਿਰ ਅਤੇ ਮੌਜੂਦਾ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਲਹਿਰ ਨੂੰ ਧਿਆਨ ’ਚ ਰੱਖਦਿਆਂ ਲੇਖਕਾਂ ਨੇ ਸਾਹਿਤ ਰਚਨਾ ਕੀਤੀ। ਇਹ ਲੋਕ ਸਰੋਕਾਰਾਂ ਨੂੰ ਪ੍ਰਣਾਈ ਵਿਹਰਮੀ-ਸੁਰ ਵਾਲਾ ਸਾਹਿਤ ਹੈ।

ਸਾਹਿਤ ਅਤੇ ਰਾਜਨੀਤੀ ਜਾਂ ਸਿਆਸਤ ਦੀ ਮੁੱਢ-ਕਦੀਮ ਤੋਂ ਆਪਸ ਵਿੱਚ ਟੱਕਰ ਰਹੀ। ਰਾਜਨੀਤੀ ਮਨੁੱਖ ਨੂੰ ਅਧੀਨ ਕਰਨ ਦੀ ਕੋਸ਼ਿਸ਼ ਕਰਦੀ ਹੈ, ਜਦੋਂ ਕਿ ਸਾਹਿਤ ਆਜ਼ਾਦੀ ਦਾ ਹਾਮੀ ਹੈ। ਸਿਆਸਤ ਨੇ ਸਾਹਿਤ ਨੂੰ ਲੋਕ ਹਿੱਤ ਵਰਤਣ ਦੀ ਬਜਾਏ ਆਪਣੇ ਹਿੱਤਾਂ ਲਈ ਵਰਤਣ ਦੀ ਕੋਸ਼ਿਸ਼ ਕੀਤੀ। ਪੰਜਾਬ ਵਿੱਚ ਬਾਬਾ ਫਰੀਦ ਜੀ ਦੇ ਸਲੋਕ ਵਿੱਚ ਬਗਾਵਤੀ ਸੁਰ ਦਿਸਦੀ ਹੈ, ਜਦੋਂ ਉਹਨਾ ਕਿਹਾ:-

*ਬਾਰਿ ਪਰਾਇਐ ਬੈਸਣਾ ਸਾਂਈ ਮੁਝੈ ਦੇਹਿ*
*ਜੇ ਤੂ ਏਵੈ ਰਖਸੀ ਜੀਉ ਸਰੀਰਹੁ ਲੇਹਿ।*

ਗੁਰਮਿਤ ਸਾਹਿਤ ਵਿੱਚ ਵੀ ਅਨੇਕਾਂ ਉਦਾਹਰਨਾਂ ਮਿਲਦੀਆਂ ਹਨ ਜਿਵੇਂ ਕਬੀਰ, ਬਾਬਾ ਨਾਨਕ ਨੇ ਅਪਾਣੇ ਸਾਹਿਤ ਵਿੱਚ ਰਾਜਨੀਤੀ ਦੀਆਂ ਬੁਰੀਆਂ ਅਲਾਮਤਾਂ ਦੀਆਂ ਧੱਜੀਆਂ ਉਡਾਈਆਂ ਹਨ। ਬਾਬਾ ਨਾਨਕ ਨੇ ਉਸ ਸਮੇਂ ਦੇ ਸਾਸ਼ਕਾਂ ਨੂੰ ਸਿੱਧੇ ਤੌਰ ’ਤੇ ਵੰਗਾਰਿਆ ਸੀ।

*ਰਾਜੇ ਸ਼ੀਹ ਮੁਕੱਦਮ ਕੁਤੇ, ਜਾਇ ਜਗਾਇਨ ਬੈਠੇ ਸੁੱਤੇ*
*ਏਤੀ ਮਾਰ ਪਈ ਕੁਰਲਾਣੇ ਤੈ ਕੀ ਦਰਦ ਨਾ ਆਇਆ।*

ਬਾਬਰ ਦਾ ਅੱਤਿਆਚਾਰ ਦੇਖਦੇ ਹੋਏ ਉਹਨਾ ਨੇ ਉਸ ਸਮੇਂ ਦੀ ਰਾਜਨੀਤੀ ਨੂੰ ਲੋਕ ਹਿੱਤ ਵਿੱਚ ਨਾ ਹੋਣ ਕਰਕੇ ਪੂਰੀ ਤਰ੍ਹਾਂ ਭੰਡਿਆ। ਸ਼ਾਹ ਮੁਹੰਮਦ ਨੇ ਅੰਗਰੇਜ਼ਾਂ ਤੇ ਸਿੱਖਾਂ ਦੀ ਲੜਾਈ ਦਾ ਬਿਆਨ ਆਪਣੀਆਂ ਲਿਖਤਾਂ ਵਿੱਚ ਕੀਤਾ-

ਸ਼ਾਹ ਮੁਹੰਮਦਾ ਇੱਕ ਸਰਕਾਰ ਬਾਝੋਂ ਫੌਜਾਂ ਜਿੱਤ ਕੇ ਅੰਤ ਨੂੰ ਹਾਰੀਆਂ ਨੇ...।

ਇਹ ਵੀ ਜ਼ਿੰਦਗੀ ਸਾਹਿਤ ਤੇ ਸਿਆਸਤ ਦਾ ਇੱਕ ਦਸਤਾਵੇਜ਼ ਹੈ। ਅੰਮ੍ਰਿਤਾ ਪ੍ਰੀਤਮ ਦੀ ਕਵਿਤਾ ਅੱਜ ਆਖਾਂ ਵਾਰਸ ਸ਼ਾਹ ਨੂੰ ਵੀ ਇੱਕ ਰਾਜਨੀਤੀ ਜਾਂ ਸਿਆਸਤ ਨੂੰ ਵੰਗਾਰ ਸੀ। ਹੁਣ ਵੀ ਜਦੋਂ ਰਾਜਨੀਤੀ ਲੋਕ ਹਿੱਤ ਵਿੱਚ ਨਹੀਂ ਤੁਰਦੀ, ਉਸ ਖਿਲਾਫ਼ ਸਾਹਿਤ ਮੈਦਾਨ ਵਿੱਚ ਨਿਤਰਦਾ ਹੈ-ਕਵੀ, ਲੇਖਕ, ਨਾਟਕਕਾਰ ਆਪਣੀਆਂ ਰਚਨਾਵਾਂ ਰਾਹੀਂ ਇਸ ਦਾ ਵਿਰੋਧ ਕਰਕੇ ਨੀਤੀਆਂ ਬਦਲਣ ਲਈ ਸੁਝਾਅ ਦਿੰਦੇ ਹਨ। ਨਿਡਰ ਹੋ ਕੇ ਮੈਦਾਨ ਵਿੱਚ ਆਉਂਦੇ ਹਨ, ਭਾਵੇਂ ਬਹੁਤ ਵਿਚਾਰਵਾਨਾਂ ਨੂੰ ਜੇਲ੍ਹਾਂ ਦੇ ਦਰਵਾਜ਼ੇ ਅੰਦਰ ਡੱਕਿਆ ਜਾਂਦਾ ਹੈ। ਬਹੁਤ ਸਾਰੇ ਸਾਹਿਤਕਾਰ ਜੇਲ੍ਹਾਂ ਵਿੱਚ ਸ਼ਹੀਦ ਵੀ ਹੋਏ ਤੇ ਹੋ ਰਹੇ ਹਨ। ਇਸੇ ਤਰ੍ਹਾਂ ਸਾਹਿਤ ਤੇ ਸਿਆਸਤ ਇੱਕ-ਦੂਜੇ ਨੂੰ ਪ੍ਰਭਾਵਤ ਕਰਦੇ ਰਹਿੰਦੇ ਹਨ।

ਰਾਜੇ ਸ਼ੀਹ ਮੁਕੱਦਮ ਕੁਤੇ ਵਰਗੇ ਸ਼ਬਦ ਅਪਨਾਉਣ, ਸੱਚ ਨੂੰ ਪ੍ਰਚਾਰਨ ਲਈ ਗੁਰੂ ਨਾਨਕ ਦੇਵ ਜੀ ਨੂੰ ਚੱਕੀਆਂ ਪੀਸਣੀਆਂ ਪਈਆਂ। ਗੁਰੂ ਅਰਜਨ ਦੇਵ ਜੀ ਨੂੰ ਤੱਤੀਆਂ ਤਵੀਆਂ ’ਤੇ ਬੈਠਣਾ ਪਿਆ, ਗੁਰੂ ਤੇਗ ਬਹਾਦਰ ਜੀ ਨੂੰ ਚਾਂਦਨੀ ਚੌਂਕ ’ਚ ਸੀਸ ਭੇਟ ਕਰਨਾ ਪਿਆ, ਗੁਰੂ ਗੋਬਿੰਦ ਸਿੰਘ ਜੀ ਨੂੰ ਸਰਬੰਸ ਵਾਰਨਾ ਪਿਆ। ਇਹ ਕੁਰਬਾਨੀਆਂ ਹੱਕ-ਸੱਚ ਲਈ ਅਮੀਰ-ਗਰੀਬ, ਕਿਰਤੀ-ਵਿਹਲੜ, ਭਾਗੋ ਤੇ ਲਾਲੋ ਦੀ ਜਮਾਤੀ ਲੜਾਈ ਹੈ। ਇਸ ’ਚ ਲੋਕ ਹਿਤੈਸ਼ੀ ਸੱਚ ਸੁਣਾਇਸੀ ਸੱਚ ਦਾ ਵੇਲਾ ਦੀ ਭਾਵਨਾ ਹੈ। ਸਿਆਸੀ ਦੰਭ ਨੂੰ ਇੱਕ ਲਲਕਾਰ ਹੈ। ਵਿਭਚਾਰੀ, ਭ੍ਰਿਸ਼ਟ ਸਿਆਸਤ ਨੂੰ ਸਿੱਧਾ ਚੈਲਿੰਜ ਹੈ ਅਤੇ ਭੈੜੇ ਸਿਆਸੀ ਤਾਣੇ-ਬਾਣੇ ਉਤੇ ਸਿੱਧੀ ਸੱਟ ਹੈ।

ਇਹ ਗੱਲ ਸਮਝਣ ਵਾਲੀ ਹੈ ਕਿ ਮਨੁੱਖੀ ਜ਼ਿੰਦਗੀ ਇੱਕ ਆਵੇਸ਼, ਅਕਸ, ਛਾਇਆ ਜਾਂ ਕਲਪਨਾ ਨਹੀਂ ਹੈ, ਸਗੋਂ ਇੱਕ ਪ੍ਰਵੇਸ਼-ਗੁਣ ਭਰਪੂਰ ਗਤੀਸ਼ੀਲਤਾ ਹੈ, ਜੋ ਟਿਮਟਿਮਾਉਣ, ਵਿਗਸਣ, ਬਿਨਸਨ ਦੇ ਨਾਲ-ਨਾਲ ਸ਼ਬਦ ਗ੍ਰੰਥ, ਸਮਾਜ, ਇਤਿਹਾਸ ਅਤੇ ਦਰਸ਼ਨ ਦੀ ਸਿਰਜਨਾ ਅਤੇ ਸੰਭਾਲ ਕਰਦੀ ਹੈ। ਮਾਨਵ ਪ੍ਰਕਿਰਤਕ ਆਵੇਸ਼ ਦਾ ਭਾਗ ਹੈ। ਉਹ ਇਸ ਵਿੱਚ ਵਿਵੇਕ ਭਰਪੂਰ ਪ੍ਰਵੇਸ਼ ਕਰਦਿਆਂ ਵਿਪਰੀਤ ਸਥਿਤੀਆਂ ਨਾਲ ਨਿਰੰਤਰ ਟਕਰਾਓ, ਤਣਾਓ ਅਤੇ ਸੰਘਰਸ਼ ਵਿੱਚ ਰਹਿੰਦਾ ਹੈ। ਚੇਤਨਾ ਦਾ ਸੰਘਰਸ਼ ਉਸਨੂੰ ਸਾਹਿਤ ਰਚਨਾ ਲਈ ਪ੍ਰੇਰਿਤ ਕਰਦਾ ਹੈ। ਇਹੋ ਹੀ ਕਾਰਨ ਹੈ ਕਿ ਭਾਰਤੀ ਸਮਾਜਿਕ ਵਿਵਸਥਾ ਵਿੱਚ ਭ੍ਰਿਸ਼ਟਾਚਾਰ, ਦੁਰ-ਅਚਾਰ, ਰਾਜਨੀਤਕ ਮਕਾਰੀ, ਆਰਥਿਕ ਨਾ-ਬਰਾਬਰੀ, ਜਾਤੀ-ਪਾਤੀ ਪ੍ਰਥਾ, ਮਿਹਨਤ ਦੀ ਲੁੱਟ, ਅਨੈਤਿਕ ਜਿਨਸੀ ਰਿਸ਼ਤਿਆਂ, ਸੱਭਿਆਚਾਰਕ ਗਿਰਾਵਟ, ਅਣ-ਮਨੁੱਖੀ ਵਿਵਹਾਰ ਨੂੰ ਹੀ ਸਾਹਿਤਕਾਰਾਂ ਨੇ ਨਿਸ਼ਾਨਾ ਨਹੀਂ ਬਣਾਇਆ, ਸਗੋਂ ਇਸ ਵਰਤਾਰੇ ਵਿਰੁੱਧ ਸੰਘਰਸ਼ ਕਰਦੇ ਮਨੁੱਖ ਦੀ ਜਿੱਤ ਨੂੰ ਧੁਨੀ ਦੀ ਮਾਨਤਾ ਦਿੱਤੀ ਹੈ, ਇੱਥੋਂ ਤੱਕ ਕਿ ਪੰਜਾਬੀ ਮੱਧ ਕਾਲੀ ਕਿੱਸਾ ਕਾਵਿ ਦੀਆਂ ਪ੍ਰੀਤ ਕਥਾਵਾਂ ਹੀਰ-ਰਾਂਝਾ, ਸੱਸੀ ਪੁੰਨੂ, ਲੈਲਾ-ਮਜਨੂੰ, ਮਿਰਜ਼ਾ-ਸਾਹਿਬਾਂ ਆਦਿ ਦਾ ਕੇਂਦਰੀ ਪ੍ਰਤੀਕ ਸਿਰੜੀ ਅਤੇ ਸਿਦਕ ਦਿਲੀ ਵਾਲਾ ਰਿਹਾ ਹੈ। ਪ੍ਰਿੰਸੀਪਲ ਸੰਤ ਸਿੰਘ ਸੇਖੋਂ ਅਨੁਸਾਰ ਸਾਡੀਆਂ ਇਨ੍ਹਾਂ ਪ੍ਰਾਚੀਨ ਅਤੇ ਮੱਧ ਕਾਲੀਨ ਕਥਾਵਾਂ ਵਿਚਲਾ ਪ੍ਰਤੀਕ ਲੋਕ-ਮਿੱਤਰਤਾ ਵਾਲਾ ਰਿਹਾ ਹੈ, ਜਿਸ ਦਾ ਅਰਥ ਮਨੁੱਖ ਦੁਆਰਾ ਆਪਣੇ ਅਧਿਕਾਰ ਜਾਂ ਇੱਛਾ ਦੀ ਪ੍ਰਾਪਤੀ ਲਈ ਪ੍ਰਕਿਰਤੀ ਜਾਂ ਸਮਾਜ ਉਸਾਰੀ ਦੀਆਂ ਵਿਰੋਧਤਾਈਆਂ ਵਾਲਾ ਹੈ।

ਇਸ ਸਮੇਂ ਸਾਹਿਤ ਰਾਜਨੀਤੀ ਦੇ ਪਰਛਾਵੇਂ ਹੇਠ ਹੈ। ਨਿਰਪੱਖ ਪੱਤਰਕਾਰੀ, ਲੇਖਨੀ ਦੀ ਗੱਲ ਪ੍ਰਚਾਰੀ ਜਾ ਰਹੀ ਹੈ, ਜਦਕਿ ਇਹ ਸਪੱਸ਼ਟ ਹੈ ਕਿ ਸਾਹਿਤ, ਪੱਤਰਕਾਰੀ ਨਿਰਪੱਖ ਨਹੀਂ ਹੁੰਦੀ, ਉਹ ਜਾਂ ਤਾਂ ਲੋਕ ਹਿਤੈਸ਼ੀ ਹੁੰਦੀ ਹੈ ਜਾਂ ਲੋਕ ਵਿਰੋਧੀ। ਅੱਜ ਜਦੋਂ ਸਮਕਾਲ ਵਿੱਚ ਫਿਰਕਾਪ੍ਰਸਤੀ, ਧਾਰਮਿਕ ਕਾਨੂੰਨ ਪੁਨਰ ਸੁਰਜੀਤੀ ਦੀ ਮਾਨਸਿਕਤਾ ਦੜ ਦੜਾਉਂਦੀ ਫਿਰਦੀ ਹੈ। ਨਾਲ ਹੀ ਸਿਆਸਤ ਵਿੱਚ ਭ੍ਰਿਸ਼ਟਾਚਾਰ, ਬਦ ਦਿਆਨਤਕਾਰੀ ਦਾ ਬੋਲਬਾਲਾ ਹੈ ਅਤੇ ਭਾਰਤ ਦਾ ਹਰ ਸਧਾਰਨ ਮਨੁੱਖ ਕਾਲਾ ਬਜ਼ਾਰੀ, ਬੇਰੁਜ਼ਗਾਰੀ, ਮਾਨਸਿਕ ਗੁਲਾਮੀ, ਆਰਥਿਕ ਲੁੱਟ ਦੇ ਪੁੜਾਂ ’ਚ ਪਿਸ ਰਿਹਾ ਹੈ ਤਾਂ ਲੇਖਕ ਦਾ ਫਰਜ਼ ਬਣਦਾ ਹੈ ਕਿ ਉਹ ਇਸ ਪ੍ਰਸੰਗਕ ਸੱਚ ਨੂੰ ਬਿਆਨ ਹੀ ਨਾ ਕਰੇ, ਸਗੋਂ ਪ੍ਰਸੰਗਕਤਾ ਦੀ ਸਥਿਤੀ ’ਚੋਂ ਲੋਕਾਂ ਨੂੰ ਮੁਕਤ ਕਰਨ ਦਾ ਰਾਹ ਉਲੀਕੇ। ਮੈਂ ਰਸੂਲ ਹਮਜ਼ਾਤੋਵ ਦੇ ਇਸ ਕਥਨ ਇਹ ਨਾ ਕਹੋ ਕਿ ਮੈਨੂੰ ਵਿਸ਼ਾ ਦਿਓ, ਸਗੋਂ ਇਹ ਕਹੋ ਕਿ ਮੈਨੂੰ ਅੱਖਾਂ ਦਿਓ ਨਾਲ ਆਪਣੇ ਵਿਚਾਰ ਸਮਾਪਤ ਕਰਦਾ ਹਾਂ।

**# ਸੰਪਰਕ : 98158-02070**

# ਮੁਨੀਰ ਦਾ ਗੈਰ-ਜ਼ਿੰਮੇਵਾਰਾਨਾ ਬਿਆਨ ਭਾਰਤ-ਪਾਕਿਸਤਾਨ ਵਿਚਲੇ ਰਿਸ਼ਤਿਆਂ ਨੂੰ ਖਰਾਬ ਕਰ ਸਕਦਾ



ਡਾ. ਅਰੁਣ ਮਿੱਤਰਾ

ਪਾਕਿਸਤਾਨ ਦੀ ਫ਼ੌਜ ਦੇ ਮੁਖੀ ਜਨਰਲ ਆਸਿਫ ਮੁਨੀਰ ਦਾ ਅਮਰੀਕਾ ਵਿੱਚ ਦਿੱਤਾ ਗਿਆ ਇਹ ਬਿਆਨ ਕਿ ਜ਼ਰੂਰਤ ਪਈ ਤਾਂ ਉਹ ਪਰਮਾਣੂ ਹਥਿਆਰਾਂ ਦਾ ਇਸਤੇਮਾਲ ਕਰਕੇ ਅੱਧੀ ਦੁਨੀਆ ਨੂੰ ਤਬਾਹੀ ਦੇ ਕਿਨਾਰੇ ’ਤੇ ਲੈ ਜਾਣਗੇ ਬਿਲਕੁਲ ਗੈਰ-ਜ਼ਰੂਰੀ, ਖ਼ਤਰਨਾਕ ਅਤੇ ਭਾਰਤ-ਪਾਕਿਸਤਾਨ ਦੇ ਰਿਸ਼ਤਿਆਂ ਵਿੱਚ ਦਰਾਰ ਡੂੰਘੀ ਕਰਨ ਵਾਲਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਪਰਮਾਣੂ ਹਥਿਆਰਾਂ ਦੇ ਇਸਤੇਮਾਲ ਦੀ ਗੱਲ ਉਸ ਵੇਲੇ ਕੀਤੀ ਗਈ, ਜਦੋਂ ਸਾਰਾ ਸੰਸਾਰ ਹੀਰੋਸ਼ੀਮਾ ਅਤੇ ਨਾਗਾਸਾਕੀ ’ਤੇ ਅਮਰੀਕਾ ਵੱਲੋਂ ਡੇਗੇ ਗਏ ਪਰਮਾਣੂ ਬੰਬਾਂ ਨਾਲ ਹੋਈ ਤਬਾਹੀ ਦੀ 80ਵੀਂ ਵਰ੍ਹੇਗੰਢ ਦੇ ਮੌਕੇ ’ਤੇ ਉਨ੍ਹਾਂ ਦੇ ਪੂਰਨ ਖ਼ਾਤਮੇ ਦੀ ਮੰਗ ਨੂੰ ਲੈ ਕੇ ਵੱਖ-ਵੱਖ ਥਾਵਾਂ ’ਤੇ ਸਮਾਗਮ ਕਰ ਰਿਹਾ ਹੈ। ਹੋਰ ਵੀ ਹੈਰਾਨੀ ਦੀ ਗੱਲ ਇਹ ਹੈ ਕਿ ਰਿਪੋਰਟਾਂ ਅਨੁਸਾਰ ਜਦੋਂ ਉਨ੍ਹਾਂ ਨੇ ਇਹ ਬਿਆਨ ਦਿੱਤਾ ਤਾਂ ਉਸ ਮੀਟਿੰਗ ਵਿੱਚ ਇਜ਼ਰਾਈਲ ਦਾ ਇੱਕ ਨੁਮਾਇੰਦਾ ਵੀ ਮੌਜੂਦ ਸੀ। ਇਸ ਤਰ੍ਹਾਂ ਦੀ ਬਿਆਨਬਾਜ਼ੀ ਨਾਲ ਉਹ ਤਾਕਤਾਂ ਮਜ਼ਬੂਤ ਹੁੰਦੀਆਂ ਹਨ, ਜੋ ਪਰਮਾਣੂ ਹਥਿਆਰਾਂ ਦੇ ਇਸਤੇਮਾਲ ਦੀ ਵਕਾਲਤ ਕਰਦੀਆਂ ਹਨ। ਭਾਰਤ ਵਿੱਚ ਜੋ ਤਾਕਤਾਂ ਧਾਰਮਿਕ ਕੱਟੜਵਾਦ ਦਾ ਜ਼ਹਿਰ ਫੈਲਾ ਕੇ ਨਫ਼ਰਤ ਫੈਲਾਉਂਦੀਆਂ ਹਨ, ਉਹਨਾਂ ਨੂੰ ਹੌਸਲਾ ਮਿਲਦਾ ਹੈ। ਇਸੇ ਤਰ੍ਹਾਂ ਪਾਕਿਸਤਾਨ ਦੇ ਅੰਦਰ ਵੀ ਇਸ ਕਿਸਮ ਦੇ ਕੱਟੜਪੰਥੀ ਤੱਤ ਤੇ ਸੰਸਥਾਨ ਹਨ, ਜੋ ਐਸੀ ਸਥਿਤੀ ਵਿੱਚ ਹੋਰ ਮਜ਼ਬੂਤ ਹੁੰਦੇ ਹਨ।

ਇਹ ਕੋਈ ਲੁਕੀ ਹੋਈ ਗੱਲ ਨਹੀਂ ਕਿ ਪਾਕਿਸਤਾਨ ਦੀ ਹਕੂਮਤ ਨੇ ਦਹਿਸ਼ਤਗਰਦੀ ਨੂੰ ਪਨਾਹ ਦਿੱਤੀ ਹੈ। ਅਫ਼ਗਾਨਿਸਤਾਨ ਵਿੱਚ ਨਜੀਬਉਲਾ ਸਰਕਾਰ ਨੂੰ ਗਿਰਾਉਣ ਲਈ ਅਮਰੀਕਾ ਵੱਲੋਂ ਬਣਾਏ ਗਏ ਤਾਲਿਬਾਨਾਂ ਨੂੰ ਪਨਾਹ, ਟ੍ਰੇਨਿੰਗ ਅਤੇ ਹਰ ਕਿਸਮ ਦੀ ਸਹਾਇਤਾ ਪਾਕਿਸਤਾਨ ਨੇ ਹੀ ਦਿੱਤੀ ਸੀ। ਹਾਲਾਂਕਿ ਹੁਣ ਉਹੀ ਤਾਲਿਬਾਨੀ ਤਾਕਤਾਂ ਪਾਕਿਸਤਾਨ ਲਈ ਵੀ ਸਿਰਦਰਦ ਬਣ ਚੁੱਕੀਆਂ ਹਨ। ਪਾਕਿਸਤਾਨ ਦੇ ਕਈ ਸ਼ਹਿਰਾਂ ਵਿੱਚ ਵਾਰ-ਵਾਰ ਦਹਿਸ਼ਤਗਰਦੀ ਦੀਆਂ ਘਟਨਾਵਾਂ ਹੋਈਆਂ ਹਨ। ਕੁਝ ਮਹੀਨੇ ਪਹਿਲਾਂ ਰੇਲਗੱਡੀ ਵਿੱਚ ਸੈਂਕੜੇ ਲੋਕਾਂ ਦੀ ਹੱਤਿਆ ਵਾਲੀ ਘਟਨਾ ਤੋਂ ਵੀ ਕੋਈ ਸਬਕ ਨਾ ਸਿੱਖ ਕੇ, ਪਾਕਿਸਤਾਨੀ ਹਕੂਮਤ ਇਸ ਤਰ੍ਹਾਂ ਦੀ ਬਿਆਨਬਾਜ਼ੀ ਤੋਂ ਗੁਰੇਜ਼ ਨਹੀਂ ਕਰ ਰਹੀ। ਉਹ ਇਹ ਵੀ ਨਹੀਂ ਸਮਝ ਰਹੇ ਕਿ ਹੀਰੋਸ਼ੀਮਾ - ਨਾਗਾਸਾਕੀ ਵਿੱਚ ਪਰਮਾਣੂ ਹਥਿਆਰਾਂ ਨਾਲ ਕਿੰਨੀ ਵੱਡੀ ਤਬਾਹੀ ਹੋਈ ਸੀ। ਜੇਕਰ ਭਾਰਤ-ਪਾਕਿਸਤਾਨ ਵਿਚਕਾਰ ਪਰਮਾਣੂ ਜੰਗ ਹੋਈ ਤਾਂ ਪਾਕਿਸਤਾਨ ਦੀ ਆਮ ਜਨਤਾ ਨੂੰ ਵੀ ਓਨਾ ਹੀ ਨੁਕਸਾਨ ਹੋਵੇਗਾ, ਜਿੰਨਾ ਕਿ ਭਾਰਤ ਦੇ ਲੋਕਾਂ ਨੂੰ। ਸਪੱਸ਼ਟ ਹੈ ਕਿ ਇਸ ਤਰ੍ਹਾਂ ਦੇ ਵਿਨਾਸ਼ਕਾਰੀ ਹਥਿਆਰ ਕਿਸੇ ਦੇ ਵੀ ਹਿੱਤ ਵਿਚ ਨਹੀਂ ਹਨ ਅਤੇ ਉਨ੍ਹਾਂ ਦਾ ਪੂਰਨ ਤੌਰ ’ਤੇ ਖ਼ਾਤਮਾ ਹੀ ਇੱਕੋ ਇੱਕ ਹੱਲ ਹੈ।

ਭਾਰਤ-ਪਾਕਿਸਤਾਨ ਦੇ ਰਿਸ਼ਤਿਆਂ ਵਿੱਚ ਲੰਮੇ ਸਮੇਂ ਤੋਂ ਤਣਾਅ ਰਿਹਾ ਹੈ। ਜਦੋਂ ਵੀ ਕੁਝ ਸਮੇਂ ਲਈ ਸ਼ਾਂਤੀ ਹੁੰਦੀ ਹੈ, ਕੋਈ ਨਾ ਕੋਈ ਘਟਨਾ ਹੋ ਜਾਂਦੀ ਹੈ, ਜਿਸ ਨਾਲ ਤਣਾਅ ਫਿਰ ਵਧ ਜਾਂਦਾ ਹੈ। ਪਹਿਲਗਾਮ ਵਿੱਚ ਹੋਈ ਘਟਨਾ ਵੀ ਐਸੀ ਹੀ ਸੀ। ਭਾਰਤ ਨੂੰ ਚਾਹੀਦਾ ਸੀ ਕਿ ਪੱਕੇ ਸਬੂਤ ਇਕੱਠੇ ਕਰਕੇ ਕਿ ਅੱਤਵਾਦੀ ਪਾਕਿਸਤਾਨ ਤੋਂ ਹੀ ਆਏ ਸਨ, ਦੁਨੀਆ ਸਾਹਮਣੇ ਪੇਸ਼ ਕਰਦਾ, ਪਰ ਸਰਕਾਰ ਇਸ ਵਿੱਚ ਨਾਕਾਮ ਰਹੀ ਅਤੇ ਅਜੇ ਤੱਕ ਇਹ ਵੀ ਨਹੀਂ ਦੱਸ ਸਕੀ ਕਿ ਸਰਹੱਦ ਤੋਂ ਇੰਨੀ ਦੂਰ ਤੱਕ ਆਤੰਕੀ ਕਿਵੇਂ ਪਹੁੰਚ ਗਏ? ਉਹਨਾਂ ਦਿਨਾਂ ’ਚ ਉੱਥੇ ਸੁਰੱਖਿਆ ਦੇ ਪ੍ਰਬੰਧ ਕਿਉਂ ਨਹੀਂ ਸਨ? ਪੁਲਵਾਮਾ ਵਿੱਚ ਵੀ ਜੋ ਕੁਝ ਹੋਇਆ ਸੀ, ਉਸ ਦੇ ਬਾਰੇ ਵੀ ਸਰਕਾਰ ’ਤੇ ਦੋਸ਼ ਲੱਗਦੇ ਰਹੇ ਹਨ। ਜੰਮੂ-ਕਸ਼ਮੀਰ ਦੇ ਗਵਰਨਰ ਸਤਪਾਲ ਮਲਿਕ ਨੇ ਵੀ ਅਜਿਹੇ ਦੋਸ਼ ਭਾਰਤ ਸਰਕਾਰ ’ਤੇ ਲਗਾਏ ਸਨ।

ਇਹ ਵੀ ਧਿਆਨਯੋਗ ਹੈ ਕਿ ਆਸਿਫ ਮੁਨੀਰ ਨੇ ਇਹ ਬਿਆਨ ਅਮਰੀਕਾ ਦੀ ਧਰਤੀ ਤੋਂ ਦਿੱਤਾ। ਇਹ ਆਪਣੇ ਆਪ ਵਿੱਚ ਸਵਾਲ ਖੜ੍ਹਾ ਕਰਦਾ ਹੈ ਕਿ ਇਸ ਸਥਿਤੀ ਵਿੱਚ ਅਮਰੀਕਾ ਦੀ ਕੀ ਭੂਮਿਕਾ ਹੈ। ਪਹਿਲਾਂ ਤਾਂ ਟਰੰਪ ਨੇ ਆਸਿਫ ਮੁਨੀਰ ਨੂੰ ਸੱਦ ਕੇ ਖਾਣਾ ਖਵਾਇਆ ਅਤੇ ਹੁਣ ਆਪਣੇ ਦੇਸ਼ ਦੀ ਧਰਤੀ ’ਤੇ ਇਸ ਤਰ੍ਹਾਂ ਦੀ ਬਿਆਨਬਾਜ਼ੀ ਦੇ ਬਾਅਦ ਵੀ ਕੁਝ ਨਹੀਂ ਕਿਹਾ। ਦੂਜੇ ਪਾਸੇ, ਬਿਨਾਂ ਕਿਸੇ ਸਬੂਤ ਦੇ ਇਰਾਨ ’ਤੇ ਦੋਸ਼ ਲਗਾ ਕੇ ਕਿ ਉਹ ਪਰਮਾਣੂ ਕਾਰਜਕ੍ਰਮ ਨੂੰ ਹਥਿਆਰਾਂ ਬਣਾਉਣ ਵਿੱਚ ਬਦਲ ਰਿਹਾ ਹੈ, ਉਸ ’ਤੇ ਖੁਦ ਵੀ ਹਮਲਾ ਕੀਤਾ ਅਤੇ ਇਜ਼ਰਾਈਲ ਤੋਂ ਵੀ ਕਰਵਾਇਆ। ਪਾਕਿਸਤਾਨ ਵੱਲ ਅਮਰੀਕਾ ਦਾ ਰੁਝਾਨ ਟਰੰਪ ਦੇ ਵਪਾਰਕ ਲਾਭਾਂ ਨਾਲ ਜੁੜਿਆ ਹੈ ਜਾਂ ਹੋਰ ਕੋਈ ਭੂ-ਰਾਜਨੀਤਿਕ ਕਾਰਨ ਹਨ, ਇਹ ਤਾਂ ਉਹੀ ਦੱਸ ਸਕਦੇ ਹਨ। ਹੁਣ ਵੇਖਣ ਵਾਲੀ ਗੱਲ ਇਹ ਹੈ ਕਿ ਭਾਰਤ, ਪਾਕਿਸਤਾਨ ਅਤੇ ਚੀਨ ਦੇ ਰਿਸ਼ਤੇ ਕਿਹੜੀ ਦਿਸ਼ਾ ਲੈਂਦੇ ਹਨ, ਪਰ ਖ਼ਤਰਾ ਇਹ ਜ਼ਰੂਰ ਹੈ ਕਿ ਭਾਰਤ -ਪਾਕਿਸਤਾਨ ਵਿੱਚ ਤਣਾਅ ਵਧਣ ਦੀ ਸਥਿਤੀ ਪੈਦਾ ਹੋ ਗਈ ਹੈ, ਜਿਸ ਨਾਲ ਦੋਵਾਂ ਦੇਸ਼ਾਂ ਨੂੰ ਨੁਕਸਾਨ ਹੋਵੇਗਾ। ਦੱਖਣੀ ਏਸ਼ੀਆ ਪਹਿਲਾਂ ਹੀ ਆਰਥਿਕ ਤੌਰ ’ਤੇ ਕਮਜ਼ੋਰ ਖੇਤਰ ਹੈ ਅਤੇ ਇਸ ਤਰ੍ਹਾਂ ਦੀ ਬਿਆਨਬਾਜ਼ੀ ਨਾਲ ਹਥਿਆਰਾਂ ਦੀ ਦੌੜ ਹੋਰ ਵਧੇਗੀ, ਜਿਸ ਨਾਲ ਵਿਕਾਸ ਕਾਰਜਾਂ ’ਤੇ, ਖ਼ਾਸ ਕਰਕੇ ਸਿਹਤ ਅਤੇ ਸਿੱਖਿਆ ਵਰਗੇ ਲੋਕ ਭਲਾਈ ਦੇ ਖੇਤਰਾਂ ’ਤੇ ਨਕਾਰਾਤਮਕ ਅਸਰ ਪਵੇਗਾ।

ਇਸ ਸਥਿਤੀ ਵਿੱਚ ਦੋਵਾਂ ਦੇਸ਼ਾਂ ਦੇ ਨਾਗਰਿਕ ਸਮੂਹਾਂ ਦਾ ਵੱਡਾ ਫ਼ਰਜ਼ ਬਣਦਾ ਹੈ। ਆਮ ਨਾਗਰਿਕ ਤਾਂ ਸ਼ਾਂਤੀ ਚਾਹੁੰਦੇ ਹਨ, ਜੰਗ ਨਹੀਂ। ਇਹ ਤਾਂ ਚਾਰ ਦਿਨ ਦੀ ਭਾਰਤ-ਪਾਕਿਸਤਾਨ ਜੰਗ ਤੋਂ ਹੀ ਸਾਬਤ ਹੋ ਗਿਆ। ਇਸ ਲਈ ਭਾਰਤ-ਪਾਕਿਸਤਾਨ ਦੇ ਲੋਕਾਂ ਨੂੰ ਮਿਲ ਕੇ ਸ਼ਾਂਤੀ ਦੀ ਅਪੀਲ ਕਰਨੀ ਚਾਹੀਦੀ ਹੈ। ਜੇ ਉਹ ਇਕ-ਦੂਜੇ ਦੇ ਦੇਸ਼ ਵਿੱਚ ਨਹੀਂ ਮਿਲ ਸਕਦੇ ਤਾਂ ਕਿਸੇ ਤੀਸਰੇ ਦੇਸ਼ ਵਿੱਚ ਮਿਲ ਕੇ ਸਮਾਗਮ ਤੇ ਵਿਚਾਰਾਂ ਕਰਨੀਆਂ ਚਾਹੀਦੀਆਂ ਹਨ ਅਤੇ ਕਿਸੇ ਵੀ ਦੇਸ਼ ਦੇ ਕਿਸੇ ਵੀ ਫੌਜੀ ਜਾਂ ਨੇਤਾ ਵੱਲੋਂ ਜੰਗ ਜਾਂ ਖ਼ਾਸ ਤੌਰ ’ਤੇ ਪਰਮਾਣੂ ਹਥਿਆਰਾਂ ਦੇ ਇਸਤੇਮਾਲ ਦੀ ਬਿਆਨਬਾਜ਼ੀ ਦੀ ਨਿੰਦਾ ਕਰਨੀ ਚਾਹੀਦੀ ਹੈ। ਦੱਖਣੀ ਏਸ਼ੀਆ ਨੂੰ ਪਰਮਾਣੂ-ਮੁਕਤ ਖੇਤਰ ਘੋਸ਼ਿਤ ਕਰਨਾ ਬਹੁਤ ਜ਼ਰੂਰੀ ਹੈ। ਭਾਰਤ, ਪਾਕਿਸਤਾਨ ਅਤੇ ਚੀਨ ਤਿੰਨੇ ਹੀ ਪਰਮਾਣੂ ਤਾਕਤਾਂ ਹਨ ਅਤੇ ਤਿੰਨਾਂ ਵਿਚਕਾਰ ਤਣਾਅ ਬਣਿਆ ਰਹਿੰਦਾ ਹੈ। ਜੇ ਇਸ ਨੂੰ ਖ਼ਤਮ ਨਾ ਕੀਤਾ ਗਿਆ ਤਾਂ ਸਥਿਤੀ ਕਦੇ ਵੀ ਭਿਆਨਕ ਰੂਪ ਧਾਰ ਸਕਦੀ ਹੈ। ਪਹਿਲਗਾਮ ਘਟਨਾ ਤੋਂ ਬਾਅਦ ਕਿਸੇ ਨਾ ਕਿਸੇ ਢੰਗ ਨਾਲ ਦੋਵੇਂ ਦੇਸ਼ਾਂ ਨੂੰ ਮਿਲ ਕੇ ਬੈਠਣ ਦੀ ਕੋਸ਼ਿਸ਼ ਕਰਨੀ ਚਾਹੀਦੀ ਸੀ, ਪਰ ਇਸ ਦੇ ਉਲਟ ਦੋਵੇਂ ਦੇਸ਼ਾਂ ਨੇ ਆਪਣੀ ਅੰਦਰੂਨੀ ਰਾਜਨੀਤੀ ਨੂੰ ਤਰਜੀਹ ਦੇ ਕੇ ਹਾਲਾਤ ਹੋਰ ਖ਼ਰਾਬ ਕਰਨ ਵੱਲ ਕਦਮ ਚੁੱਕੇ ਹਨ।

**# ਸੰਪਰਕ : 80775-74352, 94170-00360**

ਸੰਦੀਪ ਕੁਮਾਰ

# ਤੰਬਾਕੂ ਖਤਰਨਾਕ, ਪਰ ਸਰਕਾਰਾਂ ਅਵੇਸਲੀਆਂ ਕਿਉਂ?

ਤੰਬਾਕੂ ਦੀ ਵਰਤੋਂ ਸਦੀਆਂ ਤੋਂ ਮਨੁੱਖੀ ਸਮਾਜ ਦਾ ਹਿੱਸਾ ਰਹੀ ਹੈ, ਪਰ ਇਸ ਦੇ ਨੁਕਸਾਨਦੇਹ ਪ੍ਰਭਾਵਾਂ ਨੂੰ ਜਾਣਦਿਆਂ ਹੋਇਆਂ ਵੀ ਇਸ ਦਾ ਸੇਵਨ ਅਤੇ ਵਪਾਰ ਅੱਜ ਵੀ ਜਾਰੀ ਹੈ। ਹਰ ਸਾਲ ਵਿਸ਼ਵ ਸਿਹਤ ਸੰਗਠਨ ਅਤੇ ਹੋਰ ਸੰਸਥਾਵਾਂ ਵੱਲੋਂ ਤੰਬਾਕੂ ਦੇ ਖਤਰਿਆਂ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਕਈ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ। ਇਨ੍ਹਾਂ ਵਿੱਚੋਂ ਇੱਕ ਮਹੱਤਵਪੂਰਨ ਮੁਹਿੰਮ ਹੈ ‘ਵਿਸ਼ਵ ਨੋ ਤੰਬਾਕੂ ਦਿਵਸ’, ਜੋ ਹਰ ਸਾਲ 31 ਮਈ ਨੂੰ ਮਨਾਇਆ ਜਾਂਦਾ ਹੈ। ਇਸ ਸਾਲ 31 ਮਈ 2025 ਨੂੰ ਇਸ ਦਿਵਸ ਨੂੰ ਪੂਰੇ ਵਿਸ਼ਵ ਵਿੱਚ ਉਤਸ਼ਾਹ ਨਾਲ ਮਨਾਇਆ ਗਿਆ। ਅਖ਼ਬਾਰਾਂ, ਮੀਡੀਆ ਅਤੇ ਸਮਾਜਿਕ ਪਲੇਟਫਾਰਮਾਂ ਰਾਹੀਂ ਤੰਬਾਕੂ ਦੇ ਸਿਹਤ ਉੱਤੇ ਪੈਂਦੇ ਮਾੜੇ ਪ੍ਰਭਾਵਾਂ ਨੂੰ ਉਜਾਗਰ ਕੀਤਾ ਗਿਆ। ਲੇਖਕਾਂ, ਸਿਹਤ ਮਾਹਰਾਂ ਅਤੇ ਸਮਾਜ ਸੇਵੀ ਸੰਸਥਾਵਾਂ ਨੇ ਇਸ ਮੌਕੇ ਤੰਬਾਕੂ ਦੇ ਸਰੀਰਕ ਨੁਕਸਾਨਾਂ ਦੀ ਵਿਆਖਿਆ ਕਰਦਿਆਂ ਲੋਕਾਂ ਨੂੰ ਇਸ ਦੀ ਵਰਤੋਂ ਛੱਡਣ ਲਈ ਪ੍ਰੇਰਿਤ ਕੀਤਾ, ਪਰ ਸਵਾਲ ਇਹ ਉੱਠਦਾ ਹੈ ਕਿ ਜੇਕਰ ਤੰਬਾਕੂ ਦੇ ਨੁਕਸਾਨ ਏਨੇ ਖਤਰਨਾਕ ਹਨ, ਜੋ ਮਨੁੱਖ ਦੀ ਮੌਤ ਦਾ ਕਾਰਨ ਵੀ ਬਣ ਸਕਦੇ ਹਨ, ਤਾਂ ਸਰਕਾਰਾਂ ਇਸ ਦੇ ਉਤਪਾਦਨ ਅਤੇ ਵਿਕਰੀ ਨੂੰ ਪੂਰੀ ਤਰ੍ਹਾਂ ਬੰਦ ਕਰਨ ਵਿੱਚ ਅਸਮਰੱਥ ਕਿਉਂ ਹਨ? ਕੀ ਸਰਕਾਰਾਂ ਨੂੰ ਆਪਣੇ ਨਾਗਰਿਕਾਂ ਦੀ ਸਿਹਤ ਅਤੇ ਜੀਵਨ ਦੀ ਕੋਈ ਪਰਵਾਹ ਨਹੀਂ? ਇਹ ਇੱਕ ਗੰਭੀਰ ਸਮਾਜਿਕ ਪ੍ਰਸ਼ਨ ਹੈ, ਜਿਸ ਦਾ ਜਵਾਬ ਅਰਥਵਿਵਸਥਾ, ਸਮਾਜਿਕ ਰੁਝਾਨਾਂ ਅਤੇ ਸਰਕਾਰੀ ਨੀਤੀਆਂ ਦੇ ਗੁੰਝਲਦਾਰ ਮੇਲ ਵਿੱਚ ਲੁਕਿਆ ਹੈ।

‘ਵਿਸ਼ਵ ਨੋ ਤੰਬਾਕੂ ਦਿਵਸ’ 2025 ਦੇ ਮੌਕੇ ’ਤੇ ਵਿਸ਼ਵ ਸਿਹਤ ਸੰਗਠਨ ਨੇ ਇਸ ਸਾਲ ਦੀ ਥੀਮ ‘ਤੰਬਾਕੂ ਦੀ ਧੋਖੇਬਾਜ਼ੀ ਨੂੰ ਬੇਨਕਾਬ ਕਰੋ’ ਰੱਖੀ। ਇਸ ਮੁਹਿੰਮ ਦਾ ਮੁੱਖ ਉਦੇਸ਼ ਸੀ ਲੋਕਾਂ ਨੂੰ ਤੰਬਾਕੂ ਅਤੇ ਨਿਕੋਟੀਨ ਉਦਯੋਗ ਦੀਆਂ ਚਾਲਬਾਜ਼ੀਆਂ ਤੋਂ ਜਾਗਰੂਕ ਕਰਨਾ, ਜੋ ਨੌਜਵਾਨਾਂ ਅਤੇ ਬੱਚਿਆਂ ਨੂੰ ਆਕਰਸ਼ਿਤ ਕਰਨ ਲਈ ਰੰਗੀਨ ਪੈਕਿੰਗ, ਫਲੇਵਰਡ ਉਤਪਾਦ ਅਤੇ ਆਕਰਸ਼ਕ ਇਸ਼ਤਿਹਾਰਾਂ ਦੀ ਵਰਤੋਂ ਕਰਦੇ ਹਨ। ਅਖ਼ਬਾਰਾਂ ਵਿੱਚ ਛਪੇ ਲੇਖਾਂ ਨੇ ਸਿਹਤ ਮਾਹਰਾਂ ਦੇ ਹਵਾਲੇ ਨਾਲ ਦੱਸਿਆ ਕਿ ਤੰਬਾਕੂ ਦਾ ਸੇਵਨ ਸਿਰਫ਼ ਇੱਕ ਆਦਤ ਨਹੀਂ, ਸਗੋਂ ਇੱਕ ਗੰਭੀਰ ਨਸ਼ਾ ਹੈ, ਜੋ ਮਨੁੱਖੀ ਸਰੀਰ ਨੂੰ ਅੰਦਰੋਂ ਖੋਖਲਾ ਕਰ ਦਿੰਦਾ ਹੈ। ਤੰਬਾਕੂ ਵਿੱਚ ਮੌਜੂਦ ਨਿਕੋਟੀਨ, ਜੋ ਇੱਕ ਅਤਿ ਜ਼ਹਿਰੀਲਾ ਪਦਾਰਥ ਹੈ, ਸਰੀਰ ਦੇ ਕਈ ਅੰਗਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ। ਇਸ ਦੀ ਵਰਤੋਂ ਨਾਲ ਫੇਫੜਿਆਂ ਦਾ ਕੈਂਸਰ, ਦਿਲ ਦੀਆਂ ਬਿਮਾਰੀਆਂ, ਮੂੰਹ ਅਤੇ ਗਲੇ ਦਾ ਕੈਂਸਰ, ਸਾਹ ਦੀਆਂ ਸਮੱਸਿਆਵਾਂ ਅਤੇ ਹੋਰ 30 ਤੋਂ ਵੱਧ ਗੰਭੀਰ ਬਿਮਾਰੀਆਂ ਦਾ ਖਤਰਾ ਵਧ ਜਾਂਦਾ ਹੈ। ਵਿਸ਼ਵ ਸਿਹਤ ਸੰਗਠਨ ਦੇ ਅੰਕੜਿਆਂ ਅਨੁਸਾਰ ਹਰ ਸਾਲ ਤੰਬਾਕੂ ਦੀ ਵਰਤੋਂ ਕਾਰਨ ਦੁਨੀਆ ਭਰ ਵਿੱਚ 80 ਲੱਖ ਤੋਂ ਵੱਧ ਲੋਕ ਮੌਤ ਦੇ ਮੂੰਹ ਵਿੱਚ ਜਾਂਦੇ ਹਨ, ਜਿਨ੍ਹਾਂ ਵਿੱਚੋਂ 8 ਲੱਖ ਤੋਂ ਵੱਧ ਮੌਤਾਂ ਭਾਰਤ ਵਿੱਚ ਹੁੰਦੀਆਂ ਹਨ। ਇਸ ਤੋਂ ਇਲਾਵਾ ਤੰਬਾਕੂ ਦਾ ਧੂੰਆਂ ਨਾ ਸਿਰਫ਼ ਸੇਵਨ ਕਰਨ ਵਾਲੇ ਨੂੰ, ਸਗੋਂ ਉਸ ਦੇ ਆਸ-ਪਾਸ ਬੈਠੇ ਲੋਕਾਂ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ, ਜਿਸ ਨੂੰ ਸੈਕੰਡ-ਹੈਂਡ ਸਮੋਕਿੰਗ ਕਿਹਾ ਜਾਂਦਾ ਹੈ।



ਏਨੇ ਗੰਭੀਰ ਨੁਕਸਾਨਾਂ ਦੇ ਬਾਵਜੂਦ ਮਨੁੱਖ ਤੰਬਾਕੂ ਦੀ ਵਰਤੋਂ ਤੋਂ ਪਿੱਛੇ ਨਹੀਂ ਹਟਦਾ। ਸ਼ੁਰੂ ਵਿੱਚ ਕਈ ਲੋਕ ਇਸ ਨੂੰ ਸ਼ੌਕ ਜਾਂ ਸਮਾਜਿਕ ਦਬਾਅ ਕਾਰਨ ਅਪਣਾਉਂਦੇ ਹਨ, ਪਰ ਜਲਦੀ ਹੀ ਇਹ ਇੱਕ ਲਤ ਬਣ ਜਾਂਦੀ ਹੈ। ਨਿਕੋਟੀਨ ਦੀ ਜ਼ਹਿਰੀਲੀ ਤਾਕਤ ਏਨੀ ਜ਼ਿਆਦਾ ਹੁੰਦੀ ਹੈ ਕਿ ਇੱਕ ਵਾਰ ਇਸ ਦੀ ਆਦਤ ਪੈਣ ’ਤੇ ਛੱਡਣਾ ਬਹੁਤ ਮੁਸ਼ਕਲ ਹੋ ਜਾਂਦਾ ਹੈ। ਦੂਜੇ ਪਾਸੇ ਤੰਬਾਕੂ ਦਾ ਵਪਾਰ ਕਰਨ ਵਾਲੇ ਵਪਾਰੀ ਵੀ ਇਸ ਦੀ ਵਿਕਰੀ ਨੂੰ ਵਧਾਉਣ ਲਈ ਦਿਨ-ਰਾਤ ਇੱਕ ਕਰ ਰਹੇ ਹਨ। ਤੰਬਾਕੂ ਉਤਪਾਦਾਂ ਦੀ ਪੈਕਿੰਗ ’ਤੇ ਸਰਕਾਰ ਦੁਆਰਾ ਸਖ਼ਤ ਨਿਯਮ ਲਾਗੂ ਕੀਤੇ ਗਏ ਹਨ, ਜਿਵੇਂ ਕਿ ਸਿਹਤ ਚੇਤਾਵਨੀਆਂ ਅਤੇ ਇਹ ਸੰਦੇਸ਼ ਕਿ ਤੰਬਾਕੂ ਦਾ ਸੇਵਨ ਮੌਤ ਦਾ ਕਾਰਨ ਬਣ ਸਕਦਾ ਹੈ, ਪਰ ਜਨਤਾ ਇਨ੍ਹਾਂ ਚੇਤਾਵਨੀਆਂ ਨੂੰ ਨਜ਼ਰਅੰਦਾਜ਼ ਕਰਦੀ ਹੋਈ ਨਿਰੰਤਰ ਇਸ ਦਾ ਸੇਵਨ ਕਰ ਰਹੀ ਹੈ।

ਇੱਥੇ ਸਭ ਤੋਂ ਵੱਡਾ ਸਵਾਲ ਇਹ ਉੱਠਦਾ ਹੈ ਕਿ ਜਦੋਂ ਸਰਕਾਰਾਂ ਨੂੰ ਤੰਬਾਕੂ ਦੇ ਏਨੇ ਖਤਰਨਾਕ ਨੁਕਸਾਨਾਂ ਦਾ ਪਤਾ ਹੈ, ਤਾਂ ਉਹ ਇਸ ਦੇ ਉਤਪਾਦਨ ਅਤੇ ਵਿਕਰੀ ਨੂੰ ਪੂਰੀ ਤਰ੍ਹਾਂ ਬੰਦ ਕਰਨ ਵਿੱਚ ਅਸਫਲ ਕਿਉਂ ਹਨ? ਕੀ ਸਰਕਾਰਾਂ ਨੂੰ ਆਪਣੇ ਨਾਗਰਿਕਾਂ ਦੀ ਸਿਹਤ ਅਤੇ ਜੀਵਨ ਦੀ ਕੋਈ ਚਿੰਤਾ ਨਹੀਂ? ਇਸ ਦਾ ਜਵਾਬ ਕਈ ਪੱਖਾਂ ਵਿੱਚ ਲੁਕਿਆ ਹੈ, ਪਰ ਸਭ ਤੋਂ ਮੁੱਖ ਕਾਰਨ ਅਰਥਵਿਵਸਥਾ ਨਾਲ ਜੁੜਿਆ ਹੋਇਆ ਹੈ। ਤੰਬਾਕੂ ਉਦਯੋਗ ਦੇਸ਼ ਦੀ ਅਰਥਵਿਵਸਥਾ ਵਿੱਚ ਇੱਕ ਵੱਡਾ ਯੋਗਦਾਨ ਪਾਉਂਦਾ ਹੈ। ਭਾਰਤ ਵਰਗੇ ਦੇਸ਼ਾਂ ਵਿੱਚ ਤੰਬਾਕੂ ਇੱਕ ਮੁਨਾਫ਼ੇ ਵਾਲੀ ਫਸਲ ਹੈ, ਜੋ ਕਿਸਾਨਾਂ, ਵਪਾਰੀਆਂ ਅਤੇ ਸਰਕਾਰ ਨੂੰ ਟੈਕਸ ਦੇ ਰੂਪ ਵਿੱਚ ਵੱਡੀ ਆਮਦਨ ਪ੍ਰਦਾਨ ਕਰਦੀ ਹੈ। ਤੰਬਾਕੂ ਦੀ ਖੇਤੀ, ਪ੍ਰੋਸੈਸਿੰਗ, ਉਤਪਾਦਨ ਅਤੇ ਵਿਕਰੀ ਨਾਲ ਲੱਖਾਂ ਲੋਕਾਂ ਨੂੰ ਰੁਜ਼ਗਾਰ ਮਿਲਦਾ ਹੈ। ਸਰਕਾਰ ਨੂੰ ਤੰਬਾਕੂ ਉਤਪਾਦਾਂ ’ਤੇ ਲਗਾਏ ਜਾਣ ਵਾਲੇ ਉੱਚੇ ਟੈਕਸਾਂ ਰਾਹੀਂ ਅਰਬਾਂ ਰੁਪਏ ਦੀ ਆਮਦਨ ਹੁੰਦੀ ਹੈ, ਜੋ ਦੇਸ਼ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰਦੀ ਹੈ।

ਸਰਕਾਰਾਂ ਨੇ ਤੰਬਾਕੂ ਦੀ ਵਰਤੋਂ ਨੂੰ ਘਟਾਉਣ ਲਈ ਕਈ ਕਦਮ ਉਠਾਏ ਹਨ, ਜਿਵੇਂ ਕਿ ਸਿਗਰਟ ਅਤੇ ਤੰਬਾਕੂ ਪ੍ਰੋਡਕਟਸ ਐਕਟ 2003 ਨੂੰ ਸਖ਼ਤੀ ਨਾਲ ਲਾਗੂ ਕਰਨਾ, ਸਕੂਲਾਂ ਦੇ ਆਲੇ-ਦੁਆਲੇ 100 ਗਜ਼ ਦੇ ਘੇਰੇ ਵਿੱਚ ਤੰਬਾਕੂ ਦੀ ਵਿਕਰੀ ’ਤੇ ਪਾਬੰਦੀ ਅਤੇ ਜਾਗਰੂਕਤਾ ਮੁਹਿੰਮਾਂ ਚਲਾਉਣਾ, ਪਰ ਇਨ੍ਹਾਂ ਯਤਨਾਂ ਦੇ ਬਾਵਜੂਦ ਤੰਬਾਕੂ ਦੀ ਮੰਗ ਅਤੇ ਸਪਲਾਈ ਵਿੱਚ ਕਮੀ ਨਹੀਂ ਆ ਰਹੀ। ਇਸ ਸਮੱਸਿਆ ਦਾ ਅਸਲ ਹੱਲ ਤਾਂ ਉਦੋਂ ਹੀ ਸੰਭਵ ਹੈ, ਜਦੋਂ ਦੇਸ਼ ਦਾ ਹਰ ਨਾਗਰਿਕ ਆਪਣੀ ਸਿਹਤ ਪ੍ਰਤੀ ਸੱਜਗ ਹੋ ਜਾਵੇ। ਜੇਕਰ ਲੋਕ ਇਹ ਪ੍ਰਣ ਕਰ ਲੈਣ ਕਿ ਉਹ ਭਵਿੱਖ ਵਿੱਚ ਕਦੇ ਵੀ ਤੰਬਾਕੂ ਪਦਾਰਥਾਂ ਦਾ ਸੇਵਨ ਨਹੀਂ ਕਰਨਗੇ, ਤਾਂ ਇਸ ਦੀ ਮੰਗ ਆਪਣੇ-ਆਪ ਘਟ ਜਾਵੇਗੀ। ਜਦੋਂ ਕਿਸੇ ਪਦਾਰਥ ਦੀ ਵਿਕਰੀ ਅਤੇ ਲਾਗਤ ਘਟ ਜਾਂਦੀ ਹੈ, ਤਾਂ ਉਤਪਾਦਕ ਅਤੇ ਵਪਾਰੀ ਵੀ ਇਸ ਨੂੰ ਬਣਾਉਣ ਅਤੇ ਵੇਚਣ ਵਿੱਚ ਦਿਲਚਸਪੀ ਗੁਆ ਬੈਠਦੇ ਹਨ। ਅਜਿਹੀ ਸਥਿਤੀ ਵਿੱਚ ਸਰਕਾਰਾਂ ਨੂੰ ਵੀ ਇਸ ਪ੍ਰਤੀ ਗੰਭੀਰਤਾ ਨਾਲ ਸੋਚਣਾ ਪਵੇਗਾ। ਸਰਕਾਰਾਂ ਨੂੰ ਤੰਬਾਕੂ ਦੀ ਥਾਂ ਵਧੇਰੇ ਸਿਹਤਮੰਦ ਅਤੇ ਟਿਕਾਊ ਉਤਪਾਦਾਂ ਦੀ ਪ੍ਰੋਡਕਸ਼ਨ ਵੱਲ ਧਿਆਨ ਦੇਣਾ ਚਾਹੀਦਾ ਹੈ, ਜੋ ਨਾ ਸਿਰਫ਼ ਦੇਸ਼ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ, ਸਗੋਂ ਨਾਗਰਿਕਾਂ ਦੀ ਸਿਹਤ ਦੀ ਰਾਖੀ ਵੀ ਕਰ ਸਕਣ।

ਸਰਕਾਰਾਂ ਨੂੰ ਵੀ ਆਪਣੀ ਨੀਤੀਆਂ ਵਿੱਚ ਸੁਧਾਰ ਕਰਦੇ ਹੋਏ ਵਿੱਤੀ ਲਾਭ ਦੀ ਬਜਾਏ ਨਾਗਰਿਕਾਂ ਦੀ ਜਾਨ ਨੂੰ ਪਹਿਲ ਦੇਣੀ ਚਾਹੀਦੀ ਹੈ। ਸਿਰਫ਼ ਇਸ ਤਰ੍ਹਾਂ ਹੀ ਅਸੀਂ ਇੱਕ ਸਿਹਤਮੰਦ ਅਤੇ ਤੰਬਾਕੂ-ਮੁਕਤ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।

**# ਸੰਪਰਕ : 70098-07121**

19-AUG-PAGE-5.qxd 8/18/2025 9:40 PM Page 1



# ਆਮ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਕਾਮਰੇਡਾਂ ਵੱਲੋਂ ਡੀ ਐੱਸ ਪੀ ਦਫ਼ਤਰ ਅੱਗੇ ਧਰਨਾ

**ਡੀ ਐੱਸ ਪੀ ਸੱਤਾ ਧਿਰ ਦਾ ਹੱਥ ਠੋਕਾ ਬਣਿਆ : ਢੰਡੀਆਂ, ਨਰਿੰਦਰ ਢਾਬਾਂ**



**ਜਲਾਲਾਬਾਦ (ਪਰਮਜੀਤ ਢਾਬਾਂ)**

ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਤੇ ਜਨਤਕ ਜਥੇਬੰਦੀਆਂ ਵੱਲੋਂ ਆਮ ਲੋਕਾਂ ਨੂੰ ਇਨਸਾਫ ਦਵਾਉਣ ਲਈ ਡੀ ਐੱਸ ਪੀ ਜਲਾਲਾਬਾਦ ਦਫਤਰ ਸਾਹਮਣੇ ਧਰਨਾ ਦੇ ਕੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ।ਇਸ ਤੋਂ ਪਹਿਲਾਂ ਸਥਾਨਕ ਸੁਤੰਤਰ ਭਵਨ ਦਫਤਰ ਸੀ ਪੀ ਆਈ ਵਿਖੇ ਕਾਮਰੇਡ ਪਾਰਟੀ ਕਾਰਕੁੰਨ ਤੇ ਆਮ ਲੋਕ ਇਕੱਠੇ ਹੋਏ।ਉਪਰੰਤ ਸ਼ਹਿਰ ਦੇ ਬਾਜ਼ਾਰਾਂ ਵਿੱਚ ਡੀ ਐੱਸ ਪੀ ਦੇ ਪੁਤਲੇ ਨੂੰ ਘੁਮਾ ਕੇ ਡੀ ਐੱਸ ਪੀ ਦਫ਼ਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਕਾਮਰੇਡ ਕ੍ਰਿਸ਼ਨ ਧਰਮੂਵਾਲਾ, ਕਾਮਰੇਡ ਤੇਜਾ ਸਿੰਘ ਅਮੀਰ ਖਾਸ, ਬਲਵਿੰਦਰ ਮਾਹਲਮ, ਸੰਦੀਪ ਜੋਧਾਂ, ਸੋਨਾ ਧੁਨਕਿਆਂ, ਰਮੇਸ਼ ਪੀਰ ਮੁਹੰਮਦ, ਕਰਨੈਲ ਬੱਗੇ ਕੇ ਤੇ ਪੰਮਾ ਥਾਰੇਵਾਲਾ ਨੇ ਕੀਤੀ।

ਇਸ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਹਾਜ਼ਰ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਆਗੂ ਕਾਮਰੇਡ ਸੁਰਿੰਦਰ ਢੰਡੀਆਂ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ ਨੇ ਦੱਸਿਆ ਪਿਛਲੇ ਲੰਬੇ ਸਮੇਂ ਤੋਂ ਥਾਣਾ ਚੱਕ ਵੈਰੋਕਾ, ਸਥਾਨਕ ਥਾਣਾ ਸਿਟੀ, ਥਾਣਾ ਸਦਰ ਜਲਾਲਾਬਾਦ ਦੇ ਆਮ ਲੋਕਾਂ ਨੂੰ ਇਨਸਾਫ ਲੈਣ ਲਈ ਇਨ੍ਹਾਂ ਥਾਣਿਆਂ ਦੇ ਚੱਕਰ ਕੱਟਣੇ ਪੈ ਰਹੇ ਹਨ।ਇਨਸਾਫ ਲੈਣ ਦੀ ਬਜਾਏ ਉਲਟਾ ਖੁਦ ਥਾਣਿਆਂ ਵਿੱਚ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।ਆਗੂਆਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਐਲਾਨ ਕੀਤਾ ਸੀ ਕਿ ਆਮ ਆਦਮੀ ਦੀ ਸਰਕਾਰ ਵਿੱਚ ਆਮ ਲੋਕਾਂ ਨੂੰ ਖੱਜਲ ਖੁਆਰ ਨਹੀਂ ਹੋਣਾ ਪਵੇਗਾ, ਪ੍ਰੰਤੂ ਜਲਾਲਾਬਾਦ ਸਬ ਡਵੀਜ਼ਨ ਅਧੀਨ ਆਉਂਦੇ ਥਾਣਿਆਂ ਅੰਦਰ ਰਿਸ਼ਤਖੋਰੀ ਦੀ ਲੁੱਟ ਮੱਚੀ ਹੋਈ ਹੈ ਅਤੇ ਆਮ ਲੋਕਾਂ ਨੂੰ ਇਨਸਾਫ ਮਿਲਣਾ ਤਾਂ ਦੂਰ ਦੀ ਗੱਲ, ਸਗੋਂ ਇਨ੍ਹਾਂ ਦੀ ਆਰਥਿਕ ਲੁੱਟ ਕੀਤੀ ਜਾ ਰਹੀ ਹੈ। ਉਨ੍ਹਾਂ ਡੀ ਐੱਸ ਪੀ ਜਲਾਲਾਬਾਦ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਉਹ ਆਮ ਲੋਕਾਂ ਦਾ ਵੀ ਅਫਸਰ ਹੈ ਨਾ ਕਿ ਸਿਰਫ ਸੱਤਾਧਾਰੀ ਧਿਰ ਦਾ ਅਫਸਰ।ਉਨ੍ਹਾਂ ਕਿਹਾ ਕਿ ਡੀ ਐੱਸ ਪੀ ਜਲਾਲਾਬਾਦ ਨੂੰ ਸਿਰਫ ਸੱਤਾ ਧਿਰ ਦਾ ਹੱਥ ਠੋਕਾ ਬਣ ਕੇ ਕੰਮ ਨਹੀਂ ਕਰਨਾ ਚਾਹੀਦਾ।

ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਵੱਲੋਂ ਉਠਾਏ ਗਏ ਆਮ ਲੋਕਾਂ ਦੇ ਜਾਇਜ਼ ਮਸਲਿਆਂ ਨੂੰ ਤੁਰੰਤ ਹੱਲ ਨਾ ਕੀਤਾ ਗਿਆ, ਤਾਂ ਇਹ ਪ੍ਰਦਰਸ਼ਨ ਜ਼ਿਲ੍ਹਾ ਪੱਧਰ 'ਤੇ ਕੀਤੇ ਜਾਣਗੇ।ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਬਲਵਿੰਦਰ ਢਾਬਾਂ, ਬਿੰਦਰ ਸੁਰਘੁਰੀ, ਸ਼ਰਮਾ ਢੰਡੀਆਂ ਵੀ ਹਾਜ਼ਰ ਸਨ।

# ਕਾਰਡਨ ਐਂਡ ਸਰਚ ਆਪਰੇਸ਼ਨ ਦੌਰਾਨ ਦੋ ਸ਼ੱਕੀ ਕਾਬੂ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਮਾਲੇਰਕੋਟਲਾ ਜ਼ਿਲ੍ਹੇ ਵਿੱਚ ਪੁਲਸ ਵੱਲੋਂ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਲਈ ਵੱਡੀ ਕਾਰਵਾਈ ਅੰਜਾਮ ਦਿੱਤੀ ਗਈ।

ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਦੀ ਨਿਗਰਾਨੀ ਹੇਠ, ਕਪਤਾਨ ਪੁਲਸ ਇੰਵੈਸਟੀਗੇਸ਼ਨ ਸਤਪਾਲ ਸ਼ਰਮਾ ਤੇ ਕਪਤਾਨ ਪੁਲਸ ਹੈੱਡਕੁਆਰਟਰ ਗੁਰਸ਼ਰਨਜੀਤ ਸਿੰਘ ਦੀ ਦੇਖ-ਰੇਖ ਹੇਠ ਸਬ ਡਵੀਜ਼ਨ ਅਹਿਮਦਗੜ੍ਹ ਤੇ ਮਾਲੇਰਕੋਟਲਾ ਵਿੱਚ ਭਾਰੀ ਪੁਲਸ ਫੋਰਸ ਸਮੇਤ ਕਾਰਡਨ ਐਂਡ ਸਰਚ ਆਪਰੇਸ਼ਨ ਚਲਾਇਆ ਗਿਆ। ਇਸ ਸਰਚ ਆਪ੍ਰੇਸ਼ਨ ਅਭਿਆਨ ਦੌਰਾਨ ਨਸ਼ਿਆਂ ਦੀ ਤਸਕਰੀ ਦੇ ਦੋਸ਼ਾਂ ਵਿੱਚ ਸ਼ਾਮਲ ਵਿਅਕਤੀਆਂ, ਜਮਾਨਤ 'ਤੇ ਛੁੱਟੇ ਦੋਸ਼ੀਆਂ ਤੇ ਸ਼ੱਕੀ ਸਮੱਗਲਰਾਂ ਦੇ ਘਰਾਂ ਵਿੱਚ ਸਖਤ ਚੈਕਿੰਗ ਤੇ ਰੇਡ ਕੀਤੇ ਗਏ। ਵਿਸ਼ੇਸ਼ ਤੌਰ 'ਤੇ ਮੁਹੱਲਾ ਭੂਮਸੀ ਵਿੱਚ ਆਮ ਜਨਤਾ ਦੇ ਸਹਿਯੋਗ ਨਾਲ ਗਹਿਰਾਈ ਵਾਲੀ ਚੈਕਿੰਗ ਕੀਤੀ ਗਈ। ਇਸ ਕਾਰਵਾਈ ਦੌਰਾਨ 02 ਸ਼ੱਕੀ ਵਿਅਕਤੀਆਂ ਨੂੰ ਕਾਬੂ ਕਰਕੇ ਰਾਊਂਡ ਅੱਪ ਕੀਤਾ ਗਿਆ ਹੈ, ਜਿਨ੍ਹਾਂ ਤੋਂ ਡੂੰਘੀ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਮੌਕੇ ਮਾਲੇਰਕੋਟਲਾ ਨਿਵਾਸੀਆਂ ਵੱਲੋਂ ਪੁਲਸ ਦੇ ਕੰਮ ਦੀ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਲੋਕਾਂ ਨੇ ਭਰੋਸਾ ਜਤਾਇਆ ਕਿ ਉਹ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਹਰ ਸੰਭਵ ਸਹਿਯੋਗ ਦੇਣਗੇ।



# ਘੱਗਰ 'ਚ ਪਾੜ ਪੈਣ ਕਾਰਨ ਪੁਲ ਟੁੱਟਣ ਕੰਢੇ, ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ

**ਪਾੜ ਨੂੰ ਤੁਰੰਤ ਪੂਰਨ ਦੇ ਸਖ਼ਤ ਆਦੇਸ਼ ਦਿੱਤੇ ਜਾ ਚੁੱਕੇ ਹਨ : ਪਠਾਣਮਾਜਰਾ**



**ਸਨੌਰ (ਰਾਜਿੰਦਰ ਸਿੰਘ ਥਿੰਦ)**

ਵਿਧਾਨ ਸਭਾ ਹਲਕਾ ਸਨੌਰ ਅਧੀਨ ਪੈਂਦੇ ਬਲਾਕ ਭੁਨਰਹੇੜੀ ਅਧੀਨ ਪੈਂਦੇ ਪਿੰਡ ਸਿਰਕੱਪੜਾ ਵਿਖੇ ਕਾਰਸੇਵਾ ਵਾਲੇ ਬਾਬਿਆਂ ਤੇ ਇਲਾਕੇ ਦੇ ਲੋਕਾਂ ਵੱਲੋਂ ਉਸ ਸਮੇਂ ਦੇ ਪਿੰਡ ਦੇ ਸਰਪੰਚ ਭੋਲਾ ਸਿੰਘ ਦੀ ਅਗਵਾਈ ਹੇਠ ਕਾਰਸੇਵਾ ਵਾਲੇ ਬਾਬਿਆਂ ਵੱਲੋਂ ਸਰਕਾਰ ਦੇ ਸਹਿਯੋਗ ਤੋਂ ਬਗੈਰ ਪਿੰਡ ਸਿਰਕੱਪੜਾ ਨਜ਼ਦੀਕ ਲੰਘ ਰਹੇ ਘੱਗਰ ਦਰਿਆ ਉਤੇ 1995 ਵਿੱਚ ਜੋ ਪੁਲ ਬਣਾਇਆ ਗਿਆ ਸੀ, ਉਸ ਦੇ ਨਜ਼ਦੀਕ ਘੱਗਰ ਵਿੱਚ ਪਾੜ ਪੈ ਜਾਣ ਕਾਰਨ ਜਿੱਥੇ ਇਥੋਂ ਲੰਘ ਰਹੀ ਸੜਕ ਧੱਸ ਰਹੀ ਹੈ, ਉਥੇ ਇਸ ਪੁਲ ਨੂੰ ਵੀ ਗੰਭੀਰ ਖਤਰਾ ਪੈਦਾ ਹੋ ਰਿਹਾ ਹੈ, ਪ੍ਰੰਤੂ ਪ੍ਰਸ਼ਾਸਨ ਸਾਰਾ ਕੁੱਝ ਜਾਣਦੇ ਹੋਏ ਵੀ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ।ਇਸ ਪਾੜ ਨੂੰ ਪੂਰਨ ਲਈ ਪ੍ਰਸ਼ਾਸਨ, ਮੰਡੀ ਬੋਰਡ ਤੇ ਡਰੇਨਜ਼ ਵਿਭਾਗ ਸੰਜੀਦਾ ਨਹੀਂ ਹੈ।ਸਗੋਂ ਇਹ ਸਾਰੇ ਇੱਕ ਦੂਸਰੇ 'ਤੇ ਹੀ ਦੋਸ਼ ਮੜ੍ਹਨ ਲੱਗੇ ਹੋਏ ਹਨ ਅਤੇ ਕੋਈ ਵੀ ਵਿਭਾਗ ਜ਼ਿੰਮੇਵਾਰੀ ਲੈਣ ਨੂੰ ਤਿਆਰ ਹੀ ਨਹੀਂ ਹੈ।

ਮੌਕੇ 'ਤੇ ਇਕੱਠੀ ਕੀਤੀ ਜਾਣਕਾਰੀ ਅਨੁਸਾਰ ਇਸ ਪਿੰਡ ਦੇ ਨਜ਼ਦੀਕ ਲੰਘ ਰਹੇ ਘੱਗਰ ਉਤੇ ਜੋ ਪੁਲ ਬਣਿਆ ਹੋਇਆ ਹੈ, ਉਸ ਦੇ ਪੱਛਮ ਵਾਲੇ ਪਾਸੇ ਕਿਨਾਰੇ ਵਿੱਚ ਵੱਡਾ ਪਾੜ ਪੈ ਗਿਆ ਹੈ।ਇਥੋਂ ਲੰਘ ਰਹੀ ਸੜਕ ਘੱਗਰ ਵਿੱਚ ਧਸਦੀ ਜਾ ਰਹੀ ਹੈ, ਜੇਕਰ ਇਸ ਪਾੜ ਨੂੰ ਜਲਦ ਨਾ ਪੂਰਿਆ ਗਿਆ ਤਾਂ ਲੋਕਾਂ ਵੱਲੋਂ ਆਪਣੇ ਪੱਧਰ 'ਤੇ ਬਣਾਏ ਇਸ ਪੁਲ ਤੇ ਸੜਕ ਨੂੰ ਭਾਰੀ ਨੁਕਸਾਨ ਪਹੁੰਚ ਸਕਦਾ ਹੈ ਅਤੇ ਜਿੱਥੇ ਇਸ ਪੁਲ ਤੋਂ ਆਵਾਜਾਈ ਵੀ ਬੰਦ ਹੋ ਸਕਦੀ ਹੈ, ਜਿਸ ਕਾਰਨ ਇਸ ਪੁਲ ਤੋਂ ਲੰਘਣ ਵਾਲੇ ਦੋ ਦਰਜਨ ਪਿੰਡਾਂ ਦੇ ਵਸਨੀਕਾਂ ਲਈ ਆਵਾਜਾਈ ਦੀ ਮੁਸੀਬਤ ਪੈਦਾ ਹੋ ਸਕਦੀ ਹੈ, ਉਥੇ ਕਰੋੜਾਂ ਦਾ ਨੁਕਸਾਨ ਹੋ ਸਕਦਾ ਹੈ।ਪੁਲ ਹੇਠਾਂ ਜੋ ਪਿੱਲਰ ਬਣੇ ਹੋਏ ਹਨ, ਦੇ ਨਾਲ ਲੱਗੇ ਪੱਥਰ ਜਾਲ ਟੁੱਟਣ ਕਾਰਨ ਪਿਛਲੇ ਇਕ ਸਾਲ ਪਹਿਲਾਂ ਤੋਂ ਪਾਣੀ ਵਿੱਚ ਰੁੜ੍ਹ ਗਏ ਹਨ ਤੇ ਪਿੱਲਰਾਂ ਲਾਗੇ ਮਿੱਟੀ ਦਰਿਆ ਦੇ ਪਾਣੀ ਵਿੱਚ ਰੁੜ੍ਹਨ ਕਾਰਨ 20-25 ਫੁੱਟ ਡੂੰਘੇ ਟੋਏ ਪੈ ਗਏ ਹਨ ਅਤੇ ਇਥੋਂ ਲੰਘਣ ਵਾਲੀ ਸੜਕ ਦਾ ਅੱਧਾ ਹਿੱਸਾ ਵੀ ਘੱਗਰ ਦਰਿਆ ਵਿੱਚ ਧਸ ਚੁੱਕਿਆ ਹੈ, ਜਿਸ ਕਾਰਨ ਪਿੱਲਰਾਂ ਨੂੰ ਭਾਰੀ ਨੁਕਸਾਨ ਪਹੁੰਚਣ ਕਾਰਨ ਪੁਲ ਟੁੱਟਣ ਦਾ ਖਤਰਾ ਪੈਦਾ ਹੋ ਗਿਆ ਹੈ।

ਜਦੋਂ ਪਿੰਡ ਦੇ ਸਰਪੰਚ ਗੁਰਪ੍ਰੀਤ ਗੋਲਡੀ ਨਾਲ ਪੁਲ ਸਬੰਧੀ ਗੱਲ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਪੁਲ ਵਿੱਚ ਪਏ ਇਸ ਪਾੜ ਨੂੰ ਪੂਰਨ ਲਈ ਹਲਕੇ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੇ ਧਿਆਨ ਵਿੱਚ ਇਹ ਮਾਮਲਾ ਲਿਆਂਦਾ ਗਿਆ ਹੈ।ਉਨ੍ਹਾਂ ਕਿਹਾ ਕਿ ਵਿਧਾਇਕ ਤੇ ਵੱਖ ਵੱਖ ਵਿਭਾਗਾਂ ਵੱਲੋਂ ਇਹ ਪਾੜ ਜਲਦ ਪੂਰਨ ਦਾ ਭਰੋਸਾ ਦਿੱਤਾ ਗਿਆ ਹੈ।

ਇਸ ਸਬੰਧੀ ਜਦੋਂ ਹਲਕੇ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਹ ਸਾਰਾ ਮਾਮਲਾ ਉਨ੍ਹਾਂ ਵੱਲੋਂ ਸਰਕਾਰ-ਪ੍ਰਸ਼ਾਸਨ ਤੇ ਸਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਇਸ ਪਾੜ ਨੂੰ ਤੁਰੰਤ ਪੂਰਨ ਦੇ ਸਖਤ ਆਦੇਸ਼ ਦਿੱਤੇ ਜਾ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਮੰਡੀ ਬੋਰਡ, ਡਰੇਨਜ਼ ਵਿਭਾਗ ਤੇ ਨਰੇਗਾ ਦੇ ਅਧਿਕਾਰੀ ਤੇ ਕਰਮਚਾਰੀ ਮਿਲ ਕੇ ਇਸ ਪਾੜ ਨੂੰ ਜਲਦ ਪੂਰਾ ਕਰ ਦੇਣਗੇ ਅਤੇ ਪੁਲ ਨੂੰ ਹੋਣ ਵਾਲੇ ਨੁਕਸਾਨ ਤੋਂ ਬਚਾਇਆ ਜਾਵੇਗਾ।ਇਸ ਸੰਬੰਧੀ ਯੋਗ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਚੁੱਕੀ ਹੈ।

## ਕਾਤਰਾਂ

### ਸ਼ਾਨਵੀਰ ਨੇ ਰਾਜ ਪੱਧਰੀ ਤਾਇਕਵਾਂਡੋ ਮੁਕਾਬਲੇ 'ਚ ਸਿਲਵਰ ਮੈਡਲ ਜਿੱਤਿਆ

**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਬਾਰਵੀਂ ਜਮਾਤ ਦੇ ਵਿਦਿਆਰਥੀ ਸ਼ਾਨਵੀਰ ਸਿੰਘ ਨੇ ਰਾਜ ਪੱਧਰੀ ਤਾਇਕਵਾਂਡੋ 2025 ਮੁਕਾਬਲੇ ਵਿੱਚ ਅੰਡਰ-19 ਸ਼੍ਰੇਣੀ ਵਿੱਚ ਦੂਜਾ ਸਥਾਨ ਹਾਸਲ ਕਰਦੇ ਹੋਏ ਸਿਲਵਰ ਮੈਡਲ ਜਿੱਤ ਕੇ ਆਪਣੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਇਹ ਮੁਕਾਬਲਾ 16 ਅਗਸਤ 2025 ਨੂੰ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਕੀਤਾ ਗਿਆ ਸੀ।ਇਸ ਰਾਜ ਪੱਧਰੀ ਟੂਰਨਾਮੈਂਟ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ ਤੇ ਅਕੈਡਮੀਆਂ ਤੋਂ ਆਏ ਵਿਦਿਆਰਥੀਆਂ ਨੇ ਭਾਗ ਲਿਆ।ਸ਼ਾਨਵੀਰ ਸਿੰਘ ਦੀ ਇਸ ਕਾਮਯਾਬੀ ਦੇ ਪਿੱਛੇ ਉਸ ਦੀ ਮਿਹਨਤ, ਦ੍ਰਿੜ੍ਹ ਨਿਸ਼ਚਾ ਤੇ ਕੋਚ ਹਰਦੀਪ ਕੁਮਾਰ ਦੀ ਮਿਹਨਤ ਸ਼ਾਮਲ ਹੈ।ਸਕੂਲ ਦੇ ਨਿਰਦੇਸ਼ਕ ਸਰਦਾਰ ਭੁਪਿੰਦਰ ਸਿੰਘ, ਪ੍ਰਧਾਨ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੱਕੜ ਤੇ ਤਾਇਕਵਾਂਡੋ ਕੋਚ ਹਰਦੀਪ ਕੁਮਾਰ ਨੇ ਸ਼ਾਨਵੀਰ ਸਿੰਘ ਨੂੰ ਇਨ੍ਹਾਂ ਉਪਲਬਧੀਆਂ ਲਈ ਵਧਾਈਆਂ ਦਿੱਤੀਆਂ ਤੇ ਭਵਿੱਖ ਵਿੱਚ ਹੋਣ ਵਾਲੀਆਂ ਰਾਸ਼ਟਰੀ ਪੱਧਰੀ ਖੇਡਾਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

### ਅੱਜ ਬਿਜਲੀ ਬੰਦ ਰਹੇਗੀ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪਾਵਰਕਾਮ ਉੱਪ ਮੰਡਲ ਸ਼ਹਿਰੀ ਧੂਰੀ ਦੇ ਐੱਸ.ਡੀ.ਓ. ਗੁਰਦੀਪਇੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਡਿਊਲ ਰੋਡ ਦੇ ਨਿਰਮਾਣ ਲਈ ਪੋਲ ਸ਼ਿਫਟਿੰਗ ਦਾ ਕੰਮ ਕਰਨ ਲਈ 66 ਕੇਵੀ ਗਰਿੱਡ ਧੂਰੀ ਤੋਂ ਲੈ ਕੇ ਸ੍ਰੀ ਮਹਾਵੀਰ ਮੰਦਰ ਤੱਕ 11 ਕੇਵੀ ਗਊਸ਼ਾਲਾ ਫੀਡਰ ਦੀ ਸਪਲਾਈ 19 ਅਗਸਤ ਮੰਗਲਵਾਰ ਨੂੰ ਸਵੇਰੇ 09.00 ਵਜੇ ਤੋਂ ਸ਼ਾਮ 5.00 ਵਜੇ ਤੱਕ ਬੰਦ ਰਹੇਗੀ।

### ਵੈਦ ਬਾਬਾ ਮਹਿੰਦਰ ਸਿੰਘ ਨਿਹੰਗ ਸਿੰਘ ਤਾਰੂਆਣਾ ਦੇ ਜਾਣ 'ਤੇ ਦੁੱਖ ਪ੍ਰਗਟ

**ਸਿਰਸਾ (ਸੁਰਿੰਦਰ ਪਾਲ ਸਿੰਘ)** ਪਿੰਡ ਤਾਰੂਆਣਾ ਦੇ ਡੇਰਾ ਬਾਬਾ ਸਰਬ ਦਿਆਲ ਦੇ ਮੁੱਖ ਸੇਵਾਦਾਰ 96 ਕਰੋੜੀ ਬਾਬਾ ਮਹਿੰਦਰ ਸਿੰਘ ਨਿਹੰਗ ਸਿੰਘ ਦੇ ਅਕਾਲ ਚਲਾਣੇ ਤੇ ਕਾਲਾਂਵਾਲੀ ਖੇਤਰ ਦੀਆਂ ਧਾਰਮਿਕ, ਰਾਜਨੀਤਿਕ ਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ ਨੇ ਗਹਿਰੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ। ਗੁਰਦੁਆਰਾ ਡੇਰਾ ਬਾਬਾ ਸਰਬ ਦਿਆਲ ਦੇ ਹੈੱਡ ਗ੍ਰੰਥੀ ਬਾਬਾ ਬਲਤੇਜ ਸਿੰਘ ਤੇ ਕਮੇਟੀ ਮੈਂਬਰ ਬਲਕਰਨ ਸਿੰਘ ਨੇ ਦੱਸਿਆ ਕਿ ਬਾਬਾ ਮਹਿੰਦਰ ਸਿੰਘ ਜਿੱਥੇ ਧਾਰਮਿਕ ਛੰਦਾਬੰਦੀ ਵਿਚ ਨਿਪੁੰਨ ਸਨ, ਉਥੇ ਹੀ ਉਹ ਦੇਸੀ ਦਵਾਈਆਂ ਦੇ ਮਾਹਰ ਵੈਦ ਵੀ ਸਨ। ਉਨ੍ਹਾਂ ਦੱਸਿਆ ਕਿ ਬਾਬਾ ਮਹਿੰਦਰ ਸਿੰਘ ਦੀ ਅਗਵਾਈ 'ਚ ਗੁਰੂਘਰ ਦੇ ਲੰਗਰ ਹਾਲ ਸਮੇਤ ਦਰਵਾਰ ਸਾਹਿਬ ਦੀ ਸੁੰਦਰ ਇਮਾਰਤ ਦਾ ਨਿਰਮਾਣ ਵੀ ਕੀਤਾ ਗਿਆ ਹੈ। ਪਿੰਡ ਤਾਰੂਆਣਾ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਬਲਕਰਨ ਸਿੰਘ, ਜਸਵਿੰਦਰ ਸਿੰਘ, ਲਾਲ ਸਿੰਘ, ਸਾਬਕਾ ਸਰਪੰਚ ਦਰਸ਼ਨ ਸਿੰਘ ਕੇਹਰ ਸਿੰਘ ਤੇ ਕਾਕਾ ਸਿੰਘ ਸੇਵਾਦਾਰ ਨੇ ਦੱਸਿਆ ਕਿ ਬਾਬਾ ਮਹਿੰਦਰ ਸਿੰਘ ਦੀ ਯਾਦ 'ਚ ਭਲਕੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਤੇ 22 ਅਗਸਤ ਨੂੰ ਡੇਰਾ ਬਾਬਾ ਸਰਬ ਦਿਆਲ ਪਿੰਡ ਤਾਰੂਆਣਾ ਵਿਖੇ ਬਾਬਾ ਜੀ ਦੀ ਯਾਦ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।

# ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਵੱਲੋਂ ਜ਼ਿਲ੍ਹਾ ਸਕੱਤਰੇਤ ਵਿਖੇ ਰੈਲੀ ਤੇ ਪ੍ਰਦਰਸ਼ਨ

**ਡੀ ਸੀ ਨੇ ਖ਼ੁਦ ਮੰਗ ਪੱਤਰ ਲੈ ਕੇ ਖਤਮ ਕਰਵਾਇਆ ਸਕੱਤਰੇਤ ਦਾ ਘਿਰਾਓ**



**ਮਾਨਸਾ (ਆਤਮਾ ਸਿੰਘ ਪਮਾਰ)**

ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਜ਼ਿਲ੍ਹਾ ਇਕਾਈ ਮਾਨਸਾ, ਮਨਰੇਗਾ ਮੇਟ ਯੂਨੀਅਨ ਤੇ ਏਕਟੂ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਕੰਪਲੈਕਸ ਵਿੱਚ ਮਨਰੇਗਾ ਸਕੀਮ ਨਾਲ ਸਬੰਧਤ ਮਜ਼ਦੂਰਾਂ ਦੀਆਂ ਮੰਗਾਂ ਤੇ ਸਮੱਸਿਆਵਾਂ ਨੂੰ ਲੈ ਕੇ ਸੈਂਕੜੇ ਮਜ਼ਦੂਰ, ਮਰਦ ਔਰਤਾਂ ਦੀ ਹਾਜ਼ਰੀ ਵਾਲੀ ਇਕ ਰੋਹ ਭਰਪੂਰ ਰੈਲੀ ਕਰਨ ਉਪਰੰਤ ਜ਼ਿਲ੍ਹਾ ਸਕੱਤਰੇਤ ਦਾ ਘਿਰਾਓ ਵੀ ਕੀਤਾ।ਅੰਤ ਡਿਪਟੀ ਕਮਿਸ਼ਨਰ ਸ੍. ਕੁਲਵੰਤ ਸਿੰਘ ਵੱਲੋਂ ਖੁਦ ਗੇਟ 'ਤੇ ਆ ਕੇ ਮੰਗ ਪੱਤਰ ਲੈਣ ਤੇ ਮੰਗਾਂ ਬਾਰੇ ਤੁਰੰਤ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦੇਣ ਤੇ ਘਿਰਾਓ ਖਤਮ ਕੀਤਾ ਗਿਆ।

ਰੈਲੀ ਤੇ ਘਿਰਾਓ ਨੂੰ ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬਲਵਿੰਦਰ ਸਿੰਘ ਘਰਾਂਗਣਾਂ, ਸੀਨੀਅਰ ਆਗੂ ਗੁਰਸੇਵਕ ਸਿੰਘ ਮਾਨ, ਭੋਲਾ ਸਿੰਘ ਗੁੜੱਦੀ, ਤਰਸੇਮ ਸਿੰਘ ਖਾਲਸਾ ਬਹਾਦਰਪੁਰ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਸੀਨੀਅਰ ਆਗੂ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਨੇ ਸੰਬੋਧਨ ਕੀਤਾ।ਆਗੂਆਂ ਦਾ ਕਹਿਣਾ ਸੀ ਕਿ ਮੋਦੀ ਸਰਕਾਰ ਨੇ ਕਦੇ ਵੀ ਪੇਂਡੂ ਮਜ਼ਦੂਰਾਂ ਵਿੱਚ ਮੌਜੂਦ ਵਿਆਪਕ ਬੇਰੁਜ਼ਗਾਰੀ ਦੇ ਮੱਦੇਨਜ਼ਰ ਲੱਖਾਂ ਮਜ਼ਦੂਰ ਪਰਵਾਰਾਂ ਨੂੰ ਥੋੜ੍ਹੀ ਬਹੁਤੀ ਰਾਹਤ ਦੇਣ ਵਾਲੀ ਮਨਰੇਗਾ ਸਕੀਮ ਨੂੰ ਦਿਲੋਂ ਕਦੇ ਵੀ ਪਸੰਦ ਨਹੀਂ ਕੀਤਾ, ਇਸ ਲਈ ਮਨਰੇਗਾ ਤਹਿਤ ਰੁਜ਼ਗਾਰ ਮੰਗਣ ਵਾਲਿਆਂ ਦੀ ਲਗਾਤਾਰ ਵੱਧਦੀ ਗਿਣਤੀ ਤੇ ਵਧਦੀ ਮਹਿੰਗਾਈ ਦੇ ਮੱਦੇਨਜ਼ਰ ਇਸ ਸਕੀਮ ਦੇ ਬਜਟ ਵਿੱਚ ਬਣਦਾ ਵਾਧਾ ਕਰਨ ਦੀ ਬਜਾਏ, ਅਮਲੀ ਤੌਰ 'ਤੇ ਕੇਂਦਰ ਬਜਟ ਵਿੱਚ ਕਟੌਤੀ ਕੀਤੀ ਜਾ ਰਹੀ ਹੈ। ਬੁਲਾਰਿਆਂ ਨੇ ਕਿਹਾ ਕਿ ਜਿਵੇਂ ਕੇਂਦਰ ਦੀ ਬੀਜੇਪੀ ਸਰਕਾਰ ਦੇ ਇਸ਼ਾਰੇ 'ਤੇ ਚੋਣ ਕਮਿਸ਼ਨ ਵੱਲੋਂ ਬਿਹਾਰ ਵਿੱਚ ਅਪਣੇ ਪਰਵਾਰ ਪਾਲਣ ਲਈ ਸੂਬੇ ਤੋਂ ਬਾਹਰ ਕੰਮ ਕਰਦੇ ਪੈਂਤੀ ਲੱਖ ਮਜ਼ਦੂਰਾਂ ਦੀਆਂ ਵੋਟਾਂ ਕੱਟਣ ਦਿੱਤੀਆਂ ਗਈਆਂ ਹਨ ਜਾਂ 22 ਲੱਖ ਗਰੀਬਾਂ ਨੂੰ ਜਿਊਂਦੇ ਜੀਅ ਹੀ ਮਰਿਆ ਕਰਾਰ ਦਿੱਤਾ ਗਿਆ ਹੈ, ਉਵੇਂ ਹੀ ਭਗਵੰਤ ਮਾਨ ਸਰਕਾਰ ਲੈਂਡ ਪੂਲਿੰਗ ਸਕੀਮ ਦੇ ਨਾਂ 'ਤੇ ਪੰਜਾਬ ਦੇ ਅਨੇਕਾਂ ਪਿੰਡਾਂ ਦੀਆਂ ਜ਼ਮੀਨਾਂ ਹੜੱਪ ਕੇ ਲੱਖਾਂ ਬੇਜ਼ਮੀਨੇ ਮਜ਼ਦੂਰਾਂ ਨੂੰ ਬਿਨਾਂ ਕਿਸੇ ਮੁਆਵਜ਼ੇ ਜਾਂ ਮੁੜ ਵਸੇਬੇ ਤੋਂ ਪਿੰਡਾਂ ਤੋਂ ਉਜਾੜ ਦੇਣ ਦੀ ਸਾਜ਼ਿਸ਼ ਰਚ ਰਹੀ ਸੀ, ਜਿਸ ਨੂੰ ਕਿਸਾਨ ਮਜ਼ਦੂਰ ਸੰਘਰਸ਼ ਦੇ ਬਲ 'ਤੇ ਰੱਦ ਕਰਵਾਇਆ ਗਿਆ ਹੈ।ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ, ਬੀਕੇਯੂ (ਕ੍ਰਾਂਤੀਕਾਰੀ) ਦੇ ਜ਼ਿਲ੍ਹਾ ਆਗੂ ਹਰਚਰਨ ਸਿੰਘ ਰਾਏਕੋਟ ਤੇ ਬੀਕੇਯੂ (ਡਕੌਂਦਾ) ਬੁਰਜਗਿੱਲ ਦੇ ਜ਼ਿਲ੍ਹਾ ਆਗੂ ਸੁਖਵਿੰਦਰ ਸਿੰਘ ਸੱਦਾ ਸਿੰਘ ਵਾਲਾ ਨੇ ਮਜ਼ਦੂਰਾਂ ਦੇ ਇਸ ਹੱਕੀ ਸੰਘਰਸ਼ ਦੀ ਡੱਟਵੀਂ ਹਮਾਇਤ ਦਾ ਐਲਾਨ ਕੀਤਾ।ਰੈਲੀ ਨੂੰ ਅੰਮ੍ਰਿਤ ਪਾਲ ਕੌਰ, ਰਾਜ ਸਿੰਘ ਉੱਭਾ, ਰਣਜੀਤ ਸਿੰਘ ਅਕਲੀਆ, ਦੋਧੀ ਯੂਨੀਅਨ ਦੇ ਪ੍ਰਧਾਨ ਸਤਪਾਲ ਭੈਣੀ, ਆਇਸਾ ਦੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਰਾਮਾਨੰਦੀ, ਅੰਗਰੇਜ਼ ਸਿੰਘ ਘਰਾਂਗਣਾਂ ਨੇ ਵੀ ਸੰਬੋਧਨ ਕੀਤਾ।

# ਖਾੜਾ ਪਿੰਡ ਦੀ ਪੰਚਾਇਤ ਖਿਲਾਫ ਪਰਚੇ ਨੂੰ ਲੈ ਕੇ ਐੱਸ ਐੱਸ ਪੀ ਦਫਤਰ ਅੱਗੇ ਧਰਨਾ

**ਧਰਨਾਕਾਰੀਆਂ ਵੱਲੋਂ ਪੰਚਾਇਤ ਦੇ ਦੋਸ਼ੀਆਂ 'ਤੇ ਪਰਚਾ ਦਰਜ ਕਰਨ ਦੀ ਮੰਗ**



**ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ)**-ਮਿਸਾਲੀ ਸੰਘਰਸ਼ਾਂ ਦੀ ਧਰਤੀ ਬਣਿਆ ਪਿੰਡ ਅਖਾੜਾ ਦੇ ਮਰਦ ਔਰਤਾਂ ਨੇ ਸੋਮਵਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਅਗਵਾਈ 'ਚ ਜ਼ਿਲ੍ਹਾ ਪੁਲਸ ਮੁਖੀ ਦਿਹਾਤੀ ਲੁਧਿਆਣਾ ਦੇ ਦਫਤਰ ਮੂਹਰੇ ਵਿਸ਼ਾਲ ਰੋਸ ਧਰਨਾ ਦਿੱਤਾ।ਤਹਿਸੀਲ ਰੋਡ 'ਤੇ ਮੁਜ਼ਾਹਰਾ ਕਰਦਿਆਂ ਪਿੰਡ ਵਾਸੀਆਂ ਨੇ ਪੰਚਾਇਤ 'ਤੇ ਦਰਜ ਪਰਚਾ ਰੱਦ ਕਰੋ ਅਤੇ ਪਿੰਡ ਦੀ ਗਲੀ ਦੀ ਭੰਨਤੋੜ ਕਰਨ ਤੇ ਸਰਪੰਚ ਪਤੀ ਨੂੰ ਜਾਤੀ ਸੂਚਕ ਗਾਲੀ ਗਲੋਚ ਕਰਨ ਦੇ ਦੋਸ਼ੀਆਂ ਉੱਪਰ ਪੰਚਾਇਤ ਦੀ ਸ਼ਿਕਾਇਤ 'ਤੇ ਪਰਚਾ ਦਰਜ ਕਰੋ, ਦੀ ਮੰਗ ਦੇ ਨਾਅਰੇ ਗੂੰਜਾਉਂਦਿਆਂ ਰੋਸ ਧਰਨੇ 'ਚ ਭਾਗ ਲਿਆ।ਸੈਂਕੜੇ ਪ੍ਰਦਰਸ਼ਨਕਾਰੀਆਂ ਨੇ ਜ਼ਿਲ੍ਹਾ ਪੁਲਸ ਮੁਖੀ ਦੇ ਦਫਤਰ ਮੂਹਰੇ ਗੇਟ ਅੱਗੇ ਸੜਕ ਉੱਪਰ ਧਰਨਾ ਲਗਾਇਆ।

ਇਸ ਸਮੇਂ ਬੋਲਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਪਿੰਡ 'ਚ ਲੱਗਣ ਵਾਲੀ ਪਰ ਲੋਕਾਂ ਵੱਲੋਂ ਜ਼ਬਰਦਸਤ ਵਿਰੋਧ ਕਰਕੇ ਰੋਕ ਦਿੱਤੀ ਗਈ ਬਾਇਓ ਗੈਸ ਫੈਕਟਰੀ ਖਿਲਾਫ ਪਿੰਡ ਦੇ ਮਜ਼ਦੂਰਾਂ ਕਿਸਾਨਾਂ ਦੀ ਉਸਰੀ ਏਕਤਾ ਨੇ ਪਿੰਡ ਦੇ ਕੁੱਝ ਲੋਕ ਵਿਰੋਧੀ ਅਨਸਰਾਂ ਦੀ ਨੀਂਦ ਹਰਾਮ ਕਰ ਦਿੱਤੀ ਸੀ, ਜਿਸ ਕਾਰਨ ਇੱਕ ਝੂਠੀ ਕਹਾਣੀ ਘੜ ਕੇ ਲਗਭਗ ਸਾਰੀ ਪੰਚਾਇਤ ਉੱਪਰ ਸਾਜ਼ਿਸ਼ ਤਹਿਤ ਪਰਚਾ ਦਰਜ ਕਰਾ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਦੂਜੇ ਪਾਸੇ ਪੰਚਾਇਤ ਦੀ ਦੋਸ਼ੀ ਵਿਅਕਤੀਆਂ ਖਿਲਾਫ ਸ਼ਿਕਾਇਤ 'ਤੇ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ।ਉਨ੍ਹਾਂ ਦੱਸਿਆ ਕਿ ਅਸਲ 'ਚ ਖੁਦਕੁਸ਼ੀ ਕਰਨ ਵਾਲੇ ਵਿਅਕਤੀ ਦੇ ਮਰਨ ਦਾ ਕਾਰਨ ਘਰੇਲੂ ਕਲੇਸ਼ ਸੀ, ਪਰ ਪਿੰਡ ਦੇ ਕੁੱਝ ਗਲਤ ਅਨਸਰਾਂ ਨੇ ਇਸ ਨੂੰ ਗਲਤ ਰੰਗ ਦੇ ਕੇ ਪਿੰਡ 'ਚ ਦੁਫਾੜ ਪਾਉਣ ਦੀ ਅਸਫਲ ਕੋਸ਼ਿਸ਼ ਕੀਤੀ ਹੈ।ਪੰਚਾਇਤ ਯੂਨੀਅਨ ਪੰਜਾਬ ਦੇ ਪ੍ਰਧਾਨ ਸਰਾਜ ਸਿੰਘ ਸੰਧੂ (ਫਿਰੋਜ਼ਪੁਰ) ਨੇ ਕਿਹਾ ਕਿ ਪੰਚਾਇਤ ਨੇ ਪਿੰਡ 'ਚ ਕਿਸੇ ਵੀ ਗਲਤ ਕੰਮ ਦਾ ਨੋਟਿਸ ਲੈਣਾ ਹੀ ਹੁੰਦਾ ਹੈ ਤੇ ਇਹ ਉਸ ਦੀ ਸੰਵਿਧਾਨਕ ਡਿਊਟੀ ਹੈ।ਜੇਕਰ ਇਸ ਤਰ੍ਹਾਂ ਪੰਚਾਇਤਾਂ 'ਤੇ ਝੂਠੇ ਪਰਚੇ ਦਰਜ ਹੁੰਦੇ ਰਹੇ ਤਾਂ ਫਿਰ ਹਰ ਪਿੰਡ 'ਚ ਅਰਾਜਕਤਾ ਫੈਲੇਗੀ।ਪਿੰਡ ਦੀ ਪ੍ਰਾਇਮਰੀ ਪਾਰਲੀਮੈਂਟ ਪੰਚਾਇਤ 'ਤੇ ਦਰਜ ਝੂਠਾ ਪਰਚਾ ਰੱਦ ਨਾ ਹੋਣ ਦੀ ਸੂਰਤ 'ਚ ਪੰਚਾਇਤ ਯੂਨੀਅਨ ਅਖਾੜਾ ਵਾਸੀਆਂ ਦੇ ਹੱਕ 'ਚ ਸਾਰੇ ਪੰਜਾਬ 'ਚ ਸੰਘਰਸ਼ ਵਿਢੇਗੀ। ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਕੰਵਲਜੀਤ ਖੰਨਾ ਨੇ ਕਿਹਾ ਕਿ ਦੋਨੋਂ ਮੰਗਾਂ ਨਾ ਮੰਨੇ ਜਾਣ ਦੀ ਸੂਰਤ 'ਚ ਸੰਘਰਸ਼ ਨੂੰ ਨਵਾਂ ਰੂਪ ਦਿੱਤਾ ਜਾਵੇਗਾ। ਮੁਜ਼ਾਹਰੇ ਦੌਰਾਨ ਸੰਘਰਸ਼ਕਾਰੀਆਂ ਦੇ ਨੁਮਾਇੰਦਿਆਂ ਦੀ ਜ਼ਿਲ੍ਹਾ ਪੁਲਸ ਮੁਖੀ ਦੀ ਗੈਰਹਾਜ਼ਰੀ 'ਚ ਐੱਸ ਪੀ ਐੱਚ ਰਮਿੰਦਰ ਸਿੰਘ ਦਿਓਲ ਨਾਲ ਹੋਈ ਮੀਟਿੰਗ 'ਚ ਪੰਚਾਇਤ ਦੇ ਦੋਸ਼ੀ ਵਿਅਕਤੀਆਂ 'ਤੇ ਦੋ ਦਿਨ 'ਚ ਪਰਚਾ ਦਰਜ ਕਰਨ ਤੇ ਪੰਚਾਇਤ ਉਪਰ ਦਰਜ ਪਰਚਾ ਰੱਦ ਕਰਨ ਲਈ 10 ਦਿਨ 'ਚ ਪੜਤਾਲ ਮੁਕੰਮਲ ਕਰਨ ਦਾ ਪੁਲਸ ਅਧਿਕਰੀ ਨੇ ਵਿਸਵਾਸ ਦਿਵਾਇਆ। ਪੜਤਾਲ ਮੁਕੰਮਲ ਹੋਣ ਤੱਕ ਕੋਈ ਵੀ ਗ੍ਰਿਫਤਾਰੀ ਨਾ ਕਰਨ ਦਾ ਵੀ ਐੱਸ ਪੀ ਐੱਚ ਸ਼੍ਰੀ ਦਿਓਲ ਨੇ ਭਰੋਸਾ ਦਿੱਤਾ।ਇਸ ਸਮੇਂ ਮੁਜ਼ਾਹਰਾਕਾਰੀਆਂ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ, ਇਕਾਈ ਪ੍ਰਧਾਨ ਗੁਰਤੇਜ ਸਿੰਘ ਅਖਾੜਾ, ਸੰਘਰਸ਼ ਕਮੇਟੀ ਆਗੂ ਸੁਖਜੀਤ ਸਿੰਘ ਅਖਾੜਾ, ਗੁਰਮੁੱਖ ਸਿੰਘ ਭੰਮੀਪੁਰਾ ਪੰਚਾਇਤ ਯੂਨੀਅਨ ਬਲਾਕ ਪ੍ਰਧਾਨ ਨੇ ਵੀ ਸੰਬੋਧਨ ਕੀਤਾ।ਇਸ ਸਮੇਂ ਜਗਦੇਵ ਸਿੰਘ ਅਖਾੜਾ, ਮਨਿੰਦਰ ਸਿੰਘ ਨੰਨੂ, ਹਰਦੇਵ ਸਿੰਘ ਅਖਾੜਾ, ਗੁਰਸੇਵਕ ਸਿੰਘ, ਅਜੀਤ ਸਿੰਘ ਧਾਂਦਰਾ, ਰਜਿੰਦਰ ਸਿੰਘ ਭਨੋਹੜ ਤੋਂ ਬਿਨਾਂ ਔਰਤ ਆਗੂ ਸਿਮਰਜੀਤ ਕੌਰ, ਸੁਖਦੀਪ ਕੌਰ, ਸੁਖਜੀਤ ਕੌਰ, ਬਲਜੀਤ ਕੌਰ, ਪਰਮਜੀਤ ਕੌਰ ਆਦਿ ਹਾਜ਼ਰ ਸਨ।

# ਬਾਗੜੀਆਂ ਰੋਡ ਤੋਂ ਟਰੱਕ ਯੂਨੀਅਨ ਤੱਕ ਰਜਵਾਹੇ ਨਾਲ ਬਣੀ ਸੜਕ ਦੀ ਹਾਲਤ ਖਸਤਾ, ਲੋਕ ਪ੍ਰੇਸ਼ਾਨ

**ਸੜਕ ਦੀ ਮੁਰੰਮਤ ਜਲਦੀ ਕਰਵਾਈ ਜਾਵੇਗੀ : ਘੁੱਲੀ**



ਰਜਵਾਹੇ ਕਿਨਾਰੇ ਬਣੀ ਸੜਕ ਦੀ ਹਾਲਤ ਬਿਆਨਦੀ ਤਸਵੀਰ।

**ਧੂਰੀ (ਮਨੋਹਰ ਸਿੰਘ ਸੱਗੂ)**-ਸੱਤਾਧਾਰੀ ਧਿਰ ਵੱਲੋਂ ਵਿਕਾਸ ਦੇ ਕੀਤੇ ਜਾ ਰਹੇ ਦਾਅਵਿਆਂ ਦੇ ਬਾਵਜੂਦ ਧੂਰੀ ਸ਼ਹਿਰ ਦੀਆਂ ਬਹੁਤੀਆਂ ਸੜਕਾਂ ਤੇ ਗਲੀਆਂ ਦੀ ਹਾਲਤ ਖਸਤਾ ਹੋਣ ਕਾਰਨ ਆਮ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਸ਼ਹਿਰ ਦੇ ਵਾਰਡ ਨੰਬਰ-21 ਦੇ ਮੁਹੱਲਾ ਹਰਗੋਬਿੰਦ ਨਗਰ ਦੇ ਨੌਜਵਾਨ ਆਗੂ ਪਰਮਜੀਤ ਸਿੰਘ ਭਿੰਦੀ ਤੇ ਸਮਾਜ ਸੇਵੀ ਸੁਖਵਿੰਦਰ ਕਾਂਝਲਾ ਸਮੇਤ ਉਨ੍ਹਾਂ ਦੇ ਸਾਥੀਆਂ ਨੇ ਦੱਸਿਆ ਕਿ ਸੇਰੋਂ ਰਜਵਾਹੇ ਦੀ ਖੱਬੀ ਪਟਰੀ ਵਾਲੀ ਸੜਕ ਬਾਗੜੀਆਂ ਰੋਡ ਵਾਲੇ ਪੁਲ ਤੋਂ ਲੈ ਕੇ ਟਰੱਕ ਯੂਨੀਅਨ ਤੱਕ ਲੰਮੇ ਸਮੇਂ ਤੋਂ ਥਾਂ ਥਾਂ ਤੋਂ ਟੁੱਟੀ ਹੋਣ ਕਾਰਨ ਡੂੰਘੇ ਟੋਇਆਂ ਦਾ ਸ਼ਿਕਾਰ ਹੈ, ਜਿਸ ਕਾਰਨ ਹੁਣ ਤੱਕ ਅਨੇਕਾਂ ਵਾਹਨ ਸੜਕ 'ਤੇ ਖੜੇ ਪਾਣੀ 'ਚੋਂ ਲੰਘਦੇ ਸਮੇਂ ਸੜਕ 'ਤੇ ਪਏ ਟੋਇਆਂ ਕਾਰਨ ਨੁਕਸਾਨੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਧੂਰੀ ਹਲਕੇ ਦੇ ਲੋਕਾਂ ਨੇ ਵਿਧਾਨ ਸਭਾ ਚੋਣਾਂ 'ਚ ਭਗਵੰਤ ਮਾਨ ਨੂੰ ਵੱਡੇ ਫਰਕ ਨਾਲ ਜਿਤਾ ਕੇ ਮੁੱਖ ਮੰਤਰੀ ਬਣਾਇਆ ਸੀ, ਪਰ ਉਨ੍ਹਾਂ ਵੱਲੋਂ ਧੂਰੀ ਸ਼ਹਿਰ ਨੂੰ ਲਗਾਤਾਰ ਅਣਡਿੱਠਾ ਕੀਤਾ ਜਾ ਰਿਹਾ ਹੈ ਅਤੇ ਲੋਕ ਹੁਣ ਆਪਣੇ ਆਪ ਨੂੰ ਹਲਕਾ ਵਿਧਾਇਕ ਤੋਂ ਵੀ ਵਾਂਝੇ ਮਹਿਸੂਸ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸੜਕ ਦੀ ਖਸਤਾ ਹਾਲਤ ਦਾ ਮਸਲਾ ਕਈ ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਸਮੱਸਿਆ ਜਿਉਂ ਦੀ ਤਿਉਂ ਬਰਕਰਾਰ ਹੈ ਅਤੇ ਜੇਕਰ ਪ੍ਰਸ਼ਾਸਨ ਵੱਲੋਂ ਜਲਦੀ ਸੜਕ ਦੀ ਮੁਰੰਮਤ ਕਰਵਾ ਕੇ ਆਵਾਜਾਈ ਯੋਗ ਨਾ ਬਣਾਇਆ ਗਿਆ ਤਾਂ ਲੋਕਾਂ ਨੂੰ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ।ਸੰਪਰਕ ਕਰਨ 'ਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਸੜਕ ਦੀ ਛੇਤੀ ਮੁਰੰਮਤ ਕਰਵਾ ਕੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਨਿਵਾਰਨ ਕੀਤਾ ਜਾਵੇਗਾ।

# ਮਾਮਲਾ ਵਿਦਿਆਰਥਣ ਨਾਲ ਛੇੜਛਾੜ ਦਾ ਸਕੂਲ ਪ੍ਰਬੰਧਕਾਂ 'ਤੇ ਦੁਰਵਿਵਹਾਰ ਦਾ ਦੋਸ਼ ਲਗਾਉਂਦੇ ਹੋਏ ਮਾਪਿਆਂ ਵੱਲੋਂ ਧਰਨਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਸ਼ਹਿਰ ਦੇ ਮਾਡਲ ਟਾਊਨ ਇਲਾਕੇ ਵਿੱਚ ਸਥਿਤ ਸੇਂਟ ਜ਼ੇਵੀਅਰ ਸਕੂਲ ਦੀ ਇਕ ਵਿਦਿਆਰਥਣ ਨਾਲ ਛੇੜਛਾੜ ਦੇ ਮਾਮਲੇ ਵਿੱਚ ਸਕੂਲ ਵਿਵਾਦਾਂ ਵਿੱਚ ਘਿਰ ਗਿਆ ਹੈ।ਹਾਲਾਂਕਿ ਵਿਦਿਆਰਥਣ ਨਾਲ ਛੇੜਛਾੜ ਕਰਨ ਵਾਲੇ ਵੈਨ ਦੇ ਡਰਾਈਵਰ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ, ਪਰ ਜਦੋਂ ਵਿਦਿਆਰਥਣ ਦੇ ਮਾਪਿਆਂ ਨੇ ਸਕੂਲ ਪਹੁੰਚ ਇਸ ਮਾਮਲੇ ਸਬੰਧੀ ਪ੍ਰਬੰਧਕਾਂ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੂੰ ਕੋਈ ਤਸੱਲੀਬਖਸ਼ ਜਵਾਬ ਨਹੀਂ ਮਿਲਿਆ, ਜਿਸ ਕਾਰਨ ਮਾਪਿਆਂ ਵਿਚ ਰੋਸ ਪੈਦਾ ਹੋ ਗਿਆ।ਕੁੜੀ ਦੇ ਮਾਪਿਆਂ ਨੇ ਵੱਡੀ ਗਿਣਤੀ ਆਮ ਲੋਕਾਂ ਸਹਿਯੋਗ ਨਾਲ ਸੇਂਟ ਜ਼ੇਵੀਅਰ ਸਕੂਲ ਦੇ ਬਾਹਰ ਧਰਨਾ ਲਗਾ ਦਿੱਤਾ। ਵਿਦਿਆਰਥੀਆਂ ਦੇ ਮਾਪਿਆਂ ਨੇ ਜਿੱਥੇ ਸੇਂਟ ਜ਼ੇਵੀਅਰ ਸਕੂਲ ਦੇ ਪ੍ਰਬੰਧਕਾਂ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ, ਉਥੇ ਹੀ ਪੁਲਸ ਤੇ ਸਿਵਲ ਪ੍ਰਸ਼ਾਸਨ ਖਿਲਾਫ਼ ਵੀ ਰੋਸ ਜ਼ਾਹਰ ਕੀਤਾ। ਸੀਨੀਅਰ ਪੁਲਸ ਅਧਿਕਾਰੀਆਂ ਦੇ ਦਖਲ ਤੋਂ ਬਾਅਦ ਸਕੂਲ ਪ੍ਰਬੰਧਕਾਂ ਨੇ ਸਵੇਰ ਤੋਂ ਦੁਪਹਿਰ ਤੱਕ ਚੱਲੇ ਵਿਵਾਦ ਦੌਰਾਨ ਮੁਆਫ਼ੀ ਮੰਗੀ।ਜਿਵੇਂ ਸਕੂਲ ਪ੍ਰਬੰਧਕ ਮੁਆਫ਼ੀ ਮੰਗ ਕੇ ਲੋਕਾਂ ਦੀ ਬਿਨਾਂ ਗੱਲ ਸੁਣੇ ਵਾਪਸ ਸਕੂਲ ਵਿਚ ਚਲੇ ਗਏ ਤਾਂ ਮਾਹੌਲ ਇਕ ਦਮ ਤਨਾਅਪੂਰਨ ਬਣ ਗਿਆ ਅਤੇ ਮਾਪਿਆਂ ਨੇ ਮੁੜ ਸਕੂਲ ਪ੍ਰਬੰਧਕਾਂ ਦੇ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਮਾਪਿਆਂ ਦਾ ਕਹਿਣਾ ਸੀ ਕਿ ਸਕੂਲ ਪ੍ਰਬੰਧਕਾਂ ਨੇ ਮੁਆਫ਼ੀ ਨਹੀਂ ਮੰਗ ਸਗੋਂ ਉਨ੍ਹਾਂ ਦਾ ਅਪਮਾਨ ਕੀਤਾ ਹੈ।ਮਾਪਿਆਂ ਨੇ ਕਿਹਾ ਕਿ ਸਕੂਲ ਪ੍ਰਬੰਧਕਾਂ ਨੇ ਉਨ੍ਹਾਂ ਦੀ ਗੱਲ ਨਹੀਂ ਸੁਣੀ, ਸਗੋਂ ਪ੍ਰਬੰਧਕਾਂ ਨੇ ਕਿਹਾ ਕਿ ਟਰਾਂਸਪੋਰਟ ਦੀ ਉਨ੍ਹਾਂ ਦੀ ਜ਼ਿੰਮੇਵਾਰੀ ਨਹੀਂ ਹੈ। ਮਾਪਿਆਂ ਦੇ ਵਿਰੋਧ ਦੌਰਾਨ ਸਕੂਲ ਪ੍ਰਬੰਧਕਾਂ ਨੇ ਇੱਕ ਪੱਤਰ ਜਾਰੀ ਕੀਤਾ ਕਿ ਸਕੂਲ ਦਾ ਉਨ੍ਹਾਂ ਵੈਨਾਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ, ਜਿਨ੍ਹਾਂ ਵਿੱਚ ਬੱਚੇ ਸਕੂਲ ਆਉਂਦੇ ਹਨ।ਇਸ ਨਾਲ ਮਾਪਿਆਂ ਦਾ ਗੁੱਸਾ ਹੋਰ ਵਧ ਗਿਆ।ਚਾਰ ਘੰਟੇ ਤੱਕ ਚੱਲੇ ਵਿਰੋਧ ਤੋਂ ਬਾਅਦ ਪ੍ਰਬੰਧਕਾਂ ਨੇ ਮੁਆਫ਼ੀ ਮੰਗੀ, ਪਰ ਮਾਪਿਆਂ ਨੂੰ ਸਕੂਲ ਦਾ ਇਹ ਰਵੱਈਆ ਪਸੰਦ ਨਹੀਂ ਆਇਆ, ਜਿਸ ਤੋਂ ਬਾਅਦ ਮਾਪਿਆਂ ਨੇ ਦੁਬਾਰਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ।ਮਾਪਿਆਂ ਨੇ ਇੱਥੋਂ ਤਕ ਕਿਹਾ ਕਿ ਜੇਕਰ ਸਕੂਲ ਇੰਨੀ ਜ਼ਿਆਦਾ ਫੀਸ ਲੈਂਦਾ ਹੈ, ਤਾਂ ਬੱਚਿਆਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਵੀ ਸਕੂਲ ਦੀ ਹੈ।

ਗੱਤਕਾ ਅਖਾੜੇ ਦੇ ਮੁਖੀ ਜਥੇਦਾਰ ਸਰਬਜੀਤ ਸਿੰਘ ਤਲਵੰਡੀ ਤੇ ਭਾਈ ਪ੍ਰਦੀਪ ਸਿੰਘ ਤਲਵੰਡੀ ਤੋਂ ਇਲਾਵਾ, ਯੂਨਾਈਟਿਡ ਅਕਾਲੀ ਦਲ ਦੇ ਪ੍ਰਧਾਨ ਗੁਰਦੀਪ ਸਿੰਘ ਬਠਿੰਡਾ, ਨੌਜਵਾਨ ਆਗੂ ਸਿਮਰਨਜੋਤ ਸਿੰਘ ਖਾਲਸਾ, ਸਮਾਜ ਸੇਵੀ ਗੁਰਵਿੰਦਰ ਸਿੰਘ, ਭਾਜਪਾ ਆਗੂ ਸੁਖਪਾਲ ਸਰਾਂ, ਆਸ਼ੂਤੋਸ਼ ਤਿਵਾੜੀ ਸਮੇਤ ਸ਼ਹਿਰ ਦੀਆਂ ਸਮਾਜਿਕ ਸੰਸਥਾਵਾਂ ਦੇ ਆਗੂਆਂ ਤੇ ਬੱਚਿਆਂ ਦੇ ਮਾਪਿਆਂ ਨੇ ਇਸ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲਿਆ।

# ਭਾਜਪਾ ਆਗੂ ਬਵਲੇਸ਼ ਸਿੰਗਲਾ ਨੂੰ ਸਦਮਾ, ਮਾਤਾ ਦਾ ਦੇਹਾਂਤ

## ਵੱਖ-ਵੱਖ ਆਗੂਆਂ ਵੱਲੋਂ ਦੁੱਖ ਪ੍ਰਗਟ

**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੇ ਰਹਿਣ ਵਾਲੇ ਭਾਜਪਾ ਆਗੂ ਤੇ ਸਮਾਜਸੇਵੀ ਬਵਲੇਸ਼ ਕੁਮਾਰ ਬੌਬੀ ਸਿੰਗਲਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਮਾਤਾ ਕ੍ਰਿਸ਼ਨਾ ਦੇਵੀ (74) ਸੰਖੇਪ ਬਿਮਾਰੀ ਦੇ ਚਲਦਿਆਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਦੱਸਣਾ ਬਣਦਾ ਹੈ ਕਿ ਕੁਝ ਸਮਾਂ ਪਹਿਲਾਂ ਮਾਤਾ ਕ੍ਰਿਸ਼ਨਾ ਦੇਵੀ ਘਰ ਵਿੱਚ ਡਿੱਗ ਪਏ ਸਨ, ਜਿਸ ਤੋਂ ਬਾਅਦ ਸਰੀਰਕ ਕਮਜ਼ੋਰੀ ਦੇ ਚਲਦਿਆਂ ਜ਼ਖਮਾਂ ਦੀ ਤਾਬ ਨਾ ਝਲਦੇ ਹੋਏ ਉਹ ਇਸ ਸੰਸਾਰ ਤੋਂ ਸਦਾ ਲਈ ਰੁਖਸਤ ਹੋ ਗਏ। ਇਸ ਦੁੱਖ ਦੀ ਘੜੀ ਵਿੱਚ ਸਮੂਹ ਡੋਡ ਪਰਵਾਰ ਨਾਲ ਗੁਰਪ੍ਰੀਤ ਸਿੰਘ ਕਾਂਗੜ ਸਾਬਕਾ ਮੰਤਰੀ, ਸਿਕੰਦਰ ਸਿੰਘ ਮਲੂਕਾ ਸਾਬਕਾ ਮੰਤਰੀ, ਇੰਦਰਜੀਤ ਸਿੰਘ ਮਾਨ ਚੇਅਰਮੈਨ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ, ਗੁਰਬਿੰਦਰ ਸਿੰਘ ਸਾ. ਜ਼ਿਲ੍ਹਾ ਪ੍ਰਧਾਨ ਭਾਜਪਾ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਹਰਿੰਦਰ ਸਿੰਘ ਮਹਿਰਾਜ, ਕੁਲਵੰਤ ਸਿੰਘ ਮਲੂਕਾ ਚੇਅਰਮੈਨ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ, ਜਤਿੰਦਰ ਭੱਲਾ ਚੇਅਰਮੈਨ, ਗਗਨਦੀਪ ਗਰੇਵਾਲ ਸਾ. ਚੇਅਰਮੈਨ, ਪਰਮਜੀਤ ਬਿਦਰ, ਲਖਵੀਰ ਸਿੱਧੂ, ਦਰਸ਼ਨ ਸਿੰਘ ਭਾਈਕੇ, ਨਿਰਮਲ ਸਿੰਘ, ਕਮਲਜੀਤ ਪਨੇਸਰ, ਸੁਨੀਲ ਕੁਮਾਰ ਭਦੌੜੀਆ, ਰਾਮ ਸਿੰਘ ਜਿਊਲਰਜ਼, ਵਿਜੈ ਕੁਮਾਰ ਪੱਪੂ ਪ੍ਰਧਾਨ, ਅਜਾਇਬ ਸਿੰਘ ਸਰਪੰਚ, ਰਾਜਿੰਦਰ ਸਿੰਘ ਸਾ. ਸਰਪੰਚ, ਦਰਸ਼ਨ ਸਿੰਘ ਕਾਕਾ ਖਾਨਦਾਨ ਸਮੇਤ ਸਮੂਹ ਜੈ ਮਾਂ ਚਿੰਤਪੁਰਨੀ ਸੇਵਾ ਸੰਮਤੀ ਮੈਂਬਰਾਂ ਤੇ ਪੱਤਰਕਾਰ ਭਾਈਚਾਰੇ ਵੱਲੋਂ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਹੈ।



# ਪੰਜਾਬੀ 'ਚੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 67 ਵਿਦਿਆਰਥੀਆਂ ਤੇ ਅਧਿਆਪਕਾਂ ਦਾ ਸਭਾ ਵੱਲੋਂ ਸਨਮਾਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਰਜਿ. ਬਾਲਿਆਂਵਾਲੀ ਵੱਲੋਂ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਵਿਖੇ ਸ੍. ਸੁਰਜੀਤ ਸਿੰਘ ਮਾਧੋਪੁਰੀ (ਸਰਵਸ੍ਰੇਸ਼ਟ ਪੁਰਸਕਾਰ ਵਿਜੇਤਾ ਕੈਨੇਡਾ ਸਰਕਾਰ), ਗੁਰਚਰਨ ਸਿੰਘ ਟੱਲੇਵਾਲੀਆ ਕੈਨੇਡਾ ਤੇ ਸਟੇਟ ਬੈਂਕ ਆਫ ਇੰਡੀਆਂ ਬ੍ਰਾਂਚ ਬਾਲਿਆਂਵਾਲੀ ਦੇ ਸਹਿਯੋਗ ਨਾਲ ਮਾਂ ਬੋਲੀ ਪੰਜਾਬੀ ਦੀ ਪ੍ਰਫੁਲਤਾ ਲਈ ਇਲਾਕੇ ਦੇ 16 ਪਿੰਡਾਂ ਦੇ ਸਰਕਾਰੀ ਤੇ ਗੈਰ-ਸਰਕਾਰੀ ਸਕੂਲਾਂ ਦੇ ਪੰਜਾਬੀ ਵਿਸ਼ੇ ਵਿੱਚੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 67 ਵਿਦਿਆਰਥੀਆਂ ਤੇ ਪੰਜਾਬੀ ਵਿਸ਼ਾ ਪੜ੍ਹਾਉਣ ਵਾਲੇ 15 ਅਧਿਆਪਕਾਂ ਦਾ ਸਨਮਾਨ ਸਮਾਰੋਹ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਨਗਦ ਇਨਾਮ ਤੇ ਸਰਟੀਫਿਕੇਟ ਦਿੱਤੇ ਗਏ ਤੇ ਅਧਿਆਪਕਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੈਂਕ ਮੈਨੇਜਰ ਵਿਵੇਕ ਕੁਮਾਰ, ਮਾ. ਵਿਕਾਸ ਗਰਗ, ਮੈਡਮ ਮਨਿੰਦਰ ਕੌਰ ਤੇ ਮੈਡਮ ਰਾਜਵੰਤ ਕੌਰ ਨੇ ਮਾਂ ਬੋਲੀ ਪੰਜਾਬੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਭਾ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ, ਜਨ. ਸਕੱਤਰ ਜਗਨ ਨਾਥ, ਸੀਨੀ. ਮੀਤ ਪ੍ਰਧਾਨ ਸੱਤਪਾਲ ਸਿੰਘ ਗਿੱਲ, ਪ੍ਰੈੱਸ ਸਕੱਤਰ ਕੁਲਦੀਪ ਮਤਵਾਲਾ, ਮਾ. ਹਰਿੰਦਰ ਕੁਮਾਰ ਹਨੀ, ਪ੍ਰਚਾਰ ਸਕੱਤਰ ਗੁਰਤੇਜ ਸਿੰਘ, ਸਰਪ੍ਰਸਤ ਅਜਮੇਰ ਸਿੰਘ ਦੀਵਾਨਾ, ਕਾਰਜਕਾਰੀ ਮੈਂਬਰ ਹਰਜਿੰਦਰ ਕੌਰ ਜੱਜ, ਗੁਰਮੇਲ ਸਿੰਘ ਮੇਲਾ, ਗੁਰਮੀਤ ਕੁਮਾਰ, ਕੰਪਿਊਟਰ ਅਧਿਆਪਕ ਗੁਰਪ੍ਰੀਤ ਕੌਰ, ਸਰਪੰਚ ਸੁਖਪਾਲ ਕੌਰ, ਪੰਚਾਇਤ ਮੈਂਬਰ ਨੀਤਾ ਰਾਣੀ, ਪੰਜਾਬੀ ਸਾਹਿਤ ਸਭਾ ਰਾਮਪੁਰਾ ਦੇ ਅਹੁਦੇਦਾਰ ਕਾਮਰੇਡ ਮੇਘ ਰਾਜ ਫੌਜੀ ਤੇ ਬੰਤ ਫੂਲਪੁਰੀ ਆਦਿ ਹਾਜ਼ਰ ਸਨ।

# ਬੀਬੀ ਗੁਲਾਬ ਕੌਰ ਦਾ ਸੰਘਰਸ਼ਮਈ ਜੀਵਨ ਅੱਜ ਦੀਆਂ ਪੀੜ੍ਹੀਆਂ ਲਈ ਪ੍ਰੇਰਨਾਸਰੋਤ : ਕਰਮਵੀਰ ਬੱਧਨੀ, ਦੀਪਿਕਾ ਕੌਸ਼ਲ

**ਭਾਰਤੀ ਕਮਿਊਨਿਸਟ ਪਾਰਟੀ ਦੀ ਮਹਾਂ ਸੰਮੇਲਨ ਰੈਲੀ 'ਚ ਹੁੰਮ ਹੁਮਾ ਕੇ ਸ਼ਮੂਲੀਅਤ ਕਰਾਂਗੇ : ਦੌਲਤਪੁਰਾ**





**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਮਿਊਨਿਸਟ ਪਾਰਟੀ ਦੇ ਚੰਡੀਗੜ੍ਹ 'ਚ ਹੋ ਰਹੇ ਮਹਾਂ ਸੰਮੇਲਨ ਦੀਆਂ ਤਿਆਰੀਆਂ ਵਜੋਂ ਤੇ ਗਦਰੀ ਬੀਬੀ ਗੁਲਾਬ ਕੌਰ ਦੇ ਸ਼ਹੀਦੀ ਸ਼ਤਾਬਦੀ ਵਰ੍ਹੇ ਨੂੰ ਸਮਰਪਤ 'ਬੀਬੀ ਗਦਰੀ ਗੁਲਾਬ ਕੌਰ ਦਾ ਸੰਘਰਸ਼ਮਈ ਜੀਵਨ' ਵਿਸ਼ੇ 'ਤੇ ਔਰਤਾਂ ਦਾ ਇੱਕ ਸੈਮੀਨਾਰ ਭਾਰਤੀ ਕਮਿਊਨਿਸਟ ਪਾਰਟੀ ਮਹੇਸਰੀ ਦੀ ਬਰਾਂਚ ਵੱਲੋਂ ਕੀਤਾ ਗਿਆ।ਸੈਮੀਨਾਰ ਨੂੰ ਸੰਬੋਧਨ ਕਰਨ ਲਈ ਸਰਵ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਬੱਧਨੀ ਤੇ ਐਡਵੋਕੇਟ ਦੀਪਿਕਾ ਕੌਸ਼ਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਸਮੇਂ ਉਨ੍ਹਾਂ ਨਾਲ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੇ ਸਕੱਤਰੇਤ ਮੈਂਬਰ ਸ਼ੇਰ ਸਿੰਘ ਦੌਲਤਪੁਰਾ ਵੀ ਹਾਜ਼ਰ ਸਨ।ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਵਰ੍ਹਾ ਮਹਾਨ ਇਨਕਲਾਬੀ ਵਿਰਾਂਗਣਾ ਗਦਰੀ ਬੀਬੀ ਗੁਲਾਬ ਕੌਰ ਦਾ ਸ਼ਹੀਦੀ ਵਰ੍ਹਾ ਹੈ।ਉਨ੍ਹਾਂ ਦਾ ਜਨਮ 1890 ਵਿੱਚ ਸੁਨਾਮ ਦੇ ਨਜ਼ਦੀਕ ਪਿੰਡ ਬਖ਼ਸ਼ੀਵਾਲਾ ਦੇ ਕਿਸਾਨ ਪਰਵਾਰ ਵਿੱਚ ਹੋਇਆ।ਜਦੋਂ ਬੀਬੀ ਜਵਾਨ ਹੋਈ, ਉਸ ਵਕਤ ਹਿੰਦੁਸਤਾਨ ਵਿੱਚ ਦੇਸ਼ ਦੀ ਆਜ਼ਾਦੀ ਦੀ ਚਿਣਗ ਛਿੜ ਚੁੱਕੀ ਸੀ।ਇਹ ਉਹ ਸਮਾਂ ਸੀ ਜਦੋਂ ਔਰਤਾਂ ਨੂੰ ਪੜ੍ਹਨ ਦਾ ਅਧਿਕਾਰ ਨਹੀਂ ਸੀ। ਬੀਬੀ ਅਨਪੜ੍ਹ ਰਹਿ ਕੇ ਆਪਣਾ ਜੀਵਨ ਬਤੀਤ ਨਹੀਂ ਕਰਨਾ ਚਾਹੁੰਦੇ ਸਨ, ਇਸ ਲਈ ਉਨ੍ਹਾਂ ਨੇ ਗੁਰਦੁਆਰੇ ਤੋਂ ਮੁਢਲਾ ਅੱਖਰ ਗਿਆਨ ਹਾਸਲ ਕੀਤਾ।ਦੇਸ਼ ਵਿੱਚ ਚੱਲ ਰਹੀਆਂ ਗਦਰੀਆਂ ਦੀਆਂ ਗਤੀਵਿਧੀਆਂ ਤੋਂ ਬੀਬੀ ਪ੍ਰਭਾਵਿਤ ਸੀ, ਉਹ ਚਾਹੁੰਦੀ ਸੀ ਕਿ ਉਹ ਵੀ ਕਿਸੇ ਨਾ ਕਿਸੇ ਤਰੀਕੇ ਨਾਲ ਇਨ੍ਹਾਂ ਦਾ ਹਿੱਸਾ ਬਣੇ ਆਪਣੀ ਇਸ ਇੱਛਾ ਸਬੰਧੀ ਜਦੋਂ ਉਨ੍ਹਾਂ ਨੇ ਆਪਣੇ ਪਤੀ ਨਾਲ ਗੱਲ ਕੀਤੀ ਤਾਂ ਉਸ ਨੇ ਪਰਵਾਰ ਦਾ ਖਿਆਲ ਕਰਕੇ ਮਨ੍ਹਾ ਕਰ ਦਿੱਤਾ, ਪਰ ਬੀਬੀ ਦੇ ਮਨ ਵਿੱਚ ਆਪਣੀ ਦੇਸ਼ ਪ੍ਰਤੀ ਕੰਮ ਕਰਨ ਦੀ ਭਾਵਨਾ ਖਤਮ ਨਾ ਹੋਈ।ਬੀਬੀ ਗ਼ਦਰੀਆਂ ਦੇ ਜਥੇ ਨਾਲ ਹਾਂਗਕਾਂਗ ਪਹੁੰਚ ਗਈ।ਮਨੀਲਾ ਤੋਂ ਤੁਰਨ ਤੋਂ ਪਹਿਲਾਂ ਗੁਲਾਬ ਕੌਰ ਨੇ ਆਪਣੇ ਪਤੀ ਨੂੰ ਕਿਹਾ, ਹੁਣ ਦੱਸ ਤੂੰ ਮੇਰੇ ਨਾਲ ਚਲੇਗਾ ਕੇ ਨਹੀਂ? ਪਰ ਉਸਨੇ ਫੇਰ ਪਰਿਵਾਰ ਦਾ ਵਾਸਤਾ ਪਾ ਕੇ ਮਨ੍ਹਾਂ ਕਰ ਦਿੱਤਾ।ਆਗੂਆਂ ਨੇ ਕਿਹਾ ਕਿ ਅੱਜ ਸੌਵਰਾ ਹੋ ਗਿਆ ਬੀਬੀ ਨੂੰ ਸ਼ਹੀਦ ਹੋਇਆ, ਪਰ ਅੱਜ ਦੀ ਉਨ੍ਹਾਂ ਦਾ ਦੇਸ਼ ਨੂੰ ਆਜ਼ਾਦ ਕਰਵਾਉਣ ਦਾ ਸੁਪਨਾ ਅਧੂਰਾ ਹੈ, ਅੱਜ ਵੀ ਸਰਮਾਏਦਾਰੀ ਹਕੂਮਤਾਂ ਸਾਡੇ 'ਤੇ ਰਾਜ ਕਰਕੇ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝੇ ਕਰ ਰਹੀਆਂ ਹਨ, ਸੋ ਲੋੜ ਹੈ ਕਿ ਬੀਬੀ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਇਸ ਦੇ ਖਿਲਾਫ ਕੰਮ ਕੀਤਾ ਜਾਵੇ ਤੇ ਲੋਕਾਂ ਨੂੰ ਲਾਮਬੰਦ ਕਰਕੇ ਇੱਕ ਲਹਿਰ ਖੜੀ ਕੀਤੀ ਜਾਵੇ।

ਭਾਰਤੀ ਗਵਰਨੈਂਸ ਪਾਰਟੀ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਸ਼ੇਰ ਸਿੰਘ ਦੌਲਤਪੁਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਚੰਡੀਗੜ੍ਹ ਵਿੱਚ ਹੋਰ ਇਹ ਪਾਰਟੀ ਦੇ ਮਹਾਂ ਸੰਮੇਲਨ ਵਿੱਚ ਮੋਗੇ ਜਿਲੇ ਵਿੱਚੋਂ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਹੋਣਗੇ ਇਹ ਹੋਣ ਵਾਲਾ ਮਹਾਂ ਸੰਮੇਲਨ ਇੱਕ ਰਾਜਨੀਤਕ ਬਦਲ ਦੇ ਰੂਪ ਵਿੱਚ ਸਾਹਮਣੇ ਆਵੇਗਾ।ਉਨ੍ਹਾਂ ਹਾਜ਼ਰ ਔਰਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗਦਰੀ ਗੁਲਾਬ ਕੌਰ ਨੂੰ ਯਾਦ ਕਰਨਾ ਆਪਣੇ ਆਪ ਵਿੱਚ ਮਹਾਨ ਕਾਰਜ ਹੈ, ਜਿਸ ਦੀ ਸ਼ੁਰੂਆਤ ਅਸੀਂ ਅੱਜ ਕੀਤੀ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ ਸੰਮੇਲਨ ਨੂੰ ਮੁੱਖ ਰੱਖਦਿਆਂ ਤੇ ਗਦਰੀ ਗੁਲਾਬ ਕੌਰ ਦੇ ਸ਼ਤਾਬਦੀ ਵਰ੍ਹੇ 'ਤੇ ਇਸ ਤਰ੍ਹਾਂ ਦੇ ਔਰਤਾਂ ਦੇ ਹੋਰ ਸਮਾਗਮ ਬਲਾਕ ਮੋਗਾ-2 ਦੇ ਵੱਖ-ਵੱਖ ਪਿੰਡਾਂ ਵਿੱਚ ਕੀਤੇ ਜਾਣਗੇ।ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਮੋਗਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਲਖਵੀਰ ਸਿੰਘ ਰਾਜੂ ਤੇ ਪ੍ਰੈੱਸ ਸਕੱਤਰ ਜਸਪ੍ਰੀਤ ਬੱਧਨੀ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਆਓ ਬੀਬੀ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਇਸ ਸਮੇਂ ਆਪਣੀ ਭੂਮਿਕਾ ਅਦਾ ਕਰੀਏ ਅਤੇ ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ ਦਾ ਹੱਕ ਜਿੱਤਣ ਵਾਸਤੇ ਨੌਜਵਾਨਾਂ ਨੂੰ ਲਾਮਬੰਦ ਕਰਨ ਦਾ ਕੰਮ ਕਰੀਏ।ਇਸ ਸਮੇਂ ਹੋਰਨਾਂ ਤੋਂ ਇਲਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਬਰਾਂਚ ਸਕੱਤਰ ਜਬਰਜੰਗ ਮਹੇਸਰੀ, ਮੈਂਬਰ ਸੁਖਦੀਪ ਕੌਰ ਚੋਟੀਆਂ, ਰਮਨਦੀਪ ਕੌਰ ਚੋਟੀਆਂ, ਰਵਿੰਦਰ ਕੌਰ ਮਹੇਸਰੀ, ਅਮਨਦੀਪ ਕੌਰ, ਲਵਪ੍ਰੀਤ ਕੌਰ, ਸਰਬਜੀਤ ਕੌਰ, ਸੋਨੀਆ ਮਹੇਸਰੀ ਆਦਿ ਹਾਜ਼ਰ ਸਨ।

# ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸਬ ਤਹਿਸੀਲ ਦਾ ਘਿਰਾਓ



**ਬਰੇਟਾ (ਰੀਤਵਾਲ)**-ਸਟੇਟ ਬੈਂਕ ਆਫ ਇੰਡੀਆ ਬਰੇਟਾ ਵੱਲੋਂ ਬਹਾਦਰਪੁਰ ਦੇ ਕਿਸਾਨ ਜਰਨੈਲ ਸਿੰਘ ਦੀ ਸਬ ਤਹਿਸੀਲ ਬਰੇਟਾ ਵਿਖੇ ਛੇ ਕਿੱਲਿਆਂ ਦੀ ਕੁਰਕੀ ਕਰਵਾਉਣ ਦੇ ਆਰਡਰ ਲਿਆਂਦੇ ਗਏ।ਇਸ ਗੱਲ ਦੀ ਭਿਣਕ ਜਦੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੂੰ ਪਈ ਤਾਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਇਕੱਠੇ ਹੋ ਕੇ ਸਬ ਤਹਿਸੀਲ ਬਰੇਟਾ ਦਾ ਘਿਰਾਓ ਕੀਤਾ।ਬੁਲਾਰਿਆਂ ਨੇ ਦੱਸਿਆ ਕਿ ਸਰਕਾਰਾਂ ਨੇ ਸਮੇਂ ਸਮੇਂ ਸਿਰ ਕਿਸਾਨਾਂ ਦੇ ਨਾਲ ਵਾਅਦੇ ਕੀਤੇ ਕਿ ਸਾਡੀ ਸਰਕਾਰ ਆਉਣ ਤੇ ਕਿਸੇ ਵੀ ਕਿਸਾਨ ਮਜ਼ਦੂਰ ਦੀ ਜ਼ਮੀਨ ਤੇ ਘਰ ਦੀ ਕੁਰਕੀ ਨਹੀਂ ਕੀਤੀ ਜਾਵੇਗੀ, ਪਰ ਇਨ੍ਹਾਂ ਵਾਅਦਿਆਂ ਦੀ ਫੂਕ ਉਸ ਸਮੇਂ ਨਿਕਲੀ ਜਦੋਂ ਰੋਜ਼ਾਨਾ ਕਿਸਾਨਾਂ ਦੀਆਂ ਕੁਰਕੀਆਂ ਦੇ ਆਰਡਰ ਸਬ ਤਹਿਸੀਲ ਜਾਂ ਤਹਿਸੀਲ ਰਾਹੀਂ ਆ ਰਹੇ ਹਨ।ਇਨ੍ਹਾਂ ਕੁਰਕੀਆਂ ਲਈ ਜਥੇਬੰਦੀ ਦਾ ਪੱਕਾ ਫੈਸਲਾ ਹੈ ਕਿ ਕਿਸੇ ਵੀ ਕੀਮਤ ਤੇ ਕਿਸੇ ਕਿਸਾਨ ਮਜ਼ਦੂਰ ਦੀ ਜ਼ਮੀਨ ਜਾਂ ਘਰ ਕੁਰਕ ਨਹੀਂ ਹੋਣ ਦਿੱਤਾ ਜਾਵੇਗਾ।ਜਰਨੈਲ ਸਿੰਘ ਨੇ 2013 'ਚ ਐੱਸ ਬੀ ਆਈ ਬੈਂਕ ਤੋਂ 7 ਲੱਖ ਰੁਪਏ ਦਾ ਕਰਜ਼ਾ ਲਿਆ ਸੀ ਅਤੇ ਇਸ ਦੇ ਬਦਲੇ ਜਰਨੈਲ ਸਿੰਘ ਦੀ ਛੇ ਕਿੱਲੇ ਜ਼ਮੀਨ ਬੈਂਕ ਦੇ ਨਾਮ ਕੀਤੀ ਹੋਈ ਹੈ।ਇਸ ਮੌਕੇ ਮੇਜਰ ਸਿੰਘ ਗੋਬਿੰਦਪੁਰਾ, ਅਮਰੀਕ ਸਿੰਘ ਕਿਸ਼ਨਗੜ੍ਹ, ਜਗਸੀਰ ਸਿੰਘ ਦੋਦੜਾ, ਕਰਮ ਸਿੰਘ ਸੰਘਰੇੜੀ, ਬਲਦੇਵ ਸਿੰਘ ਦਿਆਲਪੁਰਾ, ਕਰਮਾ ਸਿੰਘ ਖੁਡਾਲ ਸੇਖੂਪੁਰ, ਚਰਨਜੀਤ ਸਿੰਘ ਤੇ ਬਲਵਿੰਦਰ ਸਿੰਘ ਬਹਾਦਰਪੁਰ, ਦਰਸ਼ਨ ਸਿੰਘ ਖੱਤਰੀਵਾਲਾ ਤੇ ਯੂਪੀ ਸਿੰਘ ਕਿਸ਼ਨਗੜ੍ਹ ਵੀ ਮੌਜੂਦ ਸਨ।

## ਡਾ. ਮੱਟੂ ਨੇ ਮਵੀ ਕਲਾਂ ਦੇ ਲੋਕਾਂ ਦੀਆਂ ਸੁਣੀਆਂ ਦੁੱਖ-ਤਕਲੀਫਾਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹਲਕਾ ਸ਼ੁਤਰਾਣਾ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਜਾਨਣ ਲਈ ਪਿੰਡ-ਪਿੰਡ ਜਾਣ ਦੀ ਸ਼ੁਰੂ ਕੀਤੀ ਮੁਹਿੰਮ ਤਹਿਤ ਹਲਕਾ ਸ਼ੁਤਰਾਣਾ ਦੇ ਨੌਜਵਾਨ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਪਿੰਡ ਮਵੀ ਕਲਾਂ ਵਿਖੇ ਲੋਕਾਂ ਨਾਲ ਮੀਟਿੰਗ ਕੀਤੀ।ਇਸ ਦੌਰਾਨ ਮੱਟੂ ਨੇ ਕਿਹਾ ਕਿ ਹਲਕੇ ਸ਼ੁਤਰਾਣੇ ਦੇ ਲੋਕਾਂ ਦੀਆਂ ਸਮੱਸਿਆਵਾਂ ਬਹੁਤ ਹਨ, ਜਿਸ ਲਈ ਉਹ ਆਪਣੀ ਟੀਮ ਨਾਲ ਪਿੰਡ-ਪਿੰਡ ਜਾ ਕੇ ਹਰ ਸਖ਼ਸ਼ ਤੱਕ ਪਹੁੰਚ ਕੇ ਸਮੱਸਿਆਵਾਂ ਦੀ ਨਿਸ਼ਾਨਦੇਹੀ ਕਰ ਰਹੇ ਹਨ ਤਾਂ ਜੋ ਇਨ੍ਹਾਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਈ ਜਾਵੇ।ਉਨ੍ਹਾਂ ਕਿਹਾ ਕਿ ਹਲਕੇ ਵਿੱਚ ਸਿਹਤ ਸੇਵਾਵਾਂ ਦਾ ਬੁਰਾ ਹਾਲ ਹੈ, ਹਲਕੇ ਦੇ ਤਿੰਨ ਵੱਡੇ ਹੈਲਥ ਸੈਂਟਰਾਂ ਵਿੱਚ ਬਣਦੀਆਂ ਪੋਸਟਾਂ ਅਨੁਸਾਰ ਡਾਕਟਰ ਤਾਇਨਾਤ ਨਹੀਂ ਹਨ, ਜਿਸ ਕਾਰਨ ਲੋਕਾਂ ਦੀ ਜਾਨ 'ਤੇ ਖਤਰਾ ਬਣਿਆ ਰਹਿੰਦਾ ਹੈ।ਹਲਕੇ ਦੀਆਂ ਤਕਰੀਬਨ ਸੜਕਾਂ ਟੁੱਟੀਆਂ ਪਈਆਂ ਹਨ, ਜਿਸ ਕਾਰਨ ਲੋਕ ਆਪਣੇ ਘਰਾਂ ਤੱਕ ਪਹੁੰਚਣ ਲਈ ਵੀ ਆਪਣੀ ਜਾਨ ਜੋਖਮ ਵਿੱਚ ਪਾ ਰਹੇ ਹਨ।ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਦੀਆਂ ਸਮੱਸਿਆਵਾਂ ਦਾ ਲੇਖਾ ਜੋਖਾ ਕਰਨ ਤੋਂ ਬਾਅਦ ਉਹ ਲੋਕਾਂ ਦੀਆਂ ਸਮੱਸਿਆਵਾਂ ਸਰਕਾਰ ਤੱਕ ਰੱਖਣਗੇ, ਜੇਕਰ ਸਰਕਾਰ ਨੇ ਲੋਕਾਂ ਦੀਆਂ ਸਮੱਸਿਆਵਾਂ ਦਾ ਸਮਾਂ ਰਹਿੰਦੇ ਹੱਲ ਨਾ ਕੀਤਾ ਤਾਂ ਉਹ ਹਲਕੇ ਦੇ ਲੋਕਾਂ ਨੂੰ ਨਾਲ ਲੈ ਕੇ ਸੰਘਰਸ਼ ਵਿੱਢਣਗੇ।

## ਹਰਚੰਦ ਬਰਸਟ ਸ੍ਰੀ ਲਕਸ਼ਮੀ ਨਰਾਇਣ ਮੰਦਰ ਵਿਖੇ ਹੋਏ ਨਤਮਸਤਕ



**ਸਮਾਣਾ (ਇਕਬਾਲ ਸਿੰਘ ਬੱਲ)**-ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਮੌਕੇ ਸਮਾਣਾ ਸ਼ਹਿਰ ਦੇ ਸ੍ਰੀ ਲਕਸ਼ਮੀ ਨਰਾਇਣ ਮੰਦਰ ਵਿਖੇ ਵਿਸ਼ੇਸ਼ ਸਮਾਗਮ ਦਾ ਕੀਤਾ ਗਿਆ।ਇਸ ਸ਼ੁਭ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ।ਸ. ਬਰਸਟ ਨੇ ਮੰਦਰ ਵਿਖੇ ਮੱਥਾ ਟੇਕਿਆ ਤੇ ਆਸ਼ੀਰਵਾਦ ਪ੍ਰਾਪਤ ਕੀਤਾ।ਸ. ਬਰਸਟ ਨੇ ਮੰਦਰ ਵਿਖੇ ਸ੍ਰੀ ਕ੍ਰਿਸ਼ਨ ਜੀ ਨੂੰ ਝੂਲਾ ਝੁਲਾਇਆ ਤੇ ਪੰਜਾਬ ਦੀ ਤਰੱਕੀ, ਖੁਸ਼ਹਾਲੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਉਨ੍ਹਾਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੰਦਿਆਂ ਸਾਰਿਆਂ ਨੂੰ ਇੱਕਜੁੱਟ ਹੋ ਕੇ ਰਹਿਣ ਦਾ ਸੰਦੇਸ਼ ਦਿੱਤਾ।ਉਨ੍ਹਾਂ ਕਿਹਾ ਕਿ ਇਹ ਤਿਉਹਾਰ ਹੀ ਸਾਡੀ ਸੰਸਕ੍ਰਿਤੀ ਦੀ ਪਹਿਚਾਣ ਹਨ, ਜੋ ਸਾਨੂੰ ਜੀਵਨ ਵਿੱਚ ਸਹੀ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਹਨ।ਇਸ ਮੌਕੇ ਸ੍ਰੀ ਕ੍ਰਿਸ਼ਨ ਜੀ ਦੇ ਬਾਲ ਰੂਪ ਦੀ ਝਾਕੀ ਮੁੱਖ ਖਿੱਚ ਦਾ ਕੇਂਦਰ ਬਣੀ ਰਹੀ।ਮੰਦਰ ਕਮੇਟੀ ਵੱਲੋਂ ਸ. ਬਰਸਟ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸ੍ਰੀ ਲਕਸ਼ਮੀ ਨਰਾਇਣ ਮੰਦਰ ਕਮੇਟੀ ਦੇ ਪ੍ਰਧਾਨ ਰਮੇਸ਼ ਅਨੇਜਾ, ਹਰਿੰਦਰ ਸਿੰਘ ਧਬਲਾਨ, ਸ਼ਾਮ ਲਾਲ ਦੱਤ, ਜੈਕੀ ਸਮਾਣਾ, ਚੀਫ ਪੈਟਰਨ ਨਸੀਬ ਚੰਦ, ਸਰਪ੍ਰਸਤ ਅਸ਼ੋਕ ਚਾਵਲਾ, ਕੇਸ਼ੋਰਾਮ ਟੁਟੇਜਾ, ਵਿੱਕੀ ਦਾਵਰਾ, ਸਿਕਟਰੀ ਸੰਨੀ ਕੁਮਾਰ ਤੇ ਹੋਰ ਮੌਜੂਦ ਰਹੇ।

## ਜਨਮ ਅਸ਼ਟਮੀ ਮੌਕੇ ਵਿਧਾਇਕ ਭੁੱਲਰ ਪਰਵਾਰ ਸਮੇਤ ਹੋਏ ਨਤਮਸਤਕ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਮੌਕੇ ਫਿਰੋਜ਼ਪੁਰ ਸ਼ਹਿਰ ਤੇ ਛਾਉਣੀ ਦੇ ਵੱਖ-ਵੱਖ ਮੰਦਰਾਂ ਵਿੱਚ ਭਗਵਾਨ ਕ੍ਰਿਸ਼ਨ ਦਾ ਜਨਮ ਉਤਸਵ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸ਼ੁੱਭ ਮੌਕੇ ਮੰਦਰਾਂ ਨੂੰ ਬਹੁਤ ਸੋਹਣੇ ਢੰਗ ਨਾਲ ਸਜਾਇਆ ਗਿਆ ਸੀ ਤੇ ਧਾਰਮਿਕ ਪ੍ਰੋਗਰਾਮ ਵੀ ਕਰਵਾਏ ਗਏ। ਇਸ ਦੌਰਾਨ ਛੋਟੇ ਬੱਚਿਆਂ ਨੂੰ ਸ੍ਰੀ ਕ੍ਰਿਸ਼ਨ ਤੇ ਰਾਧਾ ਦੇ ਰੂਪ ਵਿੱਚ ਤਿਆਰ ਕੀਤਾ ਗਿਆ, ਜਿਨ੍ਹਾਂ ਨੂੰ ਮੰਦਰ ਕਮੇਟੀਆਂ ਵੱਲੋਂ ਵਿਸ਼ੇਸ਼ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ। ਇਸ ਨਾਲ ਬੱਚਿਆਂ ਵਿੱਚ ਵੀ ਤਿਉਹਾਰ ਪ੍ਰਤੀ ਹੋਰ ਉਤਸ਼ਾਹ ਵਧਿਆ। ਇਸ ਮੌਕੇ ਹਲਕਾ ਵਿਧਾਇਕ ਰਣਬੀਰ ਸਿੰਘ ਭੁੱਲਰ ਆਪਣੀ ਧਰਮਪਤਨੀ ਡਾ. ਅਮਨਦੀਪ ਕੌਰ ਤੇ ਹੋਰਨਾਂ ਸਾਥੀਆਂ ਸਮੇਤ ਸ਼ਹਿਰ ਤੇ ਛਾਉਣੀ ਦੇ ਪ੍ਰਮੁੱਖ ਮੰਦਰਾਂ ਵਿੱਚ ਮੱਥਾ ਟੇਕਣ ਪਹੁੰਚੇ। ਉਨ੍ਹਾਂ ਇਸ ਪਵਿੱਤਰ ਮੌਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਤੇ ਭਗਵਾਨ ਕ੍ਰਿਸ਼ਨ ਦੇ ਜੀਵਨ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਖ਼ਾਸ ਤੌਰ 'ਤੇ ਭਗਵਾਨ ਕ੍ਰਿਸ਼ਨ ਤੇ ਸੁਦਾਮਾ ਦੀ ਮਿੱਤਰਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਨੂੰ ਭਗਵਾਨ ਕ੍ਰਿਸ਼ਨ ਦੇ ਦਿਖਾਏ ਰਸਤੇ 'ਤੇ ਚੱਲਦੇ ਹੋਏ ਸੱਚੀ ਮਿੱਤਰਤਾ ਨਿਭਾਉਣ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮਿੱਤਰਤਾ ਦਾ ਰਿਸ਼ਤਾ ਦੁਨੀਆ ਦੇ ਸਭ ਤੋਂ ਮਹਾਨ ਰਿਸ਼ਤਿਆਂ ਵਿੱਚੋਂ ਇੱਕ ਹੈ ਤੇ ਇਸ ਨੂੰ ਹਮੇਸ਼ਾ ਦਿਲੋਂ ਨਿਭਾਉਣਾ ਚਾਹੀਦਾ ਹੈ। ਇਸ ਮੌਕੇ ਵਿਧਾਇਕ ਭੁੱਲਰ ਨਾਲ ਚੇਅਰਮੈਨ ਮਾਰਕੀਟ ਕਮੇਟੀ ਬਲਰਾਜ ਸਿੰਘ ਕਟੋਰਾ, ਹਿਮਾਂਸ਼ੂ ਠੱਕਰ ਸਮੇਤ ਕਈ ਹੋਰ ਪਤਵੰਤੇ ਵੀ ਮੰਦਰਾਂ ਵਿੱਚ ਨਤਮਸਤਕ ਹੋਏ। ਉਨ੍ਹਾਂ ਸਾਰਿਆਂ ਨੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਮੁਬਾਰਕਾਂ ਦਿੰਦਿਆਂ ਤੇ ਆਪਸੀ ਭਾਈਚਾਰੇ ਤੇ ਪਿਆਰ ਨੂੰ ਬਣਾਈ ਰੱਖਣ ਦਾ ਸੰਦੇਸ਼ ਦਿੱਤਾ।

## ਮਨਰੇਗਾ ਵਰਕਰਜ਼ ਯੂਨੀਅਨ ਦੀ ਅਗਵਾਈ ਹੇਠ ਗੋਦਾਰਾ 'ਚ ਨੁੱਕੜ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)**-ਜ਼ਿਲ੍ਹਾ ਫ਼ਰੀਦਕੋਟ ਦੇ ਪਿੰਡ ਗੋਦਾਰਾ ਵਿੱਚ ਮਨਰੇਗਾ ਮਜ਼ਦੂਰਾਂ ਦੀ ਪ੍ਰਭਾਵਸ਼ਾਲੀ ਮੀਟਿੰਗ ਇਕਾਈ ਪਾਲ ਕੌਰ ਡੱਬਵਾਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਸਮੇਂ ਮਨਰੇਗਾ ਵਰਕਰਜ਼ ਯੂਨੀਅਨ ਦੇ ਸੂਬਾ ਆਗੂ ਜਸਵਿੰਦਰ ਸਿੰਘ ਵੱਟੂ ਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਸਕੱਤਰ ਜਗਸੀਰ ਸਿੰਘ ਮੰਨਿਆਣਾ ਨੇ ਸੰਬੋਧਨ ਕਰਦਿਆਂ ਨਰੇਗਾ ਮਜ਼ਦੂਰਾਂ ਦੇ ਕੰਮ ਬੰਦ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਮਜ਼ਦੂਰ ਵਿਰੋਧੀ ਸਾਬਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਰੇਗਾ ਮਜ਼ਦੂਰ ਯੂਨੀਅਨ ਇਨ੍ਹਾਂ ਸਰਕਾਰਾਂ ਦੀ ਮਜ਼ਦੂਰ ਦੋਖੀ ਨੀਤੀਆਂ ਖਿਲਾਫ ਵਿਸ਼ਾਲ ਸੰਘਰਸ਼ ਕੀਤਾ ਜਾਵੇਗਾ, ਜਿਸ ਦੀ ਕੜੀ ਤਹਿਤ ਪੰਜਾਬ ਸਰਕਾਰ ਦੇ ਬੀ ਡੀ ਪੀ ਓਜ਼ ਦਫ਼ਤਰ ਸਾਹਮਣੇ ਪ੍ਰਦਰਸ਼ਨ ਕੀਤੇ ਜਾਣਗੇ। 27, 28, 29 ਅਗਸਤ ਨੂੰ ਕੀਤੇ ਜਾ ਰਹੇ ਹਨ। ਉਕਤ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਦੇ ਕੰਨਾਂ 'ਤੇ ਜੂੰ ਨਾ ਸਰਕੀ ਤਾਂ ਪੰਜਾਬ ਸਰਕਾਰ ਵਿਰੁੱਧ ਵੱਡਾ ਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ।ਇਸ ਸਮੇਂ ਮਨਰੇਗਾ ਆਗੂ ਸੁਖਜਿੰਦਰ ਸਿੰਘ ਗੋਦਾਰਾ ਨੇ ਵਿਚਾਰ ਰੱਖੇ।

## ਸਰਕਾਰ ਖੱਤਰੀ ਭਲਾਈ ਬੋਰਡ ਪੰਜਾਬ ਦਾ ਗਠਨ ਕਰੇ : ਮਹਿਲਾ ਖੱਤਰੀ ਸਭਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਖੱਤਰੀ ਸਭਾ ਮੋਗਾ ਦੀ ਮਹਿਲਾ ਵਿੰਗ ਮਹਿਲਾ ਖੱਤਰੀ ਸਭਾ ਦੀ ਇੱਕ ਵਿਸ਼ੇਸ਼ ਮੀਟਿੰਗ ਕਾਰਜਕਾਰੀ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮਹਿਲਾ ਖੱਤਰੀ ਸਭਾ ਦੀਆਂ ਮੈਂਬਰਾਂ ਸੁਨੀਤਾ ਚੱਕ, ਸੁਨੀਤਾ ਚੋਪੜਾ, ਮੀਨਾ ਸੱਚਰ, ਨਿਸ਼ੀ ਪਲਤਾ, ਸ਼ਮਿੰਦਰਾ ਤੇ ਕੰਚਨ ਭੰਡਾਰੀ, ਸੁਮਨ ਵਿੱਜ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਵਿੱਚ ਸਰਬਸੰਮਤੀ ਨਾਲ ਇਕ ਮਤਾ ਪਾਸ ਕਰ ਕੇ ਪੰਜਾਬ ਦੀ 34 ਲੱਖ ਆਬਾਦੀ ਵਾਲੇ ਖੱਤਰੀ ਭਾਈਚਾਰੇ ਦੀ ਭਲਾਈ ਲਈ ਖੱਤਰੀ ਭਲਾਈ ਬੋਰਡ ਪੰਜਾਬ ਦਾ ਪੁਨਰਗਠਨ ਕਰਨ ਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ।ਇਸ ਮੌਕੇ ਕਾਰਜਕਾਰੀ ਪ੍ਰਧਾਨ ਸੁਮਨ ਮਲਹੋਤਰਾ ਨੇ ਦੱਸਿਆ ਕਿ ਬੀਤੇ ਕਾਂਗਰਸ ਦੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਨੇ ਪਹਿਲੀ ਵਾਰ ਪੰਜਾਬ ਵਿੱਚ ਖੱਤਰੀ ਅਰੋੜਾ ਭਲਾਈ ਬੋਰਡ ਪੰਜਾਬ ਦਾ ਗਠਨ ਕੀਤਾ ਸੀ, ਜਿਸ ਨੂੰ ਮੌਜੂਦਾ ਭਗਵੰਤ ਮਾਨ ਸਰਕਾਰ ਨੇ 'ਚ ਆਉਣ 'ਤੇ ਤੁਰੰਤ ਬਾਅਦ ਭੰਗ ਕਰ ਦਿੱਤਾ ਸੀ।ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਮੌਜੂਦਾ ਸਰਕਾਰ ਨੇ ਕਈ ਦੂਸਰੀਆਂ ਬਿਰਾਦਰੀਆਂ ਦੇ ਭਲਾਈ ਬੋਰਡ ਗਠਨ ਕੀਤੇ ਹਨ, ਪ੍ਰੰਤੂ ਖੱਤਰੀ ਭਲਾਈ ਬੋਰਡ ਪੰਜਾਬ ਦਾ ਅਜੇ ਤੱਕ ਗਠਨ ਨਹੀਂ ਕੀਤਾ।ਸੁਮਨ ਮਲਹੋਤਰਾ ਨੇ ਕਿਹਾ ਕਿ ਖੱਤਰੀ ਸਮਾਜ ਨੇ ਸਾਡੇ ਦੇਸ਼ ਨੂੰ ਦੋ ਮਹਾਨ ਪ੍ਰਧਾਨ ਮੰਤਰੀ ਸਵਰਗੀ ਇੰਦਰ ਕੁਮਾਰ ਗੁਜਰਾਲ ਤੇ ਸਵਰਗੀ ਡਾ. ਮਨਮੋਹਨ ਸਿੰਘ ਕੋਹਲੀ ਦਿੱਤੇ ਹਨ।ਉਨ੍ਹਾਂ ਕਿਹਾ ਕਿ ਜਿਸ ਖੱਤਰੀ ਸਮਾਜ ਦੇ ਸਵਰਗੀ ਧਰਮ ਦੇਸ਼ ਤੇ ਧਰਮ ਦੀ ਰੱਖਿਆ ਕਰਨਾ ਮੰਨਿਆ ਜਾਂਦਾ ਹੈ, ਅਜਿਹੇ 34 ਲੱਖ ਆਬਾਦੀ ਵਾਲੇ ਖੱਤਰੀ ਭਾਈਚਾਰੇ ਨੂੰ ਪੰਜਾਬ ਸਰਕਾਰ ਇਗਨੋਰ ਨਹੀਂ ਕਰ ਸਕਦੀ।ਇਸ ਮੌਕੇ ਮਹਿਲਾ ਖੱਤਰੀ ਸਭਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਇਸ ਪੁਨਰਗਠਨ ਕੀਤੇ ਜਾਣ ਵਾਲੇ ਖੱਤਰੀ ਵੈੱਲਫੇਅਰ ਬੋਰਡ ਪੰਜਾਬ ਦਾ ਚੇਅਰਮੈਨ ਖੱਤਰੀ ਮਹਾਸਭਾ ਪੰਜਾਬ ਦੇ ਪ੍ਰਦੇਸ਼ ਪ੍ਰਧਾਨ ਵਿਜੇ ਧੀਰ ਐਡਵੋਕੇਟ ਨਿਯੁਕਤ ਕਰੇ, ਕਿਉਂਕਿ ਉਨ੍ਹਾਂ ਦਾ ਤਜਰਬਾ ਤੇ ਕੁਸ਼ਲ ਪ੍ਰਸ਼ਾਸਨਕ ਅਗਵਾਈ ਖੱਤਰੀ ਭਲਾਈ ਬੋਰਡ ਨੂੰ ਪ੍ਰਭਾਵੀ ਤੇ ਸਫਲ ਬਣਾਉਣ 'ਚ ਮਦਦ ਕਰੇਗਾ।

## ਪੰਜਾਬ ਦਿੱਲੀ ਨਹੀਂ, ਇਥੇ ਗੁੰਡਾਗਰਦੀ ਦੀ ਰਾਜਨੀਤੀ ਨਹੀਂ ਚੱਲੇਗੀ : ਡਾ. ਹਰਜੋਤ ਕਮਲ

### ਭਾਜਪਾ ਨੇ ਮਨੀਸ਼ ਸਿਸੋਦੀਆ ਦੇ ਵਿਵਾਦਤ ਬਿਆਨ 'ਤੇ ਬੋਲਿਆ ਹੱਲਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਤੇ ਦਿੱਲੀ ਦੇ ਸਾਬਕਾ ਮੰਤਰੀ ਮਨੀਸ਼ ਸਿਸੋਦੀਆ ਦੇ ਵਿਵਾਦਤ ਬਿਆਨ ਨੂੰ ਲੈ ਕੇ ਪੰਜਾਬ ਦੀ ਰਾਜਨੀਤੀ ਵਿੱਚ ਭੂਚਾਲ ਆ ਗਿਆ ਹੈ।ਭਾਰਤੀ ਜਨਤਾ ਪਾਰਟੀ ਦੇ ਮੋਗਾ ਤੋਂ ਪ੍ਰਧਾਨ ਡਾ. ਹਰਜੋਤ ਕਮਲ ਨੇ ਇਸ ਬਿਆਨ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਮਨੀਸ਼ ਸਿਸੋਦੀਆ ਦਾ ਇਹ ਸਮਝ ਲੈਣ ਕਿ ਪੰਜਾਬ ਦਿੱਲੀ ਨਹੀਂ ਹੈ।ਇੱਥੇ ਦੀ ਧਰਤੀ 'ਤੇ ਗੁੰਡਾਗਰਦੀ ਦੇ ਦਮ 'ਤੇ ਚੋਣਾਂ ਜਿੱਤਣ ਦੀ ਸੋਚ ਕਦੇ ਪੂਰਾ ਨਹੀਂ ਹੋਵੇਗਾ।ਜੇਕਰ ਕਿਸੇ ਵੀ ਤਰ੍ਹਾਂ ਦੀ ਗੁੰਡਾਗਰਦੀ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੰਜਾਬ ਦਾ ਹਰ ਨਾਗਰਿਕ ਉਨ੍ਹਾਂ ਨੂੰ ਕਰਾਰਾ ਜਵਾਬ ਦੇਵੇਗਾ।ਦਰਅਸਲ, ਮਨੀਸ਼ ਸਿਸੋਦੀਆ ਨੇ ਹਾਲ ਹੀ ਵਿੱਚ ਮੁੱਖ ਮੰਤਰੀ ਤੇ ਵਿਧਾਇਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਸਾਮ, ਦਾਮ, ਦੰਡ, ਭੇਦ ਜਿਹੇ ਸਾਰੇ ਉਪਾਅ ਕਰਨਾ ਪਵੇ ਤਾਂ ਕਰ ਹਾਲ ਵਿੱਚ 2027 ਦੇ ਵਿਧਾਨ ਸਭਾ ਚੋਣਾਂ ਵਿੱਚ ਜਿੱਤਣਾ ਹੈ।ਉਨ੍ਹਾਂ ਦੇ ਇਸ ਬਿਆਨ ਨੇ ਪੰਜਾਬ ਦੀ ਜਨਤਾ ਤੇ ਵਿਰੋਧੀ ਧਿਰਾਂ ਨੂੰ ਭੜਕਾ ਕੇ ਰੱਖ ਦਿੱਤਾ ਹੈ। ਹਰਜੋਤ ਕਮਲ ਨੇ ਕਿਹਾ ਕਿ ਪੰਜਾਬ ਦੀ ਸੰਸਕ੍ਰਿਤੀ ਲੋਕਤੰਤਰ ਮੁੱਲਾਂ ਦੇ ਅਧਾਰਤ ਹੈ।ਇੱਥੇ ਦੇ ਲੋਕ ਸ਼ਾਂਤ ਸੁਭਾਵੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਨੇ ਪੰਜਾਬ ਵਿੱਚ ਅਰਾਜਕਤਾ ਤੇ ਗੁੰਡਾਗਰਦੀ ਦਾ ਮਾਹੌਲ ਬਣਾਉਣ ਦੀ ਕੋਸ਼ਿਸ਼ ਕੀਤੀ ਤਾਂ ਭਾਜਪਾ ਚੁੱਪ ਨਹੀਂ ਬੈਠੇਗੀ।

## ਸਰਕਾਰ ਪੰਜਾਬ ਨੂੰ ਖੁਸ਼ਹਾਲ ਸੂਬਾ ਬਣਾਉਣ ਲਈ ਵਚਨਬੱਧ : ਕਾਕਾ ਬਰਾੜ

### ਕਾਂਗਰਸ ਨੂੰ ਝਟਕਾ, ਕਈ ਪਰਵਾਰ ਆਪ 'ਚ ਸ਼ਾਮਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰਜਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦਿਨੋਂ ਦਿਨ ਕੀਤੇ ਜਾ ਰਹੇ ਲੋਕ ਪੱਖੀ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਨਜ਼ਦੀਕੀ ਪਿੰਡ ਥੱਪਿਆਂਵਾਲੀ ਤੋਂ ਟਕਸਾਲੀ ਕਾਂਗਰਸੀ ਪਰਵਾਰਾਂ ਨੇ ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਭਰਵੇਂ ਇਕੱਠ ਦੌਰਾਨ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸਮੂਹ ਪਰਵਾਰਾਂ ਦਾ ਸਵਾਗਤ ਕੀਤਾ ਗਿਆ।

ਇਸ ਮੌਕੇ ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਥੋੜ੍ਹੇ ਸਮੇਂ ਵਿੱਚ ਹੀ ਲੋਕਾਂ ਲਈ ਬਹੁਤ ਸਾਰੇ ਕੰਮ ਕੀਤੇ ਹਨ, ਜਿਸ ਕਰਕੇ ਲੋਕਾਂ ਦਾ ਵਿਸ਼ਵਾਸ ਆਮ ਆਦਮੀ ਪਾਰਟੀ ਵਿੱਚ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ, ਸਿੱਖਿਆ ਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਆਮ ਆਦਮੀ ਪਾਰਟੀ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਰਹੇਗੀ।ਵਿਧਾਇਕ ਬਰਾੜ ਨੇ ਕਿਹਾ ਕਿ ਪਿੰਡ ਥੱਪਿਆਂਵਾਲੀ ਦੇ ਕਾਂਗਰਸੀ ਪਰਵਾਰਾਂ ਦਾ ਆਪ ਵਿੱਚ ਸ਼ਾਮਲ ਹੋਣਾ ਇੱਕ ਵੱਡਾ ਸੰਦੇਸ਼ ਹੈ ਕਿ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਰਹੇ ਹਨ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਇੱਕ ਖੁਸ਼ਹਾਲ ਸੂਬਾ ਬਣਾਉਣ ਲਈ ਵਚਨਬੱਧ ਹੈ।ਵਿਧਾਇਕ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਆਪ ਸਰਕਾਰ ਉਨ੍ਹਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ ਤੇ ਪਿੰਡ ਦੇ ਵਿਕਾਸ ਲਈ ਹਰ ਸੰਭਵ ਯਤਨ ਕਰੇਗੀ।ਇਸ ਮੌਕੇ ਪਿੰਡ ਦੇ ਕਈ ਹੋਰ ਲੋਕਾਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦੀ ਸ਼ਲਾਘਾ ਕੀਤੀ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰ ਬਲਵਿੰਦਰ ਸਿੰਘ, ਸੁਖਦੇਵ ਸਿੰਘ, ਕਿੱਕਰ ਸਿੰਘ, ਕਰਨਬੀਰ ਸਿੰਘ, ਕੁਲਵੰਤ ਸਿੰਘ, ਸਤਨਾਮ ਸਿੰਘ, ਹਰਗੁਰਚਰਨ ਸਿੰਘ, ਜਰਮਨ ਸਿੰਘ, ਪਰਮਜੀਤ ਸਿੰਘ, ਮਿਲਖਜੀਤ ਸਿੰਘ ਆਦਿ ਨੇ ਵਿਸ਼ਵਾਸ ਦੁਆਇਆ ਕਿ ਉਹ ਦਿਨ-ਰਾਤ ਪਾਰਟੀ ਲਈ ਮਿਹਨਤ ਕਰਨਗੇ।

ਇਸ ਮੌਕੇ ਸਰਪੰਚ ਕਾਕਾ ਸਿੰਘ, ਸਰਪੰਚ ਪਾਲਾ ਚੌਧਰੀ, ਸਰਪੰਚ ਸ਼ਿੰਗਾਰਾ ਸਿੰਘ ਮਾਂਗਟਕੇਰ, ਵਿਰਸਾ ਸਿੰਘ, ਮੈਂਬਰ ਨਰਿੰਦਰ ਸਿੰਘ, ਮਨਜੀਤ ਸਿੰਘ, ਜਸਵੰਤ ਸਿੰਘ, ਪੰਚ ਜਸ਼ਨ ਮਾਂਗਟਕੇਰ, ਮਨਪ੍ਰੀਤ ਸਿੰਘ ਢਿੱਲੋਂ, ਹਰਦੀਪ ਸਿੰਘ ਢਿੱਲੋਂ, ਬਲਜੀਤ ਕ੍ਰਿਪਾਲਕੇ, ਹਰਮੀਤ ਸਿੰਘ, ਰਘੁਬੀਰ ਸਿੰਘ, ਸੁਖਦੇਵ ਸਿੰਘ, ਕੇਵਲ ਸਿੰਘ ਪੰਚ, ਜਗਮੀਤ ਸਿੰਘ, ਨਰਿੰਦਰ ਸਿੰਘ ਸਰਾ ਆਦਿ ਹਾਜ਼ਰ ਸਨ।

## ਲੱਖੋਵਾਲ ਦੇ ਦੰਗਲ ਮੇਲੇ 'ਚ ਝੰਡੀ ਦੀ ਕੁਸ਼ਤੀ ਬਰਾਬਰ ਰਹੀ

### ਵਿਧਾਇਕ ਦਿਆਲਪੁਰਾ, ਰਾਜਾ ਗਿੱਲ, ਪਰਮਜੀਤ ਢਿੱਲੋਂ, ਉਮੈਦਪੁਰ ਨੇ ਜੇਤੂ ਪਹਿਲਵਾਨਾਂ ਨੂੰ ਇਨਾਮ ਵੰਡੇ

**ਮਾਛੀਵਾੜਾ ਸਾਹਿਬ (ਜੈਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਲੱਖੋਵਾਲ ਕਲਾਂ ਤੇ ਲੱਖੋਵਾਲ ਖੁਰਦ ਦੀ ਸੰਯੁਕਤ ਗ੍ਰਾਮ ਪੰਚਾਇਤਾਂ ਵੱਲੋਂ ਨਗਰ ਨਿਵਾਸੀਆਂ, ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਗੁੱਗਾ ਜਾਹਰ ਵੀਰ ਦੇ ਮੇਲੇ ਤੇ ਜਨਮ ਅਸ਼ਟਮੀ ਦੀ ਦਿਹਾੜੇ ਮੌਕੇ 38ਵਾਂ ਸਾਲਾਨਾ ਦੰਗਲ ਮੇਲਾ ਕਰਵਾਇਆ ਗਿਆ, ਜਿਸ ਵਿੱਚ 100 ਤੋਂ ਵੱਧ ਪਹਿਲਵਾਨਾਂ ਨੇ ਭਾਗ ਲਿਆ। ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਦੰਗਲ ਮੇਲੇ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਬਾਅਦ ਦੁਪਹਿਰ ਸ਼ੁਰੂ ਹੋਏ ਦੰਗਲ ਮੁਕਾਬਲਿਆਂ 'ਚ ਝੰਡੀ ਦੀ ਪਹਿਲੀ ਕੁਸ਼ਤੀ ਪਰਮਿੰਦਰ ਪੱਟੀ ਤੇ ਸ਼ੁਭਮ ਰਾਈਵੋਵਾਲ ਵਿਚਕਾਰ ਬਰਾਬਰ ਰਹੀ, ਦੂਜੀ ਝੰਡੀ ਦੀ ਕੁਸ਼ਤੀ ਜੱਗਾ ਆਲਮਗੀਰ ਨੇ ਗੁਰਨਾਮ ਬਾਬਾ ਫਲਾਹੀ ਨੂੰ ਹਰਾਇਆ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸਮਰਾਲਾ ਤੋਂ ਇੰਚਾਰਜ ਪਰਮਜੀਤ ਸਿੰਘ ਢਿੱਲੋਂ, ਸਾਬਕਾ ਚੇਅਰਮੈਨ ਜਥੇਦਾਰ ਸੰਤਾ ਸਿੰਘ ਉਮੈਦਪੁਰ ਨੇ ਜੇਤੂ ਪਹਿਲਵਾਨਾਂ ਨੂੰ ਇਨਾਮ ਵੰਡੇ ਤੇ ਪੰਚਾਇਤਾਂ ਵੱਲੋਂ ਲਗਾਤਾਰ ਕਰਵਾਏ ਜਾ ਰਹੇ ਦੰਗਲ ਮੇਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਾਬਕਾ ਚੇਅਰਮੈਨ ਸ਼ਕਤੀ ਆਨੰਦ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਬੈਨੀਪਾਲ, ਸਾਬਕਾ ਚੇਅਰਮੈਨ ਰਾਜਵੰਤ ਸਿੰਘ ਕੁੰਨਰ, ਅਕਾਲੀ ਆਗੂ ਬਲਜਿੰਦਰ ਸਿੰਘ ਬਬਲੂ ਲੱਖੋਂ, ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ, ਸੀਨੀਅਰ ਅਕਾਲੀ ਆਗੂ ਹਰਜਤਿੰਦਰ ਸਿੰਘ ਬਾਜਵਾ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਚਰਨਜੀਤ ਸਿੰਘ ਲੱਖੋਵਾਲ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਹਾਕਿਸ ਬਾਜਾਤੇਆਰ ਸੁਰਜੀਤ ਸਿੰਘ, ਮੇਵਾ ਸਿੰਘ ਰਾਣਵਾਂ, ਜਗਦੇਵ ਸਿੰਘ, ਰਾਜਨ ਉੱਧੋਵਾਲ ਤੋਂ ਇਲਾਵਾ ਪ੍ਰਬੰਧਕਾਂ ਵਿਚ ਜਗਦੀਪ ਸਿੰਘ ਝੱਜ, ਗੁੱਗਾ ਮੈੜੀ ਦੇ ਭਗਤ ਹਜ਼ਾਰਾ ਸਿੰਘ ਆਦਿ ਮੌਜੂਦ ਸਨ।



## ਗੁਰਦੁਆਰਾ ਕਾਲਾਮਾਲਾ ਸਾਹਿਬ ਛਾਪਾ 'ਚ ਸਮਾਗਮ ਭਲਕ ਤੋਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਤਿਹਾਸਿਕ ਗੁਰਦੁਆਰਾ ਸਿੰਘਸਰ ਕਾਲਾਮਾਲਾ ਸਾਹਿਬ ਛਾਪਾ (ਬਰਨਾਲਾ) ਵਿਖੇ ਸਾਲਾਨਾ ਧਾਰਮਿਕ ਇਕੱਤਰੀ ਸਮਾਗਮ 20, 21 ਤੇ 22 ਅਗਸਤ ਨੂੰ ਗੁਰਦੁਆਰਾ ਸਾਹਿਬ ਕਮੇਟੀ ਦੀ ਅਗਵਾਈ ਹੇਠ, ਗ੍ਰਾਮ ਪੰਚਾਇਤ, ਸਮੂਹ ਸਰਪਾਲੂ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਕਰਾਇਆ ਜਾ ਰਿਹਾ ਹੈ।ਸਰਪੰਚ ਗੁਰਦੀਪ ਸਿੰਘ ਛਾਪਾ, ਗੁਰਦੁਆਰਾ ਕਮੇਟੀ ਪ੍ਰਧਾਨ ਪ੍ਰਕਾਸ਼ ਸਿੰਘ ਛਾਪਾ ਨੇ ਦੱਸਿਆ ਕਿ ਇਕੱਤਰੀ ਸਮਾਗਮ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 20 ਅਗਸਤ ਨੂੰ ਸਵੇਰੇ 10 ਵਜੇ ਹੋਵੇਗੀ, ਜਿਨ੍ਹਾਂ ਦੇ ਭੋਗ 22 ਅਗਸਤ ਨੂੰ ਸਵੇਰੇ 9 ਵਜੇ ਪਾਏ ਜਾਣਗੇ।ਇਸ ਉਪਰੰਤ ਦੁਪਹਿਰ ਇੱਕ ਵਜੇ ਤੱਕ ਪ੍ਰਸਿੱਧ ਰਾਗੀ ਜਥੇ, ਕਥਾਵਾਚਕ ਤੇ ਢਾਡੀ, ਕਵੀਸ਼ਰ ਜਥੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ।ਪ੍ਰਬੰਧਕਾਂ ਨੇ ਸਮੂਹ ਸੰਗਤਾਂ ਨੂੰ ਇਸ ਤਿੰਨ ਰੋਜ਼ਾ ਧਾਰਮਿਕ ਇਕੱਤਰੀ ਸਮਾਗਮ 'ਚ ਪਰਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ ਹੈ।

## ਮੁੱਖ ਮੰਤਰੀ ਮਾਨ ਵੱਲੋਂ ਡਿਫੈਂਸ ਕਮੇਟੀਆਂ ਦੀ ਸ਼ੁਰੂਆਤ ਦਾ ਮਕਸਦ ਲੋਕਾਂ ਨੂੰ ਨਸ਼ਿਆਂ ਖਿਲਾਫ ਸਿੱਧੇ ਤੌਰ 'ਤੇ ਜੋੜਨਾ : ਰਾਜਾ ਮੱਲਕੇ, ਸੁਭਾਸ਼ ਗੋਇਲ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਅਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਆਗੂ ਬਾਊ ਸੁਭਾਸ਼ ਗੋਇਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਪਹਿਲੀ ਅਜਿਹੀ ਸਰਕਾਰ ਹੈ, ਜਿਸ ਨੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਅਹਿਮ ਕਦਮ ਚੁੱਕਦਿਆਂ ਸਭ ਤੋਂ ਪਹਿਲਾਂ ਸੂਬੇ ਅੰਦਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਚਲਾਈ ਗਈ, ਜਿਸ ਦੇ ਤਹਿਤ ਰੋਜ਼ਾਨਾ ਹੀ ਸੂਬੇ ਅੰਦਰ ਪੰਜਾਬ ਪੁਲਸ ਦੀਆਂ ਟੀਮਾਂ ਨਸ਼ੇ ਦੇ ਹੌਟਸਪੌਟ ਖੇਤਰਾਂ ਵਿੱਚ ਕਾਸੋ ਆਪ੍ਰੇਸ਼ਨ ਚਲਾ ਕੇ ਨਸ਼ੇ ਦੇ ਸੌਦਾਗਰਾਂ ਉੱਪਰ ਸ਼ਿਕੰਜਾ ਕੱਸਿਆ ਹੋਇਆ ਹੈ ਅਤੇ ਉਸ ਤਹਿਤ ਹੀ ਹੁਣ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' 2.0 ਮੁਹਿੰਮ ਦੇ ਤਹਿਤ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਪਿੰਡ ਤੇ ਵਾਰਡ ਡਿਫੈਂਸ ਕਮੇਟੀਆਂ ਦੀ ਰਸਮੀ ਪੱਧਰ 'ਤੇ ਸ਼ੁਰੂਆਤ ਕੀਤੀ ਗਈ ਹੈ, ਜੋ ਪੰਜਾਬ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਇਸ ਦੇ ਨਾਲ ਪੰਜਾਬ ਅੰਦਰ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਮਦਦ ਮਿਲੇਗੀ।ਸਰਪੰਚ ਮੱਲਕੇ ਤੇ ਸੁਭਾਸ਼ ਗੋਇਲ ਨੇ ਆਖਿਆ ਕਿ ਜਿੱਥੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ੇ ਦੇ ਖਾਤਮੇ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ, ਉਥੇ ਹੀ ਹਲਕਿਆਂ ਦੇ ਵਿਧਾਇਕਾਂ ਵੱਲੋਂ ਆਪੋ ਆਪਣੇ ਖੇਤਰਾਂ ਅੰਦਰ ਨਸ਼ੇ ਨੂੰ ਠੱਲ੍ਹ ਪਾਉਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ, ਜਿਸ ਤਹਿਤ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਹਲਕੇ ਅੰਦਰ ਆਏ ਦਿਨ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹਲਕੇ ਪਿੰਡਾਂ ਵਿੱਚ ਪਿੰਡ ਵਾਈਜ਼ ਨਸ਼ਿਆਂ ਵਿਰੁੱਧ ਜਾਗਰੂਕ ਸੈਮੀਨਾਰ ਲਗਾ ਕੇ ਹਲਕੇ ਦੇ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਿੱਥੇ ਜਾਗਰੂਕ ਕੀਤਾ ਜਾ ਰਿਹਾ ਹੈ, ਉਥੇ ਹੀ ਨਸ਼ਾ ਛੱਡਣ ਵਾਲੇ ਨੌਜਵਾਨਾਂ ਨੂੰ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਨਸ਼ਾ ਮੁਕਤੀ ਸੈਂਟਰਾਂ ਵਿੱਚ ਭਰਤੀ ਕਰਵਾਉਣ ਦੇ ਨਾਲ ਨਾਲ ਉਨ੍ਹਾਂ ਦੀ ਆਰਥਿਕ ਮਦਦ ਵੀ ਕੀਤੀ ਜਾ ਰਹੀ ਹੈ।ਇਸ ਮੌਕੇ ਉਕਤ ਆਗੂਆਂ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਹਲਕੇ ਵਿੱਚੋਂ ਨਸ਼ਾ ਖ਼ਤਮ ਕਰਨ ਲਈ ਜੋ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਮੁਹਿੰਮ ਚਲਾਈ ਗਈ ਹੈ, ਉਸ ਵਿੱਚ ਉਨ੍ਹਾਂ ਦਾ ਸਾਥ ਦੇਣਾ ਚਾਹੀਦਾ ਹੈ।ਇਹ ਸਭ ਲਈ ਸਾਰਿਆਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਮੁਹਿੰਮ ਦਾ ਹਿੱਸਾ ਬਣਨਾ ਪਵੇਗਾ।ਇਸ ਮੌਕੇ ਪਾਰਟੀ ਆਗੂ ਤੇ ਵਰਕਰ ਵੀ ਹਾਜ਼ਰ ਸਨ।

## ਇਨਸਾਫ਼ ਦਿਵਾਉਣ ਲਈ ਕਾਮਰੇਡਾਂ ਡੀ ਐੱਸ ਪੀ ਦਫ਼ਤਰ ਅੱਗੇ ਧਰਨਾ ਲਾਇਆ



**ਜਲਾਲਾਬਾਦ (ਜੀਤ ਕੁਮਾਰ)**-ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਤੇ ਜਨਤਕ ਜਥੇਬੰਦੀਆਂ ਵੱਲੋਂ ਆਮ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਡੀਐਸਪੀ ਜਲਾਲਾਬਾਦ ਦਫ਼ਤਰ ਸਾਹਮਣੇ ਧਰਨਾ ਦੇ ਕੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਤੋਂ ਪਹਿਲਾਂ ਸੁਤੰਤਰ ਭਵਨ ਦਫ਼ਤਰ ਸੀਪੀਆਈ 'ਚ ਸੀ.ਪੀ.ਆਈ. ਦੇ ਕਾਰਕੁੰਨ ਤੇ ਆਮ ਲੋਕ ਇਕੱਠੇ ਹੋਏ। ਇਸ ਉਪਰੰਤ ਸ਼ਹਿਰ ਦੇ ਬਾਜ਼ਾਰਾਂ ਵਿੱਚ ਡੀਐਸਪੀ ਦੇ ਪੁਤਲੇ ਨੂੰ ਘੁਮਾ ਕੇ ਡੀਐਸਪੀ ਦਫ਼ਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ। ਰੋਸ ਪ੍ਰਦਰਸ਼ਨ ਦੀ ਅਗਵਾਈ ਕਾਮਰੇਡ ਕ੍ਰਿਸ਼ਨ ਧਰਮੂਵਾਲਾ, ਕਾਮਰੇਡ ਤੇਜਾ ਸਿੰਘ ਅਮੀਰ ਖਾਸ, ਬਲਵਿੰਦਰ ਮਾਹਲਮ, ਸੰਦੀਪ ਜੋਧਾਂ, ਸੋਨਾ ਧੁਨਕਿਆਂ, ਰਮੇਸ਼ ਪੀਰ ਮੁਹੰਮਦ, ਕਰਨੈਲ ਬੱਘੇਕੇ ਤੇ ਪੰਮਾਂ ਥਾਰੇਵਾਲਾ ਨੇ ਕੀਤੀ। ਇਸ ਮੌਕੇ ਸੈਂਕੜਿਆਂ ਦੀ ਗਿਣਤੀ 'ਚ ਹਾਜ਼ਰ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਆਗੂ ਕਾਮਰੇਡ ਸੁਰਿੰਦਰ ਢੰਡੀਆਂ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ ਨੇ ਦੋਸ਼ ਲਾਉਂਦਿਆਂ ਦੱਸਿਆ ਪਿਛਲੇ ਲੰਬੇ ਸਮੇਂ ਤੋਂ ਥਾਣਾ ਚੱਕ ਵੈਰੋਕਾ, ਥਾਣਾ ਸਿਟੀ ਤੇ ਥਾਣਾ ਸਦਰ ਜਲਾਲਾਬਾਦ ਦੇ ਆਮ ਲੋਕਾਂ ਨੂੰ ਇਨਸਾਫ ਲੈਣ ਲਈ ਥਾਣਿਆਂ ਦੇ ਚੱਕਰ ਕੱਟਣੇ ਪੈ ਰਹੇ ਹਨ। ਇਨਸਾਫ਼ ਲੈਣ ਦੀ ਬਜਾਏ ਉਲਟਾ ਖੁਦ ਥਾਣਿਆਂ 'ਚ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਆਗੂਆਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਐਲਾਨ ਕੀਤਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਆਮ ਲੋਕਾਂ ਨੂੰ ਖੱਜਲ ਖੁਆਰ ਨਹੀਂ ਹੋਣਾ ਪਵੇਗਾ, ਪ੍ਰੰਤੂ ਜਲਾਲਾਬਾਦ ਸਬ ਡਵੀਜ਼ਨ ਅਧੀਨ ਆਉਂਦੇ ਥਾਣਿਆਂ ਅੰਦਰ ਰਿਸ਼ਤਖੋਰੀ ਦੀ ਲੁੱਟ ਮੱਚੀ ਹੋਈ ਹੈ ਤੇ ਆਮ ਲੋਕਾਂ ਨੂੰ ਇਨਸਾਫ ਮਿਲਣਾ ਤਾਂ ਦੂਰ ਦੀ ਗੱਲ ਸਗੋਂ ਇਹਨਾਂ ਦੀ ਆਰਥਿਕ ਲੁੱਟ ਕੀਤੀ ਜਾ ਰਹੀ ਹੈ। ਉਨ੍ਹਾਂ ਡੀਐਸਪੀ ਜਲਾਲਾਬਾਦ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਉਹ ਆਮ ਲੋਕਾਂ ਦਾ ਵੀ ਅਫਸਰ ਹੈ ਨਾ ਕਿ ਸਿਰਫ ਸੱਤਾਧਾਰੀ ਧਿਰ ਦਾ ਅਫਸਰ।

## ਸੜਕਾਂ 'ਤੇ ਘੁੰਮਦੇ ਅਵਾਰਾ ਪਸ਼ੂ ਲੋਕਾਂ ਲਈ ਬਣੇ ਸਿਰਦਰਦੀ



**ਧੂਰੀ (ਮਨੋਹਰ ਸਿੰਘ ਸੱਗੂ)**

ਬਜ਼ਾਰਾਂ ਅੰਦਰ ਕਥਿਤ ਸਥਾਈ ਤੇ ਅਸਥਾਈ ਨਜਾਇਜ਼ ਕਬਜ਼ਿਆਂ ਕਾਰਨ ਆਵਾਜਾਈ ਦੀ ਸਮੱਸਿਆ ਕਾਰਨ ਦਿੱਕਤਾਂ ਦਾ ਸਾਹਮਣਾ ਕਰਨ ਲਈ ਮਜਬੂਰ ਹੋ ਰਹੇ ਹਨ, ਉਥੇ ਸ਼ਹਿਰ ਦੀਆਂ ਸੜਕਾਂ 'ਤੇ ਫਿਰਦੇ ਆਵਾਰਾ ਪਸ਼ੂ ਵੀ ਲੋਕਾਂ ਲਈ ਸਿਰਦਰਦੀ ਸਾਬਤ ਹੋ ਰਹੇ ਹਨ।

ਦੱਸਣਯੋਗ ਹੈ ਕਿ ਸ਼ਹਿਰ ਅੰਦਰ ਵੱਡੀਆਂ ਗਊਸ਼ਾਲਾਵਾਂ ਹੋਣ ਦੇ ਬਾਵਜੂਦ ਨਵੀਂ ਦਾਣਾ ਮੰਡੀ ਤੇ ਪੁਰਾਣੀ ਦਾਣਾ ਮੰਡੀ ਸਮੇਤ ਸ਼ਹਿਰ ਦੇ ਬਾਜ਼ਾਰਾਂ ਤੋਂ ਇਲਾਵਾ ਸ਼ਹਿਰ ਦੀਆਂ ਗਲੀਆਂ ਤੇ ਮੁਹੱਲਿਆਂ 'ਚ ਫਿਰਦੇ ਆਵਾਰਾ ਪਸ਼ੂ ਲੋਕਾਂ ਲਈ ਭਾਰੀ ਸਿਰਦਰਦੀ ਸਾਬਤ ਹੋ ਰਹੇ ਹਨ, ਭਾਵੇਂ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਚੀਜ਼ਾਂ 'ਤੇ ਲੋਕਾਂ ਪਾਸੋਂ ਕਰੋੜਾਂ ਰੁਪਿਆ ਗਊਸੈੱਸ ਦੇ ਰੂਪ 'ਚ ਵਸੂਲਿਆ ਜਾਂਦਾ ਹੈ, ਪਰ ਇਸ ਦੇ ਬਾਵਜੂਦ ਜਿੱਥੇ ਲੋਕ ਆਵਾਰਾ ਪਸ਼ੂਆਂ ਦੀ ਸਮੱਸਿਆ ਕਾਰਨ ਪ੍ਰੇਸ਼ਾਨ ਹੋਣ ਲਈ ਮਜਬੂਰ ਹਨ, ਉਥੇ ਸੜਕਾਂ 'ਤੇ ਫਿਰਦੇ ਆਵਾਰਾ ਪਸ਼ੂ ਗੰਦਗੀ ਫੈਲਾਉਣ ਤੋਂ ਇਲਾਵਾ ਹਾਦਸਿਆਂ ਦਾ ਸਬੱਬ ਵੀ ਸਾਬਤ ਹੋ ਰਹੇ ਹਨ।

ਲੋਕਾਂ ਦੀ ਪੰਜਾਬ ਸਰਕਾਰ ਤੇ ਉੱਚ ਪ੍ਰਸ਼ਾਸ਼ਨਿਕ ਅਧਿਕਾਰੀਆਂ ਪਾਸੋਂ ਮੰਗ ਹੈ ਕਿ ਆਵਾਰਾ ਪਸ਼ੂਆਂ ਦੀ ਸਮੱਸਿਆ ਦਾ ਸਥਾਈ ਹੱਲ ਕਰਕੇ ਸ਼ਹਿਰ ਵਾਸੀਆਂ ਨੂੰ ਸਮੱਸਿਆ ਤੋਂ ਨਿਜ਼ਾਤ ਦਿਵਾਈ ਜਾਵੇ।

## ਗੰਦਗੀ ਦਾ ਸਾਮਰਾਜ, ਰੰਗਲਾ ਪੰਜਾਬ ਦੇ ਖੋਖਲੇ ਦਾਅਵੇ ਬੇਨਕਾਬ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-79ਵੇਂ ਆਜ਼ਾਦੀ ਦਿਵਸ 'ਤੇ ਮੰਚਾਂ 'ਤੇ ਗੂੰਜਦੇ ਨਆਰਿਆਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਦਾਅਵਾ ਕੀਤਾ ਕਿ ਪੰਜਾਬ ਨੂੰ ਰੰਗਲਾ, ਹੱਸਦਾ-ਖੇਡਦਾ ਤੇ ਖੁਸ਼ਹਾਲ ਬਣਾਇਆ ਜਾ ਰਿਹਾ ਹੈ, ਪਰ ਪਟਿਆਲਾ ਦੀਆਂ ਗਲੀਆਂ ਵਿੱਚ ਉਤਰਦੇ ਹੀ ਹਕੀਕਤ ਕਿਸੇ ਬਦਬੂਦਾਰ ਝਟਕੇ ਵਾਂਗ ਚਿਹਰੇ 'ਤੇ ਵੱਜਦੀ ਹੈ! ਮਹੱਲਾ ਸੱਠ ਘਰਾਂ ਤੇ ਆਲੇ-ਦੁਆਲੇ ਦੇ ਦਰਜਨਾਂ ਇਲਾਕਿਆਂ 'ਚ ਮਹੀਨਿਆਂ ਤੋਂ ਨਾਲੀਆਂ ਸਾਫ਼ ਨਹੀਂ ਹੋਈਆਂ।ਬਰਸਾਤ 'ਚ ਗੰਦਾ ਪਾਣੀ ਗਲੀਆਂ ਰਾਹੀਂ ਲੋਕਾਂ ਦੇ ਘਰਾਂ 'ਚ ਵੜ ਰਿਹਾ ਹੈ। ਸਥਾਨਕ ਵਸਨੀਕ ਇੰਦੂ ਕਟਾਰੀਆ ਕਹਿੰਦੀ ਹੈ ਕਿ ਬਰਸਾਤ ਸ਼ੁਰੂ ਹੋਣ ਤੋਂ ਬਾਅਦ ਹਾਲਾਤ ਨਰਕ ਵਰਗੇ ਹੋ ਗਏ ਨੇ।ਹਰ ਗਲੀ 'ਚੋਂ ਬਦਬੂ ਆ ਰਹੀ ਹੈ। ਬੱਚੇ ਵੀ ਬਿਮਾਰ ਪੈ ਰਹੇ ਨੇ।ਸ਼ਿਕਾਇਤ ਕਰੋ ਤਾਂ ਅਫ਼ਸਰ ਟਾਲ-ਮਟੋਲ ਕਰਦੇ ਨੇ! ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਦਾ ਕਹਿਣਾ ਹੈ ਕਿ ਪੰਜਾਬ 'ਚ ਵਿਕਾਸ ਦੀ ਕੋਈ ਕਮੀ ਨਹੀਂ ਰਹਿਣ ਦੇਵਾਂਗੇ, ਪਟਿਆਲਾ ਵਿੱਚ 110 ਕਰੋੜ ਰੁਪਏ ਦਾ ਬਿਜਲੀ ਸੁਧਾਰ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ।

## ਵੱਖ-ਵੱਖ ਪਾਰਟੀਆਂ ਦੇ ਸੈਂਕੜੇ ਵਰਕਰ ਵਿਧਾਇਕ ਦੀ ਅਗਵਾਈ ਹੇਠ ਕਾਂਗਰਸ 'ਚ ਸ਼ਾਮਲ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਠੁੱਲੇਵਾਲ (ਬਰਨਾਲਾ) ਵਿਖੇ ਕਾਂਗਰਸ ਪਾਰਟੀ ਨੂੰ ਉਸ ਵੇਲੇ ਭਾਰੀ ਬਲ ਮਿਲਿਆ, ਜਦੋਂ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖ ਕੇ ਵੱਡੀ ਗਿਣਤੀ 'ਚ ਵਰਕਰਾਂ ਨੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਹੇਠ ਕਾਂਗਰਸ 'ਚ ਸ਼ਾਮਲ ਹੋ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਅਹਿਦ ਕੀਤਾ।ਇਸ ਮੌਕੇ ਸਰਪੰਚ ਧਰਮ ਸਿੰਘ, ਪੰਚ ਜਸਪਾਲ ਸਿੰਘ ਫੌਜੀ, ਪਵਨ ਸਿੰਘ, ਰਣਕਾ ਸਿੰਘ, ਸੁਰਜੀਤ ਸਿੰਘ, ਜਰਨੈਲ ਸਿੰਘ, ਕਰਮ ਸਿੰਘ, ਗੱਗੀ ਸਿੰਘ, ਜੱਸੀ ਸਿੰਘ, ਜਗਤਾਰ ਸਿੰਘ ਔਲਖ, ਮੇਜਰ ਸਿੰਘ ਆਪਣੇ ਸੈਂਕੜੇ ਸਾਥੀਆਂ ਸਮੇਤ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖ ਕੇ ਕਾਂਗਰਸ ਪਰਵਾਰ ਵਿੱਚ ਸ਼ਾਮਲ ਹੋਏ।ਇਸ ਮੌਕੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਸਾਰੇ ਆਗੂਆਂ, ਵਰਕਰਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਇਹ ਕਾਂਗਰਸ ਦੇ ਹਰੇਕ ਵਰਕਰ ਦੀ ਮਿਹਨਤ, ਲਗਨ ਦਾ ਨਤੀਜਾ ਹੈ।ਸਾਰੇ ਅਹੁਦੇਦਾਰਾਂ ਦੀ ਟੀਮ ਵਰਕ ਦੀ ਇਹ ਵੱਡੀ ਕਾਮਯਾਬੀ ਹੈ।ਉਨ੍ਹਾਂ ਕਿਹਾ ਕਿ ਲੋਕ ਅਸਲ ਬਦਲਾਵ ਵਜੋਂ ਕਾਂਗਰਸ ਨੂੰ ਸੱਤਾ ਵਿੱਚ ਦੇਖਣ ਲਈ ਉਤਾਵਲੇ ਹਨ।ਸਾਡੇ ਪਰਵਾਰ ਦਾ ਹਿੱਸਾ ਬਣੇ ਸਾਰੇ ਸਾਥੀਆਂ ਦਾ ਦਿਲੋਂ ਸਵਾਗਤ ਹੈ। ਪਾਰਟੀ ਵੱਲੋਂ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।

## ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਮਜ਼ਬੂਤੀ ਲਈ ਵਰਕਰਾਂ ਵੱਲੋਂ ਵਿਚਾਰਾਂ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**



ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਸ਼ਹਿਰੀ ਇਕਾਈ ਵੱਲੋਂ ਪ੍ਰਧਾਨ ਵਿਸ਼ਾਲ ਗੋਇਲ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਤੇ ਹਲਕਾ ਇੰਚਾਰਜ ਕਬੀਰ ਦਾਸ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਪਾਰਟੀ ਆਗੂਆਂ ਨੇ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਨੂੰ ਮਜ਼ਬੂਤ ਕਰਨ ਲਈ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ।ਇਸ ਦੌਰਾਨ ਪਾਰਟੀ ਵੱਲੋਂ ਹਲਕਾ ਸ਼ੁਤਰਾਣਾ ਵਿੱਚ ਪੱਕੇ ਤੌਰ 'ਤੇ ਦਫਤਰ ਖੋਲ੍ਹਣ ਦਾ ਫੈਸਲਾ ਲਿਆ ਗਿਆ।ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਸੂਬੇ ਦੇ ਮੌਜੂਦਾ ਹਾਲਤਾਂ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਹੋਇਆਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਵਿਚਾਰਾਂ ਕੀਤੀਆਂ ਗਈਆਂ ਹਨ।ਪਾਰਟੀ ਹਾਈ ਕਮਾਂਡ ਦੇ ਹੁਕਮਾਂ ਉੱਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨਾਂ ਤੇ ਬੂਥ ਲੈਵਲ ਕਮੇਟੀਆਂ ਦਾ ਗਠਨ ਕੀਤੇ ਜਾਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਹੈ।ਇਸ ਦੌਰਾਨ ਹਲਕਾ ਇੰਚਾਰਜ ਕਬੀਰ ਦਾਸ ਨੇ ਪਾਰਟੀ ਵਰਕਰਾਂ ਨੂੰ ਦਲ ਦੀ ਮਜ਼ਬੂਤੀ ਲਈ ਇੱਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਭਾਵੇਂ ਸ਼ੁਤਰਾਣਾ ਵਿੱਚ ਕੋਈ ਧੜੇਬੰਦੀ ਨਹੀਂ ਹੈ, ਪਰ ਫਿਰ ਵੀ ਜੇਕਰ ਕੋਈ ਆਗੂ ਆਪਣੇ ਤੌਰ ਉੱਤੇ ਕੰਮ ਕਰ ਰਿਹਾ ਹੈ ਤਾਂ ਉਹ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਹੀ ਕੰਮ ਕਰ ਰਿਹਾ ਹੈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਕਲ ਪ੍ਰਧਾਨ ਰਣਜੀਤ ਸਿੰਘ ਸ਼ਾਹੀ, ਅਕਾਲੀ ਆਗੂ ਅਜੈਬ ਸਿੰਘ ਮੱਲ੍ਹੀ, ਤੇਜਵੀਰ ਸਿੰਘ ਖਾਂਗ, ਹਨੀ ਸਿੱਧੂ ਸੋਨੀ ਪੰਨੂੰ, ਮੰਗਾ ਸਿੰਘ, ਰਸ਼ਪਾਲ ਸਿੰਘ ਨਿਆਲ, ਅਮਰਜੀਤ ਸਿੰਘ ਸਮਰਾ, ਹਰਦੀਪ ਖਾਂਗ, ਜੋਗਿੰਦਰ ਸਿੰਘ ਭੁੱਲਰ, ਬਖਸੀਸ ਭੁੱਲਰ, ਜਗਰਾਜ ਸਿੰਘ ਸੰਧੂ, ਬਲਦੇਵ ਸਿੰਘ, ਗੋਗੀ ਵੜੈਚ, ਰਿੰਕੂ ਬਰਾਸ, ਬੂਟਾ ਸਿੰਘ ਬੱਤਰਾ, ਬਲਜੀਤ ਸਿੰਘ ਨਿਆਲ, ਨਿਸ਼ਾਨ ਸਿੰਘ ਖਾਂਗ ਅਮੀਰ ਸਿੰਘ ਅਤਾਲਾਂ ਤੇ ਬਲਬੀਰ ਸਿੰਘ ਦੁਤਾਲ ਆਦਿ ਹਾਜ਼ਰ ਸਨ।

## ਮਨੀਸ਼ ਸਿਸੋਦੀਆ ਖਿਲਾਫ ਕਾਰਵਾਈ ਕਰੇ ਚੋਣ ਕਮਿਸ਼ਨ : ਗੋਲਡੀ ਖੰਗੂੜਾ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਉਹ ਦਿੱਲੀ ਦੇ ਸਾਬਕਾ ਉੱਪ-ਮੁੱਖ ਮੰਤਰੀ ਮਨੀਸ਼ ਸਿਸੋਦੀਆ ਖਿਲਾਫ ਕਾਰਵਾਈ ਕਰੇ, ਜੋ ਪੰਜਾਬ 'ਚ ਵੱਖ-ਵੱਖ ਭਾਈਚਾਰਿਆਂ ਵਿਚਾਲੇ ਹਿੰਸਾ ਭੜਕਾਉਣ ਦਾ ਯਤਨ ਕਰ ਰਹੇ ਹਨ ਤੇ ਉਨ੍ਹਾਂ ਨੇ ਭ੍ਰਿਸ਼ਟਾਚਾਰ ਕੇਸ ਵਿਚ ਸਿਸੋਦੀਆ ਦੀ ਜ਼ਮਾਨਤ ਰੱਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਉਹ ਲਗਾਤਾਰ ਭੜਕਾਊ ਭਾਸ਼ਣ ਦੇ ਰਹੇ ਹਨ।ਵੀਡੀਓ ਜਨਤਕ ਹੈ ਤੇ ਜਿਸ ਵਿੱਚ ਉਹ ਆਪ ਵਰਕਰਾਂ ਨੂੰ ਝੂਠ ਬੋਲਣ, ਝੂਠੇ ਵਾਅਦੇ ਕਰਨ, ਵੋਟਰਾਂ ਨੂੰ ਭਰਮਾਉਣ ਤੇ 2027 ਦੀਆਂ ਚੋਣਾਂ ਜਿੱਤਣ ਵਾਸਤੇ ਹਿੰਸਾ ਤੱਕ ਕਰਨ ਵਾਸਤੇ ਆਖ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਇਸ ਗੱਲ ਦਾ ਸਬੂਤ ਹੈ ਕਿ ਆਪ ਸੂਬੇ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਤੇ ਇਸ ਲਈ ਚੋਣ ਕਮਿਸ਼ਨ ਨੂੰ ਉਨ੍ਹਾਂ ਖਿਲਾਫ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾਂ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਉਹ ਸਿਸੋਦੀਆ ਖਿਲਾਫ ਫੌਜਦਾਰੀ ਕੇਸ ਦਰਜ ਕਰਨ ਦੇ ਹੁਕਮ ਦੇਣ, ਕਿਉਂਕਿ ਆਪ ਸਰਕਾਰ ਵੱਲੋਂ ਦਿੱਲੀ ਦੇ ਆਗੂ ਖਿਲਾਫ ਕੋਈ ਕਾਰਵਾਈ ਕਰਨ ਦੀ ਸੰਭਾਵਨਾ ਨਹੀਂ ਹੈ, ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਵੀ ਉਨ੍ਹਾਂ ਸਰੋਤਿਆਂ ਵਿੱਚ ਸ਼ਾਮਲ ਸਨ, ਜਦੋਂ ਸਿਸੋਦੀਆ ਨੇ ਇਹ ਟਿੱਪਣੀਆਂ ਕੀਤੀਆਂ।ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੂੰ ਸਿਸੋਦੀਆ ਦੀ ਜ਼ਮਾਨਤ ਰੱਦ ਕਰਨ ਦੀ ਸਿਫਾਰਸ਼ ਕਰਨੀ ਚਾਹੀਦੀ ਹੈ, ਕਿਉਂਕਿ ਉਹ ਇਸ ਦੀ ਦੁਰਵਰਤੋਂ ਵੋਟਰਾਂ ਨੂੰ ਰਿਸ਼ਵਤ ਦੇ ਕੇ ਭ੍ਰਿਸ਼ਟਾਚਾਰ ਕਰਨ ਵਾਸਤੇ ਕਰ ਰਹੇ ਹਨ, ਜਦੋਂ ਕਿ ਪਹਿਲਾਂ ਹੀ ਉਹ ਇਸ ਦੋਸ਼ ਵਿੱਚ ਕੇਸ ਦਾ ਸਾਹਮਣਾ ਕਰ ਰਹੇ ਹਨ।

## ਯੂਥ ਅਕਾਲੀ ਦਲ ਦੀ ਮੀਟਿੰਗ ਨੇ ਧਾਰਿਆ ਰੈਲੀ ਦਾ ਰੂਪ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਸ਼ਹਿਰ ਦੇ ਸੰਨੀ ਟਾਵਰ ਵਿਖੇ ਜ਼ਿਲ੍ਹਾ ਸ਼ਹਿਰੀ ਯੂਥ ਪ੍ਰਧਾਨ ਦੇਬ ਅਸੀਸ ਮਲਿਕ ਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਸ਼ਹਿਰੀ ਪ੍ਰਧਾਨ ਸੁਖਬੀਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ।ਇਸ ਮੀਟਿੰਗ ਨੇ ਉਸ ਵੇਲੇ ਰੈਲੀ ਦਾ ਰੂਪ ਧਾਰਨ ਕਰ ਜਦੋਂ ਆਪ ਮੁਹਾਰੇ ਨੌਜਵਾਨ ਮੀਟਿੰਗ ਵਿੱਚ ਸ਼ਾਮਲ ਹੋਏ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਤੇ ਨੌਜਵਾਨਾਂ ਦੀ ਪਾਰਟੀ ਪ੍ਰਤੀ ਹੌਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਜਸਨੂਰ ਸਿੰਘ ਗਿੱਲ, ਜੋਏਦੀਪ ਸ਼ਰਮਾ ਤੇ ਸੀਨੀਅਰ ਆਗੂ ਜਰਨੈਲ ਸਿੰਘ ਦੁੱਨੇਕੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਦੇਬ ਅਸੀਸ ਮਲਿਕ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਯੂਥ ਅਕਾਲੀ ਦਲ ਦਿਨੋਂ ਦਿਨ ਮਜ਼ਬੂਤੀ ਵੱਲ ਵਧ ਰਿਹਾ ਹੈ ਤੇ ਇਸ ਗੱਲ ਦੀ ਗਵਾਹੀ ਇਸ ਗੱਲ ਕਰਕੇ ਹੈ ਕਿ ਸ਼ਹਿਰ ਦੇ ਵੱਖ ਵੱਖ ਵਾਰਡਾਂ 'ਚੋਂ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਦੀ ਪ੍ਰੇਰਨਾ ਸਦਕਾ 250 ਦੇ ਕਰੀਬ ਨੌਜਵਾਨਾਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ ਤੇ ਮੋਗਾ ਜ਼ਿਲ੍ਹੇ ਵਿੱਚ ਯੂਥ ਅਕਾਲੀ ਦਲ ਦੇ ਪਰਿਵਾਰ ਵਿੱਚ ਵੱਡਾ ਵਾਧਾ ਹੋਇਆ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਨੌਜਵਾਨਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਬੋਲਦਿਆਂ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਨੇ ਜੋ ਲੈਂਡ ਪੂਲਿੰਗ ਦੀ ਕਿਸਾਨ ਮਾਰੂ ਨੀਤੀ ਬਣਾਈ ਸੀ, ਉਸ ਨੂੰ ਰੱਦ ਕਰਵਾਉਣ ਲਈ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੂਰੇ ਪੰਜਾਬ ਵਿੱਚ ਵੱਡਾ ਸੰਘਰਸ਼ ਵਿੱਢਿਆ ਸੀ ਤੇ ਆਖ਼ਰਕਾਰ ਸਰਕਾਰ ਨੂੰ ਉਹ ਨੀਤੀ ਰੱਦ ਕਰਨੀ ਪਈ ਤੇ ਇਹ ਸ਼੍ਰੋਮਣੀ ਅਕਾਲੀ ਦਲ ਦੀ ਵੱਡੀ ਜਿੱਤ ਹੈ, ਜਿਸ ਨੂੰ ਲੈ ਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਇੱਕ ਸਤੰਬਰ ਨੂੰ ਮੋਗਾ ਵਿੱਚ ਇੱਕ ਜੇਤੂ ਰੈਲੀ ਕਰ ਰਹੇ ਹਨ। ਇਸ ਰੈਲੀ ਵਿੱਚ ਯੂਥ ਅਕਾਲੀ ਦਲ ਆਪਣੀ ਅਹਿਮ ਭੂਮਿਕਾ ਨਿਭਾਵੇਗਾ ਤੇ ਇਸ ਨੂੰ ਲੈ ਕੇ ਯੂਥ ਆਗੂ ਨੌਜਵਾਨਾਂ ਦੀਆਂ ਡਿਊਟੀਆਂ ਵੀ ਲਗਾ ਰਹੇ ਹਨ ਅਤੇ ਰੈਲੀ ਨੂੰ ਕਾਮਯਾਬ ਕੀਤਾ ਜਾਵੇਗਾ ਅਤੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਮੋਗਾ ਹੁਣੇ ਤੋਂ ਹੀ ਤਿਆਰੀਆਂ ਵਿੱਚ ਜੁਟ ਗਿਆ ਹੈ।ਉਨ੍ਹਾਂ ਸ਼ਾਮਲ ਹੋਏ ਨੌਜਵਾਨਾਂ ਨੂੰ ਜੀ ਆਇਆਂ ਆਖਿਆ ਤੇ ਕਿਹਾ ਕਿ ਪਾਰਟੀ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦੇਵੇਗੀ।ਇਸ ਮੌਕੇ ਸੁਖਬੀਰ ਸਿੰਘ ਸੁਖ ਗਿੱਲ ਨੇ ਬੋਲਦਿਆਂ ਕਿਹਾ ਕਿ ਸ਼ਾਮਲ ਹੋਏ ਨੌਜਵਾਨਾਂ ਨੂੰ ਲੈ ਕੇ ਸ਼ਹਿਰ ਦੇ ਹਰ ਵਾਰਡਾਂ ਵਿੱਚ ਵਾਰਡ ਕਮੇਟੀਆਂ ਬਣਾਈਆਂ ਜਾਣਗੀਆਂ ਤਾਂ ਕਿ ਨੌਜਵਾਨ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜ ਸਕਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਜਿੰਦਰ ਬੰਟੀ, ਹਰਫੂਲ ਸਿੰਘ ਬਰਾੜ, ਬਹਿਲੀਨ ਸਿੰਘ, ਅਰਮਾਨ ਸਿੰਘ, ਦਿਲਪ੍ਰੀਤ ਸਿੰਘ ਬਰਾੜ, ਗੈਰੀ ਕਰਾਉਨ, ਤੇਜੀ ਚੇਅਰਮੈਨ, ਲਵਲੀ ਦੁੱਨੇਕੇ, ਨਿਰਮਲ ਸਿੰਘ ਨਿੰਮਾ ਲੰਢੇਕੇ, ਗੁਰਜੋਤ ਸਿੰਘ, ਗੁਰਪ੍ਰੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਯੂਥ ਹਾਜ਼ਰ ਸੀ।

**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਨਤਕ ਨੋਟਿਸ**

ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਨਿਮਨਹਸਤਾਖਰੀ ਅਧਿਕਾਰਤ ਅਫਸਰ ਨੇ ਅਚੱਲ ਜਾਇਦਾਦ, ਜਿਸ ਦਾ ਮਾਲਕ ਸ੍ਰੀ ਪਰਮਜੀਤ ਸਿੰਘ ਪੁੱਤਰ ਰਾਜੂ, ਬੈਨਾਮਾ ਨੰ. 1164 ਮਿਤੀ 2-12-2009, ਜਾਇਦਾਦ ਰਕਬਾ 19 ਮਰਲੇ 6 ਸਰਸਾਈ (ਅਸਲ ਸਾਈਟ 18 ਮਰਲੇ 2 ਸਰਸਾਈ) ਜੋ ਸੰਗ ਢੇਸੀਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਵਿਖੇ ਸਥਿਤ ਹੈ, ਦਾ ਭੌਤਿਕ ਕਬਜ਼ਾ ਪਹਿਲਾਂ ਹੀ ਲੈ ਲਿਆ ਹੈ।

ਕਬਜ਼ੇ ਸਮੇਂ ਕੁਝ ਘਰੇਲੂ ਵਸਤਾਂ, ਜਿਨ੍ਹਾਂ 'ਚ ਦੋ ਲੋਹੇ ਦੀਆਂ ਅਲਮਾਰੀਆਂ, ਦੋ ਲੋਹੇ ਦੇ ਟਰੰਕ, ਇੱਕ ਲੋਹੇ ਦਾ ਟਰੰਕ (ਮਿੰਨੀ ਪੇਟੀ), ਇੱਕ ਲੱਕੜ ਦਾ ਦੀਵਾਨ, ਦੋ ਡਬਲ ਬੈੱਡ, ਇੱਕ ਪੰਜ ਸੀਟਾਂ ਵਾਲਾ ਸੋਫਾ ਅਤੇ ਇੱਕ ਡਰੈਸਿੰਗ ਟੇਬਲ ਦਾ ਵੀ ਕਬਜ਼ਾ ਹੈ ਲਿਆ ਅਤੇ ਇਹ ਸਾਰੀਆਂ ਵਸਤਾਂ ਬੈਂਕ ਕੋਲ ਪਈਆਂ ਹਨ।

ਜਾਇਦਾਦ ਦੇ ਮਾਲਕ ਸ੍ਰੀ ਪਰਮਜੀਤ ਸਿੰਘ ਪੁੱਤਰ ਰਾਜੂ ਵਾਸੀ ਢੇਸੀਆਂ, ਢੇਸੀਆਂ ਸੰਗ, ਜਲੰਧਰ, ਪੰਜਾਬ-144409 ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨਹਸਤਾਖਰੀ ਨਾਲ ਸੰਪਰਕ ਕਰੇ ਅਤੇ ਇਸ ਇਸ਼ਤਿਹਾਰ ਦੇ ਛਪਣ ਤੋਂ 7 ਦਿਨਾਂ ਦੇ ਅੰਦਰ-ਅੰਦਰ ਉਕਤ ਵਸਤਾਂ ਉਥੋਂ ਉਠਾ ਲਏ। ਜੇਕਰ ਦਿੱਤੇ ਗਏ ਸਮੇਂ 'ਚ ਇਹ ਵਸਤਾਂ ਉਥੋਂ ਨਹੀਂ ਉਠਾਈਆਂ ਗਈਆਂ ਤਾਂ ਇਹ ਸਮਝ ਲਿਆ ਜਾਵੇਗਾ ਕਿ ਜਾਇਦਾਦ ਮਾਲਕ ਨੂੰ ਇਨ੍ਹਾਂ ਵਸਤਾਂ 'ਚ ਕੋਈ ਦਿਲਚਸਪੀ ਨਹੀਂ ਹੈ ਅਤੇ ਬੈਂਕ ਇਨ੍ਹਾਂ ਵਸਤਾਂ ਨੂੰ ਉਥੋਂ ਹਟਾ ਦੇਵੇਗਾ, ਜਦੋਂ ਕਿ ਸਰਫੇਸੀ ਐਕਟ ਅਧੀਨ ਬੈਂਕ ਪਹਿਲਾਂ ਹੀ ਜਾਇਦਾਦ ਨੂੰ ਵੇਚਣ ਦੀ ਪ੍ਰਕਿਰਿਆ ਸ਼ੁਰੂ ਕਰ ਚੁੱਕਾ ਹੈ।

ਮਿਤੀ : 18.08.2025 (ਅਧਿਕਾਰਤ ਅਫਸਰ)

AXIS BANK
Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana-141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉੱਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ |
|---|---|---|---|---|---|---|
| 1. | 1. ਸ੍ਰੀ ਭਾਗਵਤ ਪ੍ਰਸਾਦ ਪੁੱਤਰ ਬ੍ਰਿਜ ਨੰਦਨ ਪ੍ਰਸਾਦ (ਕਰਜ਼ਦਾਰ-ਹੁਣ ਮ੍ਰਿਤਕ) ਰਾਹੀਂ ਇਸ ਦੇ ਕਾਨੂੰਨੀ ਵਾਰਸਾਂ ਅਤੇ (2) ਸ੍ਰੀਮਤੀ ਪੁਸ਼ਪਾ ਸਿਨਹਾ ਪਤਨੀ ਸਵ: ਸ੍ਰੀ ਭਾਗਵਤ ਪ੍ਰਸਾਦ (ਕਾਨੂੰਨੀ ਵਾਰਸ/ਸਹਿ-ਕਰਜ਼ਦਾਰ) | ਬੈਨਾਮਾ ਦਸਤਾਵੇਜ਼ ਨੰ. 2018-19/106/1/6444 ਮਿਤੀ 01 ਨਵੰਬਰ 2018, ਸ੍ਰੀ ਭਾਗਵਤ ਪ੍ਰਸਾਦ ਪੁੱਤਰ ਬ੍ਰਿਜ ਨੰਦਨ ਪ੍ਰਸਾਦ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਐੱਮ ਸੀ ਨੰ. ਬੀ-32-ਈ-/6/940 ਰਕਬਾ 100 ਵਰਗ ਗਜ਼, ਖਸਰਾ ਨੰ. 18//23-24-27//3/2-4, ਖੱਤਾ ਨੰ. 441/459, ਜਮ੍ਹਾਂਬੰਦੀ ਸਾਲ 2005-2006, ਪਿੰਡ ਕਾਕੋਵਾਲ, ਹੱਦਬਸਤ ਨੰ. 80, ਅਬਾਦੀ, ਵਿਸ਼ਾਲ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਗੁਆਂਢ, ਪੱਛਮ : ਗਲੀ 20' ਚੌੜੀ, ਉੱਤਰ : ਗੁਆਂਢ, ਦੱਖਣ : ਗਲੀ 20' ਚੌੜੀ | 06 ਦਸੰਬਰ 2024 | 29 ਅਪ੍ਰੈਲ 2025 | 14 ਅਗਸਤ 2025 | ਰੁਪਏ 1983618/- (ਉੱਨੀ ਲੱਖ ਤਰਿਆਸੀ ਹਜ਼ਾਰ ਛੇ ਸੌ ਅਠਾਰਾਂ ਰੁਪਏ ਕੇਵਲ) |
| 2. | (1) ਸ੍ਰੀ ਰਾਜੇਸ਼ ਪੁੱਤਰ ਸ੍ਰੀ ਰਾਮਪਾਲ ਕਪੂਰ (ਕਰਜ਼ਦਾਰ/ਰਹਿਣਕਾਰ) (2) ਸ੍ਰੀ ਗੋਰਾਂਗ ਅਰੋੜਾ ਪੁੱਤਰ ਸ੍ਰੀ ਵਿਪਨ ਅਰੋੜਾ (ਸਹਿ-ਕਰਜ਼ਦਾਰ) (3) ਸ੍ਰੀਮਤੀ ਸਪਨਾ ਕਪੂਰ ਪਤਨੀ ਰਾਜੇਸ਼ ਕਪੂਰ (ਸਹਿ-ਕਰਜ਼ਦਾਰ) ਅਤੇ (4) ਸ੍ਰੀਮਤੀ ਨੀਰੂ ਅਰੋੜਾ ਪਤਨੀ ਵਿਪਨ ਅਰੋੜਾ (ਸਹਿ-ਕਰਜ਼ਦਾਰ/ ਰਹਿਣਕਾਰ) | ਬੈਨਾਮਾ ਵਸੀਕਾ ਨੰ. 2368 ਮਿਤੀ 05-06-2018 ਅਨੁਸਾਰ ਸ੍ਰੀ ਰਾਜੇਸ਼ ਕਪੂਰ ਪੁੱਤਰ ਸ੍ਰੀ ਰਾਮਪਾਲ ਕਪੂਰ ਅਤੇ ਸ੍ਰੀਮਤੀ ਨੀਰੂ ਅਰੋੜਾ ਪਤਨੀ ਸਵ: ਸ੍ਰੀ ਵਿਪਨ ਅਰੋੜਾ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਪ੍ਰਾਈਵੇਟ ਨੰ. 283, ਰਕਬਾ 188.88 ਵਰਗ ਗਜ਼, ਖਸਰਾ ਨੰ. 60//25 ਮਿੰਨ, ਖੇਵਟ/ਖਤੌਨੀ ਨੰ. 1496/2423, ਜਮ੍ਹਾਂਬੰਦੀ ਸਾਲ 2010-2011 ਰਕਬਾ ਪਿੰਡ ਨੰਗਲੀ ਵਿਖੇ ਸਥਿਤ, ਨੇੜੇ ਅਬਾਦੀ ਭੱਲਾ ਕਾਲੋਨੀ (ਮੌਜੂਦਾ ਅਬਾਦੀ ਵਰਿੰਦਾਵਨ ਗਾਰਡਨ ਫੇਜ਼-2), ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਲਾਟ ਨੰ. 267, ਪੱਛਮ : ਪਲਾਟ ਨੰ. 284 , ਉੱਤਰ : ਸੜਕ 60' ਚੌੜੀ, ਦੱਖਣ : ਪਲਾਟ ਨੰ. 285, 268 | 29 ਅਪ੍ਰੈਲ 2025 | 27-05-2025 | 14 ਅਗਸਤ 2025 | ਰੁਪਏ 65,88,301.98/- (ਪੈਂਹਠ ਲੱਖ ਅਠਾਸੀ ਹਜ਼ਾਰ ਤਿੰਨ ਸੌ ਇੱਕ ਰੁਪਏ ਅਤੇ ਅਠਨਾਵੇਂ ਪੈਸੇ ਕੇਵਲ) |

ਮਿਤੀ : 19.08.2025
ਸਥਾਨ : ਲੁਧਿਆਣਾ
ਸਹੀ/- (ਅਧਿਕਾਰਤ ਅਫਸਰ)
ਐਕਸਿਸ ਬੈਂਕ ਲਿਮਟਿਡ

# ਕਲਾਸੀਫਾਈਡ ਇਸ਼ਤਿਹਾਰ

## Change of Name

I, hitherto known as Amandeep Kaur wife of Harjinder Singh R/o Near Sugar Mill Baba Karam Singh Colony Bhogpur District Jalandhar, Punjab 144201, have changed my name as Kaur Amandeep and now my given name Amandeep and my surname is Kaur.

I, Sharban Kumar Gupta presently R/o 196/6, Sanjay Vihar, Jalandhar cantt-144005, Punjab declare that my daughter Divya Gupta is 10th class student. In her school records her date of birth has wrongly mentioned as 28-03-2011, instead of correct date of birth is 28-08-2011. Please note.

I, Raji D/o Deepak Masih R/o Vill. Mastkot PO Dargabad, Distt. Gurdaspur, Punjab -143511 Have changed my name from Raji to Raji Masih.

I, Sarbjit Singh S/o Heera Singh Resident of Vill. Daduwal PO Bhagowal, District Gurdaspur, Punjab, India Pin Code 143511, I Have changed my name from Sarbjit Singh to Singh Sarbjit, Surname as Singh and Given Name as Sarbjit.

I, Gurbinder Singh S/o Ranjit Singh Resident of Vill Uppal Po Kalanaur Tehsil Kalanaur Distt. Gurdaspur State Punjab Pin Code 143512 I have change my Gurbinder Singh To Singh Gurbinder Surname as Singh and given name as Gurbinder.

I, Ranjit Singh S/o Nirmal Singh Resident of Vill. Rahimabad PO Kalanaur Tehsil Dera Baba Nanak, Distt. Gurdaspur State Punjab Pin Code 143512 I have change my Ranjit Singh to Singh Ranjit Surname as Singh and given name as Ranjit.

I, Yuvraj S/o Rajinder Kumar R/o House No. NG 203, Saipur Kalan, Jalandhar, Punjab have changed my name from Yuvraj to Yuvraj Sandhu. All concerned please note.

I, Navleen Gandhi W/O Sameer Sharma R/O 1009, Nai Sadak, Opp. BBK DAV College, Joshi Colony, Lawrence Road, Amritsar, Punjab have changed my name after marriage from Navleen Gandhi to Navleen Gandhi Sharma. Concerned note.

I, Jarmanjeet Singh S/o Angrej Singh R/O Village Mian Pandher PO Bhillowal Distt. Amritsar, Punjab have changed my name from Jarmanjeet Singh to Jarmanjeet as my Given name and Singh as my Surname. Concerned note.

I, Prince Arora S/o Harish Kumar R/o House No. 20, Dada Quarters, Rama Mandi, PO Jalandhar Cantt, Distt Jalandhar, Punjab-144005 declare that I have changed my name from Prince to Prince Arora.

I, Sukhbir Singh S/o Lakhwinder Singh R/o Ward No.4, Near Gurdwara Kalghidhar Ajnala, Tehsil Ajnala District Amritsar have declared that Singh is my surname and Sukhbir is my given name.

I, Sunil Kumar Arora S/o Sita Ram Arora R/o H.No.8-A, Dasonda Singh Road, Amritsar have changed my name from Sunil Kumar Arora to Sunil Arora

I, Surinder Singh S/o Ajit Singh R/o H.No.168, Shastri Nagar, Near Khurana Park Lawrence Road, Amritsar have changed my name from Surinder Singh to Sawinder Singh Dhunna.

I, Kulwinder Kaur W/o Late Malkeet Singh R/O Village Sehchandar Amritsar 143001 Have Changed my Minor Son name from Gurniaz to Prithamjot Singh. All concerned may please note.

I, Tarsem Singh alias Tarsem S/o Tarlok Singh R/o 4149/18, Gali No. 1, Kot Kanahiya Lal, Sultanwind Road, Amritsar, Punjab have changed my name from Tarsem Singh alias Tarsem to Tarsem Singh.

I, Harinder Singh S/o Dilbag Singh R/o Pind Gharindi, Gharinda, PO Gharinda, Distt. Amritsar, Punjab-143107 have changed my name from Harinder Singh to Singh is my surname and Harinder is my given name.

I Brij Lal Gupta S/o Puran Mal Gupta R/o H.No. 7, Janta Colony, Maqsudan, Jalandhar-144008, Punjab, have changed name of my minor son from Akansh Aggarwal to Akanshu Aggarwal. All please note.

I, Kuldip S/O Swarn Chand R/O Mianwal Araian, Tehsil Shahkot, Distt. Jalandhar, Punjab have changed my name to Kuldip Chand. Note please.

I, Kuldip Chand S/O Swarn Chand R/O Mianwal Araian, Tehsil Shahkot, Distt. Jalandhar, Punjab have changed the name of my minor son Yuvraj to Yuvraj Khuttan. Note please.

I Pooja W/o Vazir Singh VPO. Nangal Lubana, Teh. Bholath, Distt. Kapurthala, Punjab I Have Changed My Name Pooja To Pooja Kaur. All Please Note.

I, Balkishan Puri S/o Darshan Singh R/o Chogawan Amritsar have change my name from Bal Kishan Puri to Bal krishan.

I, Dilbag Singh Sound S/o Gurbachan Singh R/O VPO Sham Chaursi, Hoshiarpur, Punjab-144105 changed my name to Dilbag Singh.

I, Sandeep Singh S/o Jasvir Singh R/o H.No.49, VPO Chakdana, SBS Nagar, Punjab-144422 changed my name to Sandeep as Given Name and Singh as Surname

I hitherto Known as SOHIL S/o Ikbal Ahmad R/O H.No,B-1 /171 ,G.T. Road, Maqsudan, Jalandhar 144008 Punjab, India have changed my name and shall hereafter be known as Sohil Ahmad

I Hitherto Known as Rukhsar W/o Ikbal Ahmad R/o H.No,B-1 /171 ,G.T. Road, Maqsudan, Jalandhar 144008 Punjab, India have changed my name and shall hereafter be known as Rukhsar Khatun

I, Ashish S/o Aliazar R/O Nagal Shama, P.O. Ladhewali, District Jalandhar declare that I have changed my name from Ashish to Ashish Gill.

## Change of Name

I, Nisha W/O Gaurav, R/o House No- 2015, Achharu Gali, Shiv Puri Road, VTC: Ludhiana, PO: Central Post Office, Sub Dist: Ludhiana(West), Dist: Ludhiana, Punjab- 141008, I have changed the name of my minor Son Nikhil aged about 15 Years and He shall hereafter be known as Abhimanyu.

I, Shalu Rani W/O Ranvir Singh, R/o Hno 356, ST No1, Chander Nagar, Bhoura, Ludhiana, Punjab- 141008. have changed my name and shall hereafter be Known as Shallu.

I, Hitesh Kumar S/O Harsh Kumar, R/o House Number- 80, Street No-10, Jodha Mal Road, Gautam Nagar, Hoshiarpur, Punjab- 146001, have changed my name and shall hereafter be Known as Hitesh Nahar.

I Sarabjit Singh S/o Virsa Singh R/o VPO Ibrahimwal, Teh. Bholath, Kapurthala-144819, Punjab, have changed my name/spelling from Sarabjit Singh to Sarbjit Singh. All please note.

I, Sonia W/o Sharnjeet Singh R/o 84, Bhatnura Lubana, Bhogpur, Distt. Jalandhar, Punjab-144201 have changed my name from Sonia to Sonia Singh. All concerned please note.

I, Balwinder Singh S/O Sukh Ram Singh R/O VPO Bhatnura Lubhana Distt Jalandhar Have changed my Name From my Minor Daughter Jasmeen To Jasmeen Kaur. All Concerned Please Note.

I Urmila Rani Sharma W/O Sham Sunder Sharma R/O W.P-93 Manjit Nagar, Basti Sheikh, Jalandhar-144002, Punjab Have Changed my Name From Urmila Rani Sharma To Urmila Sharma. All Concerned Please Note.

I, Isha W/o Shagun Bhardwaj R/o H.No. 181-A, Sat Kartar Enclave, Basti Sheikh, Jalandhar-I, Jalandhar, Punjab, India have changed my name from Isha to Isha Bhardwaj. All concerned please note.

I, Sunny S/o Vijay Kumar Deol R/o H.No. 181-A, Sat Kartar Enclave, Basti Sheikh, Jalandhar-I, Jalandhar, Punjab, India have changed my name from Sunny to Sunny Deol. All concerned please note.

I, Ravi Kumar S/o Bhajan Lal R/o Vill. Mubarakpur, PO. Sheikhe Pind, Jalandhar, Punjab-144025 have changed my name Ravi Kumar to Kumar Ravi, Kumar as a surname. Please note all concerned.

I Rajdeep kaur w/o Tarsem Singh Resident of village Chak Bahmanian Tehsil Shahkot Distt jalandhar (Punjab) India. I have changed my name Rajdeep kaur Bukkanke to Rajdeep Kaur. Please note.

I, Karamjit Kaur w/o Pardeep Suri r/o Near Singh Sabha Gurudwara, Khurla Kingra, Jalandhar have changed my name to Given name as Karamjit & Surname as Kaur. All Please Note.

I, Sahil Daroch s/o Surjit Singh r/o VPO. Rajpur, Teh. Bhogpur, Distt. Jalandhar have changed my name to Given name as Sahil & Surname as Daroch. All Please Note.

I, Suraj s/o Nachttar Pal r/o VPO. Bhulath, Distt. Kapurthala have changed my name to Suraj Verma (Surname as Verma). All Please Note.

I, Beeru s/o Kishan r/o H.No. 131, Tower Enclave Phase-2, Jalandhar, Punjab have changed my name from Beeru to Beeru Kumar. All Please Note.

I, Sukhjinder Singh S/o Natha Singh R/o H.No. 1, Hardyal Nagar, Sheikhepind, Shekhe Pind, Jalandhar, Punjab-144025 have changed the name of my minor daughter Jasmine Kaur aged 15 years and she shall hereafter be known as Jasmeen Kaur.

I, Iqbal Singh S/o S. Harbans Singh R/o H.No. WN-239, Basti Danishmandan, Distt.Jalandhar, Punjab have changed my name from Iqbal Singh to Iqbal Singh Dhir. All Please Note.

I, Balpreet Singh Kukar S/o Harjeet Singh R/o H.No. 26, New Isherpuri Colony, Garha, Jalandhar-144022, Punjab have changed my name from Balpreet Singh Kukar to Balpreet Singh. All Please Note.

## ਆਮ ਸੂਚਨਾ

ਬਲਵਿੰਦਰ ਸਿੰਘ ਅਤੇ ਹਰਵਿੰਦਰ ਸਿੰਘ ਪੁੱਤਰ ਸਮਾਂ ਸਿੰਘ ਵਾਸੀ ਪਿੰਡ ਰਾਮਪੁਰ ਭੀੜਾ ਕਲਾਂ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੇ ਦੋਵਾਂ ਦੇ ਨਾਮ ਮੇਰੇ ਹਨ। ਮੈਂ ਸੁਖਵਿੰਦਰ ਕੌਰ ਪਤਨੀ ਲਖਵੀਰ ਸਿੰਘ ਵਾਸੀ ਪਿੰਡ ਦੁੱਨੇਕਾ ਤਹਿਸੀਲ ਮੋਗਾ, ਜ਼ਿਲ੍ਹਾ ਰੂਪਨਗਰ ਆਪਣੀ ਦੋਹਤੀ ਅੰਮ੍ਰਿਤਪਾਲ ਕੌਰ ਪੁੱਤਰੀ ਹਰਵਿੰਦਰ ਸਿੰਘ ਜੋ ਮੇਰੇ ਕੋਲ ਰਹਿੰਦੀ ਹੈ, ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੇ ਕੋਈ ਵੀ ਉਸ ਨਾਲ ਲੈਣ ਦੇਣ ਕਰਦਾ ਹੈ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਰਜੀਤ ਕੁਮਾਰ ਪੁੱਤਰ ਮਿਲਖਾ ਰਾਮ ਵਾਸੀ ਬਿਆਸ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਰਾਜਨ ਕੁਮਾਰ ਨੂੰ ਕਰੀਬ 20 ਸਾਲ ਪਹਿਲਾਂ ਬੇਦਖਲ ਕੀਤਾ ਸੀ, ਜਿਸ ਦਾ ਇਸ਼ਤਿਹਾਰ ਅਖਬਾਰ ਵਿਚ ਮਿਤੀ 27-06-2019 ਨੂੰ ਛਪਵਾਇਆ ਸੀ। ਹੁਣ ਮੈਂ ਉਸ ਨੂੰ ਆਪਣੀ ਜਾਇਦਾਦ ਵਿਚ ਵਾਪਸ ਲੈਂਦਾ ਹਾਂ। ਸੰਬੰਧਤ ਨੋਟ ਕਰਨ।

ਮੈਂ, ਕਾਂਤਾ ਦੇਵੀ ਪਤਨੀ ਸਵਰਗੀ ਪਰਮਜੀਤ ਰਾਮ ਵਾਸੀ 47, ਸੰਤ ਨਗਰ, ਬਸਤੀ ਸ਼ੇਖ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੇ ਪੁੱਤਰ ਪਰਮਿੰਦਰ ਕੁਮਾਰ ਅਤੇ ਨੂੰਹ ਮੰਜੂ ਬਾਲਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ, ਮੈਂ ਉਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਜਸਵੀਰ ਸਿੰਘ ਪੁੱਤਰ ਨਿਰਮਲ ਸਿੰਘ ਰੂਪਾ ਦੱਸਦਾ ਹਾਂ ਕਿ ਮੇਰਾ ਪੁੱਤਰ ਜਸਵੀਰ ਸਿੰਘ ਦਾ ਨਾਮ ਬਦਲ ਕੇ ਜਸਵੀਰ ਸਿੰਘ ਸਿਕਾਬ ਹੈ।

## ਬੇਦਖਲੀ ਨੋਟਿਸ

ਅਸੀਂ ਕੇਵਲ ਸਿੰਘ ਪੁੱਤਰ ਮਿਲਖਾ ਸਿੰਘ ਅਤੇ ਕਸ਼ਮੀਰ ਕੌਰ ਪਤਨੀ ਕੇਵਲ ਸਿੰਘ ਵਾਸੀ ਪਿੰਡ ਬਾਊਪੁਰ ਤਹਿਸੀਲ ਸੁਲਤਾਨਪੁਰ ਲੋਧੀ ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡਾ ਲੜਕਾ ਗੁਰਜੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਦੀ ਇਸ਼ਤਿਹਾਰ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੋਂ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ ਵਿਜੇ ਕੁਮਾਰ ਪੁੱਤਰ ਅਮਰ ਨਾਥ ਵਾਸੀ 19 ਬੀ-1578, ਬੇਕਨਾਲੋਜ਼ ਸ਼ੂਗਰ ਮਿਲ, ਖੰਡਵਾਲਾ ਛੇਹਰਟਾ ਅੰਮ੍ਰਿਤਸਰ ਆਪਣੇ ਲੜਕੇ ਰਾਜੇਸ਼ ਕੁਮਾਰ, ਜੋ ਕਿ ਕੁਆਰਾ ਹੈ, ਜੋ ਮੇਰੇ ਕਹਿਣੇ ਵਿੱਚ ਨਹੀਂ ਹੈ, ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸਦੇ ਕਿਸੇ ਵੀ ਮਾੜੇ ਚੰਗੇ ਕੰਮ, ਲੈਣ ਦੇਣ ਲਈ ਮੈਂ ਅਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵੇਗਾ। ਮੇਰਾ ਪੁੱਤਰ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪਾਖਰ ਰਾਮ ਪੁੱਤਰ ਸ੍ਰੀ ਰਤਨ ਚੰਦ ਵਾਸੀ 90/8 ਮੁਹੱਲਾ ਗੀਤਾ ਭਵਨ ਅਲਾਵਲਪੁਰ ਜਲੰਧਰ-144301 ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਮਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ, ਵਿਸ਼ਾਲ ਪੁੱਤਰ ਕਪੂਰ ਚੰਦ ਵਾਸੀ ਮਕਾਨ ਨੰ: 347, ਗਲੀ ਨੰ: 03, ਨਿਊ ਅਬਾਦਪੁਰਾ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਤੇ ਨੂੰਹ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਸਵਰਨਾ ਸਿੰਘ ਵਾਸੀ ਪਿੰਡ ਨੌਗਜਾ, ਡਾਕਖਾਨਾ ਕਰਤਾਰਪੁਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਤੇ ਨੂੰਹ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਮਹਿੰਦਰ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਪਿੰਡ ਦੌਲੋ ਮਹਤ ਤਹਿਸੀਲ ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਬਲਵਿੰਦਰ ਸਿੰਘ ਪੁੱਤਰ ਰਤਨ ਸਿੰਘ ਵਾਸੀ ਪਿੰਡ ਰਸੂਲਪੁਰ ਤਹਿਸੀਲ ਤੇ ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਸੰਬੰਧਤ ਨੋਟ ਕਰਨ।

**ਲੋਹੀਆਂ ਖਾਸ, (ਯੋਗੇਸ਼ਵਰ)**- ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਇੰਟਰ ਹਾਊਸ ਨੁੱਕੜ ਨਾਟਕ ਪ੍ਰਤੀਯੋਗਿਤਾ ਆਯੋਜਿਤ ਕੀਤੀ ਗਈ ਜਿਸ ਵਿੱਚ ਸਕੂਲ ਦੇ ਚਾਰੋਂ ਹਾਊਸ ਗੰਗਾ, ਨਾਇਲ, ਥੇਮਜ਼ ਅਤੇ ਐਮਾਜ਼ੋਨ ਹਾਊਸ ਨੇ ਵੱਖ-ਵੱਖ ਵਿਸ਼ਿਆਂ ਜਿਵੇਂ ਅਜ਼ਾਦੀ ਅਬ ਭੀ ਬਾਕੀ ਹੈ, ਬੇਟੀ ਬਚਾਓ, ਬੇਟੀ ਪੜ੍ਹਾਓ, ਆਜ਼ਾਦੀ ਸਿਰਫ਼ ਕਾਗਜ਼ ਪਰ ਨਹੀਂ ਅਤੇ ਸੁਤੰਤਰਤਾ ਕਾ ਅਰਥ ਜਸ਼ਨ ਜਾਂ ਜਾਗਰਨ ਆਦਿ ਤੇ ਨੁੱਕੜ ਨਾਟਕ ਪੇਸ਼ ਕੀਤਾ ਜਿਨ੍ਹਾਂ ਵਿੱਚ ਸਾਰਿਆਂ ਦੀ ਹੀ ਪੇਸ਼ਕਾਰੀ ਸ਼ਲਾਂਘਾਯੋਗ ਸੀ। ਇਸ ਮੌਕੇ ਸਕੂਲ ਸੰਗੀਤ ਅਧਿਆਪਕ ਸਰਦਾਰ ਹਰਦੀਪ ਸਿੰਘ, ਰਾਜਨਪ੍ਰੀਤ ਸਿੰਘ ਅਤੇ ਸਕੂਲ ਵਿਦਿਆਰਥੀਆਂ ਦੁਆਰਾ ਆਜ਼ਾਦੀ ਦਿਵਸ ਸੰਗੀਤ ਔਰਕੇਸਟਰਾ ਦੀ ਪੇਸ਼ਕਾਰੀ ਬਹੁਤ ਹੀ ਸ਼ਾਨਦਾਰ ਦਿੱਤੀ ਗਈ। ਵਿਦਿਆਰਥੀਆਂ ਦੁਆਰਾ ਵੱਖ-ਵੱਖ ਦੇਸ਼ ਭਗਤੀ ਗੀਤਾਂ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਇਸ ਇੰਟਰ ਹਾਊਸ ਨੁੱਕੜ ਨਾਟਕ ਪ੍ਰਤੀਯੋਗਿਤਾ ਵਿੱਚ ਐਮਾਜ਼ਾਨ ਹਾਊਸ ਨੇ ਪਹਿਲਾ ਸਥਾਨ, ਥੇਮਸ ਹਾਊਸ ਨੇ ਦੂਜਾ, ਨਾਇਲ ਹਾਊਸ ਨੇ ਤੀਸਰਾ ਅਤੇ ਗੰਗਾ ਹਾਊਸ ਦੁਆਰਾ ਚੌਥਾ ਸਥਾਨ ਹਾਸਲ ਕੀਤਾ ਗਿਆ।ਸਕੂਲ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਜੱਜ ਦੁਆਰਾ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਇਸ ਆਜ਼ਾਦੀ ਦਿਹਾੜੇ ਦੀ ਵਧਾਈ ਦਿੱਤੀ ਗਈ ਅਤੇ ਸਕੂਲ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਜੀ ਅਤੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਜੱਜ ਦੁਆਰਾ ਜੇਤੂ ਟੀਮਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਉਹਨਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ।




# ਮਹਾਂਰਿਸ਼ੀ ਵਾਲਮੀਕਿ ਦੇ ਨਾਂਅ 'ਤੇ 'ਵਰਸਿਟੀ ਬਣਾਈ ਜਾਵੇ : ਸਹੋਤਾ



**ਕਾਲਾ ਸੰਘਿਆਂ (ਮਨਜੀਤ ਮਾਨ)**

ਭਾਰਤੀਆ ਵਾਲਮੀਕਿ ਸਭਾ ਦੀ ਇੱਕ ਅਹਿਮ ਮੀਟਿੰਗ ਕਰਨੈਲ ਸਿੰਘ ਸਹੋਤਾ, ਨੈਸ਼ਨਲ ਪ੍ਰੈਜ਼ੀਡੈਂਟ ਦੀ ਪ੍ਰਧਾਨਗੀ ਹੇਠ ਵਾਲਮੀਕਿ ਭਵਨ, ਨਕੋਦਰ ਰੋਡ ਜਲੰਧਰ ਵਿਖੇ ਹੋਈ। ਮੀਟਿੰਗ ਦੌਰਾਨ ਵਾਲਮੀਕਿ /ਮਜ਼੍ਹਬੀ ਸਿੱਖ ਸਮਾਜ ਦੀਆਂ ਅਤਿ ਜ਼ਰੂਰੀ ਮੰਗਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਸਰਬ ਸੰਮਤੀ ਨਾਲ ਇਹ ਮਤਾ ਪਾਸ ਕੀਤਾ ਗਿਆ ਕਿ ਵਾਲਮੀਕਿ /ਮਜ਼੍ਹਬੀ ਸਿੱਖ ਸਮਾਜ ਚੋਣਾਂ ਦੌਰਾਨ ਅਹਿਮ ਭੂਮਿਕਾ ਨਿਭਾਉਂਦਾ ਹੈ। ਇਸ ਲਈ ਸਾਲ 2027 ਵਿੱਚ ਆ ਰਹੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਮੁੱਚੀਆਂ ਪਾਰਟੀਆਂ ਨੂੰ ਆਪਣੇ ਚੋਣ ਮੈਨੀਫੈਸਟੋ ਵਿੱਚ ਹੇਠ ਅਨੁਸਾਰ ਅਜੰਡੇ ਸ਼ਾਮਲ ਕਰਨ ਲਈ ਬੇਨਤੀ ਕੀਤੀ ਜਾਵੇਗੀ। ਮਹਾਰਿਸ਼ੀ ਵਾਲਮੀਕਿ ਜੀ ਦੇ ਨਾਂਅ 'ਤੇ ਯੂਨੀਵਰਸਿਟੀ ਬਣਾਈ ਜਾਵੇ, ਵਾਲਮੀਕਿ ਆਸ਼ਰਮ ਅੰਮ੍ਰਿਤਸਰ ਨੂੰ ਰੇਲਵੇ ਨੈੱਟਵਰਕ ਨਾਲ ਜੋੜਿਆ ਜਾਵੇ ਤਾਂ ਜੋ ਹੋਰ ਰਾਜਾਂ ਤੋਂ ਆ ਰਹੀਆਂ ਸੰਗਤਾਂ ਨੂੰ ਪ੍ਰੇਸ਼ਾਨੀ ਨਾ ਆਵੇ, ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਨਾਂਅ ਤੇ ਚੇਅਰ ਸਥਾਪਤ ਕੀਤੀ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਭਰਵਾਲ, ਰਾਸ਼ਟਰੀ ਜਨਰਲ ਸਕੱਤਰ, ਬੂਟਾ ਸਿੰਘ ਪੰਡੋਰੀ, ਜਸਵਿੰਦਰ ਮੱਟੂ, ਕਾਂਤਾ ਦੇਵੀ, ਪੰਜਾਬ ਪ੍ਰਧਾਨ, ਸਵਰਨ ਕੌਰ, ਵਾਈਸ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਲਮੀਕਿ/ਮਜ਼੍ਹਬੀ ਸਿੱਖ ਸਮਾਜ ਦੇ ਲੋਕ ਹਾਜ਼ਰ ਸਨ। ਪ੍ਰੈਸ ਨੂੰ ਇਹ ਜਾਣਕਾਰੀ ਮਾਸਟਰ ਮਹਿੰਦਰਪਾਲ ਉਂਗੀ, ਸਟੇਟ ਪ੍ਰਧਾਨ ਨੇ ਦਿੱਤੀ।

# ਪ੍ਰਧਾਨ ਮੰਤਰੀ ਨੇ ਇੱਕ ਬਾਰ ਫੇਰ ਨਾਇਬ ਸਿੰਘ ਸੈਣੀ ਦੀ ਕਾਰਜਸ਼ੈਲੀ ਦੀ ਕੀਤੀ ਸ਼ਲਾਘਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਬਾਰ ਫੇਰ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਦੀ ਸਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਹਰਿਆਣਾ ਵਿੱਚ ਨੌਜਆਨਾਂ ਨੂੰ ਪੂਰੀ ਪਾਰਦਰਸ਼ਿਤਾ ਅਤੇ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਮੁਹੱਈਆ ਕਰਾਈ ਜਾ ਰਹੀਆਂ ਹਨ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਵੀਂ ਦਿੱਲੀ ਤੋਂ ਲਗਭਗ 11000 ਕਰੋੜ ਰੁਪਏ ਦੀ ਲਾਗਤ ਨਾਲ ਦਿੱਲੀ ਅਤੇ ਹਰਿਆਣਾ ਨੂੰ ਜੋੜਨ ਵਾਲੇ ਦਵਾਰਕਾ ਐਕਸਪ੍ਰੈਸ-ਵੇ ਅਤੇ ਯੂਈਆਰ-2 ਰਾਸ਼ਟਰੀ ਰਾਜਮਾਰਗ ਸੜਕ ਪਰਿਯੋਜਨਾਵਾਂ ਦੇ ਉਦਘਾਟਨ ਮੌਕੇ ਆਯੋਜਿਤ ਪ੍ਰੋਗਰਾਮ ਨੂੰ ਸੰਬੋਧਿਤ ਕਰ ਰਹੇ ਸਨ।ਉਨ੍ਹਾਂ ਨੇ ਕਿਹਾ ਕਿ ਹਰਿਆਣਾ ਵਿੱਚ ਇੱਕ ਸਮੇ ਕਾਂਗਰਸ ਸਰਕਾਰ ਦਾ ਸੀ।ਉਸ ਸਮੇ ਦੀ ਕਾਂਗਰਸ ਦੀ ਸਰਕਾਰ ਦੌਰਾਨ ਹਰਿਆਣਾ ਵਿੱਚ ਨੌਜਆਨਾਂ ਲਈ ਬਿਨਾਂ ਖਰਚੀ ਅਤੇ ਪਰਚੀ ਦੇ ਇੱਕ ਸਰਕਾਰੀ ਨਿਯੁਕਤੀ ਤੱਕ ਮਿਲਣਾ ਅਸੰਭਵ ਸੀ।ਪਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਇਸ ਵਿਵਸਥਾ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ।ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਹਰਿਆਣਾ ਵਿੱਚ ਹੁਣ ਤੱਕ ਲੱਖਾਂ ਨੌਜੁਆਨਾਂ ਨੂੰ ਪੂਰੀ ਪਾਰਦਰਸ਼ਿਤਾ ਨਾਲ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਦਾ ਮਾਰਗਦਰਸ਼ਨ ਅਤੇ ਪ੍ਰੋਤਸਾਹਨ ਹੀ ਮੌਜੂਦਾ ਹਰਿਆਣਾ ਸਰਕਾਰ ਲਈ ਸਭ ਤੋਂ ਵੱਡੀ ਤਾਕਤ ਹੈ।

# ਪੀੜਤ ਕਿਸਾਨਾਂ ਦੀ ਬਾਂਹ ਫੜੇ ਸਰਕਾਰ : ਸੀਚੇਵਾਲ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)** ਰਾਜ ਸਭਾ ਮੈਂਬਰ 'ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੱਤਰ ਲਿਖਕੇ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਦੇਣ ਦੀ ਪੁਰਜ਼ੋਰ ਮੰਗ ਕੀਤੀ ਹੈ। ਉਨ੍ਹਾਂ ਆਪਣੇ ਪੱਤਰ ਵਿੱਚ ਲਿਖਿਆ ਹੈ ਕਿ ਮੰਡ ਇਲਾਕੇ ਦੇ ਕਿਸਾਨਾਂ ਨਾਲ ਹਰ ਦੂਜੇ ਜਾਂ ਫਿਰ ਤੀਜੇ ਸਾਲ ਅਜਿਹਾ ਭਾਣਾ ਵਾਪਰਦਾ ਹੈ, ਜਿਸ ਨਾਲ ਕਿਸਾਨਾਂ ਦੀ ਹਜ਼ਾਰਾਂ ਏਕੜ ਫਸਲਾਂ ਤਬਾਹ ਹੋ ਜਾਂਦੀਆਂ ਹਨ।ਸੰਤ ਸੀਚੇਵਾਲ ਨੇ ਪੱਤਰ ਰਾਹੀ ਇਹ ਵੀ ਮੰਗ ਕੀਤੀ ਕਿ ਪੀੜਤ ਕਿਸਾਨਾਂ ਵੱਲੋਂ ਜਿਹੜਾ ਕਰਜ਼ਾ ਬੈਂਕਾਂ ਤੋਂ ਲਿਆ ਗਿਆ ਹੈ। ਉਨ੍ਹਾਂ ਦੀਆਂ ਕਿਸ਼ਤਾਂ ਮੁਲਤਵੀ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਜਦੋਂ ਫਸਲਾਂ ਹੀ ਬਰਬਾਦ ਹੋ ਗਈਆਂ ਹਨ ਤਾਂ ਕਿਸਾਨ ਵਿਚਾਰੇ ਕਰਜ਼ੇ ਦੀਆਂ ਕਿਸ਼ਤਾਂ ਕਿਵੇਂ ਮੋੜਨਗੇ। ਸੰਤ ਸੀਚੇਵਾਲ ਨੇ ਸਰਕਾਰ ਤੋਂ ਇਹ ਮੰਗ ਵੀ ਕੀਤੀ ਕਿ ਪੀੜਤ ਕਿਸਾਨਾਂ ਦੇ ਖੇਤਾਂ ਦੀ ਵਿਸ਼ੇਸ਼ ਗਿਰਦਾਵਰੀਆਂ ਕਰਵਾਈਆਂ ਜਾਣ ਤਾਂ ਜੋ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਸਕੇ।ਸੰਤ ਸੀਚੇਵਾਲ ਨੇ ਬਿਆਸ ਦਰਿਆ 'ਤੇ ਚੱਲ ਰਹੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਬਿਆਸ ਦਰਿਆ ਅੰਦਰ ਲੱਗੇ ਐਡਵਾਂਸ ਬੰਨ੍ਹਾਂ ਨੂੰ ਤਿੰਨ ਥਾਵਾਂ ਕਰਮੂਵਾਲ ਪੱਤਣ, ਬਾਊਪੁਰ ਅਤੇ ਆਹਲੀ ਕਲਾਂ ਤੋਂ ਢਾਹ ਲੱਗ ਰਹੀ ਹੈ। ਸੰਤ ਸੀਚੇਵਾਲ ਨੇ ਦੱਸਿਆ ਕਿ ਇਨ੍ਹਾਂ ਐਡਵਾਂਸ ਬੰਨ੍ਹਾਂ ਨੂੰ ਟੁੱਟਣ ਤੋਂ ਬਚਾਉਣ ਲਈ ਕਿਸਾਨ ਦਿਨ ਰਾਤ ਕੋਸ਼ਿਸ਼ ਵਿੱਚ ਲੱਗੇ ਹੋਏ ਹਨ।ਗੱਲਬਾਤ ਦੌਰਾਨ ਰਾਜ ਸਭ ਮੈਂਬਰ ਸੰਤ ਸੀਚੇਵਾਲ ਨੇ ਕਿ ਪੰਜਾਬ ਦੇ ਕਪੂਰਥਲਾ ਅਤੇ ਤਰਨ-ਤਾਰਨ ਜਿਲ੍ਹਿਆਂ ਦੇ ਮੰਡ ਇਲਾਕੇ ਵਿੱਚ ਹੜ੍ਹ ਨਾਲ ਕਿਸਾਨਾਂ ਦੀਆਂ ਬਰਬਾਦ ਹੋਈਆਂ ਫਸਲਾਂ ਦਾ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ।



# ਅਰਸ਼ਦੀਪ ਸਿੰਘ ਦਾ ਪਿੰਡ ਪੁੱਜਣ 'ਤੇ ਭਰਵਾਂ ਸਵਾਗਤ

**ਫਿਲੌਰ, (ਨਿਰਮਲ)**- ਏਕਨੂਰ ਹਾਕੀ ਅਕੈਡਮੀ ਦਾ ਖਿਡਾਰੀ ਅਰਸ਼ਦੀਪ ਸਿੰਘ ਜੋ ਕਿ ਇਸ ਸਮੇਂ ਚੰਡੀਗੜ੍ਹ ਵਿਖੇ ਰਾਊਂਡ ਗਲਾਸ ਅਕੈਡਮੀ ਵਿਖੇ ਖੇਡ ਰਿਹਾ ਹੈ ਉਸ ਨੇ ਪੰਜਾਬ ਦੀ ਟੀਮ ਵਿੱਚ ਸ਼ਾਮਲ ਹੋ ਕੇ ਜੋ ਕਿ ਆਲ ਇੰਡੀਆ ਸਬ ਜੂਨੀਅਰ ਹਾਕੀ ਦੇ ਮੈਚ ਚੇਨਈ ਵਿਖੇ ਹੋਏ ਸੀ ਉਹਨਾਂ ਵਿੱਚ ਪੰਜਾਬ ਦੀ ਹਾਕੀ ਦੀ ਕਪਤਾਨੀ ਕਰਕੇ ਪੰਜਾਬ ਨੂੰ ਸਬ ਜੂਨੀਅਰ ਹਾਕੀ ਵਿੱਚ ਗੋਲਡ ਮੈਡਲ ਲਿਆਂਦਾ ਇਹ ਸਾਡੇ ਲਈ ਤੇ ਸਾਰੀ ਸਾਡੀ ਟੀਮ ਲਈ ਬਹੁਤ ਖੁਸ਼ੀ ਦੀ ਗੱਲ ਹੈ ਅਸੀਂ ਸਭ ਐਨ ਆਰ ਆਈ ਵੀਰਾਂ ਦਾ ਜੋ ਕਿ ਵਿਦੇਸ਼ ਵਿੱਚ ਬੈਠ ਕੇ ਵੀ ਸਾਡੀ ਹਾਕੀ ਲਈ ਬਹੁਤ ਕੁਝ ਕਰ ਰਹੇ ਹਨ ਉਹਨਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ ਇਸ ਸਮੇਂ ਇਸ ਦਾ ਪਿੰਡ ਤੇਹਿੰਗ ਆਉਣ 'ਤੇ ਐਡੇ ਵਿੱਚ ਅਸੀਂ ਇਹਨੂੰ ਗੱਡੀ ਬਿਠਾ ਕੇ ਸਾਰੇ ਪਿੰਡ ਵਿੱਚ ਢੋਲ ਵਜਾ ਕੇ ਭਰਮਾ ਸਵਾਗਤ ਕੀਤਾ ਇਸ ਵਿੱਚ ਸਾਰੇ ਪਤਵੰਤੇ ਸੱਜਣ ਨਗਰ ਪੰਚਾਇਤ ਏਕ ਨੂਰ ਤੇ ਬਹੁਤ ਸਾਰੀਆਂ ਬੀਬੀਆਂ ਵੀ ਸ਼ਾਮਿਲ ਹੋਈਆਂ ਬੱਚੇ ਦੀ ਹੌਸਲਾ ਅਫਜਾਈ ਕੀਤੀ ਗਈ ਏਕਨੂਰ ਹਾਕੀ ਅਕੈਡਮੀ ਵੱਲੋਂ ਇਸ ਬੱਚੇ ਨੂੰ 31000 ਦਾ ਨਗਦ ਇਨਾਮ ਦਿੱਤਾ ਗਿਆ।



# ਕਿਰਤੀ ਕਿਸਾਨ ਯੂਨੀਅਨ ਏਰੀਆ ਬੰਗਾ ਦੀ ਮੀਟਿੰਗ ਹੋਈ



**ਬੰਗਾ (ਅਵਤਾਰ ਕਲੇਰ)**- ਪਿੰਡ ਮੱਲੂਪੁਰ ਅੜਕਾਂ ਵਿੱਚ ਕਿਰਤੀ ਕਿਸਾਨ ਯੂਨੀਅਨ ਏਰੀਆ ਬੰਗਾ ਦੀ ਮੀਟਿੰਗ ਪ੍ਰਧਾਨ ਗੁਰਦੇਵ ਸਿੰਘ ਚੌਹਣ, ਸੋਹਣ ਸਿੰਘ ਅਟਵਾਲ ਸਕੱਤਰ ਅਤੇ ਤਰਸੇਮ ਸਿੰਘ ਬੈਂਸ ਜ਼ਿਲ੍ਹਾ ਸਕੱਤਰ ਦੀ ਅਗਵਾਈ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੋਹਣ ਸਿੰਘ ਅਟਵਾਲ ਸਕੱਤਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਰੱਦ ਕਰ ਦਿੱਤੀ ਗਈ ਹੈ ਪਰ ਰਾਜ ਦੀ ਘੜੀ ਸੰਯੁਕਤ ਕਿਸਾਨ ਮੋਰਚੇ ਨੇ 24 ਅਗਸਤ ਦੀ ਸਮਰਾਲਾ ਵਿਖੇ ਹੋਣ ਵਾਲੀ ਰੈਲੀ ਕਰਨ ਦਾ ਫੈਸਲਾ ਲਿਆ ਗਿਆ ਹੈ ਕਿਉਂਕਿ ਜਿੰਨਾ ਚਿਰ ਪੰਜਾਬ ਸਰਕਾਰ ਇਹ ਲੈਂਡ ਪੂਲਿੰਗ ਨੀਤੀ ਡੀਨੋਟੀਫਾਈ ਨਹੀਂ ਕਰਦੀ ਉਨਾ ਚਿਰ ਕਿਸਾਨਾਂ ਦਾ ਸੰਘਰਸ਼ ਜਾਰੀ ਰਹੇਗਾ।ਇਸ ਲਈ ਕਿਸਾਨ 24 ਅਗਸਤ ਦੀ ਸਮਰਾਲਾ ਰੈਲੀ ਵਿੱਚ ਸ਼ਾਮਲ ਹੋਣ ਲਈ ਤਿਆਰੀਆਂ ਕਰ ਲੈਣ।ਇਸ ਸਮੇਂ ਸੁਰਿੰਦਰ ਸਿੰਘ ਮਾਹਿਲ ਗਹਿਲਾਂ ,ਰਘਵੀਰ ਸਿੰਘ ਮਾਹਿਲ ਗਹਿਲਾਂ, ਨਿਰਮਲ ਸਿੰਘ ਮੱਲਪੁਰ ਅੜਕਾਂ, ਮਲਕੀਤ ਸਿੰਘ ਪੱਲੀ ਉੱਚੀ, ਅਮਰੀਕ ਸਿੰਘ ਮੱਲਪੁਰ ਅੜਕਾਂ,ਮਿੱਤ ਸਿੰਘ ਨੌਰਾ,ਜਸਵੀਰ ਸਿੰਘ ਮੰਗੂਵਾਲ, ਜਤਿੰਦਰ ਸਿੰਘ, ਜਸਵਿੰਦਰ ਸਿੰਘ, ਰਣਜੀਤ ਸਿੰਘ, ਹਰਬੰਸ ਸਿੰਘ ਸਾਰੇ ਸੁੱਜੋਂ, ਸੁੱਚਾ ਸਿੰਘ ਸਾਬਕਾ ਸਰਪੰਚ ਬੈਂਸ, ਸੰਤੋਖ ਸਿੰਘ, ਕੁਲਵਿੰਦਰ ਸਿੰਘ, ਗੁਰਨੇਕ ਸਿੰਘ,ਬਲਜਿੰਦਰ ਸਿੰਘ ਮੁਸਾਪੁਰ, ਚਰਨਜੀਤ ਸਿੰਘ, ਦਾਰਾ ਸਿੰਘ, ਮੋਹਨ ਸਿੰਘ ਨੌਰਾ ਆਦਿ ਹਾਜ਼ਰ ਸਨ।

# ਆਸ਼ਾ ਕਿਰਨ ਸਕੂਲ 'ਚ ਵਿਸ਼ੇਸ਼ ਬੱਚਿਆਂ ਨਾਲ ਜਨਮ ਅਸ਼ਟਮੀ ਮਨਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਸ਼ਾਦੀਪ ਵੈਲਫੇਅਰ ਸੁਸਾਇਟੀ ਦੇ ਸਟਾਫ ਅਤੇ ਮੈਂਬਰਾਂ ਨੇ ਜੇ ਐਸ ਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾ ਵਿੱਚ ਵਿਸ਼ੇਸ਼ ਬੱਚਿਆਂ ਨਾਲ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ। ਵਿਸ਼ੇਸ਼ ਬੱਚੇ ਆਪਣੇ ਘਰਾਂ ਤੋਂ ਤਿਆਰ ਹੋ ਕੇ ਸਕੂਲ ਵਿੱਚ ਪਹੁੰਚੇ। ਸੁਸਾਇਟੀ ਦੇ ਮੈਂਬਰਾਂ ਅਤੇ ਸਟਾਫ ਨੇ ਮਿਲ ਕੇ ਦਹੀਂ-ਹਾਂਡੀ ਤੋੜੀ। ਸਪੈਸ਼ਲ ਬੱਚਿਆਂ ਨੇ ਇਸ ਮੌਕੇ 'ਤੇ ਡਾਂਸ ਕੀਤਾ ਅਤੇ ਉਨ੍ਹਾਂ ਨੂੰ ਮਠਿਆਈਆਂ ਵੰਡੀਆਂ ਗਈਆਂ। ਇਸ ਮੌਕੇ ਆਸ਼ਾਦੀਪ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਹਰਬੰਸ ਸਿੰਘ ਨੇ ਕਿਹਾ ਕਿ ਪਰਮਜੀਤ ਸਿੰਘ ਸੱਚਦੇਵਾ ਨੇ 4.50 ਲੱਖ ਰੁਪਏ ਖਰਚ ਕਰਕੇ ਸਕੂਲ ਲਈ ਈਕੋ ਸਾਊਂਡ ਦਾ ਪ੍ਰਬੰਧ ਕੀਤਾ ਹੈ। ਹਰਬੰਸ ਸਿੰਘ ਅਤੇ ਸਕੱਤਰ ਕਰਨਲ ਗੁਰਮੀਤ ਸਿੰਘ ਨੇ ਵੀ ਪਰਮਜੀਤ ਸੱਚਦੇਵਾ ਨੂੰ ਉਨ੍ਹਾਂ ਦੇ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਸ੍ਰੀਮਤੀ ਇੰਦਰਜੀਤ ਕੌਰ ਸੱਚਦੇਵਾ, ਰਣਵੀਰ ਸੱਚਦੇਵਾ, ਪੋਤੀ ਤਾਰਿਕਾ ਸੱਚਦੇਵਾ, ਕੁਲਵਿੰਦਰ ਸੱਚਦੇਵਾ, ਨੇਹਾ ਸੱਚਦੇਵਾ, ਮਲਕੀਤ ਸਿੰਘ ਮਹੇੜੂ, ਰਾਮ ਆਸਰਾ, ਸੀ ਏ ਤਰਨਜੀਤ ਸਿੰਘ ਆਦਿ ਹਾਜ਼ਰ ਸਨ।



# ਹਨੂਮਤ ਸਕੂਲ ਦੇ ਵਿਦਿਆਰਥੀਆਂ ਨੇ ਆਜ਼ਾਦੀ ਦਿਵਸ ਮਨਾਇਆ



**ਗੁਰਾਇਆ (ਬਿੰਦਰ ਸੁੰਮਨ)**-ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੁਰਾਇਆ ਦੇ ਵਿਦਿਆਰਥੀਆਂ ਨੇ ਅਜ਼ਾਦੀ ਦਿਵਸ ਮੌਕੇ ਸਕੂਲ ਵਿੱਚ ਵੱਖ-ਵੱਖ ਗਤੀਵਿਧੀਆਂ ਪੇਸ਼ ਕੀਤੀਆਂ। ਵਿਦਿਆਰਥੀਆਂ ਨੇ ਇਸ ਤਿਉਹਾਰ ਨੂੰ ਬੜੇ ਉਤਸ਼ਾਹ ਨਾਲ ਮਨਾਇਆ। ਪ੍ਰਿੰਸੀਪਲ ਆਰਤੀ ਸੋਬਤੀ ਨੇ ਸਮੂਹ ਵਿਦਿਆਰਥੀਆਂ ਨੂੰ ਸੁਤੰਤਰਤਾ ਦਿਵਸ ਦੀ ਵਧਾਈ ਦਿੱਤੀ। ਵਿਦਿਆਰਥੀ ਭਗਤ ਸਿੰਘ, ਮਹਾਤਮਾ ਗਾਂਧੀ, ਜਵਾਹਰ ਲਾਲ ਨਹਿਰੂ, ਰਾਜਗੁਰੂ, ਸੁਖਦੇਵ, ਭਾਰਤਮਾਤਾ, ਸੁਭਾਸ਼ ਚੰਦਰ ਬੋਸ ਆਦਿ ਦੀ ਪੁਸ਼ਾਕ ਪਹਿਨ ਕੇ ਸਕੂਲ ਪਹੁੰਚੇ। ਪ੍ਰਿੰਸੀਪਲ ਆਰਤੀ ਸੋਬਤੀ ਅਤੇ ਸਕੱਤਰ ਸੁਰਿੰਦਰ ਗੁਲਾਟੀ ਵੱਲੋਂ ਸਮੂਹ ਵਿਦਿਆਰਥੀਆਂ ਨੂੰ ਇਸ ਦਿਨ ਦੀ ਵਧਾਈ ਦਿੱਤੀ ਗਈ।

# ਗੁਰਦੁਆਰਾ ਹਰਿ ਰਾਇ ਸਾਹਿਬ ਵਿਖੇ ਦਸਤਾਰ ਮੁਕਾਬਲੇ

**ਕੁਰਾਲੀ (ਮੋਹਨ ਅੱਗਰਵਾਲ)**- ਗੁਰਦੁਆਰਾ ਸ੍ਰੀ ਹਰਿ ਰਾਇ ਸਾਹਿਬ ਪਾਤਸ਼ਾਹੀ 7ਵੀਂ ਸਿੰਘਪੁਰਾ ਵਿਖੇ ਬ੍ਰਹਮ ਗਿਆਨੀ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਅਪਾਰ ਕਿਰਪਾ ਸਦਕਾ ਚੱਲ ਰਹੀ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਨਗਰ ਨਿਵਾਸੀਆਂ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਪਾਏ ਗਏ। ਇਸ ਮੌਕੇ ਦਸਤਾਰ ਮੁਕਾਬਲੇ ਕਰਵਾਏ ਗਏ ਤੇ ਜੇਤੂ ਬੱਚਿਆਂ ਨੂੰ ਕਾਪੀ, ਪੈਨਸਿਲ ਅਤੇ ਨਗਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਦੇਸੀ ਘਿਓ ਦੀਆਂ ਜਲੇਬੀਆਂ ਤੇ ਪਕੌੜਿਆਂ ਦਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਗੁਰਦੁਆਰਾ ਸਿੰਘਪੁਰਾ ਦੀ ਪ੍ਰਬੰਧਕ ਕਮੇਟੀ ਤੇ ਸੇਵਾਦਾਰ ਸੁਖਪਾਲ ਸਿੰਘ ਜ਼ੈਲਦਾਰ, ਸਤਵੀਰ ਸਿੰਘ, ਗੁਰਚਰਨ ਸਿੰਘ, ਪਰਮਿੰਦਰ ਸਿੰਘ, ਕੁਲਵਿੰਦਰ ਸਿੰਘ, ਇੰਦਰਜੀਤ ਸਿੰਘ, ਸਰਪੰਚ ਕੁਲਦੀਪ ਸਿੰਘ, ਰਵੀ ਵੜੈਚ, ਅਮਨਦੀਪ ਵੜੈਚ, ਗੁਰਨਾਮ ਸਿੰਘ, ਗੁਰਮੇਲ ਸਿੰਘ, ਮਹਿੰਦਰ ਸਿੰਘ ਤੇ ਸਾਧੂ ਸਿੰਘ ਆਦਿ ਹਾਜ਼ਰ ਸਨ।



# ਬੱਚਿਆਂ ਦੀ ਸ਼ਾਮ ਬੱਚਿਆਂ ਦੇ ਨਾਮ ਪ੍ਰੋਗਰਾਮ : ਦੇਸ਼ ਭਗਤੀ ਤੇ ਸਫ਼ਾਈ ਦਾ ਸੁਨੇਹਾ ਦੇ ਗਿਆ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)** ਸਵੱਛਤਾ ਅਭਿਆਨ ਸੁਸਾਇਟੀ ਫਗਵਾੜਾ ਰਜਿ. ਵੱਲੋਂ ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਅਤੇ ਕ੍ਰਿਏਟਿਵ ਏਜ ਅਕੈਡਮੀ ਦੇ



ਸਹਿਯੋਗ ਨਾਲ ਬੱਚਿਆਂ ਦੀ ਸ਼ਾਮ ਬੱਚਿਆਂ ਦੇ ਨਾਮ ਪ੍ਰੋਗਰਾਮ ਦਾ ਆਯੋਜਨ ਬਲਿਸ ਐਂਡ ਬਲੇਸ ਕੈਫੇ, ਮੁਹੱਲਾ ਸਤਨਾਮਪੁਰਾ, ਫਗਵਾੜਾ ਵਿੱਚ ਵੱਡੇ ਉਤਸ਼ਾਹ ਅਤੇ ਦੇਸ਼ਭਗਤੀ ਦੇ ਜੋਸ਼ ਨਾਲ ਕੀਤਾ ਗਿਆ।ਇਸ ਵਿਸ਼ੇਸ਼ ਪ੍ਰੋਗਰਾਮ ਦਾ ਥੀਮ ਆਜ਼ਾਦੀ ਦਿਵਸ ਰੱਖਿਆ ਗਿਆ ਸੀ, ਜਿਸ ਅਧੀਨ ਬੱਚਿਆਂ ਨੇ ਦੇਸ਼ ਪ੍ਰੇਮ ਨਾਲ ਭਰਪੂਰ ਕਈ ਸੁੰਦਰ ਪੇਸ਼ਕਾਰੀਆਂ ਕੀਤੀਆਂ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਪੰਜਾਬੀ ਗਾਇਕ ਰਣਜੀਤ ਰਾਣਾ ਪਹੁੰਚੇ।ਬੱਚਿਆਂ ਵੱਲੋਂ ਗੀਤ, ਨਾਚ, ਕਵਿਤਾਵਾਂ ਅਤੇ ਦੇਸ਼ਭਕਤੀ ਨਾਲ ਭਰਪੂਰ ਪੇਸ਼ਕਾਰੀਆਂ ਨਾਲ ਮਾਹੌਲ ਦੇਸ਼ ਪ੍ਰੇਮ ਦੇ ਰੰਗ ਵਿੱਚ ਰੰਗ ਗਿਆ।ਭਵਨੀ ਵੱਲੋਂ ਪੇਸ਼ ਕੀਤਾ ਗਿਆ ਦੇਸ਼ਭਗਤੀ ਭਰਿਆ ਗੀਤ ਦਰਸ਼ਕਾਂ ਦੀਆਂ ਅੱਖਾਂ ਨੂੰ ਨਮ ਕਰ ਗਿਆ। ਸੰਸਥਾ ਵੱਲੋਂ ਪ੍ਰੋਗਰਾਮ ਦੌਰਾਨ ਪਲਾਸਟਿਕ ਦਾ ਪ੍ਰਯੋਗ ਨਾ ਕਰਨ, ਸਫ਼ਾਈ ਨੂੰ ਜੀਵਨ ਸ਼ੈਲੀ ਬਣਾਉਣ ਅਤੇ ਪਰਿਆਵਰਣ ਸੁਰੱਖਿਆ ਦਾ ਵਿਸ਼ੇਸ਼ ਸੁਨੇਹਾ ਵੀ ਦਿੱਤਾ ਗਿਆ। ਇਸ ਮੌਕੇ ਮੁਹੱਲਾ ਨਿਵਾਸੀਆਂ ਨੂੰ ਕੱਪੜੇ ਦੇ ਥੈਲੇ ਅਤੇ ਪੌਦੇ ਵੰਡੇ ਗਏ। ਪ੍ਰੋਗਰਾਮ ਦਾ ਸੰਚਾਲਨ ਮੈਡਮ ਅਨਮੋਲਦੀਪ ਕੌਰ ਅਤੇ ਮੈਡਮ ਸੁਸ਼ਮਾ ਨੇ ਬਖੂਬੀ ਕੀਤਾ। ਮੁੱਖ ਮਹਿਮਾਨ ਰਣਜੀਤ ਰਾਣਾ ਨੇ ਸੰਸਥਾ ਦੀਆਂ ਗਤੀਵਿਧੀਆਂ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਸੰਸਥਾ ਦੇ ਪ੍ਰਧਾਨ ਆਸ਼ੀਸ਼ ਗਾਂਧੀ ਨੇ ਮੁੱਖ ਮਹਿਮਾਨ ਰਣਜੀਤ ਰਾਣਾ ਸਮੇਤ ਸਾਰੇ ਮਹਿਮਾਨਾਂ, ਸਹਿਯੋਗੀ ਸੰਸਥਾਵਾਂ ਅਤੇ ਸਥਾਨਕ ਨਿਵਾਸੀਆਂ ਦਾ ਧੰਨਵਾਦ ਕੀਤਾ

# ਖਿਜਰਪੁਰ ਨੇੜੇ ਐਡਵਾਂਸ ਬੰਨ੍ਹ ਨੇੜੇ ਪੱਥਰ ਤੇ ਬੋਰੇ ਲਾਉਣ ਦਾ ਕੰਮ ਜੰਗੀ ਪੱਧਰ 'ਤੇ ਜਾਰੀ

**ਸੁਲਤਾਨਪੁਰ ਲੋਧੀ, (ਬਲਵੀਰ ਸ਼ਾਲ੍ਹਾਪੁਰੀ)** ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਦੇ ਮੱਦੇਨਜ਼ਰ ਜਿਲ੍ਹਾ ਪ੍ਰਸ਼ਾਸ਼ਨ ਵਲੋਂ ਐਡਵਾਂਸ ਬੰਨ੍ਹਾਂ ਦੀ ਸੁਰੱਖਿਆ ਲਈ



ਲਗਾਤਾਰ ਨਿਗਰਾਨੀ ਰੱਖਣ ਦੇ ਨਾਲ-ਨਾਲ ਕੁਝ ਕਮਜ਼ੋਰ ਥਾਵਾਂ ਉੱਪਰ ਬੰਨ੍ਹਾਂ ਨੂੰ ਹੋਰ ਮਜ਼ਬੂਤ ਕਰਨ ਲਈ ਪੱਥਰ ਤੇ ਪੱਕੀ ਮਿੱਟੀ ਦੇ ਭਰੇ ਬੋਰੇ ਲਾਉਣ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਜ਼ਿਲ੍ਹਾ ਕਪੂਰਥਲਾ ਵਿਚ ਧੁੱਸੀ ਤੇ ਐਡਵਾਂਸ ਬੰਨ੍ਹ ਹਨ, ਜੋ ਕਿ ਬਿਲਕੁਲ ਸੁਰੱਖਿਅਤ ਹਨ। ਉਨ੍ਹਾਂ ਨੂੰ ਕਿਸੇ ਕਿਸਮ ਦਾ ਕੋਈ ਖਤਰਾ ਨਹੀਂ ਹੈ। ਸ੍ਰੀ ਪੰਚਾਲ ਨੇ ਦੱਸਿਆ ਕਿ ਪੌਂਗ ਡੈਮ ਤੋਂ ਬਿਆਸ ਵਿਚ ਪਾਣੀ ਛੱਡੇ ਜਾਣ ਤੇ ਬਿਆਸ ਦਰਿਆ ਦੇ ਕੈਚਮੈਂਟ ਖੇਤਰ ਵਿਚ ਪੈਂਦੇ ਚੋਆਂ ਤੇ ਬਰਸਾਤੀ ਨਾਲਿਆਂ ਰਾਹੀਂ ਆ ਰਹੇ ਪਾਣੀ ਬਾਰੇ ਡਰੇਨਜ਼ ਵਿਭਾਗ ਵਲੋਂ ਹਰ ਘੰਟੇ ਅਪਡੇਟ ਕੀਤੀ ਜਾ ਰਹੀ ਹੈ। ਇਸੇ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨਵਨੀਤ ਕੌਰ ਬੱਲ ਵਲੋਂ ਖਿਜਰਪੁਰ ਵਿਖੇ ਐਡਵਾਂਸ ਬੰਨ੍ਹ ਉੱਪਰ ਕਰਵਾਏ ਜਾ ਰਹੇ ਕੰਮ ਦਾ ਨਿਰੀਖਣ ਕੀਤਾ ਗਿਆ। ਡਰੇਨਜ਼ ਵਿਭਾਗ ਦੇ ਐਕਸੀਅਨ ਸਰਤਾਜ ਸਿੰਘ ਨੇ ਦੱਸਿਆ ਕਿ ਖਿਜ਼ਰਪੁਰ ਨੇੜੇ ਐਡਵਾਂਸ ਬੰਨ੍ਹ ਉੱਪਰ ਮਿੱਟੀ ਦੇ ਬੋਰੇ ਲਾਉਣ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ।

# ਫਗਵਾੜਾ ਪੱਤਰਕਾਰ ਸੰਗਠਨ ਨੇ ਕੇਕ ਕੱਟ ਮਨਾਈ ਆਪਣੀ ਪਹਿਲੀ ਵਰ੍ਹੇਗੰਢ



**ਫਗਵਾੜਾ (ਜਸਵਿੰਦਰ ਢੱਡਾ)** ਫਗਵਾੜਾ ਪੱਤਰਕਾਰ ਸੰਗਠਨ ਰਜਿ ਦੀ ਇੱਕ ਵਿਸ਼ੇਸ਼ ਬੈਠਕ ਸੰਗਠਨ ਦੇ ਪ੍ਰਧਾਨ ਡਾ. ਰਮਨ ਸ਼ਰਮਾ ਦੀ ਪ੍ਰਧਾਨਗੀ ਹੇਠ ਕੀਤੀ ਗਈ ਇਸ ਮੀਟਿੰਗ 'ਚ ਸੰਗਠਨ ਦੇ ਇੱਕ ਸਾਲ ਪੂਰਾ ਹੋਣ 'ਤੇ ਜਿੱਥੇ ਅਜ਼ਾਦੀ ਦਿਹਾੜਾ ਮਨਾਇਆ ਗਿਆ ਉੱਥੇ ਹੀ ਸੰਗਠਨ ਦੀ ਪਹਿਲੀ ਵਰ੍ਹੇਗੰਢ ਕੈਕ ਕੱਟ ਮਨਾਈ ਗਈ। ਇਸ ਮੌਕੇ ਇੱਕ ਸਾਲ ਦੌਰਾਨ ਸੰਗਠਨ ਵਲੋਂ ਕੀਤੇ ਗਏ ਕੰਮਾਂ ਦਾ ਰਿਪੋਰਟ ਕਾਰਡ ਪੜ੍ਹਿਆ ਗਿਆ ਅਤੇ ਆਉਣ ਵਾਲੇ ਸਮੇਂ 'ਚ ਕੀਤੇ ਜਾਣ ਵਾਲੇ ਕੰਮਾਂ 'ਤੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਆਜ਼ਾਦੀ ਦਿਹਾੜੇ ਸੰਬੰਧੀ ਬੋਲਦਿਆਂ ਪ੍ਰਧਾਨ ਡਾ. ਰਮਨ ਨੇ ਕਿਹਾ ਕਿ ਦੇਸ਼ ਦੀ ਅਜਾਦੀ ਵਾਸਤੇ ਹਜਾਰਾ ਲੋਕਾਂ ਨੇ ਕੁਰਬਾਨੀਆਂ ਦਿੱਤੀਆਂ ਅਤੇ ਭਾਰੀ ਕੁਰਬਾਨੀਆਂ ਦੇ ਕੇ ਸਾਨੂੰ ਇਹ ਅਜਾਦੀ ਮਿਲੀ ਹੈ ਅਤੇ ਅਸੀਂ ਅਜਾਦੀ ਦਾ ਨਿੱਘ ਮਾਣ ਰਹੇ ਹਾਂ ਉਹਨਾਂ ਕਿਹਾ ਕਿ ਸਾਡੇ ਸਾਰਿਆ ਦਾ ਫਰਜ਼ ਬਣਦਾ ਹੈ ਕਿ ਸ਼ਹੀਦਾਂ ਵੱਲੋਂ ਦਿਖਾਏ ਗਏ ਰਸਤੇ ਉਪਰ ਚਲੀਏ ਤਾਂ ਜੋ ਸ਼ਹੀਦਾਂ ਨੇ ਜੋ ਸੁਪਨੇ ਵੇਖੇ ਸਨ ਉਹ ਪੂਰੇ ਹੋ ਸਕਣ। ਇਸ ਮੌਕੇ ਸੁਸ਼ੀਲ ਸ਼ਰਮਾ, ਮੋਹਿਤ ਸ਼ਰਮਾ, ਡਾ. ਜਸਵੰਤ ਸਿੰਘ ਗਿੱਲ, ਕੁਲਦੀਪ ਸਿੰਘ ਨੂਰ, ਸੁਸ਼ੀਲ ਸ਼ਰਮਾ, ਕਮਲਦੀਪ ਸਿੰਘ , ਜੀਵਨ ਸੰਘਾ , ਅਜੇ ਕੋਛੜ , ਐਡਵੋਕੇਟ ਧੰਨਦੀਪ ਕੌਰ ਆਦਿ ਮੌਜੂਦ ਸਨ।

# ਮਲਟੀਪਰਪਜ ਹੈਲਥ ਵਰਕਰ ਫੀਮੇਲ ਇੰਪਲਾਈ ਪੰਜਾਬ ਨੇ ਡਾ. ਬਲਜੀਤ ਕੌਰ ਨੂੰ ਦਿੱਤਾ ਮੰਗ ਪੱਤਰ

**ਬਲਾਚੌਰ (ਜਸਵਿੰਦਰ ਬੈਂਸ)** ਕੰਟਰੈਕਟ 2211 ਹੈੱਡ ਮਲਟੀਪਰਪਜ ਯੂਨੀਅਨ ਵੱਲੋਂ ਪੰਜਾਬ ਦੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਨੂੰ ਸੂਬਾ ਪ੍ਰਧਾਨ ਸਰਬਜੀਤ ਕੌਰ ਵੱਲੋਂ ਮੰਗ ਪੱਤਰ ਦਿੱਤਾ ਗਿਆ ਇਸ ਵਿੱਚ ਉਹਨਾਂ ਨੇ ਦੱਸਿਆ ਕਿ ਕੈਬਿਨਟ ਮੰਤਰੀ ਡਾਕਟਰ ਬਲਜੀਤ ਕੌਰ ਨੇ ਉਹਨਾਂ ਨਾਲ ਉਹਨਾਂ ਦੀਆਂ ਮੰਗਾਂ 'ਤੇ ਵਿਸ਼ੇਸ਼ ਤੌਰ 'ਤੇ ਗੱਲਬਾਤ ਕੀਤੀ।



ਇਸ ਮੌਕੇ ਸਰਬਜੀਤ ਕੌਰ ਨੇ ਦੱਸਿਆ ਕਿ ਉਹਨਾਂ ਨੇ ਕੈਬਿਨਟ ਮੰਤਰੀ ਡਾਕਟਰ ਬਲਜੀਤ ਕੌਰ ਨੂੰ ਦੱਸਿਆ ਕਿ ਉਹ 15 ਤੋਂ 16 ਸਾਲਾਂ ਤੋਂ ਕੰਟਰੈਕਟ ਤੇ ਹੀ ਕੰਮ ਕਰ ਰਹੇ ਹਨ ਅਤੇ ਉਹਨਾਂ ਦੀਆਂ ਤਨਖਾਹਾਂ ਬਹੁਤ ਘੱਟ ਹਨ ਅਤੇ ਉਹਨਾਂ ਨੇ ਮੰਗ ਕੀਤੀ ਕਿ ਸਾਨੂੰ ਜਲਦ ਤੋਂ ਜਲਦ ਰੈਗੂਲਰ ਕੀਤਾ ਜਾਵੇ ਅਤੇ ਸਾਡੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ। ਡਾਕਟਰ ਬਲਜੀਤ ਕੌਰ ਨੇ ਉਹਨਾਂ ਨੂੰ ਪੂਰਾ ਵਿਸ਼ਵਾਸ ਦਵਾਇਆ ਕਿ ਜਲਦ ਹੀ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕੀਤਾ ਜਾਵੇਗਾ। ਇਸ ਮੌਕੇ ਤੇ ਡੀਸੀ ਅੰਕੁਰ ਜੀਤ ਸਿੰਘ ਨਾਲ ਏਡੀਸੀ ਰਾਜੀਵ ਵਰਮਾ , ਐਸ ਐਸ ਪੀ ਡਾ ਮਹਿਤਾਬ ਸਿੰਘ, ਯੂਨੀਅਨ ਆਗੂ ਗੁਰਦੀਪ ਕੌਰ ,ਜਨਰਲ ਸਕੱਤਰ ਮਨਦੀਪ ਕੌਰ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਅਜਨੋਹਾ ਵਿਖੇ ਸੰਸਥਾ ਵੱਲੋਂ ਬੂਟੇ ਦਿੱਤੇ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਸਹਿਯੋਗ ਨਾਲ 'ਗਰੀਬ ਦਾ ਮੂੰਹ, ਗੁਰੂ ਦੀ ਗੋਲਕ' ਸੰਸਥਾ (ਰਜਿ.) ਅਜਨੋਹਾ ਵਲੋਂ ਪੰਜ ਬੂਟੇ ਮੋਟਰ ਤੇ ਮੁਹਿੰਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਿੰਡ ਅਜਨੋਹਾ ਵਿਖੇ ਬੂਟੇ ਦਿਤੇ ਗਏ।ਜਿੰਨ੍ਹਾਂ ਅਸੀਂ ਕੁਦਰਤ ਨਾਲ ਪਿਆਰ ਕਰਾਂਗੇ।ਉਨ੍ਹਾਂ ਉਸ ਦੇ ਕਹਿਰ ਤੋਂ ਬਚਾਂਗੇ। ਇਕ ਦਰਖ਼ਤ ਸਾਲ ਵਿੱਚ 20 ਕਿਲੋਗ੍ਰਾਮ ਧੂੜ ਹਜਮ ਕਰਦਾ ਹੈ ਅਤੇ ਸਾਲ ਵਿੱਚ 120 ਕਿਲੋਗ੍ਰਾਮ ਆਕਸੀਜਨ ਪੈਦਾ ਕਰਦਾ ਹੈ।ਇਸ ਮੌਕੇ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਪ੍ਰਿੰਸੀਪਲ ਹਰਮਨੋਜ ਕੁਮਾਰ, ਬਲਜੀਤ ਸਿੰਘ ਬਿੱਲਾ ਅਜਨੋਹਾ, ਸੁਰਿੰਦਰ ਪਾਲ ਸਿੰਘ, ਮਾਸਟਰ ਨਰਿੰਦਰ ਪਾਲ ਸਿੰਘ, ਮਨਪ੍ਰੀਤ ਸਿੰਘ, ਧਰਮਿੰਦਰ ਸਿੰਘ, ਹਰਭਜਨ ਸਿੰਘ ਕੈਂਪ ਮੈਨੇਜਰ, ਰਾਜਵਿੰਦਰ ਕੌਰ, ਸਰਬਜੀਤ ਕੌਰ, ਲਵਦੀਪ ਕੌਰ, ਹਾਫਿਜ, ਅਵਿਨਾਸ਼ ਕੌਰ, ਅਮਨਪ੍ਰੀਤ ਕੌਰ, ਅਮਨਜੀਤ ਕੌਰ, ਜਸਪ੍ਰੀਤ ਕੌਰ, ਸੁਹਾਨਾ, ਮੁਸਕਾਨ, ਮੰਨਤ, ਹਰਮਨ, ਸਾਹਿਬਜੀਤ ਕੌਰ ,ਅਮਨਪ੍ਰੀਤ ਕੌਰ, ਲਛਮੀ ਕੁਮਾਰੀ, ਮਾਨਵੀ, ਜੈਸਮੀਨ, ਗੌਰਵ ਮਹੇ, ਅੰਕਿਤ, ਗਗਨ, ਰੋਹਿਤ, ਜਗਜੀਤ ,ਜਤਿਨ ਮਹਿ, ਹਰਸ਼ਦੀਪ, ਮਨਪ੍ਰੀਤ, ਵਿਸ਼ਾਲ, ਗੁਰਪ੍ਰੀਤ ਸਿੰਘ, ਜਸਮੀਤ ਬੈਂਸ, ਪ੍ਰਿੰਸ ਭੱਟੀ, ਹਰਦੀਪ ਕੁਮਾਰ, ਸੁਖਦੇਵ ਆਦਿ ਹਾਜ਼ਰ ਸਨ।




# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪਿੰਡ ਕੱਕੋਂ ਵਿੱਚ ਤੀਆਂ ਦਾ ਤਿਉਹਾਰ ਧੂਮਧਾਮ ਤੇ ਰਵਾਇਤੀ ਉਤਸ਼ਾਹ ਨਾਲ ਮਨਾਇਆ ਗਿਆ। ਔਰਤਾਂ ਤੇ ਕੁੜੀਆਂ ਨੇ ਰੰਗ-ਬਰੰਗੇ ਪਹਿਰਾਵਿਆਂ 'ਚ ਝੂਲੇ ਝੂਲ ਕੇ, ਲੋਕ-ਗੀਤ ਗਾ ਕੇ ਤੇ ਨਾਚ ਪੇਸ਼ ਕਰਕੇ ਪ੍ਰੋਗਰਾਮ ਦੀ ਰੌਣਕ ਵਧਾਈ। ਇਸ ਮੌਕੇ ਪਿੰਡ ਵਿੱਚ ਮੇਲੇ ਵਰਗਾ ਮਾਹੌਲ ਦੇਖਣ ਨੂੰ ਮਿਲਿਆ। ਪ੍ਰੋਗਰਾਮ ਦੀ ਅਗਵਾਈ ਪਿੰਡ ਦੀ ਸਰਪੰਚ ਅਨੀਤਾ ਰਾਣੀ ਨੇ ਕੀਤੀ।ਸਮਾਗਮ 'ਚ ਮੁੱਖ ਮਹਿਮਾਨ ਵਜੋਂ ਕਰਮਜੀਤ ਕੌਰ, ਚੇਅਰਪਰਸਨ ਜ਼ਿਲ੍ਹਾ ਯੋਜਨਾ ਬੋਰਡ ਹੁਸ਼ਿਆਰਪੁਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਪਿੰਡ ਦੀ ਸਭਿਆਚਾਰ ਅਤੇ ਵਿਰਾਸਤ ਨੂੰ ਜੀਉਂਦਾ ਰੱਖਦੇ ਹਨ।ਸਰਪੰਚ ਅਨੀਤਾ ਰਾਣੀ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਅਤੇ ਵਿਰਾਸਤ ਨਾਲ ਜੋੜਨਾ ਬਹੁਤ ਜਰੂਰੀ ਹੈ।ਮੈਂ ਚਾਹੁੰਦੀ ਹਾਂ ਕਿ ਹੋਰ ਪੰਚਾਇਤਾਂ ਵੀ ਅਜਿਹੇ ਪ੍ਰੋਗਰਾਮ ਆਯੋਜਿਤ ਕਰਨ। ਇਸ ਮੌਕੇ 'ਤੇ ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ, ਪੰਚਾਇਤ ਮੈਂਬਰ ਪਰਮਜੀਤ ਕੌਰ, ਜੀਵਨ ਕੌਰ, ਰੰਜੂ ਕੁਮਾਰੀ, ਪ੍ਰੋ. ਹਰਵਿੰਦਰ ਸਿੰਘ, ਕੁਲਵਿੰਦਰ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮੋਦੀ ਨੇ 2000 ਕਰੋੜ ਦੀਆਂ ਦੋ ਮਹੱਤਵਪੂਰਨ ਵਿਕਾਸ ਪਰਿਯੋਜਨਾਵਾਂ ਦਾ ਕੀਤਾ ਉਦਘਾਟਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਰਿਆਣਾ ਨੂੰ ਸਿੱਧੇ ਤੌਰ 'ਤੇ ਲਾਭਾਵਿੰਤ ਕਰਨ ਵਾਲੀ 2000 ਕਰੋੜ ਰੁਪਏ ਦੀ ਲਾਗਤ ਦੀ ਦੋ ਮਹੱਤਵਪੂਰਨ ਵਿਕਾਸ ਪਰਿਯੋਜਨਾਵਾਂ ਨੂੰ ਉਦਘਾਟਨ ਕਰ ਉਨ੍ਹਾਂ ਨੂੰ ਜਨਤਾ ਨੂੰ ਸਮਰਪਿਤ ਕੀਤਾ। ਇਨ੍ਹਾਂ ਪਰਿਯੋਜਨਾਵਾਂ ਤਹਿਤ ਅਰਬਨ ਐਕਸਟੈਂਸ਼ਨ ਰੋਡ-2 ਪਰਿਯੋਜਨਾ ਤਹਿਤ ਸੋਨੀਪਤ ਅਤੇ ਬਹਾਦੁਰਗੜ੍ਹ ਲਈ ਦੋ ਨਵੇ-4 ਲੇਨ ਸੰਪਰਕ ਮਾਰਗਾਂ ਦਾ ਨਿਰਮਾਣ ਸ਼ਾਮਲ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕੇਂਦਰ ਸਰਕਾਰ ਵੱਲੋਂ ਹਰਿਆਣਾ ਲਈ ਕੀਤੇ ਜਾ ਰਹੇ ਯੋਗਦਾਨ ਬਾਰੇ ਕਿਹਾ ਕਿ ਇਹ ਦਿਨ ਹਰਿਆਣਾ ਅਤੇ ਵਿਸ਼ੇਸ਼ਕਰ ਐਨ ਸੀ ਆਰ ਦੇ ਵਿਕਾਸ ਦੀ ਗਾਥਾ ਵਿੱਚ ਇੱਕ ਸੁਨਹਿਰਾ ਅਧਿਆਯ ਵੱਜੋਂ ਦਰਜ ਹੋਵੇਗਾ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਲਗਭਗ 11000 ਹਜ਼ਾਰ ਕਰੋੜ ਰੁਪਏ ਦੀ ਲਾਗਤ ਨਾਲ ਦਿੱਲੀ ਅਤੇ ਹਰਿਆਣਾ ਨੂੰ ਜੋੜਨ ਵਾਲੇ ਦਵਾਰਕਾ ਐਕਸਪ੍ਰੈਸ-ਵੇ ਅਤੇ ਯੂਈਆਰ-2 ਰਾਸ਼ਟਰੀ ਰਾਜਮਾਰਗ ਸੜਕ ਪਰਿਯੋਜਨਾਵਾਂ ਦਾ ਉਦਘਾਟਨ ਕੀਤਾ ਗਿਆ ਜਿਸ ਵਿੱਚ 2000 ਕਰੋੜ ਰੁਪਏ ਦੀ ਦੋ ਪਰਿਯੋਜਨਾਵਾਂ ਹਰਿਆਣਾ ਨੂੰ ਸਿੱਧਾ ਲਾਭ ਦੇਵੇਗੀ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪ੍ਰਭਾਵਿਤ ਖੇਤਰਾਂ ਦਾ ਦੌਰਾ

**ਸੁਲਤਾਨਪੁਰ ਲੋਧੀ, (ਬਲਵੀਰ ਸ਼ਾਲ੍ਹਾਪੁਰੀ)**-ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਬਿਆਸ ਦਰਿਆ ਦੇ ਪਾਣੀ ਦੇ ਵਧੇ ਪੱਧਰ ਕਾਰਨ ਪ੍ਰਭਾਵਿਤ ਖੇਤਰਾਂ ਦਾ ਵਧੀਕ ਡਿਪਟੀ ਕਮਿਸ਼ਨਰ ਜਨਰਲ ਨਵਨੀਤ ਕੌਰ ਬੱਲ ਵੱਲੋਂ ਦੌਰਾ ਕਰਕੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਲੱਖ ਵਰਿਆਂਹ ਵਿਖੇ ਬਣਾਏ ਗਏ ਰਾਹਤ ਕੇਂਦਰ ਵਿਖੇ ਜਾ ਕੇ ਮੈਡੀਕਲ ਟੀਮਾਂ ਵੱਲੋਂ ਲੋਕਾਂ ਦੀ ਸਿਹਤ ਸਹੂਲਤਾਂ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਗਰਮੀ ਤੇ ਹੁੰਮਸ ਦੇ ਮੱਦੇਨਜ਼ਰ ਲੋਕਾਂ ਨੂੰ ਓ ਆਰ ਐਸ ਦੇ ਪੈਕਟ ਖੁੱਲੀ ਮਾਤਰਾ ਵਿੱਚ ਦਿੱਤੇ ਜਾਣ ।ਇਸ ਤੋਂ ਇਲਾਵਾ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਵੀ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਲੋਕਾਂ ਨੂੰ ਜ਼ਰੂਰੀ ਦਵਾਈਆਂ ਵੀ ਲਗਾਤਾਰ ਪ੍ਰਦਾਨ ਕਰਨ ਲਈ ਕਿਹਾ।



# ਬਰਿੰਦਰ ਕੁਮਾਰ ਗੋਇਲ ਨੇ ਪ੍ਰਭਾਵਿਤ ਜ਼ਿਲ੍ਹਿਆਂ 'ਚ ਹੜ੍ਹਾਂ ਦੀ ਸਥਿਤੀ ਦਾ ਲਿਆ ਜਾਇਜ਼ਾ

**ਚੰਡੀਗੜ੍ਹ, (ਗੁਰਜੀਤ ਬਿੱਲਾ)** -ਪਿਛਲੇ ਕਈ ਦਿਨਾਂ ਤੋਂ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਦੇ ਪਹਾੜੀ ਇਲਾਕਿਆਂ ਵਿੱਚ ਹੋ ਰਹੀ ਲਗਾਤਾਰ ਬਾਰਿਸ਼ ਕਾਰਨ ਪੰਜਾਬ ਦੇ ਡੈਮਾਂ ਵਿੱਚ ਪਾਣੀ ਦਾ ਪੱਧਰ ਵੱਧਣ ਦੇ ਮੱਦੇਨਜ਼ਰ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਸਥਿਤੀ ਦਾ ਵਿਸਥਾਰਤ ਜਾਇਜ਼ਾ ਲੈਣ ਲਈ ਸਬੰਧਤ ਡਿਪਟੀ ਕਮਿਸ਼ਨਰਾਂ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਇਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਕਪੂਰਥਲਾ, ਹਸ਼ਿਆਰਪੁਰ, ਗੁਰਦਾਸਪੁਰ, ਫ਼ਾਜ਼ਿਲਕਾ ਅਤੇ ਫ਼ਿਰੋਜ਼ਪੁਰ ਆਦਿ ਜ਼ਿਲ੍ਹਿਆਂ ਵਿੱਚੋਂ ਲੰਘਦੇ ਦਰਿਆਵਾਂ ਦੇ ਬੰਨ੍ਹਾਂ ਦੇ ਅੰਦਰਲੇ ਪਾਸੇ ਵਾਲੇ ਇਲਾਕਿਆਂ ਵਿੱਚ ਹੜ੍ਹ ਵਰਗੇ ਹਾਲਾਤ ਪੈਦਾ ਹੋ ਗਏ ਹਨ ਕਿਉਂਕਿ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧ ਰਿਹਾ ਹੈ ਅਤੇ ਹੜ੍ਹ ਵਾਲੇ ਖੇਤਰਾਂ ਵਿੱਚ ਕਿਸਾਨਾਂ ਦੁਆਰਾ ਬਣਾਏ ਗਏ ਅਸਥਾਈ ਬੰਨ੍ਹਾਂ ਵਿੱਚ ਪਾੜ ਪਏ ਹਨ।ਉਨ੍ਹਾਂ ਦੱਸਿਆ ਕਿ ਕਪੂਰਥਲਾ, ਫਿਰੋਜ਼ਪੁਰ ਅਤੇ ਫ਼ਾਜ਼ਿਲਕਾ ਜ਼ਿਲ੍ਹਿਆਂ ਦਾ ਕਰੀਬ 14,200 ਏਕੜ ਰਕਬਾ ਹੜ੍ਹ ਦੇ ਪਾਣੀ ਨਾਲ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਦੱਸਿਆ ਕਿ ਇਸ ਵਿੱਚੋਂ ਜ਼ਿਲ੍ਹਾ ਕਪੂਰਥਲਾ ਦੇ ਰਕਬੇ ਵਿੱਚ ਵਸੋਂ ਪ੍ਰਭਾਵਿਤ ਹੋਈ ਹੈ ਜਦਕਿ ਫ਼ਾਜ਼ਿਲਕਾ ਅਤੇ ਫਿਰੋਜ਼ਪੁਰ ਦਾ ਪ੍ਰਭਾਵਿਤ ਰਕਬਾ ਖੇਤੀਬਾੜੀ ਅਧੀਨ ਹੈ।ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਹਰ ਸੰਭਵ ਸਹਾਇਤਾ ਲਈ ਮੌਜੂਦ ਹੈ।

# ਖਾਲਸਾ ਕਾਲਜ ਦਾ ਆਈ ਟੀ ਤੇ ਕੰਪਿਊਟਰ ਵਿਭਾਗ ਦਾ ਨਤੀਜਾ ਸ਼ਾਨਦਾਰ

**ਸੁਲਤਾਨਪੁਰ ਲੋਧੀ (ਹਨੀ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਪੀ ਜੀ ਡੀ ਸੀ ਏ ਸਮੈਸਟਰ ਦੂਜਾ ਦੇ ਨਤੀਜੇ 'ਚ ਸਥਾਨਕ ਗੁਰੂ



ਨਾਨਕ ਖਾਲਸਾ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ । ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਦੱਸਿਆ ਕਿ ਪੀ ਜੀ ਡੀ ਸੀ ਏ ਸਮੈਸਟਰ ਦੂਜਾ ਦੀ ਵਿਦਿਆਰਥਣ ਨਵਦੀਪ ਕੌਰ ਪੁੱਤਰੀ ਜਸਪ੍ਰੀਤ ਸਿੰਘ ਨੇ 8.88 ਸੀ ਜੀ ਪੀ ਏ ਪ੍ਰਾਪਤ ਕਰਕੇ ਕਾਲਜ 'ਚੋਂ ਪਹਿਲਾ ਸਥਾਨ ਹਾਸਲ ਕੀਤਾ। ਰਵਿੰਦਰ ਸਿੰਘ ਪੁੱਤਰ ਸਤਪਾਲ ਸਿੰਘ ਨੇ 8.50 ਸੀ ਜੀ ਪੀ ਏ ਨਾਲ ਦੂਜਾ ਅਤੇ ਅਨੁਰੀਤ ਕੌਰ ਪੁੱਤਰੀ ਜਗਤਾਰ ਸਿੰਘ ਨੇ 8.13 ਸੀ ਜੀ ਪੀ ਏ ਪ੍ਰਾਪਤ ਕਰਕੇ ਕਾਲਜ ਚੋਂ ਤੀਜਾ ਸਥਾਨ ਹਾਸਲ ਕੀਤਾ। ਇਸ ਦੇ ਨਾਲ ਹੀ ਡੀ.ਸੀ.ਏ ਸਮੈਸਟਰ ਦੂਜਾ ਦਾ ਨਤੀਜਾ ਵੀ ਸ਼ਾਨਦਾਰ ਰਿਹਾ। ਡੀ ਸੀ ਏ ਸਮੈਸਟਰ ਦੂਜਾ ਦੀ ਵਿਦਿਆਰਥਣ ਸਿਮਰਨਪ੍ਰੀਤ ਕੌਰ ਪੁੱਤਰੀ ਗੁਰਦੇਵ ਸਿੰਘ ਨੇ 8.25 ਸੀ ਜੀ ਪੀ ਏ ਹਾਸਲ ਕਰਕੇ ਕਾਲਜ 'ਚੋਂ ਪਹਿਲਾ, ਅਮਨਪ੍ਰੀਤ ਸਿੰਘ ਪੁੱਤਰ ਬਲਤੇਜ ਸਿੰਘ ਨੇ 8.00 ਸੀ ਜੀ ਪੀ ਏ ਰਾਹੀਂ ਦੂਜਾ ਅਤੇ ਪਰਨੀਤ ਕੌਰ ਪੁੱਤਰੀ ਬਲਵਿੰਦਰ ਸਿੰਘ ਨੇ 7.50 ਸੀ ਜੀ ਪੀ ਏ ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਲਈ ਪ੍ਰਿੰਸੀਪਲ ਜਸਬੀਰ ਕੌਰ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਮਿਹਨਤੀ ਸਟਾਫ ਦੀ ਸ਼ਲਾਘਾ ਕੀਤੀ ਗਈ । ਕਾਲਜ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ ਅਤੇ ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ।

# ਆਜ਼ਾਦੀ ਪ੍ਰਾਪਤ ਕਰਨ ਤੋਂ ਬਾਅਦ ਆਜ਼ਾਦੀ ਨੂੰ ਸੁਰੱਖਿਅਤ ਰੱਖਣਾ ਜ਼ਰੂਰੀ : ਵਿਜੇ ਸਾਂਪਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਜਦੋਂ ਦੇਸ਼ ਨੂੰ ਆਜ਼ਾਦੀ ਮਿਲੀ, ਤਾਂ ਸਾਡੇ ਸ਼ਹੀਦਾਂ ਦੇ ਸੁਪਨੇ ਭਾਰਤ ਨੂੰ ਵਿਸ਼ਵ ਨੇਤਾ ਬਣਾਉਣਾ ਸੀ ਅਤੇ ਸਮੇਂ ਦੇ ਨਾਲ ਭਾਰਤ ਨੂੰ ਹੋਰ ਵੀ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ।ਅਜੋਕੇ ਸਮੇਂ ਦੌਰਾਨ ਸਭ ਤੋਂ ਵੱਡੀ ਚੁਣੌਤੀ ਆਜ਼ਾਦੀ ਨੂੰ ਸੁਰੱਖਿਅਤ ਰੱਖਣਾ ਹੈ।ਉਪਰੋਕਤ ਸ਼ਬਦ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਭਾਰਤ ਗੌਰਵ ਮਹਿਲਾ ਵਿੰਗ ਦੀ ਸੂਬਾ ਪ੍ਰਧਾਨ ਨੀਤੀ ਤਲਵਾੜ ਦੀ ਪ੍ਰਧਾਨਗੀ ਹੇਠ ਆਜ਼ਾਦੀ ਦਿਵਸ 'ਤੇ ਆਯੋਜਿਤ ਸਮਾਗਮ ਨੂੰ ਸੰਬੋਧਨ ਕਰਦਿਆਂ ਕਹੇ।ਸਾਂਪਲਾ ਨੇ ਕਿਹਾ ਕਿ ਅੱਜ ਦੇਸ਼ ਦੀਆਂ ਸਰਹੱਦਾਂ ਸੁਰੱਖਿਅਤ ਹਨ ਪਰ ਸਾਨੂੰ ਅੰਦਰੂਨੀ ਹਿੱਸਿਆਂ ਵਿੱਚ ਬਹੁਤ ਸਾਰੀਆਂ ਲੜਾਈਆਂ ਲੜਨੀਆਂ ਪੈ ਰਹੀਆਂ ਹਨ। ਇਹ ਲੜਾਈਆਂ ਸਿੱਖਿਆ, ਸਿਹਤ ਸਹੂਲਤਾਂ, ਕੁਦਰਤੀ ਸਰੋਤਾਂ ਦੀ ਬਚਤ ਅਤੇ ਅਜਿਹੀਆਂ ਕਈ ਹੋਰ ਲੜਾਈਆਂ ਨਾਲ ਸਬੰਧਤ ਹੋ ਸਕਦੀਆਂ ਹਨ ਜੋ ਭਾਰਤੀਆਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਸਕਦੀਆਂ ਹਨ। ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਰਾਸ਼ਟਰੀ ਉਪ ਪ੍ਰਧਾਨ ਸੰਜੀਵ ਤਲਵਾੜ ਨੇ ਕਿਹਾ ਕਿ ਹਰ 15 ਅਗਸਤ ਨੂੰ ਸਾਨੂੰ ਇੱਕ ਨਵਾਂ ਸੰਕਲਪ ਲੈਣਾ ਚਾਹੀਦਾ ਹੈ ਅਤੇ ਅਗਲੇ 15 ਅਗਸਤ ਨੂੰ ਸਾਨੂੰ ਸਮੀਖਿਆ ਕਰਨੀ ਚਾਹੀਦੀ ਹੈ ਕਿ ਕੀ ਅਸੀਂ ਪਿਛਲੇ ਸਾਲ ਲਏ ਗਏ ਸੰਕਲਪ ਨੂੰ ਪੂਰਾ ਕਰਨ ਦੇ ਯੋਗ ਹੋਏ ਹਾਂ ਜਾਂ ਨਹੀਂ। ਅਜਿਹਾ ਕਰਕੇ ਅਸੀਂ ਆਪਣੇ ਪੱਧਰ 'ਤੇ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਖਤਮ ਕਰ ਸਕਦੇ ਹਾਂ। ਸਮਾਗਮ ਦੇ ਅੰਤ ਵਿੱਚ, ਕਿੱਕ ਬਾਕਸਿੰਗ ਐਸੋਸੀਏਸ਼ਨ ਨਾਲ ਜੁੜੇ ਖਿਡਾਰੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।




# ਆਰ ਆਈ ਐਮ ਸੀ ਦੇਹਰਾਦੂਨ ਵੱਲੋਂ ਜੁਲਾਈ 2026 ਟਰਮ ਵਾਸਤੇ ਦਾਖਲੇ ਖੁੱਲ੍ਹੇ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ, ਪੰਜਾਬ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ (ਆਰ ਆਈ ਈ ਸੀ), ਦੇਹਰਾਦੂਨ ਵੱਲੋਂ ਜੁਲਾਈ, 2026 ਟਰਮ ਵਾਸਤੇ ਦਾਖ਼ਲੇ ਲਈ ਲਿਖਤੀ ਪ੍ਰਵੇਸ਼ ਪ੍ਰੀਖਿਆ 7 ਦਸੰਬਰ, 2025 (ਐਤਵਾਰ) ਨੂੰ ਲਾਲਾ ਲਾਜਪਤ ਰਾਏ ਭਵਨ, ਸੈਕਟਰ-15, ਚੰਡੀਗੜ੍ਹ ਵਿਖੇ ਕਰਵਾਈ ਜਾਵੇਗੀ। ਇਸ ਸਬੰਧੀ ਮੁਕੰਮਲ ਅਰਜ਼ੀਆਂ 15 ਅਕਤੂਬਰ, 2025 ਜਾਂ ਇਸ ਤੋਂ ਪਹਿਲਾਂ ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ, ਪੰਜਾਬ, ਸੈਨਿਕ ਭਵਨ, ਸੈਕਟਰ 21-ਡੀ, ਚੰਡੀਗੜ੍ਹ ਵਿਖੇ ਪਹੁੰਚ ਜਾਣੀਆਂ ਚਾਹੀਦੀਆਂ ਹਨ।

# ਸੀ ਆਰ ਪੀ ਐੱਫ ਦੇ ਜਵਾਨ ਨੂੰ ਬ੍ਰੇਨ ਸਟਰੋਕ ਸਰਜਰੀ ਦੇ ਬਾਅਦ ਨਵਾਂ ਜੀਵਨ ਮਿਲਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲੇਹ ਵਿੱਚ ਉੱਚਾਈ ਵਾਲੇ ਪੋਸਟ 'ਤੇ ਤੈਨਾਤ ਸੀ ਆਰ ਪੀ ਐਫ ਸੋਲਜਰ ਨੂੰ ਪਾਰਕ ਗ੍ਰੀਸ਼ੀਅਨ ਹਸਪਤਾਲ ਵਿੱਚ ਸਫਲ ਬ੍ਰੇਨ ਸਟ੍ਰੋਕ ਸਰਜਰੀ ਦੇ ਬਾਦ ਨਵਾਂ ਜੀਵਨ ਮਿਲਿਆ ਮੁਸ਼ਕਲ ਮੌਸਮ ਦੇ ਹਾਲਾਤਾਂ ਕਰਕੇ, ਸੋਲਜਰ ਦਾ ਖੂਨ ਬੇਤਰਤੀਬੀ ਨਾਲ ਗਾੜਾ ਹੋ ਗਿਆ ਸੀ ਜਿਸ ਕਾਰਨ ਉਸ ਦਾ ਹੀਮੋਗਲੋਬਿਨ ਵੱਧ ਗਿਆ। ਲੇਹ ਵਿੱਚ ਇਨਾਂ ਮੁਸ਼ਕਲ ਮੌਸਮ ਸਥਿਤੀ ਵਿੱਚ, ਹੀਮੋਗਲੋਬਿਨ ਦਾ ਸਤਰ 24 ਗ੍ਰਾਮ/ਡੀਐਲ ਤੱਕ ਜਾ ਸਕਦਾ ਹੈ। ਇਸ ਕਾਰਨ ਸੋਲਜਰ ਨੂੰ ਹੇਮਰੇਜ ਬ੍ਰੇਨ ਸਟ੍ਰੋਕ ਹੋ ਗਿਆ, ਜੋ ਇੱਕ ਗੰਭੀਰ ਸਥਿਤੀ ਹੈ ਜਿਸ ਵਿੱਚ ਤੁਰੰਤ ਮੈਡੀਕਲ ਸਹਾਇਤਾ ਦੀ ਲੋੜ ਹੁੰਦੀ ਹੈ। ਸੋਲਜਰ ਨੂੰ ਭਾਰਤੀ ਵਾਇਉ ਸੈਨਾ ਵੱਲੋਂ ਆਈ ਐਲ-ਜੀ ਐੱਫ ਜਹਾਜ਼ ਨਾਲ ਮੋਹਾਲੀ ਲਿਆ ਗਿਆ ਤੇ ਪਾਰਕ ਗ੍ਰੀਸ਼ੀਅਨ ਹਸਪਤਾਲ ਵਿੱਚ ਗੰਭੀਰ ਹਾਲਤ ਵਿੱਚ ਭਰਤੀ ਕੀਤਾ ਗਿਆ। ਕਲਸਲਟੈਂਟ ਨਿਊਰੋਸਰਜਰੀ ਡਾ. ਅਨਿਲ ਸੋਫਤ ਦੀ ਅਗਵਾਈ ਵਿੱਚ ਨਿਊਰੋਸਰਜੀਕ ਟੀਮ ਨੇ ਬ੍ਰੇਨ ਸਰਜਰੀ ਕੀਤੀ,ਜੋ ਛੇ ਘੰਟੇ ਤੱਕ ਚੱਲੀ। ਉਹ ਹੁਣ ਠੀਕ ਹੋ ਰਿਹਾ ਹੈ ਅਤੇ ਖਤਰੇ ਤੋਂ ਬਾਹਰ ਹੈ।



# ਪੰਜਾਬ ਸੰਭਾਲੋ ਮੁਹਿੰਮ ਤਹਿਤ ਰੈਲੀ ਲਈ ਲੋਕਾਂ 'ਚ ਭਾਰੀ ਜੋਸ਼ : ਗੁਰਨਾਮ, ਯਸ਼

**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੀ ਵਿਸ਼ੇਸ਼ ਮੀਟਿੰਗ ਪਿੰਡ ਕਾਲੇਵਾਲ ਭਗਤਾਂ ਵਿਖੇ ਹਲਕਾ ਪ੍ਰਧਾਨ ਯਸ਼ ਭੱਟੀ ਦੀ ਪ੍ਰਧਾਨਗੀ ਹੇਠ ਹੋਈ, ਜਿਸ 'ਚ ਬਸਪਾ ਪੰਜਾਬ ਦੇ ਕੋਆਰਡੀਨੇਟਰ ਗੁਰਨਾਮ ਚੌਧਰੀ ਸ਼ਾਮਲ ਹੋਏ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਨਾਮ ਚੌਧਰੀ ਤੇ ਯਸ਼ ਭੱਟੀ ਪ੍ਰਧਾਨ ਵਿਧਾਨ ਸਭਾ ਹਲਕਾ ਚੱਬੇਵਾਲ ਨੇ ਸਾਂਝੇ ਬਿਆਨ 'ਚ ਚੱਬੇਵਾਲ ਦੇ ਪਿੰਡ ਹਾਰਟਾ 'ਚ ਪੁਲਸ,ਪ੍ਰਸ਼ਾਸਨ ਵਲੋਂ ਪਿੰਡ ਵਾਸੀਆਂ ਨਾਲ ਕੀਤੇ ਅੱਤਿਆਚਾਰਾਂ ਦੀ ਸਖਤ ਨਿੰਦਿਆ ਕਰਦਿਆਂ ਕਿਹਾ ਔਰਤਾਂ, ਗਰੀਬਾਂ, ਮਜ਼ਲੂਮਾਂ ਤੇ ਜ਼ੁਲਮ ਬਹੁਜਨ ਸਮਾਜ ਪਾਰਟੀ ਬਰਦਾਸ਼ਤ ਨਹੀਂ ਕਰੇਗੀ। ਬਸਪਾ ਵਲੋਂ 23 ਅਗਸਤ ਨੂੰ ਦਾਣਾ ਮੰਡੀ ਚੱਬੇਵਾਲ ਵਿਖੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਰੈਲੀ ਕੀਤੀ ਜਾਵੇਗੀ। ਇਸ ਮੌਕੇ ਬਸਪਾ ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਮੁੱਖ ਮਹਿਮਾਨ ਸ਼ਾਮਲ ਹੋਣਗੇ। ਇਨਾਂ ਆਗੂਆਂ ਨੇ ਬਸਪਾ ਹਲਕਾ ਚੱਬੇਵਾਲ ਦੀ ਟੀਮ ਨੂੰ ਅਪੀਲ ਕੀਤੀ ਕਿ ਉਹ ਰੈਲੀ ਦੀ ਸਫਲਤਾ ਲਈ ਪਿੰਡ ਪਿੰਡ ਅਤੇ ਘਰ ਘਰ ਤੱਕ ਪਹੁੰਚ ਕਰਨ। ਰੈਲੀ ਵਿੱਚ ਆਮ ਆਦਮੀ ਪਾਰਟੀ, ਅਕਾਲੀ , ਕਾਂਗਰਸ ਤੇ ਭਾਜਪਾ ਦੀਆਂ ਕਿਸਾਨ, ਮਜਦੂਰ, ਗਰੀਬ ਵਿਰੋਧੀ ਨੀਤੀਆਂ ਦਾ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਬਾਮਸੇਫ ਆਗੂ ਮਾਸਟਰ ਹਰੀ ਕਿਸ਼ਨ, ਸੱਤਪਾਲ ਬੰਗਾ ਵਾਈਸ ਪ੍ਰਧਾਨ, ਰਾਜਵਿੰਦਰ ਸਿੰਘ ਜ਼ਿਲਾ ਸਕੱਤਰ, ਅਮਰ ਨਾਥ ਕੋਟਲਾ, ਜੈ ਪ੍ਰਕਾਸ਼ ਜਨਰਲ ਸਕੱਤਰ, ਲੱਕੀ ਹਾਜਰ ਸਨ।

# ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ, ਜੰਡਿਆਲਾ (ਜਲੰਧਰ) ਵਿਖੇ ਮਨਾਇਆ 'ਤੀਆਂ ਦਾ ਮੇਲਾ'

**ਗੁਰਾਇਆ (ਬਿੰਦਰ ਸੁੰਮਨ)** ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ, ਜੰਡਿਆਲਾ (ਜਲੰਧਰ) ਵਿਖੇ ਸਾਉਣ ਦੇ ਮਹੀਨੇ ਦਾ ਹਰਮਨ ਪਿਆਰਾ ਤਿਉਹਾਰ "ਤੀਆਂ ਦਾ ਮੇਲਾ" ਕਰਵਾਇਆ ਗਿਆ। ਇਸ ਮੌਕੇ ਰਮਨਜੀਤ ਕੌਰ,




ਸੁਪਰਵਾਇਜ਼ਰ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਦੇ ਨਾਲ ਹੀ ਕੁਲਦੀਪ ਕੌਰ ਸਹੋਤਾ, ਨਰਿੰਦਰ ਕੌਰ, ਜਤਿੰਦਰ ਕੌਰ ਅਤੇ ਹੋਰ ਪੰਚਾਇਤ ਮੈਂਬਰ (ਗ੍ਰਾਮ ਪੰਚਾਇਤ ਜੰਡਿਆਲਾ ਮੰਜਕੀ) ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਕਾਲਜ ਦੀਆਂ ਵਿਦਿਆਰਥਣਾਂ ਦੇ ਨਾਲ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਮੇਲੇ ਵਿਚ ਚਾਰ ਚੰਨ ਲਾਏ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਗਸੀਰ ਸਿੰਘ ਬਰਾੜ ਨੇ ਆਏ ਹੋਏ ਮਹਿਮਾਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਨੇ ਇਸ ਮੇਲੇ ਵਿਚ ਵਿਸ਼ੇਸ਼ ਤੌਰ 'ਤੇ ਸ਼ਾਮਲ ਇਲਾਕੇ ਦੀਆਂ ਖਾਸ ਸ਼ਖਸ਼ੀਅਤਾਂ ਤਰਸੇਮ ਸਿੰਘ (ਜੰਡਿਆਲਾ ਲੋਕ ਭਲਾਈ ਮੰਚ), ਸਤਪਾਲ ਸੋਢੀ (ਪ੍ਰਿੰਸੀਪਲ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ, ਜੰਡਿਆਲਾ), ਚੰਦਰ ਸ਼ੇਖਰ ਵਰਮਾ (ਪ੍ਰਿੰਸੀਪਲ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ, ਬੰਡਾਲਾ), ਅਰਚਨਾ (ਪ੍ਰਿੰਸੀਪਲ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ, ਸਮਰਾਏ), ਗੁਰਇਕਬਾਲ ਸਿੰਘ (ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ, ਸਮਰਾਏ-ਜੰਡਿਆਲਾ) ਦਾ ਵੀ ਧੰਨਵਾਦ ਕੀਤਾ। ਇਸ ਮੇਲੇ ਨੂੰ ਸੁਚੱਜੇ ਢੰਗ ਨਾਲ ਪੂਰਾ ਕਰਨ ਲਈ ਕਾਲਜ ਦੇ ਸਾਬਕਾ ਵਿਦਿਆਰਥੀ ਸ. ਬਲਵਿੰਦਰ ਸਿੰਘ ਜੀ (ਯੂ.ਐਸ.ਏ.) ਵੱਲੋਂ ਵਿੱਤੀ ਸਹਾਇਤਾ ਕੀਤੀ ਗਈ, ਜਿਸ ਲਈ ਪ੍ਰਿੰਸੀਪਲ ਡਾ. ਬਰਾੜ ਨੇ ਉਨ੍ਹਾਂ ਦਾ ਖਾਸ ਧੰਨਵਾਦ ਕੀਤਾ।

# ਮੰਗਾਂ ਦੇ ਹੱਲ ਲਈ ਵਰਕਿੰਗ ਤੇ ਕਾਰਜਕਾਰਨੀ ਦੀ ਰਾਜ ਪੱਧਰੀ ਅਹਿਮ ਮੀਟਿੰਗ 23 ਨੂੰ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਇੰਜ: ਪਰਵਿੰਦਰ ਕੁਮਾਰ ਸੂਬਾ ਜਨਰਲ ਸਕੱਤਰ, ਇੰਜ: ਜਤਿੰਦਰ ਸਿੰਘ ਸੂਬਾ ਵਧੀਕ ਜਨਰਲ ਸਕੱਤਰ ਅਤੇ ਇੰਜ: ਗੁਰਪ੍ਰੀਤ ਸਿੰਘ ਸਰਕਲ ਪ੍ਰਧਾਨ ਜਲੰਧਰ-2 ਵੱਲੋਂ ਜਾਰੀ ਪ੍ਰੈਸ ਨੋਟ ਰਾਹੀਂ ਦੱਸਿਆ ਕਿ ਜਮਾਤ ਦੀਆਂ ਜਾਇਜ਼, ਵਾਜਬ ਤੇ ਹੱਕੀ ਲੰਬਿਤ ਮੰਗਾਂ ਦੇ ਠੋਸ ਹੱਲ ਹਿੱਤ ਰਣਨੀਤੀ ਘੜਨ ਲਈ ਜੂਨੀਅਰ/ ਸਹਾਇਕ ਇੰਜੀਨੀਅਰਜ਼/ ਉਪ ਮੰਡਲ ਇੰਜੀਨੀਅਰਜ਼/ ਕਾਰਜਕਾਰੀ ਇੰਜੀਨੀਅਰਜ਼ - ਪਦਉੱਨਤ ਜੇ ਈ ਕਾਡਰ ਦੀ ਪ੍ਰਤੀਨਿਧ ਜਥੇਬੰਦੀ ਡਿਪਲੋਮਾ ਇੰਜੀਨੀਅਰਜ਼ ਐਸੋਸੀਏਸ਼ਨ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ) ਸ਼ਾਖਾ ਪੰਜਾਬ ਵੱਲੋਂ ਵਰਕਿੰਗ ਤੇ ਕਾਰਜਕਾਰਨੀ ਦੀ ਰਾਜ ਪੱਧਰੀ ਅਹਿਮ ਮੀਟਿੰਗ 23 ਅਗਸਤ ਨੂੰ ਸਵੇਰੇ 11:00 ਵਜੇ ਲੋਕ ਨਿਰਮਾਣ ਵਿਭਾਗ ਦੇ ਰੈਸਟ ਹਾਊਸ ਫਗਵਾੜਾ ਵਿਖੇ ਬੁਲਾਈ ਗਈ ਹੈ। ਵਿਭਾਗੀ ਜਥੇਬੰਦੀ ਦੇ ਸਮੂਹ ਸਰਕਲ ਪ੍ਰਧਾਨ/ ਜਨਰਲ ਸਕੱਤਰ/ ਵਰਕਿੰਗ/ ਕਾਰਜਕਾਰਨੀ ਕਮੇਟੀ ਦੇ ਮੈਂਬਰ/ ਅਹੁਦੇਦਾਰ ਇਸ ਅਹਿਮ ਜਥੇਬੰਦਕ ਮੀਟਿੰਗ ਵਿੱਚ ਸ਼ਾਮਲ ਹੋਣਗੇ।

# ਐਸ ਡੀ ਕਾਲਜ ਫਾਰ ਵੂਮੈਨ 'ਚ ਹਰ ਘਰ ਤਿਰੰਗਾ ਮੁਹਿੰਮ

**ਸੁਲਤਾਨਪੁਰ ਲੋਧੀ (ਹਨੀ)** ਐਸ ਡੀ ਕਾਲਜ ਫਾਰ ਵੂਮੈਨ ਵਿਖੇ ਐਨ ਐਸ ਐਸ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਹਰ ਘਰ ਤਿਰੰਗਾ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥਣਾਂ ਨੇ ਰਾਸ਼ਟਰੀ ਝੰਡੇ ਨਾਲ ਸੈਲਫੀ ਲੈ ਕੇ ਹਰ ਘਰ ਤਿਰੰਗਾ ਸੰਬੰਧੀ ਆਪਣਾ ਸੁਨੇਹਾ ਦਿੱਤਾ।79ਵਾਂ ਆਜ਼ਾਦੀ ਦਿਵਸ ਦੇਸ਼ ਭਗਤੀ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਦੇ ਨਾਲ ਨਾਲ ਰਾਸ਼ਟਰੀ ਝੰਡੇ ਤੇ ਇੱਕ ਆਨਲਾਈਨ ਕੁਇਜ਼ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਕੁਇੱਜ਼ ਮੁਕਾਬਲੇ ਵਿਚ ਬੀ.ਏ ਭਾਗ ਤੀਜਾ ਦੀ ਜੈਸਮੀਨ ਪਹਿਲੇ, ਬੀ.ਐਸ.ਸੀ ਭਾਗ ਤੀਜਾ ਦੀ ਰਮਨਦੀਪ ਕੌਰ ਦੂਜੇ ਅਤੇ ਬੀ.ਏ ਭਾਗ ਦੂਜਾ ਦੀ ਹਰਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ।ਸਟਾਫ ਮੈਂਬਰਾਂ ਨੇ ਵੀ ਇਸ ਪ੍ਰੋਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਜੋ ਮੈਡਮ ਸੁਨੀਤਾ ਕਲੇਰ ਦੀ ਨਿਗਰਾਨੀ ਹੇਠ ਕਰਵਾਇਆ ਗਿਆ।



## ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਆਜ਼ਾਦੀ ਦਿਵਸ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿੱਚ ਭਾਰਤ ਦਾ 79ਵਾਂ ਆਜ਼ਾਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਦਾ ਪਰਿਸਰ ਤਿਰੰਗੇ ਝੰਡਿਆਂ, ਰੰਗ-ਬਿਰੰਗੇ ਗੁਬਾਰਿਆਂ ਤੇ ਫੁੱਲਾਂ ਨਾਲ ਸਜਾਇਆ ਗਿਆ, ਜਿਸ ਨਾਲ ਹਰ ਪਾਸੇ ਦੇਸ਼ਭਗਤੀ ਦਾ ਮਾਹੌਲ ਛਾਇਆ ਹੋਇਆ ਸੀ।ਪ੍ਰੋਗਰਾਮ ਦੀ ਸ਼ੁਰੂਆਤ ਸ੍ਰੀ ਮਨੋਜ ਕੁਮਾਰ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਤੇ ਸਾਰੇ ਹਾਜ਼ਰ ਲੋਕਾਂ ਵੱਲੋਂ ਰਾਸ਼ਟਰੀ ਗੀਤ ਗਾਉਣ ਨਾਲ ਹੋਈ।ਇਸ ਤੋਂ ਬਾਅਦ ਸਕੂਲ ਦੇ ਨੰਨ੍ਹੇ-ਮੁੰਨੇ ਬੱਚਿਆਂ ਤੋਂ ਲੈ ਕੇ ਸੀਨੀਅਰ ਕਲਾਸਾਂ ਦੇ ਵਿਦਿਆਰਥੀਆਂ ਨੇ ਇੱਕ ਤੋਂ ਵੱਧ ਇੱਕ ਦੇਸ਼ਭਗਤੀ ਗੀਤ, ਨੱਚ ਤੇ ਕਵਿਤਾਵਾਂ ਪੇਸ਼ ਕੀਤੀਆਂ।ਆਜ਼ਾਦੀ ਦੀ ਲੜਾਈ ਦੇ ਵੀਰਾਂ ਦੀ ਕੁਰਬਾਨੀ ਨੂੰ ਦਰਸਾਉਣ ਵਾਲੇ ਨਾਟਕ ਨੇ ਦਰਸ਼ਕਾਂ ਦੀਆਂ ਅੱਖਾਂ ਨਮ ਕਰ ਦਿੱਤੀਆਂ।ਪ੍ਰਿੰਸੀਪਲ ਸ਼੍ਰੀਮਤੀ ਜੀਨਮ ਗਰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਜ਼ਾਦੀ ਦਿਵਸ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਇਹ ਦਿਨ ਸਾਨੂੰ ਆਪਣੇ ਫਰਜ਼ਾਂ, ਮੁੱਲਾਂ ਤੇ ਦੇਸ਼ ਪ੍ਰਤੀ ਜ਼ਿੰਮੇਵਾਰੀਆਂ ਦੀ ਯਾਦ ਦਿਵਾਉਂਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਵਿੱਚ ਅਨੁਸ਼ਾਸਨ, ਇਮਾਨਦਾਰੀ ਤੇ ਮਿਹਨਤ ਨੂੰ ਅਪਣਾਉਣ ਤੇ ਦੇਸ਼ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਵਿੱਚ ਯੋਗਦਾਨ ਪਾਏ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਤੇ ਮਹਿਮਾਨਾਂ ਨੂੰ ਮਿੱਠਾਈ ਵੰਡਾਈ ਗਈ।ਭਾਰਤ ਮਾਤਾ ਦੀ ਜੈ ਤੇ ਵੰਦੇ ਮਾਤਰਮ ਦੇ ਨਾਰਿਆਂ ਨਾਲ ਸਕੂਲ ਦਾ ਵਿਹੜਾ ਗੂੰਜ ਉਠਿਆ।ਇਹ ਸਮਾਰੋਹ ਨਾ ਸਿਰਫ਼ ਵਿਦਿਆਰਥੀਆਂ ਲਈ, ਸਗੋਂ ਅਧਿਆਪਕਾਂ ਤੇ ਮਾਪਿਆਂ ਲਈ ਵੀ ਪ੍ਰੇਰਨਾ ਤੇ ਮਾਣ ਦਾ ਪਲ ਬਣ ਗਿਆ, ਜਿਸ ਨੇ ਹਰ ਇੱਕ ਦੇ ਦਿਲ ਵਿੱਚ ਦੇਸ਼ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰ ਦਿੱਤਾ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਕਨਵੈਨਸ਼ਨ ਭਲਕੇ

**ਮਾਨਸਾ (ਆਤਮਾ ਸਿੰਘ ਪਮਾਰ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਦੇ ਦਿਸ਼ਾ-ਨਿਰਦੇਸ਼ਾਂ ਤੇ ਸੂਬਾਈ ਕਾਰਜਕਾਰਨੀ ਦੇ ਫ਼ੈਸਲੇ ਅਨੁਸਾਰ ਸੂਬੇ ਭਰ 'ਚ ਜ਼ਿਲ੍ਹਾ ਪੱਧਰੀ ਕਨਵੈਨਸ਼ਨਾਂ ਕਰਾਈਆਂ ਜਾ ਰਹੀਆਂ ਹਨ। ਇਸੇ ਲੜੀ ਵਜੋਂ 20 ਅਗਸਤ ਨੂੰ ਗਊਸ਼ਾਲਾ ਭਵਨ ਬਲਾਕ-ਏ ਮਾਨਸਾ ਵਿਖੇ ਜ਼ਿਲ੍ਹਾ ਪ੍ਰਧਾਨ ਡਾ. ਸੱਤਪਾਲ ਰਿਸ਼ੀ ਦੀ ਪ੍ਰਧਾਨਗੀ ਹੇਠ ਇੱਕ ਕਨਵੈਨਸ਼ਨ ਹੋਵੇਗੀ, ਜਿਸ ਵਿੱਚ ਉਚੇਚੇ ਤੌਰ 'ਤੇ ਐਸੋਸੀਏਸ਼ਨ ਸੂਬਾਈ ਆਗੂ ਤੇ ਭਰਾਤਰੀ ਜਥੇਬੰਦੀਆਂ ਦੇ ਆਗੂ ਵੀ ਸੰਬੋਧਨ ਕਰਨਗੇ।ਕਨਵੈਨਸ਼ਨ ਦਾ ਮੁੱਖ ਮਕਸਦ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਜਥੇਬੰਦਕ ਸਿੱਖਿਆ, ਸਮਾਜਿਕ ਬੁਰਾਈਆਂ, ਭਰਾਤਰੀ ਸਾਂਝ, ਮੈਡੀਕਲ ਪ੍ਰੈਕਟੀਸ਼ਨਰਾਂ ਦੇ ਕਿੱਤੇ ਨੂੰ ਕਾਨੂੰਨੀ ਮਾਨਤਾ ਤੇ ਭਵਿੱਖੀ ਚਣੌਤੀਆਂ ਦਾ ਸਾਹਮਣਾ ਕਰਨ ਦੀ ਵਿਉਂਤਬੰਦੀ ਤੇ ਵਿਚਾਰ ਵਟਾਂਦਰਾ ਚਰਚਾ ਕਰਨਾ ਹੈ।ਜ਼ਿਲ੍ਹਾ ਕਮੇਟੀ ਤੇ ਬਲਾਕ ਆਗੂਆਂ ਵੱਲੋਂ ਕਨਵੈਨਸ਼ਨ ਦੀ ਤਿਆਰੀਆਂ ਸੂਬਾਈ ਆਗੂਆਂ ਦੀ ਦੇਖ-ਰੇਖ ਵਿੱਚ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ।

# ਚਾਮੁੰਡਾ ਸੜਕ ਹਾਦਸੇ 'ਚ ਮਾਰੇ ਗਏ ਚਾਰ ਸ਼ਰਧਾਲੂਆਂ ਦਾ ਕੀਤਾ ਸਸਕਾਰ



**ਨਿਹਾਲ ਸਿੰਘ ਵਾਲਾ (ਲਵਲੀ ਮਾਡੀਕੇ)**-ਬੀਤੇ ਦਿਨ ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਜ਼ਿਲ੍ਹੇ 'ਚ ਚਾਮੁੰਡਾ ਧਰਮਸ਼ਾਲਾ ਸੜਕੀ ਹਾਦਸੇ ਦੌਰਾਨ ਮੋਗਾ ਜ਼ਿਲ੍ਹੇ ਦੇ ਪਿੰਡ ਭਾਗੀਕੇ ਦੇ ਚਾਰ ਸ਼ਰਧਾਲੂਆਂ ਦੀ ਮੌਤ ਹੋ ਗਈ ਸੀ, ਜਿਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਭਾਗੀਕੇ ਵਿਖੇ ਐਤਵਾਰ ਬੜੇ ਗ਼ਮਗੀਨ ਮਹੌਲ ਵਿੱਚ ਕੀਤਾ ਗਿਆ। ਪਰਿਵਾਰਕ ਮੈਂਬਰਾਂ ਤੇ ਸਥਾਨਕ ਵਾਸੀਆਂ ਦਾ ਵਿਰਲਾਪ ਝੱਲਿਆ ਨਹੀਂ ਸੀ ਜਾ ਰਿਹਾ।ਜ਼ਿਕਰਯੋਗ ਹੈ ਕਿ ਸ਼ਰਧਾਲੂਆਂ ਨਾਲ ਭਰੀ ਮਹਿੰਦਰਾ ਪਿਕਅਪ ਗੱਡੀ ਵਾਪਸ ਭਾਗੀਕੇ ਆਉਣ ਸਮੇਂ ਚਾਮੁੰਡਾ ਧਰਮਸ਼ਾਲਾ ਮਾਰਗ 'ਤੇ ਸੜਕ ਹਾਦਸੇ ਦਾ ਸ਼ਿਕਾਰ ਹੋ ਗਈ ਸੀ, ਜਿਸ ਦੌਰਾਨ ਇੱਕ ਔਰਤ ਦੀ ਮੌਕੇ 'ਤੇ ਮੌਤ ਹੋ ਗਈ ਸੀ, ਜਦੋਂਕਿ ਤਿੰਨ ਹੋਰ ਸ਼ਰਧਾਲੂਆਂ (ਇੱਕ ਔਰਤ ਤੇ ਦੋ ਆਦਮੀਆਂ) ਦੀ ਰਜਿੰਦਰਾ ਪ੍ਰਸਾਦ ਮੈਡੀਕਲ ਕਾਲਜ ਤੇ ਹਸਪਤਾਲ ਟਾਂਡਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ ਸੀ।ਇਸ ਸਬੰਧੀ ਦੁੱਖ ਦੀ ਘੜੀ ਵਿੱਚ ਮੋਢੀ ਬਣ ਕੇ ਸਰਪੰਚ ਸੁਖਦੀਪ ਸਿੰਘ ਸਾਧ ਭਾਗੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਸਮੇਂ ਪੰਜਾਬ ਸਰਕਾਰ ਤੋਂ ਮੰਗ ਵੀ ਕਰਦਿਆਂ ਕਿਹਾ ਕਿ ਪੀੜਤ ਪਰਵਾਰਾਂ ਨੂੰ ਸਰਕਾਰ ਵੱਲੋਂ ਮੁਆਵਜ਼ਾ ਦਿੱਤਾ ਜਾਵੇ।ਇਸ ਮੌਕੇ ਬਰਿੰਦਰ ਸਿੰਘ ਮਧੇਕੇ ਚੇਅਰਮੈਨ ਮਾਰਕੀਟ ਕਮੇਟੀ ਨਿਹਾਲ ਸਿੰਘ ਵਾਲਾ, ਜੀਵਨ ਸਿੰਘ ਸੈਦੋਕੇ, ਦਵਿੰਦਰ ਖਾਨਾ ਲੁਹਾਰਾਂ, ਦਵਿੰਦਰ ਤਖ਼ਤੂਪੁਰਾ ਤੇ ਅਕਾਲੀ ਦਲ ਦੇ ਖਣਮੁੱਖ ਭਾਰਤੀ ਪੱਤੋ, ਰਾਜਵਿੰਦਰ ਸਿੰਘ ਧਰਮਕੋਟ, ਨਿਹਾਲ ਸਿੰਘ, ਬਲਦੇਵ ਸਿੰਘ ਮਾਣੂੰਕੇ, ਇੰਦਰਜੀਤ ਸਿੰਘ ਭਾਗੀਕੇ ਤੋਂ ਇਲਾਵਾ ਕਾਂਗਰਸ ਦੇ ਹਰੀ ਸਿੰਘ ਖਾਈ, ਨਿਹਾਲ ਸਿੰਘ ਵਾਲਾ ਤੋਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਇੰਦਰਜੀਤ ਜੌਲੀ, ਭੁਪਿੰਦਰ ਸਿੰਘ ਸਾਹੋਕੇ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

## ਅਕੈਡੀਆ ਵਰਲਡ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅਕੈਡੀਆ ਵਰਲਡ ਸਕੂਲ ਵਿਖੇ ਜਮਾਤ ਪਹਿਲੀ ਐਸਟਰ ਤੇ ਲਾਇਲੈਕ ਦੇ ਵਿਦਿਆਰਥੀਆਂ ਦੁਆਰਾ ਜਨਮ ਅਸ਼ਟਮੀ ਦਾ ਤਿਉਹਾਰ ਬੜੇ ਜੋਸ਼ ਅਤੇ ਧੂਮ ਧਾਮ ਨਾਲ ਮਨਾਇਆ ਗਿਆ।ਬੱਚਿਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਭਰਪੂਰ ਰੁਚੀ ਦਿਖਾਈ ਤੇ ਵੱਖ-ਵੱਖ ਵਿਦਿਆਰਥੀਆਂ ਨੇ ਰਾਧਾ ਕ੍ਰਿਸ਼ਨ ਦੀ ਪੁਸ਼ਾਕਾਂ ਵਿੱਚ ਸੁੰਦਰ ਭੂਮਿਕਾਵਾਂ ਨਿਭਾਈਆਂ।ਬੱਚਿਆਂ ਨੇ ਲੱਡੂ ਗੋਪਾਲ ਵਾਂਗ ਭੇਸ ਬਣਾਇਆ ਤੇ ਕ੍ਰਿਸ਼ਨ ਲੀਲਾਵਾਂ ਦਾ ਨਾਟਕ ਪੇਸ਼ ਕੀਤਾ।ਭਜਨ ਗਾਇਨ ਤੇ ਕ੍ਰਿਸ਼ਨ ਜੀ ਦੀ ਜੀਵਨੀ ਉੱਤੇ ਵਿਸ਼ੇਸ਼ ਭਾਸ਼ਣ ਕਰਾਏ ਗਏ।ਵਿਦਿਆਰਥੀਆਂ ਨੇ ਆਪਣੇ-ਆਪਣੇ ਕਿਰਦਾਰ ਨੂੰ ਬਹੁਤ ਸੋਹਣੇ ਢੰਗ ਨਾਲ ਪੇਸ਼ ਕੀਤਾ।ਉਨ੍ਹਾਂ ਪੂਰੇ ਹੌਸਲੇ ਤੇ ਆਤਮ ਵਿਸ਼ਵਾਸ ਨਾਲ ਸਮਾਗਮ 'ਚ ਹਿੱਸਾ ਲਿਆ।ਸਮਾਗਮ ਦੀ ਤਿਆਰੀ ਮੈਡਮ ਮਿਸ ਗੀਤਾ, ਮਿਸ ਬਲਦੀਪ, ਮਿਸਟਰ ਕੌਸ਼ਲ ਤੇ ਮਿਸਟਰ ਅਮਨ ਵੱਲੋਂ ਕਰਾਈ ਗਈ।ਅਧਿਆਪਕ ਵੱਲੋਂ ਵਿਦਿਆਰਥੀਆਂ ਨੂੰ ਭਗਵਾਨ ਕ੍ਰਿਸ਼ਨ ਦੀਆਂ ਸਿੱਖਿਆਵਾਂ ਸੱਚਾਈ ਨਿਆਂ ਤੇ ਕਰਮ ਦੇ ਮਾਰਗ ਬਾਰੇ ਸਮਝਾਇਆ ਗਿਆ।ਸਭ ਨੇ ਧਾਰਮਿਕ ਪ੍ਰੇਰਨਾ ਲੈ ਕੇ ਤਿਉਹਾਰ ਨੂੰ ਮਨਾਇਆ।ਸਕੂਲ ਦੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਵੱਲੋਂ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਉਨ੍ਹਾਂ ਨੇ ਇਸ ਸਮਾਗਮ ਦੀ ਖ਼ੂਬ ਪ੍ਰਸ਼ੰਸਾ ਕੀਤੀ।ਉਨ੍ਹਾਂ ਦੱਸਿਆ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਵਿੱਚ ਆਤਮ ਵਿਸ਼ਵਾਸ ਵਧਦਾ ਹੈ।

## ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਵੱਲੋਂ ਚੇਤਕ ਕੋਰ ਤੇ ਨਾਗੀ ਯੁੱਧ ਸਮਾਰਕ ਦਾ ਦੌਰਾ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਆਜ਼ਾਦੀ ਦਿਵਸ ਦੇ ਮੌਕੇ ਫੌਜ ਮੁਖੀ (ਸੀਓਏਐਸ) ਜਨਰਲ ਉਪੇਂਦਰ ਦਿਵੇਦੀ ਨੇ ਬਠਿੰਡਾ ਮਿਲਟਰੀ ਸਟੇਸ਼ਨ ਵਿਖੇ ਚੇਤਕ ਕੋਰ ਤੇ ਸ੍ਰੀਗੰਗਾਨਗਰ ਵਿਖੇ ਵੱਕਾਰੀ ਨਾਗੀ ਯੁੱਧ ਯਾਦਗਾਰ ਦਾ ਦੌਰਾ ਕੀਤਾ।ਆਪਣੀ ਫੇਰੀ ਦੌਰਾਨ ਉਨ੍ਹਾਂ ਨੂੰ ਜਨਰਲ ਅਫਸਰ ਕਮਾਂਡਿੰਗ ਚੇਤਕ ਕੋਰ ਨੇ ਸੈਕਟਰ ਵਿੱਚ ਤਾਇਨਾਤ ਯੂਨਿਟਾਂ ਤੇ ਫਾਰਮੇਸ਼ਨਾਂ ਦੀ ਸੰਚਾਲਨ ਤਿਆਰੀ, ਮੌਜੂਦਾ ਸੁਰੱਖਿਆ ਸਥਿਤੀ, ਸਿਖਲਾਈ ਗਤੀਵਿਧੀਆਂ ਤੇ ਸੰਚਾਲਨ ਲੌਜਿਸਟਿਕਸ ਬਾਰੇ ਜਾਣਕਾਰੀ ਦਿੱਤੀ। ਜਨਰਲ ਦਿਵੇਦੀ ਨੇ ਨਾਗੀ ਯੁੱਧ ਯਾਦਗਾਰ 'ਤੇ ਫੁੱਲਮਾਲਾ ਭੇਟ ਕਰਦਿਆਂ ਡਿਊਟੀ ਦੌਰਾਨ ਕੁਰਬਾਨੀ ਦੇਣ ਵਾਲੇ ਬਹਾਦਰਾਂ ਨੂੰ ਸ਼ਰਧਾਂਜਲੀ ਦਿੱਤੀ।ਉਨ੍ਹਾਂ ਰਾਸ਼ਟਰੀ ਸੁਰੱਖਿਆ ਲਈ ਮਜ਼ਬੂਤ ਸਰਹੱਦੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਵਿੱਚ ਭਾਰਤੀ ਫੌਜ ਤੇ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਵਿਚਕਾਰ ਨਿਰਵਿਘਨ ਤਾਲਮੇਲ ਦੀ ਸ਼ਲਾਘਾ ਕੀਤੀ।ਉਨ੍ਹਾਂ ਸਾਰੇ ਰੈਂਕਾਂ ਦੁਆਰਾ ਦਿਖਾਈ ਗਈ ਉੱਚ ਪੱਧਰੀ ਵਚਨਬੱਧਤਾ ਤੇ ਪੇਸ਼ੇਵਰਤਾ ਦੀ ਸ਼ਲਾਘਾ ਕੀਤੀ ਤੇ ਨਿਰਧਾਰਤ ਕਾਰਜਾਂ ਨੂੰ ਸਫਲਤਾਪੂਰਵਕ ਪੂਰਾ ਕਰਨ ਲਈ ਕਾਰਜਸ਼ੀਲ ਤਿਆਰੀ ਤੇ ਯਥਾਰਥਵਾਦੀ ਸਿਖਲਾਈ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।ਜਨਰਲ ਦਿਵੇਦੀ ਨੇ ਚਾਰ ਪ੍ਰਸਿੱਧ ਸਾਬਕਾ ਸੈਨਿਕਾਂ ਕਰਨਲ ਸਤਪਾਲ ਰਾਏ ਗਰਗ (ਸੇਵਾਮੁਕਤ), ਲੈਫਟੀਨੈਂਟ ਕਰਨਲ ਜਗਜੀਤ ਸਿੰਘ ਮਾਨ (ਸੇਵਾਮੁਕਤ), ਸ਼ਿਲਪਕਾਰ ਬਨਵਾਰੀ ਲਾਲ ਸਵਾਮੀ (ਸੇਵਾਮੁਕਤ) ਤੇ ਸੂਬੇਦਾਰ ਮੇਜਰ (ਆਨਰੇਰੀ ਕੈਪਟਨ) ਸੀਸ ਰਾਮ (ਸੇਵਾਮੁਕਤ) ਨੂੰ ਹਥਿਆਰਬੰਦ ਸੈਨਾਵਾਂ ਲਈ ਸੇਵਾ, ਕੁਦਰਤ ਦੀ ਸੰਭਾਲ ਤੇ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਵਿਸ਼ਾਲ ਯੋਗਦਾਨ ਲਈ ਸਨਮਾਨਤ ਕੀਤਾ।

# ਮਦਨ ਲਾਲ ਢੀਂਗਰਾ ਦਾ ਸ਼ਹੀਦੀ ਦਿਵਸ ਸ਼ਰਧਾ ਤੇ ਸਨਮਾਨ ਨਾਲ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਅੱਜ ਦੇਸ਼ ਦੇ ਮਹਾਨ ਸਪੂਤ ਤੇ ਪਹਿਲੇ ਸ਼ਹੀਦ ਮਦਨ ਲਾਲ ਢੀਂਗਰਾ ਦਾ ਸ਼ਹੀਦੀ ਦਿਵਸ ਫ਼ਿਰੋਜ਼ਪੁਰ ਦੇ ਸ਼ਹੀਦ ਮਦਨ ਲਾਲ ਢੀਂਗਰਾ ਪਾਰਕ ਵਿਖੇ ਪੂਰੀ ਸ਼ਰਧਾ ਤੇ ਸਨਮਾਨ ਨਾਲ ਮਨਾਇਆ ਗਿਆ। ਇਸ ਮੌਕੇ ਸ਼ਹਿਰ ਦੀਆਂ ਪ੍ਰਮੁੱਖ ਹਸਤੀਆਂ ਤੇ ਪਤਵੰਤੇ ਸੱਜਣਾਂ ਨੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਯਾਦ ਕੀਤਾ। ਇਸ ਸ਼ਰਧਾਂਜਲੀ ਸਮਾਗਮ ਵਿੱਚ ਐਡਵੋਕੇਟ ਅਸ਼ਵਨੀ ਢੀਂਗੜਾ, ਕ੍ਰਿਸ਼ਨ ਗੁਲਾਟੀ, ਸਤਪਾਲ ਖੁਰਾਣਾ, ਸੁਰਜੀਤ ਸੇਠੀ, ਸਤਪਾਲ ਅਰੋੜਾ, ਡਾ. ਕੇ ਸੀ ਅਰੋੜਾ, ਭੂਸ਼ਣ ਗੁਲਾਟੀ, ਕੇਵਲ ਕ੍ਰਿਸ਼ਨ, ਰਾਧੇ ਮੋਹਨ, ਕੁਲਦੀਪ ਸਾਹਨੀ, ਅਸ਼ੋਕ ਪਸਰੀਚਾ, ਗੁਰਮੀਤ ਸਿੰਘ, ਰਤਨ ਕੁਮਾਰ, ਰਾਜੂ, ਮਨੀਸ਼ ਅਰੋੜਾ, ਨਵੀਨ ਅਰੋੜਾ ਅਤੇ ਸੁਰਿੰਦਰ ਕੁਮਾਰ ਬੌਬੀ ਕੌਸ਼ਲ ਸਮੇਤ ਕਈ ਮਹੱਤਵਪੂਰਨ ਸ਼ਖਸੀਅਤਾਂ ਸ਼ਾਮਲ ਹੋਈਆਂ। ਸਾਰੇ ਹਾਜ਼ਰ ਲੋਕਾਂ ਨੇ ਸ਼ਹੀਦ ਢੀਂਗਰਾ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਪ੍ਰਤਿਮਾ ਨੂੰ ਫੁੱਲਾਂ ਦੇ ਹਾਰ ਪਹਿਨਾਏ ਤੇ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਸ਼ਹੀਦ ਮਦਨ ਲਾਲ ਢੀਂਗਰਾ ਨੇ ਆਪਣੀ ਜਵਾਨੀ ਦੇ ਦਿਨਾਂ ਵਿੱਚ ਹੀ ਦੇਸ਼ ਦੀ ਆਜ਼ਾਦੀ ਲਈ ਆਪਣੀ ਜਾਨ ਨਿਛਾਵਰ ਕਰ ਦਿੱਤੀ ਸੀ। ਉਨ੍ਹਾਂ ਲੰਡਨ ਵਿੱਚ ਬ੍ਰਿਟਿਸ਼ ਅਧਿਕਾਰੀ ਕਰਜ਼ਨ ਵਾਈਲੀ ਦੀ ਹੱਤਿਆ ਕਰਕੇ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਸੀ। ਉਨ੍ਹਾਂ ਦੀ ਕੁਰਬਾਨੀ ਸਾਨੂੰ ਹਮੇਸ਼ਾ ਦੇਸ਼ ਪ੍ਰਤੀ ਸਮਰਪਤ ਰਹਿਣ ਦੀ ਪ੍ਰੇਰਣਾ ਦਿੰਦੀ ਰਹੇਗੀ। ਇਸ ਸਮਾਗਮ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੇ ਇਤਿਹਾਸ ਤੋਂ ਜਾਣੂ ਕਰਵਾਉਣਾ ਤੇ ਉਨ੍ਹਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਉਤਸ਼ਾਹਤ ਕਰਨਾ ਸੀ। ਹਾਜ਼ਰ ਸਭ ਨੇ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਤੇ ਦੇਸ਼ ਦੀ ਤਰੱਕੀ ਲਈ ਮਿਲ ਕੇ ਕੰਮ ਕਰਨ ਦਾ ਪ੍ਰਣ ਲਿਆ।

## ਸੰਤ ਲੌਂਗੋਵਾਲ ਦੀ ਬਰਸੀ ਅਨਾਜ ਮੰਡੀ 'ਚ ਮਨਾਈ ਜਾਵੇਗੀ : ਭਾਈ ਲੌਂਗੋਵਾਲ

**ਲੌਂਗੋਵਾਲ (ਪ੍ਰਦੀਪ ਸੱਪਲ)**

ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ 40ਵੀਂ ਬਰਸੀ 20 ਅਗਸਤ ਨੂੰ ਸਥਾਨਕ ਅਨਾਜ ਮੰਡੀ ਵਿਖੇ ਵੱਡੇ ਪੱਧਰ 'ਤੇ ਮਨਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਸੰਤ ਜੀ ਦੀ ਬਰਸੀ ਮਨਾਉਣ ਸਬੰਧੀ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਅਤੇ ਮੰਡੀ ਵਿੱਚ ਸਫਾਈ ਦਾ ਕੰਮ ਵੀ ਸ਼ੁਰੂ ਹੋ ਚੁੱਕਿਆ ਹੈ।ਉਨ੍ਹਾ ਦੱਸਿਆ ਕਿ ਸੰਤ ਜੀ ਦੀ ਬਰਸੀ ਸਬੰਧੀ ਗੁਰਦੁਆਰਾ ਕੈਂਬੋਵਾਲ ਸਾਹਿਬ ਵਿਖੇ 18 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ ਹੋਣਗੇ ਤੇ 19 ਅਗਸਤ ਨੂੰ ਭਾਰੀ ਦੀਵਾਨ ਸਜਣਗੇ ਅਤੇ 20 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਅਨਾਜ ਮੰਡੀ ਵਿੱਚ ਵਿਸ਼ਾਲ ਕਾਨਫਰੰਸ ਹੋਵੇਗੀ।

## ਸਹਿਜਪ੍ਰੀਤ ਨੇ ਮਰਚੈਂਟ ਨੇਵੀ ਪ੍ਰੀਖਿਆ 'ਚ ਦੇਸ਼ ਭਰ 'ਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਪੰਜਾਬ ਦਾ ਨਾਂਅ ਰੋਸ਼ਨ ਕੀਤਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਛੋਟੇ ਜਿਹੇ ਪਿੰਡ ਮਿਸ਼ਰੀਵਾਲਾ ਦੀ ਇੱਕ ਹੋਣਹਾਰ ਧੀ ਨੇ ਇੱਕ ਵਾਰ ਫਿਰ ਇਹ ਸਾਬਿਤ ਕਰ ਦਿੱਤਾ ਹੈ ਕਿ ਸੁਪਨਿਆਂ ਨੂੰ ਪੂਰਾ ਕਰਨ ਲਈ ਹਿੰਮਤ ਤੇ ਲਗਨ ਸਭ ਤੋਂ ਜ਼ਰੂਰੀ ਹੈ। ਜੋਗਿੰਦਰਾ ਕਾਨਵੈਂਟ ਸਕੂਲ ਫਿਰੋਜ਼ਪੁਰ ਦੀ ਵਿਦਿਆਰਥਣ ਸਹਿਜਪ੍ਰੀਤ ਕੌਰ ਨੇ ਮਰਚੈਂਟ ਨੇਵੀ ਪ੍ਰਵੇਸ਼ ਪ੍ਰੀਖਿਆ ਵਿੱਚ ਦੇਸ਼ ਭਰ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਨਾ ਸਿਰਫ਼ ਆਪਣੇ ਸਕੂਲ ਤੇ ਪਿੰਡ ਦਾ, ਸਗੋਂ ਪੂਰੇ ਪੰਜਾਬ ਦਾ ਮਾਣ ਵਧਾਇਆ ਹੈ। ਸਹਿਜਪ੍ਰੀਤ, ਜੋ ਕਿ ਇੱਕ ਸਾਧਾਰਨ ਕਿਸਾਨ ਪਰਿਵਾਰ ਨਾਲ ਸਬੰਧਤ ਹੈ, ਨੇ ਆਪਣੀ ਸਖ਼ਤ ਮਿਹਨਤ ਤੇ ਸਮਰਪਣ ਨਾਲ ਇਸ ਮੁਕਾਮ ਨੂੰ ਹਾਸਲ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਸਿਮਰਨਦੀਪ ਸਿੰਘ ਧਾਲੀਵਾਲ ਅਨੁਸਾਰ ਸਹਿਜਪ੍ਰੀਤ ਨੇ 12ਵੀਂ ਜਮਾਤ ਦੀ ਕਾਮਰਸ ਦੀ ਪ੍ਰੀਖਿਆ ਵੀ ਬਹੁਤ ਵਧੀਆ ਅੰਕਾਂ ਨਾਲ ਪਾਸ ਕੀਤੀ ਹੈ। ਪ੍ਰਿੰਸੀਪਲ ਨੇ ਦੱਸਿਆ ਕਿ ਸਹਿਜਪ੍ਰੀਤ ਬਚਪਨ ਤੋਂ ਹੀ ਪੜ੍ਹਾਈ ਵਿੱਚ ਬਹੁਤ ਦਿਲਚਸਪੀ ਰੱਖਦੀ ਸੀ ਤੇ ਖਾਲੀ ਸਮੇਂ ਵਿੱਚ ਵੀ ਕਿਤਾਬਾਂ ਪੜ੍ਹਨਾ ਹੀ ਉਸ ਦਾ ਪਸੰਦੀਦਾ ਸ਼ੌਕ ਸੀ। ਉਸ ਨੇ ਕਦੇ ਵੀ ਆਪਣੇ ਪਰਿਵਾਰਕ ਹਾਲਾਤਾਂ ਨੂੰ ਆਪਣੇ ਸੁਪਨਿਆਂ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨ ਦਿੱਤਾ। ਉਸ ਦਾ ਮੰਨਣਾ ਸੀ ਕਿ ਗਿਆਨ ਹੀ ਸਭ ਤੋਂ ਵੱਡੀ ਤਾਕਤ ਹੈ। ਸਹਿਜਪ੍ਰੀਤ ਦੀ ਇਸ ਅਦਭੁਤ ਸਫਲਤਾ ਨੇ ਸਾਰੇ ਪਿੰਡ ਤੇ ਸਕੂਲ ਵਿੱਚ ਖੁਸ਼ੀ ਦੀ ਲਹਿਰ ਫੈਲਾ ਦਿੱਤੀ ਹੈ। ਉਸ ਦੀ ਸਫਲਤਾ ਨੇ ਸਾਬਿਤ ਕਰ ਦਿੱਤਾ ਹੈ ਕਿ ਜੇਕਰ ਟੀਚਾ ਸਪੱਸ਼ਟ ਹੋਵੇ, ਮਿਹਨਤ ਲਗਾਤਾਰ ਹੋਵੇ ਤੇ ਵਿਸ਼ਵਾਸ ਅਟੁੱਟ ਹੋਵੇ, ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਹੁੰਦੀ। ਹੁਣ ਸਹਿਜਪ੍ਰੀਤ ਆਪਣੀ ਮਰਚੈਂਟ ਨੇਵੀ ਦੀ ਟ੍ਰੇਨਿੰਗ ਹਾਂਗਕਾਂਗ ਤੋਂ ਸ਼ੁਰੂ ਕਰਨ ਜਾ ਰਹੀ ਹੈ। ਉਸ ਦੇ ਮਾਤਾ-ਪਿਤਾ, ਸਕੂਲ ਤੇ ਪੂਰੇ ਖੇਤਰ ਦੇ ਲੋਕਾਂ ਨੇ ਉਸ ਦੀ ਇਸ ਵੱਡੀ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦੇ ਹੋਏ ਉਸ ਨੂੰ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਹਨ। ਸਹਿਜਪ੍ਰੀਤ ਦੀ ਇਹ ਪ੍ਰਾਪਤੀ ਨਾ ਸਿਰਫ਼ ਫਿਰੋਜ਼ਪੁਰ ਲਈ, ਸਗੋਂ ਪੂਰੇ ਦੇਸ਼ ਦੇ ਨੌਜਵਾਨਾਂ ਲਈ ਇੱਕ ਪ੍ਰੇਰਣਾ ਸਰੋਤ ਹੈ।

## ਗੁੱਗਾ ਨੌਮੀ ਦਾ ਮੇਲਾ ਧੂਮਧਾਮ ਨਾਲ ਕਰਵਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਰਤੀਪੁਰ ਰੋਡ 'ਤੇ ਸਥਿਤ ਗੁੱਗਾ ਮੈੜੀ ਵਿਖੇ ਗੁੱਗਾ ਨੌਮੀ ਦਾ ਸਾਲਾਨਾ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਵੱਲੋਂ ਵੱਡੀ ਗਿਣਤੀ 'ਚ ਪਹੁੰਚ ਕੇ ਗੁੱਗਾ ਜ਼ਾਹਰ ਵੀਰ ਦੀ ਮੈੜੀ 'ਤੇ ਸੇਵੀਆਂ ਦਾ ਪ੍ਰਸ਼ਾਦਿ ਚੜ੍ਹਾਇਆ ਗਿਆ। ਇਸ ਸਮੇਂ ਗੁੱਗਾ ਜ਼ਾਹਰ ਵੀਰ ਦੇ ਜੀਵਨ ਨਾਲ ਸਬੰਧਤ ਸਵੱਈਏ ਪੇਸ਼ ਕੀਤੇ ਗਏ, ਜਿਨ੍ਹਾਂ ਨੂੰ ਭਗਤਾਂ ਨੇ ਸ਼ਰਧਾ ਨਾਲ ਸਰਵਣ ਕੀਤਾ। ਇਸ ਮੌਕੇ ਮੁੱਖ ਸਰਪ੍ਰਸਤ ਮੰਗਤ ਰਾਏ, ਸੇਵਾਦਾਰ ਜਗਰੂਪ ਸਿੰਘ ਰੂਪਾ, ਪ੍ਰਧਾਨ ਪਵਨ ਕੁਮਾਰ, ਨਿਰਮਲ ਸਿੰਘ, ਪ੍ਰੇਮ ਚੰਦ, ਸੰਨੀ ਵੈਦ, ਜਗਜੀਤ ਸਿੰਘ, ਸਤਪਾਲ ਧਾਮੇ, ਅਮਨਦੀਪ ਸਿੰਘ, ਗਗਨਦੀਪ, ਦੇਵਕੀ ਨੰਦਨ, ਸੰਜੀਵ ਬੱਗਣ, ਵਿੱਕੀ ਸਹੋਤਾ, ਗੁਰਨੂਰ ਵੈਦ, ਲਾਲੀ ਵੈਦ, ਸੁਖਵਿੰਦਰ, ਪਾਰਸ ਬਾਲੀ, ਕੁਨਾਲ ਸਹੋਤਾ, ਰਾਕੇਸ਼ ਵੈਦ, ਰਾਮ ਕੁਮਾਰ, ਖੇਮ ਰਾਜ, ਜਗਨਨਾਥ, ਗੌਰਵ ਬਾਲੀ, ਮਨਦੀਪ ਧਾਮੇ ਮੌਜੂਦ ਸਨ। ਆਈਆਂ ਸੰਗਤਾਂ ਲਈ ਸੇਵੀਆਂ ਦਾ ਅਤੁੱਟ ਲੰਗਰ ਵਰਤਾਇਆ ਗਿਆ।

## ਭਾਈ ਵੱਡਰੀਆਂ ਵਾਲੇ ਦੇ ਦੀਵਾਨਾਂ ਦੇ ਪੋਸਟਰ ਜਾਰੀ



**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**-ਗੁਰੂ ਮਾਨਿਓ ਗ੍ਰੰਥ ਚੇਤਨਾ ਸਮਾਗਮ ਦੇ ਪੋਸਟਰ ਭਾਈ ਭਾਈ ਗੁਰਪ੍ਰੀਤ ਸਿੰਘ ਵੱਡਰੀਆਂ ਵਾਲੇ ਤੇ ਸਮੂਹ ਸੰਗਤ ਵੱਲੋਂ ਜਾਰੀ ਕੀਤੇ ਗਏ। ਸਮਾਗਮ 28 ਅਗਸਤ ਰਾਤ 7 ਵਜੇ ਤੋਂ 10 ਵਜੇ ਦਾ ਹੋਵੇਗਾ, ਜੋ ਸ਼ਹਿਰ ਦੀ ਸ੍ਰੀ ਗੁਰੂ ਰਵਿਦਾਸ ਸਾਹਿਬ ਧਰਮਸ਼ਾਲਾ, ਜੋ ਨੇੜੇ ਗੁਰਦੁਆਰਾ ਸਾਹਿਬ ਗੁਰੂ ਨਾਨਕਪੁਰਾ ਸਾਹਿਬ ਪਾਤਸ਼ਾਹੀ ਛੇਵੀਂ ਖਟਣਾ ਵਾਲਾ ਮਹੱਲਾ ਵਿਖੇ ਕਰਵਾਏ ਜਾ ਰਹੇ ਹਨ। ਪੋਸਟਰ ਜਾਰੀ ਕਰਦੇ ਸਮੇਂ ਸੇਵਾਦਾਰ ਭਾਈ ਸ਼ਿਆਮ ਸਿੰਘ ਬਬਲੂ, ਬਲਜਿੰਦਰ ਸਿੰਘ ਬੰਟੀ, ਜਰਨੈਲ ਸਿੰਘ, ਹਿਮਤ ਸਿੰਘ ਤੇ ਸੁਖਦੀਪ ਸਿੰਘ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਸੁਖਬੀਰ ਦੇ ਹੱਥਾਂ 'ਚ ਹੀ ਸੁਰੱਖਿਅਤ : ਮਾਣੂੰਕੇ, ਫੂਲੇਵਾਲੀਆ, ਢਿੱਲੋਂ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਮਾਣੂੰਕੇ, ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਬਰਾੜ, ਵਿੱਕੀ ਫੂਲੇਵਾਲੀਆ ਤੇ ਯੂਥ ਆਗੂ ਗੁਰਦਿੱਤ ਸਿੰਘ ਢਿੱਲੋਂ ਨੇ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਸੂਬੇ ਦੀ ਮੌਜੂਦਾ ਸਰਕਾਰ ਨੇ ਚੋਣਾਂ ਦੌਰਾਨ ਕੀਤਾ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਹੁਣ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੀ ਵਾਪਸੀ ਚਾਹੁੰਦੇ ਹਨ, ਕਿਉਂਕਿ ਅਕਾਲੀ ਦਲ ਨੇ ਹਮੇਸ਼ਾ ਲੋਕਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਥਾਂ ਵਿੱਚ ਪਾਰਟੀ ਦੀ ਕਮਾਂਡ ਸੁਰੱਖਿਅਤ ਤੇ ਇਨ੍ਹਾਂ ਦੀ ਅਗਵਾਈ ਹੇਠ ਹੀ ਸੂਬੇ ਅੰਦਰ ਮੁੜ ਸ਼੍ਰੋਮਣੀ ਅਕਾਲੀ ਦਲ ਪਾਰਟੀ ਸੂਬੇ ਦੀ ਸਭ ਤੋਂ ਵੱਡੀ ਪਾਰਟੀ ਉਭਰ ਕੇ ਸਾਹਮਣੇ ਆਵੇਗੀ।ਉਨ੍ਹਾਂ ਕਿਹਾ ਕਿ ਜਿਸ ਨੇ ਵੀ ਸ਼੍ਰੋਮਣੀ ਅਕਾਲੀ ਪਾਰਟੀ (ਬਾਦਲ) ਨਾਲ ਧੋਖਾ ਕੇ ਕਰ ਕੇ ਆਪਣੇ ਵੱਖਰਾ ਧੜਾ ਬਣਾਇਆ ਹੈ, ਉਹ ਅੱਜ ਤੱਕ ਕਾਮਯਾਬ ਨਹੀਂ ਹੋਇਆ ਹੈ।ਉਨ੍ਹਾਂ ਕਿਹਾ ਕਿ ਜਿੰਨਾ ਵੀ ਪੰਜਾਬ ਦਾ ਸਰਬਪੱਖੀ ਵਿਕਾਸ ਹੋਇਆ ਹੈ, ਉਹ ਸਿਰਫ਼ ਸ਼੍ਰੋਮਣੀ ਅਕਾਲੀ ਦਲ ਦੀ ਦੇਣ ਹੈ ਅਤੇ ਪੰਜਾਬੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੂੰ ਯਾਦ ਕਰਦੇ ਹਨ ਅਤੇ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਪੰਜਾਬ ਵਾਸੀ ਆਪਣਾ ਫਤਵਾ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿਚ ਦੇ ਕੇ ਪੰਜਾਬ ਅੰਦਰ ਮੁੜ ਅਕਾਲੀ ਦਲ ਦੀ ਸਰਕਾਰ ਲਿਆ ਕੇ ਸੂਬੇ ਨੂੰ ਤਰੱਕੀ ਵੱਲ ਲਿਜਾਣ ਵਿਚ ਆਪਣੀ ਅਹਿਮ ਭੂਮਿਕਾ ਨਿਭਾਉਣਗੇ।

# ਓਮ ਸ਼ਾਂਤੀ ਬ੍ਰਹਮਕੁਮਾਰੀ ਸੈਂਟਰ 'ਚ ਜਨਮ ਅਸ਼ਟਮੀ ਮਨਾਈ

**ਕੈਬਨਿਟ ਮੰਤਰੀ ਅਮਨ ਅਰੋੜਾ ਖ਼ਾਸ ਤੌਰ 'ਤੇ ਪਹੁੰਚੇ**



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਓਮ ਸ਼ਾਂਤੀ ਬ੍ਰਹਮਕੁਮਾਰੀ ਸੈਂਟਰ ਸੁਨਾਮ ਵਿੱਚ ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ।ਇਸ ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਸ਼੍ਰੀ ਕ੍ਰਿਸ਼ਨ ਝੂਲੇ ਦਾ ਵਿਧੀਵਤ ਉਦਘਾਟਨ ਕੀਤਾ।ਉਨ੍ਹਾਂ ਨਾਲ ਡੀ.ਐੱਸ.ਪੀ. ਹਰਿੰਦਰ ਸਿੰਘ ਖੈਰਾ, ਸਮਾਜਸੇਵੀ ਮਨਪ੍ਰੀਤ ਬੰਸਲ, ਸੰਦੀਪ ਜਿੰਦਲ, ਆਸ਼ਾ ਬਜਾਜ, ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਵਿਨਰਜੀਤ ਗੋਲਡੀ, ਡਾ. ਨਵੀਨ ਤੇ ਡਾ. ਹਿਮਾਨੀ ਨੇ ਦੀਪ ਪ੍ਰਜਵਲਿਤ ਕਰਕੇ ਸ਼ੁਭ ਆਰੰਭ ਕੀਤਾ ਤੇ ਸਾਰੇਆਂ ਨੂੰ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ ਬ੍ਰਹਮਕੁਮਾਰੀ ਮੀਰਾ ਦੀਦੀ ਨੇ ਆਪਣੇ ਪ੍ਰਵਚਨ ਵਿੱਚ ਜਨਮ ਅਸ਼ਟਮੀ ਦੇ ਆਧਿਆਤਮਕ ਭੇਦ ਨੂੰ ਸਮਝਾਇਆ।ਉਨ੍ਹਾਂ ਕਿਹਾ ਕਿ ਸ਼੍ਰੀ ਕ੍ਰਿਸ਼ਨ ਦੇ ਝੂਲੇ ਦਾ ਅਰਥ ਹੈ ਆਨੰਦਿਤ ਅਵਸਥਾ ਦਾ ਅਨੁਭਵ ਕਰਨਾ, ਮਟਕੀ ਫੋੜਨ ਦਾ ਭਾਵ ਹੈ ਦੇਹ ਅਭਿਮਾਨ ਨੂੰ ਛੱਡ ਕੇ ਦਿਵਯ ਗੁਣਾਂ ਨੂੰ ਅਪਣਾਉਣਾ, ਜਦਕਿ ਮੁਰਲੀ ਬਜਾਉਣ ਦਾ ਸੰਦੇਸ਼ ਹੈ ਮਿੱਠੇ ਬਚਨ ਨਾਲ ਹਰ ਇੱਕ ਨੂੰ ਸ਼ੁੱਭ-ਕਾਮਨਾਵਾਂ ਦੇਣਾ ਤੇ ਕਲਿਆਣ ਦੀ ਭਾਵਨਾ ਰੱਖਣਾ।ਉਨ੍ਹਾਂ ਕਿਹਾ ਕਿ ਪ੍ਰਮਾਤਮਾ ਸਾਨੂੰ ਰੋਜ਼ ਰਾਜਯੋਗ ਦੀਆਂ ਸਿੱਖਿਆਵਾਂ ਦੇਂਦੇ ਹਨ ਤਾਂ ਜੋ ਅਸੀਂ ਆਪਣੇ ਜੀਵਨ ਵਿੱਚ ਸੁੱਖ, ਸ਼ਾਂਤੀ, ਪ੍ਰੇਮ, ਸ਼ਕਤੀ, ਪਵਿੱਤਰਤਾ ਤੇ ਆਨੰਦ ਵਰਗੇ ਦਿਵਯ ਗੁਣਾਂ ਨੂੰ ਧਾਰਨ ਕਰਕੇ ਸਤਯੁਗ ਜਿਹਾ ਜੀਵਨ ਬਣਾ ਸਕੀਏ।

## ਗੁਮਟੀ 'ਚ ਮੇਲਾ ਤੀਆਂ ਤੀਜ ਦਾ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਗੁੰਮਟੀ ਵਿਖੇ ਸਮੂਹ ਪਿੰਡ ਦੀਆਂ ਔਰਤਾਂ ਵੱਲੋਂ ਪਰਮਜੀਤ ਕੌਰ ਗੁੰਮਟੀ ਦੀ ਦੇਖ-ਰੇਖ ਹੇਠ ਮੇਲਾ ਤੀਆਂ ਤੀਜ ਦਾ ਵੱਡੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮੈਡਮ ਪੂਨਮ ਕਾਂਗੜਾ, ਮੁੱਖ ਸਰਪ੍ਰਸਤ ਭਾਰਤੀ ਐਂਬੇਡਕਰ ਮਿਸ਼ਨ, ਭਾਰਤ ਨੇ ਸ਼ਮੂਲੀਅਤ ਕੀਤੀ। ਮੇਲੇ ਵਿੱਚ ਔਰਤਾਂ ਵੱਲੋਂ ਪੀਂਘਾਂ ਝੂਟੀਆਂ ਗਈਆਂ, ਗਿੱਧਾ ਪਾਇਆ ਗਿਆ ਤੇ ਪੰਜਾਬੀ ਬੋਲੀਆਂ-ਗੀਤਾਂ ਰਾਹੀਂ ਸੱਭਿਆਚਾਰ ਰੰਗ ਵਿਖਾਏ ਗਏ।ਬੱਚਿਆਂ ਨੇ ਵੀ ਵੱਖ-ਵੱਖ ਝੂਲਿਆਂ 'ਤੇ ਖੂਬ ਮਜ਼ਾ ਲਿਆ।ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਤੀਆਂ-ਤੀਜ ਦਾ ਤਿਉਹਾਰ ਸਾਡੇ ਸੱਭਿਆਚਾਰ ਦਾ ਅਹਿਮ ਹਿੱਸਾ ਹੈ।ਇਹ ਦਿਨ ਦੂਰ-ਦੁਰਾਡੇ ਵਿਆਹੀਆਂ ਸਹੇਲੀਆਂ ਨੂੰ ਇਕੱਠਾ ਕਰਦਾ ਹੈ ਤੇ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਦਿੰਦਾ ਹੈ। ਉਨ੍ਹਾਂ ਪਿੰਡ ਦੀਆਂ ਕੁੜੀਆਂ ਨਾਲ ਮਿਲ ਕੇ ਗਿੱਧਾ ਪਾ ਕੇ ਵੀ ਤੀਆਂ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ।ਸਮਾਗਮ ਦੌਰਾਨ ਪ੍ਰਬੰਧਕਾਂ ਵੱਲੋਂ ਮੈਡਮ ਪੂਨਮ ਕਾਂਗੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਰਮਨਦੀਪ ਕੌਰ (ਮੈਂਬਰ ਬਲਾਕ ਸਮਿਤੀ), ਮਨਦੀਪ ਕੌਰ, ਕਿਰਨਜੀਤ ਕੌਰ, ਹਰਦੀਪ ਕੌਰ, ਹਰਪ੍ਰੀਤ ਕੌਰ, ਬਲਜੀਤ ਕੌਰ, ਮਹਿੰਦਰ ਕੌਰ, ਹਰਜਿੰਦਰ ਕੌਰ, ਕਰਨੈਲ ਕੌਰ, ਅਮਰਜੀਤ ਕੌਰ, ਕਮਲਜੀਤ ਕੌਰ ਸਮੇਤ ਮੇਘਰਾਜ ਜੋਸ਼ੀ, ਦਲਵੀਰ ਸਿੰਘ ਗਰੇਵਾਲ, ਮੱਖਣ ਸਿੰਘ ਪੰਚ, ਸਮਸ਼ੇਰ ਸਿੰਘ ਪੰਚ, ਜਗਦੇਵ ਸਿੰਘ ਬੜਿੰਗ, ਕੁਲਵਿੰਦਰ ਸਿੰਘ ਬੜਿੰਗ, ਕਾਲਾ ਬੜਿੰਗ, ਚੋਪੜਾ ਬੜਿੰਗ, ਦੀਪੀ ਬੜਿੰਗ ਅਤੇ ਹੋਰ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸ੍ਰੀ ਰਾਮ ਲੀਲ੍ਹਾ ਦੁਸਹਿਰਾ ਕਮੇਟੀ ਦੇ ਪਿੰਕੂ ਜਿੰਦਲ ਪ੍ਰਧਾਨ ਬਣੇ



**ਮੁੱਲਾਂਪੁਰ ਦਾਖਾ (ਗੁਰਮੇਲ ਮੈਲਡੇ)**-ਸ੍ਰੀ ਰਾਮਲੀਲ੍ਹਾ ਦੁਸਹਿਰਾ ਕਮੇਟੀ ਮੰਡੀ ਮੁੱਲਾਂਪੁਰ ਦਾਖਾ ਦੀ ਮੀਟਿੰਗ ਪ੍ਰਧਾਨ ਤਰੁਣ ਜਿੰਦਲ ਪਿੰਕੂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ 2 ਅਕਤੂਬਰ ਨੂੰ ਦੁਸਹਿਰੇ ਦਾ ਤਿਉਹਾਰ ਮਨਾਉਣ ਲਈ ਵਿਚਾਰ ਵਟਾਂਦਰਾ ਕਰਨ ਉਪਰੰਤ ਇੱਕ ਕਮੇਟੀ ਬਣਾਈ ਗਈ ਤੇ ਅਹੁਦੇਦਾਰਾਂ ਦਾ ਐਲਾਨ ਵੀ ਕਰ ਦਿੱਤਾ ਗਿਆ, ਜਿਸ ਵਿੱਚ ਸੁਸ਼ੀਲ ਚੌਧਰੀ (ਚੇਅਰਮੈਨ), ਅਮਨ ਮੁੱਲਾਂਪੁਰ (ਉੱਪ ਚੇਅਰਮੈਨ) ਤੇ ਰਾਕੇਸ਼ ਕੁਮਾਰ ਗਰਗ ਨੂੰ ਸ੍ਰੀ ਰਾਮਲੀਲ੍ਹਾ ਦੁਸਹਿਰਾ ਕਮੇਟੀ ਦਾ ਖਜ਼ਾਨਚੀ ਚੁਣਿਆ ਗਿਆ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਤਰੁਣ ਕੁਮਾਰ ਜਿੰਦਲ ਨੇ ਦੱਸਿਆ ਕਿ 21 ਮੈਂਬਰੀ ਦੁਸਹਿਰਾ ਕਮੇਟੀ ਤੇ 31 ਮੈਂਬਰੀ ਕੋਰ ਕਮੇਟੀ ਦਾ ਜਲਦੀ ਹੀ ਗਠਨ ਕੀਤਾ ਜਾਵੇਗਾ।ਦੁਸਹਿਰੇ ਤੋਂ ਪਹਿਲਾਂ ਸਥਾਨਕ ਸ਼ਿਵ ਮੰਦਰ ਵਿਖੇ ਰਾਮ ਕਥਾ ਦਾ ਆਯੋਜਨ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਦੁਸਹਿਰੇ ਦਾ ਤਿਉਹਾਰ ਮੰਡੀ ਮੁੱਲਾਂਪੁਰ ਦਾਖਾ ਸਿਨੇਮੇ ਦੀ ਪਿਛਲੀ ਗਰਾਊਂਡ ਵਿੱਚ ਮਨਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਬਾਕੀ ਕਮੇਟੀ ਮੈਂਬਰਾਂ ਦਾ ਐਲਾਨ ਵੀ ਜਲਦੀ ਕੀਤਾ ਜਾਵੇਗਾ। ਮੀਟਿੰਗ ਵਿੱਚ ਹਾਜ਼ਰ ਨਗਰ ਕੌਂਸਲ ਮੁੱਲਾਂਪੁਰ ਦਾਖਾ ਦੇ ਪ੍ਰਧਾਨ ਜਸਵਿੰਦਰ ਸਿੰਘ ਹੈਪੀ ਨੇ ਭਰੋਸਾ ਦਿੱਤਾ ਕਿ ਨਗਰ ਕੌਂਸਲ ਮੁੱਲਾਂਪੁਰ ਦਾਖਾ ਵੱਲੋਂ ਸ੍ਰੀ ਰਾਮਲੀਲ੍ਹਾ ਦੁਸਹਿਰਾ ਕਮੇਟੀ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਪ੍ਰਮਿੰਦਰ ਸਿੰਘ, ਬਲਦੇਵ ਸਿੰਘ ਦੇਬੀ, ਤਰੁਣ ਜੈਨ ਬਾਵਾ, ਕਰਨ, ਪਵਨ ਸੇਠੀ, ਸੁਰੇਸ਼ ਸੇਠੀ , ਤੇਜੀ ਮੁੱਲਾਂਪੁਰ ਤੇ ਜਗਸੀਰ ਸਿੰਘ ਆਦਿ ਹਾਜ਼ਰ ਸਨ।

## ਪਲੇਸਮੈਂਟ ਕੈਂਪ ਭਲਕੇ

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਜ਼ਿਲ੍ਹਾ ਰੋਜ਼ਗਾਰ ਅਫ਼ਸਰ ਕੰਵਲਪੁਨੀਤ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸ੍ਰੀ ਮੁਕਤਸਰ ਸਾਹਿਬ ਵਿਖੇ 20 ਅਗਸਤ ਬੁੱਧਵਾਰ ਨੂੰ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਫਲਿੱਪ ਕਾਰਟ ਕੰਪਨੀ ਵੱਲੋਂ ਡਿਲੀਵਰੀ ਦੀ 25 ਅਸਾਮੀਆਂ ਲਈ ਇੰਟਰਵਿਊ ਲਈ ਜਾਣੀ ਹੈ।ਇੰਟਰਵਿਊ ਲਈ ਘੱਟ ਤੋਂ ਘੱਟ 12 ਵੀ ਪਾਸ , ਉਮਰ 18 ਤੋਂ 30 ਸਾਲ ਦੇ ਲੜਕੇ ਤੇ ਲੜਕੀਆਂ ਕੈਂਪ ਵਿੱਚ ਭਾਗ ਲੈ ਸਕਦੇ ਹਨ।ਪ੍ਰਾਰਥੀਆਂ ਕੋਲ ਆਪਣਾ ਮੋਬਾਇਲ ਤੇ ਮੋਟਰਸਾਈਕਲ ਹੋਣਾ ਜ਼ਰੂਰੀ ਹੈ।

ਪਲੇਸਮੈਂਟ ਅਫਸਰ ਦਲਜੀਤ ਸਿੰਘ ਬਰਾੜ ਨੇ ਦੱਸਿਆ ਗਿਆ ਕਿ ਪ੍ਰਾਰਥੀ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਸਮੇਂ ਆਪਣੇ ਵਿੱਦਿਅਕ ਯੋਗਤਾ ਦੇ ਦਸਤਾਵੇਜ਼, ਰਜ਼ਿਊਮ, ਆਧਾਰ ਕਾਰਡ, ਜਾਤੀ ਸਰਟੀਫਿਕੇਟ ਆਦਿ ਅਸਲ ਤੇ ਉਨ੍ਹਾਂ ਦੀ ਫੋਟੋ ਕਾਪੀ ਸੈੱਟ ਜ਼ਰੂਰ ਨਾਲ ਲੈ ਕੇ ਆਉਣ ਤੇ ਵਧੇਰੇ ਜਾਣਕਾਰੀ ਲਈ ਪ੍ਰਾਰਥੀ ਇਸ ਦਫਤਰ ਦੇ ਹੈਲਪਲਾਈਨ ਨੰਬਰ 98885-62317 'ਤੇ ਸੰਪਰਕ ਕਰ ਸਕਦੇ ਹਨ।

# ਸ਼ਹੀਦ ਭਗਤ ਸਿੰਘ ਬਾਕਸਿੰਗ ਕਲੱਬ ਦੇ ਬੱਚਿਆਂ ਨੂੰ ਸਾਮਾਨ ਭੇਟ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸੀਨੀਅਰ ਪੱਤਰਕਾਰ, ਸਮਾਜ ਸੇਵੀਂ, ਯੋਗ ਗੁਰੂ ਤੇ ਬੌਕਸਰ ਕੁਲਦੀਪ ਸਿੰਘ ਭੁੱਲਰ ਦੇ ਬੇਟੇ ਅਰਸ਼ਦੀਪ ਸਿੰਘ ਭੁੱਲਰ ਅਸਟਰੇਲੀਆ ਵੱਲੋਂ ਸ਼ਹੀਦ ਭਗਤ ਸਿੰਘ ਬਾਕਸਿੰਗ ਕਲੱਬ ਫਿਰੋਜ਼ਪੁਰ ਦੇ ਬੱਚਿਆਂ ਨੂੰ 25 ਹਜ਼ਾਰ ਰੁਪਏ ਦਾ ਸਾਮਾਨ ਦਸਤਾਨੇ ਤੇ ਸਟਿੰਗ ਆਦਿ ਭੇਟ ਕੀਤਾ ਗਿਆ। ਇਸ ਮੌਕੇ ਰਾਜਬੀਰ ਸਿੰਘ ਰੇਲਵੇ, ਕੋਚ ਲਵਪ੍ਰੀਤ ਸਿੰਘ ਸ਼ਹੀਦ ਭਗਤ ਸਿੰਘ ਸਟੇਡੀਅਮ, ਸਮਾਜ ਸੇਵੀਂ ਹਰਸਿਮਰਨ ਸਿੰਘ ਵੈਰੜ ਕਿਸਾਨ ਆਊਟਲੈੱਟ ਵਾਲੇ ਆਦਿ ਨੇ ਕਿਹਾ ਕਿ ਅਰਸ਼ਦੀਪ ਸਿੰਘ ਭੁੱਲਰ ਸ਼ਹੀਦ ਭਗਤ ਸਿੰਘ ਬਾਕਸਿੰਗ ਕਲੱਬ ਫਿਰੋਜ਼ਪੁਰ ਦਾ ਸੀਨੀਅਰ ਖਿਡਾਰੀ ਹੈ ਤੇ ਕਈ ਮੁਕਾਬਲਿਆਂ ਵਿੱਚ ਵਿਜੇਤਾ ਰਹਿ ਚੁੱਕਿਆ ਹੈ। ਇਨ੍ਹਾਂ ਦੇ ਪਿਤਾ ਕੁਲਦੀਪ ਸਿੰਘ ਭੁੱਲਰ ਤੇ ਰਣਬੀਰ ਸਿੰਘ ਭੁੱਲਰ ਵੀ ਬਾਕਸਿੰਗ ਦੇ ਚੰਗੇ ਖਿਡਾਰੀ ਰਹਿ ਚੁੱਕੇ ਹਨ। ਅਰਸ਼ਦੀਪ ਸਿੰਘ ਭੁੱਲਰ ਇਸ ਸਮੇਂ ਅਸਟਰੇਲੀਆ ਵਿੱਚ ਰਹਿ ਰਹੇ ਹਨ, ਇਸ ਦੇ ਬਾਵਜੂਦ ਬਾਕਸਿੰਗ ਖੇਡ ਨੂੰ ਨਹੀਂ ਭੁੱਲੇ। ਖੇਡ ਤੇ ਖਿਡਾਰੀਆਂ ਪ੍ਰਤੀ ਅਥਾਹ ਉਤਸ਼ਾਹ ਰੱਖਦੇ ਹਨ। ਪਹਿਲਾਂ ਵੀ ਨਵੇਂ ਖਿਡਾਰੀਆਂ ਨੂੰ ਬਾਕਸਿੰਗ ਖੇਡ ਪ੍ਰਤੀ ਉਤਸ਼ਾਹਤ ਕਰਨ ਲਈ ਸਮੇਂ ਸਮੇਂ ਸਹਿਯੋਗ ਕਰਦੇ ਰਹੇ ਹਨ ਅਤੇ ਹੁਣ 25 ਹਜ਼ਾਰ ਰੁਪਏ ਦਾ ਸਪੈਸ਼ਲ ਸਾਮਾਨ ਕਿੱਟ ਕਲੱਬ ਨੂੰ ਭੇਟ ਕੀਤਾ ਗਿਆ ਹੈ। ਇਸ ਦੌਰਾਨ ਗੱਲਬਾਤ ਕਰਦੇ ਅਰਸ਼ਦੀਪ ਸਿੰਘ ਭੁੱਲਰ ਅਸਟਰੇਲੀਆ ਨੇ ਕਿਹਾ ਕਿ ਉਹ ਆਪਣੀ ਪਿਤਾ ਪੁਰਖੀ ਵਿਰਾਸਤ 'ਚ ਮਿਲੀ ਬਾਕਸਿੰਗ ਖੇਡ ਨੂੰ ਬਹੁਤ ਪਿਆਰ ਕਰਦੇ ਹਨ ਅਤੇ ਖਿਡਾਰੀਆਂ ਨੂੰ ਉਤਸ਼ਾਹਤ ਕਰਨ ਲਈ ਜਦੋਂ ਵੀ ਭਾਰਤ ਆਉਂਦੇ ਹਨ ਤਾਂ ਗਰਾਊਂਡ 'ਚ ਜ਼ਰੂਰ ਜਾਂਦੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਰਹਿਤ ਜ਼ਿੰਦਗੀ ਬਸਰ ਕਰਕੇ ਨੌਜਵਾਨ ਪੀੜ੍ਹੀ ਖੇਡਾਂ ਵੱਲ ਧਿਆਨ ਦੇਵੇ ਤਾਂ ਆਪਣਾ ਦੇਸ਼ ਵੀ ਬਾਹਰਲੇ ਦੇਸ਼ਾਂ ਦੀ ਤਰ੍ਹਾਂ ਤਰੱਕੀ ਕਰ ਸਕਦਾ ਹੈ। ਇਸ ਦੌਰਾਨ ਉਨ੍ਹਾਂ ਨਾਲ ਪਿੰਡ ਨੂਰਪੁਰ ਤੋਂ ਸਰਪੰਚ ਯੂਨੀਅਨ ਹਲਕਾ ਦਿਹਾਤੀ ਫਿਰੋਜ਼ਪੁਰ ਤੋਂ ਪ੍ਰਧਾਨ, ਸਰਪੰਚ ਤੇ ਸੀਨੀਅਰ ਬੌਕਸਰ ਗੁਰਬਾਗ ਸਿੰਘ ਸੰਧੂ, ਸੀਨੀਅਰ ਬੌਕਸਰ ਕੁਲਦੀਪ ਕੁਮਾਰ ਰੇਲਵੇ, ਸੀਨੀਅਰ ਬੌਕਸਰ ਕੁੰਵਰ ਫਤਿਹ ਸਿੰਘ, ਸੀਨੀਅਰ ਬੌਕਸਰ ਅਭਿਸ਼ੇਕ ਕੁਮਾਰ, ਸੀਨੀਅਰ ਬੌਕਸਰ ਸੁਮਿਤ ਕੁਮਾਰ, ਸੀਨੀਅਰ ਬੌਕਸਰ ਪ੍ਰਿਥਵੀ ਸਿੰਘ, ਸੀਨੀਅਰ ਬੌਕਸਰ ਦਾਨਿਸ਼ ਸਿੰਘ ਆਦਿ ਹਾਜ਼ਰ ਸਨ।

## ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੀ ਮੀਟਿੰਗ



**ਧੂਰੀ (ਮਨੋਹਰ ਸਿੰਘ ਸੱਗੂ)**-ਕ੍ਰਾਂਤੀਕਾਰੀ ਲੋਕ ਚੇਤਨ ਮੰਚ ਦੀ ਮੀਟਿੰਗ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਦੀ ਅਗਵਾਈ ਹੇਠ ਮੰਚ ਦੇ ਸਥਾਨਕ ਦਫ਼ਤਰ ਵਿਖੇ ਹੋਈ। ਮੀਟਿੰਗ ਉਪਰੰਤ ਮੰਚ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਮੀਟਿੰਗ ਦੌਰਾਨ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਨੇ ਕਿਹਾ ਕਿ ਜਿੱਥੇ ਪੰਜਾਬ ਅੰਦਰ ਗਰੀਬ ਵਰਗ ਦੇ ਲੋਕਾਂ 'ਤੇ ਅੱਤਿਆਚਾਰ ਦੀਆਂ ਘਟਨਾਵਾਂ ਵਧ ਰਹੀਆਂ ਹਨ, ਉਥੇ ਗਰੀਬ ਵਰਗ ਦੇ ਹੱਕ ਮਾਰੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਵਰਤਾਰੇ ਨੂੰ ਰੋਕਣ ਲਈ ਜਿੱਥੇ ਪੰਜਾਬ ਅੰਦਰ ਹਰੇਕ ਬਲਾਕ 'ਚ ਮੀਟਿੰਗਾਂ ਤੇ ਹਰ ਜ਼ਿਲ੍ਹੇ 'ਚ ਕਾਡਰ ਕੈਂਪ ਲਗਾਏ ਜਾਣਗੇ ਤੇ ਨਵੇਂ ਮੈਂਬਰ ਭਰਤੀ ਕਰਕੇ ਜਥੇਬੰਦੀ ਨੂੰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਤੋਂ ਬਾਬਾ ਜੀਵਨ ਸਿੰਘ (ਭਾਈ ਜੈਤਾ) ਜੀ ਦੇ ਜਨਮ ਦਿਹਾੜੇ 'ਤੇ ਗਜ਼ਟਿਡ ਛੁੱਟੀ ਕਰਨ ਦੀ ਮੰਗ ਕੀਤੀ।

## ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹੈ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਆਪਣੇ ਨਿਵਾਸ ਸਥਾਨ 'ਤੇ ਸਥਿਤ ਦਫ਼ਤਰ ਵਿੱਚ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਇਹ ਉਨ੍ਹਾਂ ਦਾ ਫਰਜ਼ ਬਣਦਾ ਹੈ ਕਿ ਕੋਈ ਵੀ ਦਫ਼ਤਰ ਤੋਂ ਦੁਖੀ ਨਾ ਹੋਵੇ।ਇਸ ਲਈ ਵੱਧ ਤੋਂ ਵੱਧ ਸਮੱਸਿਆਵਾਂ ਨੂੰ ਮੌਕੇ 'ਤੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਹਲਕਾ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਸ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਇਸ ਮੌਕੇ ਆਮ ਆਦਮੀ ਪਾਰਟੀ ਦੇ ਵਰਕਰ, ਅਹੁਦੇਦਾਰ, ਕੌਂਸਲਰ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਜੰਮੂ ਕਸ਼ਮੀਰ ਦੇ ਉਪ ਰਾਜਪਾਲ ਵੱਲੋਂ ਸ਼ਿਵ ਲੰਗਰ ਕਮੇਟੀ ਦਾ ਸਨਮਾਨ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਸ੍ਰੀ ਅਮਰਨਾਥ ਯਾਤਰਾ ਲੰਗਰ ਆਰਗਨਾਈਜ਼ੇਸ਼ਨ ਵੱਲੋਂ ਅਮਰਨਾਥ ਯਾਤਰਾ ਦੌਰਾਨ ਭੰਡਾਰਾ ਲਗਾਉਣ ਵਾਲੀਆਂ ਕਮੇਟੀਆਂ ਦੇ ਜੰਮੂ ਵਿੱਚ ਰੱਖੇ ਸਨਮਾਨ ਸਮਾਰੋਹ ਵਿੱਚ ਜੰਮੂ ਕਸ਼ਮੀਰ ਦੇ ਉਪਰਾਜਪਾਲ ਸ਼੍ਰੀ ਮਨੋਜ ਸਿਨਹਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਮਾਰੋਹ ਵਿੱਚ 140 ਲੰਗਰ ਕਮੇਟੀਆਂ ਦੇ ਮੈਂਬਰਾਂ ਨੇ ਭਾਗ ਲਿਆ। ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਵੱਲੋਂ ਬਾਲਟਾਲ ਤੋਂ ਲੈ ਕੇ ਅਮਰਨਾਥ ਦੀ ਗੁਫਾ ਤੱਕ ਲੰਗਰ ਲਾਉਣ ਕਮੇਟੀਆਂ ਨੂੰ ਸਨਮਾਨਤ ਵੀ ਕੀਤਾ। ਉਪ ਰਾਜਪਾਲ ਮਨੋਜ ਸਿਨਹਾ ਨੇ ਕਿਹਾ ਕਿ ਲੰਗਰ ਕਮੇਟੀਆਂ ਦੇ ਦਿੱਤੇ ਜਾਂਦੇ ਵਡਮੁੱਲੇ ਸਹਿਯੋਗ ਕਾਰਨ ਹੀ ਇਹ ਯਾਤਰਾ ਸਫ਼ਲ ਹੁੰਦੀ ਹੈ। ਜੰਮੂ-ਕਸ਼ਮੀਰ ਦੀ ਸਰਕਾਰ ਦੇ ਨਾਲ-ਨਾਲ ਇਹ ਲੰਗਰ ਕਮੇਟੀਆਂ ਵੀ ਅਮਰਨਾਥ ਦੀ ਯਾਤਰਾ 'ਤੇ ਆਏ ਯਾਤਰੀਆਂ ਨੂੰ ਸੁਵਿਧਾਵਾਂ ਉਪਲਬਧ ਕਰਾ ਕੇ ਖਾਸ ਖਿਆਲ ਰੱਖਦੀਆਂ ਹਨ।

ਸ੍ਰੀ ਸਿਨਹਾ ਨੇ ਕਿਹਾ ਕਿ ਇੱਕ ਆਮ ਨਾਗਰਿਕ ਨੂੰ ਅਮਰਨਾਥ ਦੀ ਯਾਤਰਾ ਕਰਨਾ ਬਹੁਤ ਔਖਾ ਲੱਗਦਾ ਹੈ, ਪਰ ਲੰਗਰ ਕਮੇਟੀਆਂ ਬਿਨਾਂ ਕਿਸੇ ਸਵਾਰਥ ਤੇ ਡਰ ਤੋਂ ਯਾਤਰੀਆਂ ਦੀ ਸੇਵਾ ਕਰ ਬਹੁਤ ਵੱਡੀ ਸਮਾਜ ਸੇਵਾ ਦਾ ਕੰਮ ਕਰ ਰਹੀਆਂ ਹਨ, ਜਿਸ ਦੀ ਮਿਸਾਲ ਸ਼ਿਵ ਲੰਗਰ ਕਮੇਟੀ ਸਮਾਣਾ ਵੱਲੋਂ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸ਼ਿਵ ਲੰਗਰ ਕਮੇਟੀ ਵੱਲੋਂ ਬੁਰਾੜੀ ਟੌਪ 'ਤੇ ਸਭ ਤੋਂ ਵਧੀਆ ਅਤੇ ਵਿਸ਼ਾਲ ਭੰਡਾਰੇ ਵਿੱਚ ਯਾਤਰੀਆਂ ਲਈ ਪੌਸ਼ਟਿਕ ਭੋਜਨ, ਯਾਤਰੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਤੇ ਭੰਡਾਰੇ ਵਾਲੀ ਜਗ੍ਹਾ ਤੇ ਸਾਫ਼-ਸਫ਼ਾਈ ਦਾ ਵਧੀਆ ਪ੍ਰਬੰਧ ਰੱਖਣ ਤੇ ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਤੇ ਉਨ੍ਹਾਂ ਦੇ ਮੈਂਬਰਾਂ ਦੀ ਪ੍ਰਸ਼ੰਸਾ ਕਰਦਾ ਹਾਂ। ਸ੍ਰੀ ਸਿਨਹਾ ਵੱਲੋਂ ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਅਤੇ ਮੈਂਬਰ ਗਗਨ ਗੁਪਤਾ ਸਹਿਤ ਕਮੇਟੀ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਤੇ ਗਗਨ ਗੁਪਤਾ ਨੇ ਭੰਡਾਰੇ ਲਈ ਸਹਿਯੋਗ ਦੇਣ ਵਾਲੇ ਹਰ ਵਿਅਕਤੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਿਛਲੇ 33 ਸਾਲਾਂ ਤੋਂ ਇਲਾਕੇ ਦੇ ਲੋਕਾਂ ਅਤੇ ਦਾਨਵੀਰ ਸੱਜਣਾ ਦੇ ਸਹਿਯੋਗ ਨਾਲ ਹੀ ਇਹ ਭੰਡਾਰਾ ਚਲਾਇਆ ਜਾ ਰਿਹਾ ਹੈ ਤੇ ਹਰ ਸਾਲ ਇਹ ਭੰਡਾਰਾ ਇਸ ਤੋਂ ਵੀ ਵਧੀਆ ਤਰੀਕੇ ਨਾਲ ਚਲਾਇਆ ਜਾਵੇਗਾ ਤੇ ਅਮਰਨਾਥ ਯਾਤਰੀਆਂ ਲਈ ਫਰੀ ਬੱਸ ਸਰਵਿਸ ਅਤੇ ਹੋਰ ਸਹੂਲਤਾਂ ਦੇਣ ਦਾ ਵੀ ਪ੍ਰਬੰਧ ਕੀਤਾ ਜਾਵੇਗਾ।

## ਧੋਖਾਧੜੀ ਦੇ ਮਾਮਲੇ 'ਚ ਦੋ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੈਨ ਕਾਰਡ ਦਾ ਗਲਤ ਇਸਤੇਮਾਲ ਕਰਕੇ ਧੋਖਾਧੜੀ ਕੀਤੇ ਜਾਣ ਦੇ ਕਥਿਤ ਮਾਮਲੇ 'ਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਰਮਨ ਗਰਗ ਵਾਸੀ ਮੋਹਾਲੀ ਨੇ ਸਿੰਪਲ ਸੋਨੀ ਤੇ ਅਭਿਸ਼ੇਕ ਵਾਸੀਆਨ ਮੰਡੀ ਗੋਬਿੰਦਗੜ੍ਹ ਵਿਰੁੱਧ ਪੁਲਸ ਨੂੰ ਦਿੱਤੀ ਗਈ ਦਰਖਾਸਤ ਵਿੱਚ ਦੋਸ਼ ਲਗਾਏ ਸਨ ਕਿ ਉਹ ਜਦੋਂ ਆਪਣੇ ਸੀ.ਏ. ਕੋਲ ਗਿਆ ਤਾਂ ਉਸ ਨੂੰ ਪਤਾ ਲੱਗਾ ਕਿ ਉਪਰੋਕਤ ਵਿਅਕਤੀਆਂ ਨੇ ਉਸ ਦੇ ਪੈਨ ਕਾਰਡ ਦਾ ਗਲਤ ਇਸਤੇਮਾਲ ਕਰਕੇ ਮੈਸਰਜ਼ ਰਾਧਾ ਇੰਟਰਪ੍ਰਾਈਜ਼ਜ਼ ਨਾਮ ਦੀ ਫਰਮ ਰਜਿਸਟਰਡ ਕਰਵਾਈ ਤੇ ਪੈਸਿਆਂ ਦੀ ਧੋਖਾਧੜੀ ਕੀਤੀ ਹੈ।ਦਰਖਾਸਤ 'ਚ ਲਗਾਏ ਗਏ ਦੋਸ਼ਾਂ ਦੀ ਪੜਤਾਲ ਡੀ.ਐੱਸ.ਪੀ. ਅਮਲੋਹ ਵੱਲੋਂ ਕੀਤੀ ਗਈ, ਜਿਨ੍ਹਾਂ ਦੀ ਪੜਤਾਲੀਆ ਰਿਪੋਰਟ ਦੇ ਅਧਾਰ 'ਤੇ ਸਿੰਪਲ ਸੋਨੀ ਤੇ ਅਭਿਸ਼ੇਕ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## ਵਿਵੇਕਾਨੰਦ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਵਰਲਡ ਸਕੂਲ ਨੇ ਜਨਮ ਅਸ਼ਟਮੀ ਦਾ ਅਧਿਆਤਮਕ ਸਮਾਰੋਹ ਸਕੂਲ ਵਿੱਚ ਬੜੇ ਹੀ ਧੂਮਧਾਮ ਨਾਲ ਮਨਾਇਆ, ਜਿਸ ਵਿੱਚ ਪਲੇਅ ਗਰੁੱਪ ਤੋਂ ਲੈ ਕੇ ਤੀਜੀ ਜਮਾਤ ਦੇ ਬੱਚਿਆਂ ਨੇ ਭਾਗ ਲਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਕੂਲ ਦੀ ਸਕੱਤਰ ਡੇਲੀ ਭਾਸਕਰ ਤੇ ਮੁੱਖ ਪ੍ਰਬੰਧਕ ਪਰਮਵੀਰ ਸ਼ਰਮਾ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਜਗਾ ਕੇ ਕੀਤੀ ਗਈ, ਜਿਸ ਨਾਲ ਖੁਸ਼ੀ ਤੇ ਅਧਿਆਤਮਿਕਤਾ ਦਾ ਮਾਹੌਲ ਬਣ ਗਿਆ। ਨੰਨ੍ਹੇ-ਮੁੰਨੇ ਬੱਚਿਆਂ ਨੇ ਆਪਣੇ ਨਾਚ, ਕਵਿਤਾਵਾਂ ਤੇ ਗੀਤਾਂ ਰਾਹੀਂ ਦਰਸ਼ਕਾਂ ਨੂੰ ਮੋਹ ਲਿਆ। ਤੀਜੀ ਜਮਾਤ ਦੇ ਵਿਦਿਆਰਥੀਆਂ ਨੇ ਪੂਰੇ ਜੋਸ਼ ਨਾਲ ਮੰਚ ਨੂੰ ਸੰਭਾਲਿਆ ਤੇ ਪ੍ਰੋਗਰਾਮ ਦੀ ਮੇਜ਼ਬਾਨੀ ਕੀਤੀ। ਪ੍ਰੋਗਰਾਮ ਵਿੱਚ ਰਵਾਇਤੀ ਡਾਂਸ ਕੀਤਾ ਗਿਆ ਤੇ ਸ੍ਰੀ ਕ੍ਰਿਸ਼ਨ ਦੀ ਝੂਲੇ ਦੀ ਰਸਮ ਵੀ ਕੀਤੀ ਗਈ। ਸਕੂਲ ਦਾ ਦ੍ਰਿਸ਼ਟੀਕੋਣ ਇਹ ਹੈ ਕਿ ਵਿਦਿਆਰਥੀਆਂ ਵਿੱਚ ਵਿਰਾਸਤ ਭਾਵਨਾ ਤੇ ਆਪਣੇ ਮੂਲ ਸਿਧਾਂਤਾਂ ਲਈ ਸਤਿਕਾਰ ਪੈਦਾ ਕੀਤਾ ਜਾਵੇ, ਤਾਂ ਜੋ ਹਰ ਸਮਾਰੋਹ ਭਾਰਤ ਦੀ ਸੰਸਕ੍ਰਿਤੀ ਨੂੰ ਸਮਰਪਤ ਹੋ ਸਕੇ। ਮਿਸਜ਼ ਭਾਸਕਰ ਤੇ ਸ਼ਰਮਾ ਨੇ ਵਿਦਿਆਰਥੀਆਂ ਦੀ ਮਿਹਨਤ ਤੇ ਸਕੂਲ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਸੱਭਿਆਚਾਰਕ ਸੰਭਾਲ ਤੇ ਸਿੱਖਿਆ ਦੀ ਮਹੱਤਤਾ 'ਤੇ ਰੌਸ਼ਨੀ ਪਾਈ ਗਈ।

## ਸਾਹਿਤਕਾਰ ਬਾਜ ਸਿੰਘ ਮਹਿਲੀਆ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬੀ ਸਾਹਿਤ ਦੇ ਖੇਤਰ ਵਿੱਚ ਬਾਲ ਸਹਿਤ ਤੇ ਮਿੰਨੀ ਕਹਾਣੀਆਂ ਰਾਹੀਂ ਆਪਣਾ ਵਡਮੁੱਲਾ ਯੋਗਦਾਨ ਪਾਉਣ ਵਾਲੇ ਪ੍ਰਸਿੱਧ ਸਾਹਿਤਕਾਰ ਬਾਜ ਸਿੰਘ ਮਹਿਲੀਆ ਦਾ ਸੁਤੰਤਰਤਾ ਦਿਵਸ ਮੌਕੇ ਪਟਿਆਲਾ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਸੂਬੇ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਏਟੀਓ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਉਪਰੰਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਗਏ ਸਨਮਾਨ ਸਮਾਰੋਹ ਦੌਰਾਨ ਉਨ੍ਹਾਂ ਨੂੰ ਸਨਮਾਨ ਪੱਤਰ ਤੇ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ।ਦੱਸਣਯੋਗ ਹੈ ਕਿ ਸਰਦਾਰ ਬਾਜ ਸਿੰਘ ਮਹਿਲੀਆ ਪੰਜਾਬੀ ਸਾਹਿਤ ਦੀ ਝੋਲੀ ਹੁਣ ਤੱਕ ਨੌਂ ਪੁਸਤਕਾਂ ਪਾ ਚੁੱਕੇ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਬਾਲ ਸਾਹਿਤ ਤੇ ਮਿੰਨੀ ਕਹਾਣੀਆਂ ਨਾਲ ਸੰਬੰਧਤ ਹਨ।

## ਭਲਕ ਦੀ ਜਲੰਧਰ ਰੈਲੀ 'ਚ ਸ਼ਾਮਲ ਹੋਣ ਲਈ ਤਿਆਰੀਆਂ ਜ਼ੋਰਾਂ 'ਤੇ: ਖੋਜਕੀਪੁਰ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਇਕ ਹੰਗਾਮੀ ਮੀਟਿੰਗ ਜ਼ੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ ਅਤੇ ਮੀਤ ਪ੍ਰਧਾਨ ਬਲਜਿੰਦਰ ਸਿੰਘ ਆਲਮਪੁਰ ਦੀ ਪ੍ਰਧਾਨਗੀ ਹੇਠ ਪਿੰਡ ਰਾਮਪੁਰ ਨਰੋਤਮਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਹੋਈ। ਇਹ ਜਾਣਕਾਰੀ ਪ੍ਰੈੱਸ ਸਕੱਤਰ ਹਰਜਿੰਦਰ ਸਿੰਘ ਘੱਗੇ ਅਤੇ ਬਿਕਰਮਜੀਤ ਸਿੰਘ ਮੀਆਂ ਵਿੰਡ ਨੇ ਦਿੰਦੇ ਹੋਏ ਦੱਸਿਆ ਕਿ ਮੀਟਿੰਗ ਵਿੱਚ ਜ਼ੋਨ ਦੀਆਂ ਇਕਾਈਆਂ ਦੇ ਪ੍ਰਧਾਨ, ਸਕੱਤਰ ਹਾਜ਼ਰ ਹੋਏ। ਮੀਟਿੰਗ ਵਿੱਚ 20 ਤਰੀਕ ਨੂੰ ਜਲੰਧਰ ਜ਼ਿਲ੍ਹੇ ਦੇ ਪਿੰਡ ਕੁੱਕੜ ਵਿਖੇ ਹੋਣ ਵਾਲੀ ਵਿਸ਼ਾਲ ਰੈਲੀ ਸਬੰਧੀ ਤਿਆਰੀਆਂ ਸਬੰਧੀ ਇਕਾਈ ਪ੍ਰਧਾਨਾਂ ਕੋਲੋਂ ਜਾਣਕਾਰੀ ਲਈ ਗਈ ਅਤੇ ਹਰੇਕ ਪਿੰਡ ਪੱਧਰੀ 20-20 ਕਿਸਾਨ, ਮਜ਼ਦੂਰ ਅਤੇ ਬੀਬੀਆਂ ਨੂੰ ਰੈਲੀ ਵਿੱਚ ਲਿਜਾਣ ਦੀ ਤਾਕੀਦ ਕੀਤੀ ਗਈ। ਇਸ ਤੋਂ ਬਾਅਦ ਕਿਸਾਨ ਆਗੂਆਂ ਨੇ ਵੈਰੋਵਾਲ ਮੰਡ ਖੇਤਰ ਦਾ ਦੌਰਾ ਕੀਤਾ ਅਤੇ ਬਿਆਸ ਦਰਿਆ ਵਿੱਚ ਆਏ ਹੜ੍ਹ ਨਾਲ ਕਿਸਾਨਾਂ ਦੀਆਂ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਕਿਸਾਨ ਆਗੂਆਂ ਨੇ ਸਰਕਾਰ ਅਤੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਮੰਡ ਖੇਤਰ ਦੇ ਲੋਕਾਂ ਦੀ ਸਾਰ ਲਈ ਜਾਵੇ ਅਤੇ ਕਿਸਾਨਾਂ ਦੀਆਂ ਫਸਲਾਂ ਦੇ ਹੋਏ ਵੱਡੇ ਨੁਕਸਾਨ ਦੀ ਗਿਰਦਾਵਰੀ ਕਰਵਾ ਕੇ ਤੁਰੰਤ ਮੁਆਵਜ਼ਾ ਦੇਣ ਦੀ ਕਾਰਵਾਈ ਆਰੰਭ ਕੀਤੀ ਜਾਵੇ। ਇਸ ਮੌਕੇ ਸਾਹਿਬ ਸਿੰਘ ਨਰੋਤਮਪੁਰ, ਪ੍ਰਮਜੀਤ ਸਿੰਘ ਬਾਠ ਦਾਰਾਪੁਰ, ਮਨਜੀਤ ਸਿੰਘ ਵੈਰੋਵਾਲ ਬਾਵਿਆਂ, ਸੁਖਦੇਵ ਸਿੰਘ ਢਿਗਰੀਹ, ਨੰਬਰਦਾਰ ਮੁਖਤਾਰ ਸਿੰਘ ਵੈਰੋਵਾਲ ਬਾਵਿਆਂ, ਪ੍ਰਤਾਪ ਸਿੰਘ ਰਾਮਪੁਰ, ਸੁਖਚੈਨ ਸਿੰਘ ਦਾਰਾਪੁਰ, ਗੁਰਪਾਲ ਸਿੰਘ ਜਲਾਲਾਬਾਦ, ਇੰਦਰਜੀਤ ਸਿੰਘ ਜਲਾਲਾਬਾਦ ਖੁਰਦ, ਗੁਰਪ੍ਰੀਤ ਸਿੰਘ ਘੱਗੇ, ਸੁਖਦੇਵ ਸਿੰਘ ਘੱਗੇ, ਸੂਬੇਦਾਰ ਮੋਹਣ ਸਿੰਘ ਖੋਜਕੀਪੁਰ, ਬਿੱਕਰ ਸਿੰਘ ਲਿੱਧੜ, ਸਵਰਨ ਸਿੰਘ ਲਿੱਧੜ, ਹਰਵਿੰਦਰ ਸਿੰਘ ਭਲੋਜਲਾ, ਕਾਹਨ ਸਿੰਘ ਗਗੜੇਵਾਲ, ਤਰਲੋਚਨ ਸਿੰਘ ਨਰੋਤਮਪੁਰ, ਤਜਿੰਦਰ ਸਿੰਘ ਬਹਾਦਰਪੁਰ ਸਾਹਿਬ ਸਿੰਘ ਖੋਜਕੀਪੁਰ ਆਦਿ ਆਗੂ ਹਾਜ਼ਰ ਸਨ।

## ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੈਂਟਰਲ ਡਿਗਰੀ ਕਾਲਜ ਚਿੱਠੀਸਿੰਘਪੁਰਾ ਦਾ ਕੀਤਾ ਦੌਰਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਜੰਮੂ-ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਸਿੱਖ ਨਰਸਿੰਘਾਰ ਨਾਲ ਸਬੰਧਿਤ ਬਹੁਤ ਚਰਚਿਤ ਕਸਬਾ ਚਿੱਠੀਸਿੰਘਪੁਰਾ ਦੇ ਸੈਂਟਰਲ ਡਿਗਰੀ ਕਾਲਜ, ਚਿੱਠੀਸਿੰਘਪੁਰਾ ਵਿੱਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਖਾਸ ਹਾਜ਼ਰੀ ਭਰੀ ਅਤੇ ਇਸ ਇਤਿਹਾਸਕ ਸੰਸਥਾਨ ਵਿੱਚ ਸ਼ਿਰਕਤ ਕਰਕੇ ਸੰਗਤਾਂ ਦੇ ਰੂਬਰੂ ਹੁੰਦਿਆ ਸਿੱਖਾਂ ਨੂੰ ਦਰਪੇਸ਼ ਸ਼ਕਾਇਤਾਂ ਵੀ ਸੁਣੀਆ ਤੇ ਉਹਨਾਂ ਦਾ ਨਿਪਟਾਰਾ ਕਰਨ ਲਈ ਭਰੋਸਾ ਵੀ ਦਿੱਤਾ। ਜਥੇਦਾਰ ਗੜਗੱਜ ਨੇ ਕਿਹਾ ਕਿ ਸੈਂਟਰਲ ਡਿਗਰੀ ਕਾਲਜ ਸਿਰਫ਼ ਇਕ ਸਿੱਖਿਆ ਦਾ ਕੇਂਦਰ ਨਹੀਂ ਹੈ, ਬਲਕਿ ਇਹ 2000 ਦੀ ਚਿੱਠੀਸਿੰਘਪੁਰਾ ਦੇ ਨਰਸਿੰਘਾਰ ਦੇ ਸ਼ਹੀਦਾਂ ਦੀ ਆਤਮਾ, ਹਿੰਮਤ ਅਤੇ ਅਡਿੱਠ ਭਾਵਨਾ ਦਾ ਪ੍ਰਤੀਕ ਹੈ। ਉਸ ਦਿਨ ਪਿੰਡ ਦੇ ਗੁਰਦੁਆਰਾ ਸਾਹਿਬ ਦੇ ਬਾਹਰ 35 ਨਿਰਦੋਸ਼ ਸਿੱਖਾਂ ਨੂੰ ਬੇਰਹਮੀ ਤੇ ਬੇਕਿਰਕੀ ਨਾਲ ਮਾਰ ਦਿੱਤਾ ਗਿਆ ਸੀ, ਅਤੇ ਇਹ ਕਾਲਜ ਉਨ੍ਹਾਂ ਸ਼ਹੀਦਾਂ ਦੀ ਯਾਦ ਵਿੱਚ ਸਥਾਈ ਸ਼ਰਧਾਂਜਲੀ ਦੀ ਗਵਾਹੀ ਭਰਦਾ ਹੈ।

## ਹਰਦੀਪ ਸਿੰਘ ਮੁੰਡੀਆਂ ਵੱਲੋਂ ਨਾਹਰਪੁਰ ਤੇ ਨਾਰੋਵਾਲੀ ਵਿਖੇ ਜਲ ਸਪਲਾਈ ਸਕੀਮਾਂ ਦਾ ਉਦਘਾਟਨ

### * ਸੂਬੇ ਦੀ 100 ਫ਼ੀਸਦੀ ਵਸੋਂ ਨੂੰ ਸ਼ੁੱਧ ਪਾਣੀ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ

ਡੇਰਾ ਬਾਬਾ ਨਾਨਕ, ਗੁਰਦਾਸਪੁਰ, (ਰਮੇਸ਼ ਸ਼ਰਮਾ/ਜਨਕ ਮਹਾਜਨ)-ਸੂਬੇ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ, ਮਾਲ, ਪੁਨਰਵਾਸ ਅਤੇ ਆਫ਼ਤ ਪ੍ਰਬੰਧਨ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਨਾਹਰਪੁਰ ਅਤੇ ਨਾਰੋਵਾਲੀ ਵਿਖੇ 1.11 ਕਰੋੜ ਰੁਪਏ ਦੀ ਲਾਗਤ ਨਾਲ ਬਣੀਆਂ ਨਵੀਆਂ ਜਲ ਸਪਲਾਈ ਸਕੀਮਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹਲਕਾ ਇੰਚਾਰਜ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਨਵ-ਨਿਯੁਕਤ ਚੇਅਰਮੈਨ ਜੋਬਨ ਰੰਧਾਵਾ, ਐੱਸਡੀਐੱਮ ਜਸਕੋਰਨ ਸਿੰਘ, ਜਲ ਸਪਲਾਈ ਵਿਭਾਗ ਦੇ ਚੀਫ਼ ਇੰਜੀ: ਰਾਜੇਸ਼ ਦੂਬੇ, ਐਸਈ ਨਰਿੰਦਰ ਸਿੰਘ, ਐਕਸੀਅਨ ਵਿਜੇ ਕੁਮਾਰ, ਐਕਸੀਅਨ ਧਾਲੀਵਾਲ, ਐੱਸਡੀਓ.ਕੰਵਰਜੀਤ ਸਿੰਘ ਰੱਤੜਾ, ਐੱਸਡੀਓ. ਰਾਹੁਲ ਅਤੇ ਤਹਿਸੀਲਦਾਰ ਰਜਿੰਦਰ ਸਿੰਘ ਤੋਂ ਇਲਾਵਾ ਇਲਾਕੇ ਦੇ ਹੋਰ ਮੁਹਤਬਰ ਵੀ ਹਾਜ਼ਰ ਸਨ।



ਇਨ੍ਹਾਂ ਦੋਵਾਂ ਜਲ ਸਪਲਾਈ ਸਕੀਮਾਂ ਨੂੰ ਲੋਕ ਅਰਪਣ ਕਰਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀ 100 ਫ਼ੀਸਦੀ ਵਸੋਂ ਨੂੰ ਪੀਣ ਲਈ ਸ਼ੁੱਧ ਤੇ ਸਾਫ਼ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਨਾਹਰਪੁਰ ਵਿਖੇ 62.36 ਲੱਖ ਰੁਪਏ ਖ਼ਰਚ ਕਰਕੇ ਪਿੰਡ ਦੇ 153 ਘਰਾਂ ਨੂੰ ਸਾਫ਼ ਤੇ ਸ਼ੁੱਧ ਪਾਣੀ ਦੀ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਲ ਸਪਲਾਈ ਦਾ ਡੂੰਘਾ ਬੋਰ ਕਰਕੇ 25000 ਲੀਟਰ ਦੀ ਟੈਂਕੀ ਬਣਾਈ ਗਈ ਹੈ ਅਤੇ ਪਾਈਪ ਲਾਈਨ, ਸੋਲਰ ਪੈਨਲ, ਕਲੋਰੀਨੇਟਰ, ਪਾਣੀ ਦੇ ਨਵੇਂ ਕੁਨੈਕਸ਼ਨ ਆਦਿ ਦਾ ਕੰਮ ਕਰਵਾਇਆ ਗਿਆ ਹੈ। ਇਸ ਤੋਂ ਇਲਾਵਾ ਪਿੰਡ ਵਿੱਚ ਸਵੱਛ ਭਾਰਤ ਮਿਸ਼ਨ ਤਹਿਤ 7.20 ਲੱਖ ਰੁਪਏ ਖ਼ਰਚ ਕਰਕੇ 48 ਪਖਾਨੇ ਬਣਾਏ ਗਏ ਹਨ। ਇਸੇ ਤਰ੍ਹਾਂ ਪਿੰਡ ਨਾਰੋਵਾਲੀ ਵਿਖੇ 48.68 ਲੱਖ ਰੁਪਏ ਖ਼ਰਚ ਕਰਕੇ ਜਲ ਸਪਲਾਈ ਸਕੀਮ ਨੂੰ ਨੇਪਰੇ ਚਾੜ੍ਹਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦੇ ਸ਼ੁਰੂ ਹੋਣ ਨਾਲ ਪਿੰਡ ਦੇ 58 ਘਰਾਂ ਨੂੰ ਸਾਫ਼ ਤੇ ਸ਼ੁੱਧ ਪਾਣੀ ਦੀ ਸਹੂਲਤ ਮਿਲੀ ਹੈ। ਪਿੰਡ ਵਿੱਚ ਸਵੱਛ ਭਾਰਤ ਮਿਸ਼ਨ ਤਹਿਤ 4.05 ਲੱਖ ਰੁਪਏ ਖ਼ਰਚ ਕਰਕੇ 27 ਪਖਾਨੇ ਬਣਾਏ ਗਏ ਹਨ। ਇਸ ਮੌਕੇ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਵਾਮ ਦੀ ਭਲਾਈ ਲਈ ਵਚਨਬੱਧ ਹੈ। ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਪਿੰਡ ਨਾਰੋਵਾਲੀ ਦੇ ਸਰਪੰਚ ਹੰਸਾ ਸਿੰਘ, ਪਿੰਡ ਨਾਹਰਪੁਰ ਦੇ ਸਰਪੰਚ ਕਸ਼ਮੀਰ ਸਿੰਘ, ਰਾਜਵਿੰਦਰ ਕੌਰ ਸਰਪੰਚ ਖੱਦਰ ਤੋਂ ਇਲਾਵਾ ਇਲਾਕੇ ਦੇ ਹੋਰ ਮੁਹਤਬਰ ਵੀ ਹਾਜ਼ਰ ਸਨ।

## ਲਗਾਤਾਰ ਬਾਰਸ਼ ਪੈਣ ਕਾਰਨ ਹਰਚੋਵਾਲ ਦੇ ਇੱਕ ਘਰ ਦੀਆਂ ਕੰਧਾਂ 'ਚ ਆਈਆਂ ਤਰੇੜਾਂ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬਿਆਸ ਦਰਿਆ ਦੇ ਵਧੇ ਪਾਣੀ ਕਾਰਨ ਨਜ਼ਦੀਕੀ ਆਏ ਪਿੰਡਾਂ 'ਚ ਪਾਣੀ ਕਾਰਨ ਕਸਬਾ ਹਰਚੋਵਾਲ ਵਿੱਚ ਵੀ ਅਸਰ ਦੇਖਣ ਨੂੰ ਮਿਲਿਆ ਜਿੱਥੇ ਕਿ ਮੀਂਹ ਦੇ ਪਾਣੀ ਕਾਰਨ ਅਤੇ ਲਗਾਤਾਰ ਹੋ ਰਹੀਆਂ ਬਰਸਾਤਾਂ ਦੇ ਕਾਰਨ ਇੱਕ ਘਰ ਦੇ ਕਮਰਿਆਂ ਦੀਆਂ ਦੀਵਾਰਾਂ ਵਿੱਚ ਤਰੇੜਾਂ ਪੈਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਸ਼ਮੀਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਹਰਚੋਵਾਲ ਨੇ ਦੱਸਿਆ ਕਿ ਪਿਛਲੇ ਦਿਨਾਂ ਤੋਂ ਲਗਾਤਾਰ ਹੋ ਰਹੀਆਂ ਬਰਸਾਤਾਂ ਤੇ ਕਾਰਨ ਜਿੱਥੇ ਗਲੀਆਂ ਮੁਹੱਲਿਆਂ ਦੇ ਵਿੱਚ ਪਾਣੀ ਖੜ੍ਹਾ ਹੋ ਗਿਆ ਹੈ ਅਤੇ ਪਾਣੀ ਦੀ ਸਲ੍ਹਾਬ ਕਾਰਨ ਘਰ ਦੀਆਂ ਦੀਵਾਰਾਂ ਵਿੱਚ ਤਰੇੜਾਂ ਪੈ ਗਈਆਂ ਹਨ। ਉਨ੍ਹਾਂ ਦੱਸਿਆ ਕਿ ਕਿਸੇ ਵੇਲੇ ਵੀ ਘਰ ਦੀਆਂ ਦੀਵਾਰਾਂ ਡਿੱਗ ਸਕਦੀਆਂ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਗਲੀਆਂ ਵਿੱਚ ਪਾਣੀ ਇਕੱਠਾ ਜਮ੍ਹਾ ਹੋਣ ਦੇ ਕਾਰਨ ਉਨ੍ਹਾਂ ਦੇ ਘਰ ਦੀਆਂ ਨੀਹਾਂ ਵਿੱਚ ਪਾਣੀ ਸਿੰਮਣ ਦੇ ਕਾਰਨ ਅਜਿਹੇ ਹਾਲਾਤ ਬਣ ਰਹੇ ਹਨ। ਉਨ੍ਹਾਂ ਪੰਜਾਬ ਸਰਕਾਰ ਸਮੇਤ ਪ੍ਰਸ਼ਾਸਨ ਦੇ ਕੋਲੋਂ ਮੰਗ ਕੀਤੀ ਕਿ ਪਾਣੀ ਦੀ ਨਿਕਾਸੀ ਦਾ ਹੱਲ ਕੀਤਾ ਜਾਵੇ। ਪੀੜਤ ਮੈਂਬਰਾਂ ਨੇ ਦੱਸਿਆ ਕਿ ਘਰ ਦੀਆਂ ਦੀਵਾਰਾਂ ਵਿੱਚ ਜੋ ਤਰੇੜਾਂ ਆਈਆਂ ਹਨ ਉਸ ਨਾਲ ਉਨ੍ਹਾਂ ਦਾ ਕਰੀਬ ਦੋ ਤੋਂ ਢਾਈ ਲੱਖ ਰੁਪਏ ਦਾ ਨੁਕਸਾਨ ਹੋ ਗਿਆ ਹੈ।

## ਪੱਕੇ ਦਿਹਾੜੀਦਾਰ ਕਾਮਿਆਂ ਨੂੰ ਜੰਗਲਾਤ ਵਰਕਰ ਯੂਨੀਅਨ ਨੇ ਕੀਤਾ ਸਨਮਾਨਤ



ਬਟਾਲਾ (ਤਰਲੋਕ ਬੱਗਾ)-ਜੰਗਲਾਤ ਵਰਕਰ ਯੂਨੀਅਨ ਰੇਂਜ ਅਲੀਵਾਲ ਵਿਖੇ ਜੰਗਲਾਤ ਵਿਭਾਗ ਵਿੱਚ ਕੰਮ ਕਰਦੇ ਪੱਕੇ ਹੋਏ ਦਿਹਾੜੀਦਾਰ ਕਾਮਿਆਂ ਨੂੰ ਸਨਮਾਨਤ ਕੀਤਾ ਗਿਆ । ਇਸ ਸਨਮਾਨ ਸਮਾਰੋਹ ਦੀ ਪ੍ਰਧਾਨਗੀ ਸਾਥੀ ਰਤਨ ਸਿੰਘ ਹੱਲਾ, ਰਣਜੀਤ ਸਿੰਘ ਭਾਗੋਵਾਲ, ਸੁਰਿੰਦਰ ਕੁਮਾਰ, ਰਮੇਸ਼ ਤਾਲੋਤਰਾ, ਅਨਿਲ ਕੁਮਾਰ ਲਾਹੌਰੀਆ, ਕੁਲਦੀਪ ਪੁਰੋਵਾਲ, ਚੰਚਲ ਸਿੰਘ ਅਤੇ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਸਾਂਝੇ ਤੌਰ ਉੱਤੇ ਕੀਤੀ । ਮੰਚ ਸੰਚਾਲਨ ਕੁਲਦੀਪ ਸਿੰਘ ਭਾਗੋਵਾਲ ਨੇ ਕੀਤਾ । ਇਸ ਮੌਕੇ ਦਿਲਦਾਰ ਸਿੰਘ ਭੰਡਾਲ, ਅਕਾਸ਼ਦੀਪ ਸਿੰਘ, ਪ੍ਰੇਮ ਸਿੰਘ ਖਹਿਰਾ, ਰਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਰੰਗੀਲਪੁਰ ਨੇ ਪੱਕੇ ਹੋਏ ਦਿਹਾੜੀਦਾਰ ਕਾਮਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਤੁਹਾਡੇ ਸੰਘਰਸ਼ ਦੀ ਅੰਸ਼ਿਕ ਜਿੱਤ ਹੈ। ਅਜੇ ਬਾਕੀ ਰਹਿੰਦੇ ਦਿਹਾੜੀਦਾਰ ਕਾਮਿਆਂ ਨੂੰ ਪੱਕੇ ਕਰਾਉਣਾ ਹੈ।ਪੱਕੇ ਹੋਣ ਵਾਲਿਆਂ ਨੂੰ ਮਿਲਣ ਵਾਲੇ ਸਾਰੇ ਲਾਭ ਲੈਣੇ ਹਨ । ਪੁਰਾਣੀ ਪੈਨਸ਼ਨ ਬਹਾਲ ਕਰਾਉਣੀ ਹੈ । ਡੀ.ਏ. ਲੈਣਾ ਹੈ । ਇਸ .ਲਈ ਆਗੂਆਂ ਚੱਲਦੇ ਸੰਘਰਸ਼ਾਂ ਵਿੱਚ 24 ਨੂੰ ਜੰਗਲਾਤ ਮੰਤਰੀ ਦੇ ਹਲਕੇ ਰੈਲੀ ਕਰਕੇ ਬਾਕੀ ਰਹਿੰਦੇ ਕਾਮਿਆਂ ਨੂੰ ਪੱਕੇ ਕਰਾਉਣ ਲਈ, 5 ਸਤੰਬਰ ਨੂੰ ਪੁਰਾਣੀ ਪੈਨਸ਼ਨ ਬਹਾਲੀ ਲਈ ਜ਼ਿਲ੍ਹਾ ਪੱਧਰੀ ਭੁੱਖ ਹੜਤਾਲ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਪੱਕੇ ਹੋਏ ਦਿਹਾੜੀਦਾਰ ਕਾਮਿਆਂ ਸੁਰਿੰਦਰ ਕੁਮਾਰ, ਬਲਵਿੰਦਰਪਾਲ, ਰਣਜੀਤ ਸਿੰਘ, ਕੁਲਦੀਪ ਸਿੰਘ, ਬਲਜੀਤ ਸਿੰਘ, ਰਣਯੋਧ ਸਿੰਘ, ਰਵਿੰਦਰ ਸਿੰਘ, ਬਲਵਿੰਦਰ ਸਿੰਘ, ਨਰਿੰਦਰ ਸਿੰਘ, ਕੁਲਵੰਤ ਸਿੰਘ, ਬਲਵੰਤ ਸਿੰਘ, ਰੂਪ ਬਸੰਤ ਆਦਿ ਨੂੰ ਜਿੱਤ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਹੋਰਾਂ ਤੋਂ ਇਲਾਵਾ ਮਾਸਟਰ ਸੁਖਵਿੰਦਰ ਸਿੰਘ ਬਟਾਲਾ, ਨਿਸ਼ਾਨ ਸਿੰਘ ਜੌੜਾਸਿੰਘਾ, ਸੁਖਵਿੰਦਰ ਰੰਧਾਵਾ, ਮੋਹਣ ਸਿੰਘ, ਸੰਤੋਖ ਸਿੰਘ ਆਦਿ ਹਾਜ਼ਰ ਸਨ

## ਅਮਿੱਟ ਯਾਦਾਂ ਛੱਡ ਗਿਆ ਸੇਂਟ ਸੋਲਜਰ ਸਕੂਲ 'ਚ ਕਰਵਾਇਆ ਕਵੀ ਦਰਬਾਰ



ਚੋਹਲਾ ਸਾਹਿਬ (ਰਮਨ ਚੱਢਾ)-ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ ਵੱਲੋਂ ਸ਼ਾਨਦਾਰ ਕਵੀ ਦਰਬਾਰ 17 ਅਗਸਤ ਐਤਵਾਰ ਵਾਲੇ ਦਿਨ ਸੇਂਟ ਸੋਲਜਰ ਸਕੂਲ ਜੋਤੀਸਰ ਕਲੋਨੀ ਜੰਡਿਆਲਾ ਗੁਰੂ ਵਿੱਚ ਕਰਵਾਇਆ ਗਿਆ ਜਿਸ ਵਿੱਚ ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ ਪੰਜਾਬੀ ਸਾਹਿਤ ਸਭਾ ਚੁਗਾਵਾਂ ਅਤੇ ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਦੇ ਅਹੁਦੇਦਾਰਾਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਪ੍ਰਿੰ. ਜਸਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ । ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਗੁਲਜ਼ਾਰ ਸਿੰਘ ਖੇੜਾ ਨੇ ਆਏ ਹੋਏ ਸਾਹਿਤਕ ਸਾਥੀਆਂ ਨੂੰ ਜੀ ਆਇਆਂ ਆਖਿਆ ਅਤੇ ਸਟੇਜ ਸੰਚਾਲਕ ਦੀ ਭੂਮਿਕਾ ਅਵਤਾਰ ਸਿੰਘ ਗੋਇੰਦਵਾਲ ਨੇ ਬਹੁਤ ਵਧੀਆ ਤਰੀਕੇ ਨਾਲ ਨਿਭਾਈ। ਮਾਝੇ ਦੇ ਮਸ਼ਹੂਰ ਕਵੀਆਂ ਨੇ ਬਹੁਤ ਹੀ ਮਿਆਰੀ ਕਵਿਤਾਵਾਂ ਇਸ ਪੈਰੋਗਰਾਮ ਵਿੱਚ ਸੁਣਾਈਆਂ। ਕੁੱਲ ਮਿਲਾ ਕੇ ਇਹ ਪ੍ਰੋਗਰਾਮ ਯਾਦਗਾਰੀ ਹੋ ਨਿਬੜਿਆ ਉੱਘੇ ਸਾਹਿਤਕਾਰਾਂ ਨੂੰ ਸਨਮਾਨਿਤ ਕਰਨ ਦੀ ਪਿਰਤ ਨੂੰ ਜਾਰੀ ਰੱਖਦਿਆਂ ਬਲਵਿੰਦਰ ਸਿੰਘ ਢਾਡੀ, ਅਵਤਾਰ ਸਿੰਘ ਗੋਇੰਦਵਾਲ ਅਤੇ ਹਰਭਜਨ ਸਿੰਘ ਭਗਰੱਥ ਨੂੰ ਸਨਮਾਨਿਤ ਕੀਤਾ ਗਿਆ ਅਤੇ ਪ੍ਰੋਗਰਾਮ ਦੇ ਅਖੀਰ ਵਿੱਚ ਸਭਾ ਵੱਲੋਂ ਖੀਰ ਅਤੇ ਪੂੜਿਆਂ ਦਾ ਲੰਗਰ ਵਰਤਾਇਆ ਗਿਆ। ਕੁਲ ਮਿਲਾ ਕੇ ਇਹ ਪ੍ਰੋਗਰਾਮ ਬਹੁਤ ਹੀ ਯਾਦਗਾਰੀ ਅਮਿੱਟ ਜਾਂਦਾ ਛੱਡਦਾ ਸਮੇਂ ਸਿਰ ਸੰਪੰਨ ਹੋ ਗਿਆ।

## 150000 ਕਿਊਸਿਕ ਪਾਣੀ ਹੋਰ ਛੱਡਣ ਨਾਲ ਰਾਵੀ ਦਰਿਆ 'ਚ ਪਾਣੀ ਦਾ ਪੱਧਰ ਵਧਿਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਹਾੜੀ ਇਲਾਕੇ ਵਿੱਚ ਹੋ ਰਹੀ ਭਾਰੀ ਬਾਰਸਾਤ ਤੇ ਬੱਦਲ ਫਟਣ ਤੋਂ ਬਾਅਦ ਜਿੱਥੇ ਰਾਵੀ ਦਰਿਆ ਵਿੱਚ ਪਹਿਲਾਂ ਹੀ ਪਾਣੀ ਭਰਿਆ ਪਿਆ ਸੀ ਉਥੇ ਹੀ ਬੀਤੇ ਦਿਨ ਰਾਵੀ ਦਰਿਆ ਵਿੱਚ ਛੱਡੇ ਗਏ 150000 ਕਿਊਸਿਕ ਪਾਣੀ ਨਾਲ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਲਗਾਤਾਰ ਵੱਧਦਾ ਜਾ ਰਿਹਾ ਹੈ।ਇਸ ਸਬੰਧੀ ਜਦ ਪੱਤਰਕਾਰਾਂ ਦੀ ਟੀਮ ਨੇ ਦਰਿਆ ਰਾਵੀ ਦਾ ਦੌਰਾ ਕੀਤਾ ਤਾਂ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਮੇਤਲਾ ਦੇ ਕਿਸਾਨ ਆਗੂ ਤੇ ਸਾਬਕਾ ਸਰਪੰਚ ਪਰਮਪਾਲ ਸਿੰਘ ਮੇਤਲਾ ਨੇ ਦੱਸਿਆ ਕਿ ਕੱਲ ਰਾਵੀ ਵਿੱਚ ਛੱਡੇ ਗਏ ਡੇਢ ਲੱਖ ਕਿਉਸਿਕ ਪਾਣੀ ਨਾਲ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਲਗਾਤਾਰ ਵੱਧਦਾ ਜਾ ਰਿਹਾ।ਉਨ੍ਹਾਂ ਦੱਸਿਆ ਕਿ ਅੱਜ ਦੇਰ ਰਾਤ ਆਏ ਪਾਣੀ ਨਾਲ ਉਨ੍ਹਾਂ ਦੇ ਪਿੰਡ ਮੇਤਲਾ ਦੀ ਕਈ ਏਕੜ ਝੋਨੇ, ਤਿਲ ਤੇ ਮਾਂਹ ਦੀ ਫਸਲ ਪੂਰੀ ਤਰ੍ਹਾਂ ਪਾਣੀ ਦੀ ਮਾਰ ਹੇਠ ਆ ਚੁੱਕੀ ਹੈ ਜਿਸ ਦਾ ਕਿਸਾਨਾਂ ਨੂੰ ਭਾਰੀ ਨੁਕਸਾਨ ਹੋਇਆ ਹੈ।ਉਨ੍ਹਾਂ ਕਿਹਾ ਕਿ ਇਸ ਸਬੰਧੀ ਅਸੀਂ ਤਹਿਸੀਲਦਾਰ ਡੇਰਾ ਬਾਬਾ ਨਾਨਕ ਨੂੰ ਮਿਲ ਕੇ ਜਾਣੂ ਕਰਵਾ ਚੁੱਕੇ ਹਾਂ ਜਿਨ੍ਹਾਂ ਵੱਲੋਂ ਵਿਸ਼ਵਾਸ ਦਵਾਇਆ ਗਿਆ ਹੈ ਕਿ ਜਲਦੀ ਹੀ ਪ੍ਰਸ਼ਾਸਨ ਅਧਿਕਾਰੀਆਂ ਦੀ ਇੱਕ ਵਿਸ਼ੇਸ਼ ਟੀਮ ਮੌਕਾ ਵੇਖਣ ਵਾਸਤੇ ਉਨ੍ਹਾਂ ਦੇ ਪਿੰਡ ਪੁੱਜੇਗੀ ਤੇ ਜਿਸ ਵੱਲੋਂ ਮੌਕਾ ਵੇਖ ਕੇ ਨੁਕਸਾਨੀਆਂ ਗਈਆਂ ਫਸਲਾਂ ਦਾ ਬਣਦਾ ਮੁਆਵਜ਼ਾ ਦੇਣ ਲਈ ਸਰਕਾਰ ਨੂੰ ਸਿਫਾਰਸ਼ ਕੀਤੀ ਜਾਵੇਗੀ।ਇਸ ਸਬੰਧੀ ਪਿੰਡ ਘੋਨੇਵਾਲ ਦੇ ਕਿਸਾਨਾਂ ਨੇ ਦੱਸਿਆ ਭਾਵੇਂ ਕਿ ਦਰਿਆ ਰਾਵੀ ਦੇ ਇਸ ਪਾਣੀ ਨਾਲ ਅਜੇ ਕੋਈ ਬਹੁਤਾ ਨੁਕਸਾਨ ਨਹੀਂ ਹੋਇਆ ਪਰ ਜਿਸ ਤਰ੍ਹਾਂ ਰਾਵੀ ਦਰਿਆ ਵਿੱਚ



ਪਾਣੀ ਦਾ ਪੱਧਰ ਲਗਾਤਾਰ ਵਧ ਰਿਹਾ ਹੈ ਜੇਕਰ ਪਾਣੀ ਦਾ ਪੱਧਰ ਇਸੇ ਤਰ੍ਹਾਂ ਹੀ ਵਧਦਾ ਰਿਹਾ ਤਾਂ ਰਾਵੀ ਦਰਿਆ ਦੇ ਨਜਦੀਕੀ ਪਿੰਡਾਂ ਦੇ ਕਿਸਾਨਾਂ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਪਹੁੰਚ ਸਕਦਾ ਹੈ।ਉਨ੍ਹਾਂ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੇ ਉਚ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਰਾਵੀ ਦਰਿਆ ਦੇ ਨਜ਼ਦੀਕ ਬਣੇ ਕੱਚੇ ਬੰਨ ਉੱਤੇ ਵੀ ਪੱਥਰ ਲਗਾਇਆ ਜਾਵੇ ਤਾਂ ਜੋ ਇਹ ਕੱਚਾ ਬੰਨ ਖੁਰਨ ਤੋਂ ਬਚ ਸਕੇ।ਉਧਰ ਪਿੰਡ ਘੋਨੇਵਾਲ ਰਾਵੀ ਦਰਿਆ ਤੇ ਪੁੱਜੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਕਿਸਾਨਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ ਪ੍ਰਸ਼ਾਸਨ ਵੱਲੋਂ ਸਾਰੇ ਪੁਖਤਾ ਪ੍ਰਬੰਧ ਮੁਕੰਮਲ ਕੀਤੇ ਹੋਏ ਹਨ।

## 'ਦਿ ਗ੍ਰੇਟ ਇੰਡੀਅਨ ਕਪਿਲ ਸ਼ੋਅ' ਸੀਜ਼ਨ-3 ਨੇ 79ਵੇਂ ਆਜ਼ਾਦੀ ਦਿਵਸ ਨੂੰ ਨਿਵੇਕਲੇ ਢੰਗ ਨਾਲ ਮਨਾਇਆ

ਅੰਮ੍ਰਿਤਸਰ : 'ਦ ਗ੍ਰੇਟ ਇੰਡੀਅਨ ਕਪਿਲ ਸ਼ੋਅ' ਇੱਕ ਸੰਗੀਤਕ ਉਤਸਾਹ ਵਿੱਚ ਬਦਲ ਜਾਂਦਾ ਹੈ ਕਿਉਂਕਿ ਵਿਸ਼ਾਲ ਦਦਲਾਨੀ, ਸ਼ੇਖਰ ਰਵਜਿਆਨੀ, ਸ਼ਾਨ ਅਤੇ ਨੀਤੀ ਮੋਹਨ ਕਪਿਲ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਨਾਲ ਆਜ਼ਾਦੀ ਦਿਵਸ ਮਨਾਉਣ ਲਈ ਸ਼ਾਮਲ ਹੁੰਦੇ ਹਨ। ਵਿਸ਼ਾਲ-ਸ਼ੇਖਰ 'ਵੰਦੇ ਮਾਤਰਮ' ਨਾਲ ਸ਼ੁਰੂਆਤ ਕਰਦੇ ਹਨ ਅਤੇ ਸੰਗੀਤ ਦੇ 25 ਸਾਲਾਂ ਦੀ ਮੁੜ ਸ਼ੁਰੂਆਤ ਕਰਦੇ ਹਨ, ਜਦੋਂ ਕਿ ਸ਼ਾਨ ਸੁਨੋ ਨਾ ਨਾਲ ਅਤੇ ਨੀਤੀ ਤੂ ਹੈ ਤੋ ਨਾਲ ਮਨਮੋਹਕ ਹੁੰਦੇ ਹਨ।

ਐਪੀਸੋਡ ਪ੍ਰਸ਼ੰਸਕ ਕਹਾਣੀਆਂ, ਮਜ਼ੇਦਾਰ ਮਜ਼ਾਕ ਅਤੇ ਕਪਿਲ ਦੀ ਨਾਨਾ ਪਾਟੇਕਰ ਦੀ ਸਪਾਟ-ਆਨ ਨਕਲ ਨਾਲ ਭਰਿਆ ਹੋਇਆ ਹੈ ।ਫੁਲਜਾਰ ਸਾਬ ਦੇ ਰੂਪ ਵਿੱਚ ਸੁਨੀਲ ਗਰੋਵਰ, ਝੱਪੀ ਦਾ ਦੇ ਰੂਪ ਵਿੱਚ ਕੀਕੂ ਸ਼ਾਰਦਾ ਅਤੇ ਕ੍ਰਿਸ਼ਨਾ ਅਭਿਸ਼ੇਕ ਦੀਆਂ ਕਾਮੇਡੀ ਹਰਕਤਾਂ ਹਫੜਾ-ਦਫੜੀ ਨੂੰ ਵਧਾਉਂਦੀਆਂ ਹਨ। ਵਿਸ਼ਾਲ ਦੇ ਲੁਧਿਆਣਾ ਵਿਆਹ ਦੇ ਮਜ਼ਾਕ ਤੋਂ ਲੈ ਕੇ ਸ਼ਾਨ ਦੇ ਅਨਸਕ੍ਰਿਪਟਡ ਫਿਲਮ ਡੈਬਿਊ ਤੱਕ, ਹਾਸਾ ਬਿਨਾਂ ਰੁਕੇ ਵਹਿੰਦਾ ਹੈ।ਕਪਿਲ ਦੀ ਮਾਂ ਸਟੇਜ ਤੇ ਉਸਦੀ ਏਅਰ ਹੋਸਟੈੱਸ ਨੰਬਰ ਕਹਾਣੀ ਦਾ ਪਰਦਾਫਾਸ਼ ਵੀ ਕਰਦੀ ਹੈ ।

## ਪਿੰਡ ਕੁੱਕੜ ਦੀ ਦਾਣਾ ਮੰਡੀ 'ਚ ਹੋ ਰਹੀ ਮਹਾਂ ਰੈਲੀ ਨੂੰ ਲੈ ਕੇ ਕਿਸਾਨ-ਮਜ਼ਦੂਰ ਇਕੱਤਰਤਾ



ਗੁਰਦਾਸਪੁਰ (ਜਨਕ ਮਹਾਜਨ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਜ਼ੋਨ ਤੇਜਾ ਸਿੰਘ ਸੁਤੰਤਰ ਅਤੇ ਜ਼ੋਨ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਅੱਲੜ ਪਿੰਡੀ, ਪ੍ਰਧਾਨ ਸੁਖਜਿੰਦਰ ਸਿੰਘ ਬਾਜਵਾ ਅਗਵਾਈ ਹੇਠ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਪਿੰਡ ਬੋਹੜ ਵਡਾਲਾ ਵਿਖੇ ਮੀਟਿੰਗ ਹੋਈ ਜਿਸ ਵਿੱਚ 20 ਅਗਸਤ ਨੂੰ ਜਲੰਧਰ ਦੇ ਪਿੰਡ ਕੁੱਕੜ ਦੀ ਦਾਣਾ ਮੰਡੀ ਵਿਖੇ ਹੋ ਰਹੀ ਮਹਾਂ ਰੈਲੀ ਦੀਆਂ ਤਿਆਰੀਆਂ ਕਰਵਾਉਂਦੇ ਹੋਏ ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਦੇਵ ਸਿੰਘ ਅੱਲੜ ਪਿੰਡੀ, ਜਤਿੰਦਰ ਸਿੰਘ ਚੀਮਾ ਆਗੂ ਵਿਸ਼ੇਸ਼ ਤੌਰ ਤੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਇਕਾਈ ਪ੍ਰਧਾਨ ਸਕੱਤਰ ਅਹੁਦੇਦਾਰ ਵਰਕਰ ਮੀਟਿੰਗ ਵਿੱਚ ਸ਼ਾਮਲ ਹੋਏ।ਉਨ੍ਹਾਂ ਨੇ ਵਿਸ਼ਵਾਸ ਦਿਵਾਇਆ ਕਿ ਜਲੰਧਰ ਲਲਕਾਰ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ, ਨੌਜਵਾਨ, ਬੀਬੀਆਂ-ਬੱਚੇ ਸ਼ਾਮਿਲ ਹੋ ਕੇ ਬਿਜਲੀ ਬੋਰਡ ਦਾ ਨਿੱਜੀਕਰਨ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਚਿਪ ਵਾਲੇ ਮੀਟਰ ਨਾ ਲਗਾਉਣ ਲਈ ਸਰਕਾਰ ਨੂੰ ਚਿਤਾਵਨੀ ਦਿੱਤੀ ਅਤੇ ਸ਼ੰਭੂ ਬਾਰਡਰ ਤੇ ਖਨੌਰੀ ਬਾਰਡਰ ਤੇ ਕਿਸਾਨਾਂ ਨੂੰ ਧੱਕੇ ਨਾਲ ਉਠਾ ਕੇ ਉਨ੍ਹਾਂ ਦਾ ਬਹੁਤ ਵੱਡਾ ਨੁਕਸਾਨ ਕੀਤਾ ਅਤੇ ਉਸ ਦੀ ਭਰਪਾਈ ਸਰਕਾਰ ਤੋਂ ਕਰਵਾਈ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਆਦੀ, ਸਤਨਾਮ ਸਿੰਘ ਖਜਾਨਚੀ, ਨਰਿੰਦਰ ਸਿੰਘ ਆਲੀਨੰਗਲ, ਰਣਬੀਰ ਸਿੰਘ ਡੁਗਰੀ, ਕੁਲਵਿੰਦਰ ਸਿੰਘ ਜੋੜਾਂ, ਦੀਦਾਰ ਸਿੰਘ ਕਾਦੀਆਂ, ਮਲਕੀਤ ਸਿੰਘ ਸਹੂਰ,ਸੁੱਚਾ ਸਿੰਘ ਬਲੱਗਣ, ਪ੍ਰਗਟ ਸਿੰਘ ਦੋਸਤਪੁਰ, ਹਰਭਜਨ ਸਿੰਘ ਚੌੜਾ, ਨਿਸ਼ਾਨ ਸਿੰਘ ਬਾਊਪੁਰ, ਦਿਲਬਾਗ ਸਿੰਘ ਹਰਦੋਛੰਨੀ, ਰਸ਼ਪਾਲ ਸਿੰਘ ਡੁਗਰੀ, ਜਪਕੀਰਤ ਹੁੰਦਲ, ਬੀਬੀ ਮਨਜਿੰਦਰ ਕੌਰ, ਬੀਬੀ ਕੁਲਵਿੰਦਰ ਕੌਰ ਆਦਿ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਲਹਿਰਾਇਆ ਕੌਮੀ ਤਿਰੰਗਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਆਜ਼ਾਦੀ ਦਿਵਸ ਮਨਾਇਆ ਗਿਆ।

ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਅਤੇ ਆਏ ਹੋਏ ਮੁੱਖ ਮਹਿਮਾਨ ਸਰਦਾਰ ਗੁਰਬਿੰਦਰ ਸਿੰਘ ਚਾਹਲ ਦੁਆਰਾ ਝੰਡਾ ਫਹਿਰਾਉਣ ਦੀ ਰਸਮ ਅਦਾ ਕੀਤੀ ਗਈ।

ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਪਣੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਗਈ।ਇਸ ਰਸਮ ਦਾ ਦ੍ਰਿਸ਼ ਬਹੁਤ ਹੀ ਮਨਮੋਹਕ ਸੀ।ਸਭਨਾਂ ਦੇ ਦਿਲਾਂ ਵਿੱਚ ਆਜ਼ਾਦੀ ਦਿਵਸ ਮੌਕੇ ਆਪਣੇ ਦੇਸ਼ ਪ੍ਰਤੀ ਪਿਆਰ ਅਤੇ ਸਤਿਕਾਰ ਦੀ ਭਾਵਨਾ ਦਿਖਾਈ ਦੇ ਰਹੀ ਸੀ।ਆਜ਼ਾਦੀ ਦਿਵਸ ਮੌਕੇ ਸਕੂਲ ਵੱਲੋਂ ਵਿਦਿਆਰਥੀਆਂ ਵਿੱਚ ਅਮਰ ਸ਼ਹੀਦਾਂ ਲਈ ਪਿਆਰ ਅਤੇ ਸਤਿਕਾਰ ਦੀ ਭਾਵਨਾ ਪੈਦਾ ਕਰਨ ਲਈ ਜਮਾਤ ਨੌਵੀਂ ਤੋਂ ਦਸਵੀਂ ਤੱਕ ਦੇ ਵਿਦਿਆਰਥੀਆਂ ਦੀ ਨਿਬੰਧ ਲੇਖਨ ਪ੍ਰਤੀਯੋਗਿਤਾ ਕਰਵਾਈ ਗਈ ਜਿਸ ਦਾ ਵਿਸ਼ਾ ਫਰੀਡਮ ਫਾਈਟਰ ਰਿਹਾ।

ਅੰਤ ਵਿੱਚ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਵੱਲੋਂ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ।

## ਆਜ਼ਾਦੀ ਦਿਵਸ ਨੂੰ ਸਮਰਪਤ ਖ਼ੂਨਦਾਨ ਕੈਂਪ ਲਗਾਇਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਮੁਸਲਿਮ ਜਮਾਤ ਅਹਿਮਦੀਆ ਦੇ ਮੁੱਖ ਕੇਂਦਰ ਕਾਦੀਆਂ ਵਿਖੇ ਆਜ਼ਾਦੀ ਦਿਵਸ ਨੂੰ ਸਮਰਪਤ ਮਜਲਿਸ ਖੁਦਾਮ ਉਲ ਅਹਿਮਦੀਆ ਵੱਲੋਂ ਖੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਪਵਿੱਤਰ ਕੁਰਾਨ ਦੀ ਤਿਲਾਵਤ ਦੇ ਨਾਲ ਇਸ ਖ਼ੂਨਦਾਨ ਕੈਂਪ ਦਾ ਸ਼ੁੱਭ ਆਰੰਭ ਹੋਇਆ। ਮਜਲਿਸ ਦੇ ਕੌਮੀ ਪ੍ਰਧਾਨ ਨਿਆਜ਼ ਅਹਿਮਦ ਨਾਇਕ ਦੀ ਪ੍ਰਧਾਨਗੀ ਹੇਠ ਖ਼ੂਨਦਾਨ ਕੈਂਪ ਮੌਕੇ ਇੱਕ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮੌਕੇ ਨਿਆਜ਼ ਅਹਿਮਦ ਨਾਇਕ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਹਿਮਦੀਆ ਯੂਥ ਵਿੰਗ ਵੱਲੋਂ ਹਰ ਸਾਲ ਖ਼ੂਨਦਾਨ ਕੈਂਪ ਲਗਾਇਆ ਜਾਂਦਾ ਹੈ ਅਤੇ ਲੋਕ ਭਲਾਈ ਦੇ ਕਾਰਜ ਵੱਡੇ ਪੱਧਰ 'ਤੇ ਕੀਤੇ ਜਾਂਦੇ ਹਨ। ਉਹਨਾਂ ਕਿਹਾ ਇਨਸਾਨੀਅਤ ਦੀ ਸੇਵਾ ਅਤੇ ਕੌਮ ਅਤੇ ਦੇਸ਼ ਦੀ ਸੇਵਾ ਲਈ ਹਮੇਸ਼ਾ ਨੌਜਵਾਨਾਂ ਨੂੰ ਤਿਆਰ ਰਹਿਣਾ ਚਾਹੀਦਾ ਹੈ। ਅੱਜ ਇਸ ਖ਼ੂਨਦਾਨ ਕੈਂਪ ਵਿੱਚ ਲਗਭਗ 100 ਨੌਜਵਾਨਾਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਸਾਰੇ ਦੇਸ਼ ਵਾਸੀਆਂ ਨੂੰ 15 ਅਗਸਤ ਆਜ਼ਾਦੀ ਦਿਵਸ ਦੀ ਵਧਾਈ ਵੀ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੌਲਾਨਾ ਨੂਰ ਉਦੀਨ ਪ੍ਰਧਾਨ, ਨਵੀਦ ਅਹਿਮਦ ਫਜ਼ਲ, ਸ਼ਰਜੀਲ ਅਹਿਮਦ, ਸਹਾਰਾ ਕਲੱਬ ਦੇ ਸੰਜੀਵ ਭਸੀਮ, ਬਟਾਲਾ ਬਲੱਡ ਬੈਂਕ ਦੇ ਡਾਕਟਰ ਪ੍ਰੀਆ ਦੀਪ ਕੌਰ, ਪਾਰਵਤੀ ਹਸਪਤਾਲ ਤੋਂ ਜਗਪ੍ਰੀਤ ਸਿੰਘ, ਅਤੇ ਪਤਵੰਤੇ ਵੱਡੀ ਗਿਣਤੀ ਵਿੱਚ ਮੌਜੂਦ ਸੀ। ਇਸ ਮੌਕੇ ਡਾਕਟਰ ਪ੍ਰੀਆ ਦੀਪ ਕੌਰ ਨੇ ਕਿਹਾ ਕਿ ਅਹਿਮਦੀਆ ਯੂਥ ਵਿੰਗ ਵੱਲੋਂ ਹਰ ਸਾਲ ਖ਼ੂਨਦਾਨ ਕੈਂਪ ਲਗਾਇਆ ਜਾਂਦਾ ਹੈ।

## ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਮਨਾਇਆ 79ਵਾਂ ਆਜ਼ਾਦੀ ਦਿਹਾੜਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਦਸਮੇਸ਼ ਪਬਲਿਕ ਸੀਨੀਅਰ ਸਕੂਲ ਮਹਿਤਾ ਚੌਂਕ ਵੱਲੋਂ ਇਸ ਕੌਮੀ ਤਿਉਹਾਰ ਨੂੰ ਮਨਾਇਆ ਗਿਆ।ਵਿਦਿਆਰਥੀਆਂ ਅਤੇ ਸਮੂਹ ਸਟਾਫ ਨੇ ਦੇਸ਼ ਪ੍ਰਤੀ ਆਪਣੀ ਆਦਰ ਭਾਵਨਾ ਨੂੰ ਪੇਸ਼ ਕਰਦਿਆਂ ਕਈ ਦੇਸ਼ ਭਗਤਾਂ ਨੂੰ ਯਾਦ ਕੀਤਾ ਅਤੇ ਸਾਰਿਆਂ ਨੂੰ ਸੰਦੇਸ਼ ਦਿੱਤਾ ਕਿ ਸਾਨੂੰ ਦੇਸ਼ ਖਾਤਰ ਆਪਣੀ ਬਣਦੀ ਸੇਵਾ ਵਿੱਚ ਹਿੱਸਾ ਪਾਉਂਦੇ ਰਹਿਣਾ ਚਾਹੀਦਾ ਹੈ।ਵਿਦਿਆਰਥੀਆਂ ਵੱਲੋਂ ਵੱਖ-ਵੱਖ ਸਟੇਜੀ ਕਿਰਿਆਵਾਂ ਪ੍ਰਸਤੁਤ ਕੀਤੀਆਂ ਗਈਆਂ ਜਿਸ ਵਿੱਚ ਕਵਿਤਾਵਾਂ, ਭਾਸ਼ਣ ਆਦਿ ਗਤੀਵਿਧੀਆਂ ਦੀ ਪੇਸ਼ਕਾਰੀ ਕੀਤੀ ਗਈ ।ਹਰ ਕਿਸੇ ਦੇ ਚਿਹਰੇ ਉਪਰ ਖੁਸ਼ੀ ਦੇ ਭਾਵ ਝਲਕ ਰਹੇ ਸਨ।ਇਸ ਮੌਕੇ ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਇਸ ਦਿਨ ਦੀ ਇਤਿਹਾਸਕ ਮਹੱਤਤਾ ਸਮਝਾਉਂਦਿਆਂ ਦੇਸ਼ ਦੀ ਆਜ਼ਾਦੀ ਦੇ 79 ਸਾਲ ਪੂਰੇ ਹੋਣ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਸਾਰੇ ਵਿਦਿਆਰਥੀਆਂ ਨੂੰ ਦੇਸ਼ ਪ੍ਰਤੀ ਵਫਾਦਾਰ ਤੇ ਸੁਹਿਰਦ ਨਾਗਰਿਕ ਬਣਨ ਲਈ ਕਿਹਾ।ਉਨ੍ਹਾਂ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਦੇਸ਼ ਵਿੱਚ ਰਹਿੰਦਿਆਂ ਹੋਇਆਂ ਦੇਸ਼ ਦੀ ਸੇਵਾ ਕਰਨ ਦਾ ਪ੍ਰਣ ਕਰਨਾ ਚਾਹੀਦਾ ਹੈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈ. ਗੁਰਬੀਰ ਕੌਰ (ਪ੍ਰਿੰਸੀਪਲ), ਮਨਪ੍ਰੀਤ ਸਿੰਘ ਟੱਕਰ (ਡਾਇਰੈਕਟਰ), ਮੈ. ਰਵਿੰਦਰ ਕੌਰ, ਮੈਡਮ ਅਨੁਦੀਪ ਕੌਰ, ਅੰਮ੍ਰਿਤਪਾਲ ਸਿੰਘ, ਮੈਡਮ ਸੁਧਾ ਸ਼ਰਮਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ 694 ਮੁਕੱਦਮੇ ਦਰਜ ਕੀਤੇ: ਐੱਸਐੱਸਪੀ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਬਟਾਲਾ ਪੁਲਿਸ ਵੱਲੋਂ ਅੱਜ ਵਰ੍ਹਦੇ ਮੀਂਹ ਵਿੱਚ ਪਿੰਡ ਸ਼ੇਖੂਪੁਰ ਕਲਾਂ ਵਿਖ ਵੱਡੀ ਪੱਧਰ 'ਤੇ ਕਾਸੋ ਆਪਰੇਸ਼ਨ (ਵਿਸ਼ੇਸ਼ ਸਰਚ ਉਪਰੇਸ਼ਨ) ਚਲਾਇਆ।ਇਸ ਮੌਕੇ ਸੁਹੇਲ ਕਾਸਿਮ ਮੀਰ, ਐੱਸ.ਐੱਸ.ਪੀ ਬਟਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਡੀਜੀਪੀ, ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ ਹੇਠ ਬਟਾਲਾ ਪੁਲਸ ਵੱਲੋਂ ਸ਼ਹਿਰ ਦੇ ਨਸ਼ਾ ਪ੍ਰਭਾਵਿਤ ਇਲਾਕਿਆਂ ਅੰਦਰ ਛਾਪੇਮਾਰੀ (ਕਾਸੋ ਓਪਰੇਸ਼ਨ) ਕਰਕੇ ਸ਼ੱਕੀ ਵਿਅਕਤੀਆਂ ਤੋਂ ਪੁੱਛ-ਗਿੱਛ ਕੀਤੀ ਗਈ ਹੈ।ਇਸ ਮੌਕੇ ਗੁਰਪ੍ਰਤਾਪ ਸਿੰਘ ਸਹੋਤਾ ਐੱਸਪੀ (ਡੀ) ਬਟਾਲਾ ਅਤੇ ਇੰਸਪੈਕਟਰ ਅਨਿਲ ਪਵਾਰ ਆਦਿ ਮੌਜੂਦ ਸਨ। ਸ਼ੇਖੂਪੁਰ ਕਲਾਂ ਵਿਖੇ ਪੁਲਸ ਵੱਲੋਂ ਐੱਸਪੀਜ਼, ਡੀਐੱਸਪੀਜ਼ ਅਤੇ ਐੱਸਐੱਚਓਜ਼ ਦੀ ਅਗਵਾਈ ਹੇਠ ਸ਼ੱਕੀਆਂ ਦੀ ਤਲਾਸ਼ੀ ਦੇ ਨਾਲ-ਨਾਲ ਪੁਲਸ ਵੱਲੋਂ ਮਹੱਤਵਪੂਰਨ ਥਾਵਾਂ ਵਿਖੇ ਵੀ ਜਾਂਚ ਕੀਤੀ ਗਈ ਹੈ।ਐੱਸਐੱਸਪੀ ਬਟਾਲਾ ਨੇ ਕਿਹਾ ਕਿ ਬਟਾਲਾ ਪੁਲਸ ਵੱਲੋਂ ਨਸ਼ੇ ਵਿਰੁੱਧ 'ਜ਼ੀਰੋ ਟਾਲਰੈਂਸ' ਦੀ ਨੀਤੀ ਅਪਣਾਈ ਗਈ ਹੈ, ਜਿਸ ਦੇ ਚੱਲਦਿਆਂ ਇਸ ਮੁਹਿੰਮ ਤਹਿਤ ਹੁਣ ਤੱਕ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ 694 ਮੁਕੱਦਮੇ ਦਰਜ ਕੀਤੇ ਗਏ ਹਨ ਅਤੇ 1121 ਦੋਸ਼ੀਆਂ ਨੂੰ ਫੜਿਆ ਗਿਆ ਹੈ।ਇਸ ਤੋਂ ਇਲਾਵਾ 64-ਏ ਐੱਨਡੀਪੀਐੱਸ ਐਕਟ ਤਹਿਤ 182 ਪਰਚੇ ਦਰਜ ਕੀਤੇ ਗਏ ਹਨ।

## ਪੇਂਡੂ ਖੇਤ ਮਜ਼ਦੂਰਾਂ ਦਾ ਕਿਸਾਨਾਂ ਨਾਲ ਨਹੁੰ ਮਾਸ ਦਾ ਰਿਸ਼ਤਾ : ਜਸਬੀਰ ਝਬਾਲ



ਝਬਾਲ (ਹਰਜਿੰਦਰ ਸਿੰਘ ਸੋਨੀ)-ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਸਕੱਤਰ ਜਸਬੀਰ ਸਿੰਘ ਝਬਾਲ ਨੇ ਕੁਲ ਹਿੰਦ ਕਿਸਾਨ ਸਭਾ ਦੀ ਜ਼ਿਲ੍ਹਾ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੇਂਡੂ ਖੇਤ ਮਜ਼ਦੂਰਾਂ ਦਾ ਕਿਸਾਨੀ ਸੰਘਰਸ਼ ਨਾਲ ਨਹੁੰ ਮਾਸ ਦਾ ਰਿਸ਼ਤਾ ਰਿਹਾ ਹੈ ਅਤੇ ਅੱਜ ਵੀ ਪਿੰਡ ਦਾ ਕਿਸਾਨ ਪੇਂਡੂ ਖੇਤ ਮਜ਼ਦੂਰਾਂ ਤੋਂ ਬਿਨਾਂ ਕਿਸਾਨੀ ਧੰਦੇ ਵਿੱਚ ਕਾਮਯਾਬ ਨਹੀਂ ਹੋ ਸਕਦਾ।ਸਾਥੀ ਝਬਾਲ ਨੇ ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਅੰਮ੍ਰਿਤਸਰ ਦੇ ਅਜਲਾਸ ਵਿੱਚ ਵੱਖ ਦੋ ਪਿੰਡਾਂ ਤੋਂ ਪਹੁੰਚੇ ਕਿਸਾਨ ਲਹਿਰ ਦੇ ਜੁਝਾਰੂ ਸੰਘਰਸ਼ ਨੂੰ ਇਨਕਲਾਬੀ ਲਹਿਰ ਮਜ਼ਬੂਤ ਕਰਨ ਲਈ ਮਜ਼ਦੂਰ ਕਿਸਾਨ ਏਕਤਾ ਉਸਾਰਨ ਦੀ ਲੋੜ ਤੇ ਜ਼ੋਰ ਦਿੱਤਾ।ਜਥੇਬੰਦੀ ਵੱਲੋਂ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਤਲਵੰਡੀ, ਤਰਸੇਮ ਸਿੰਘ ਪਟਿਆਲਾ, ਰੇਸ਼ਮ ਸਿੰਘ ਖਿਆਲਾ ਅਤੇ ਹੋਰ ਵਰਕਰਾਂ ਨੇ ਇੱਕਮੁੱਠਤਾ ਦਾ ਪ੍ਰਗਟਾਵਾ ਕੀਤਾ।

## ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਵੱਲੋਂ ਸਕੂਲਾਂ ਤੇ ਆਂਗਣਵਾੜੀ ਕੇਂਦਰਾਂ ਦਾ ਅਚਾਨਕ ਨਿਰੀਖਣ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਬਲਾਕ ਜੰਡਿਆਲਾ ਗੁਰੂ ਅਤੇ ਬਲਾਕ ਰਈਆ ਦੇ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਅਚਾਨਕ ਨਿਰੀਖਣ ਕੀਤਾ।ਬਲਾਕ ਜੰਡਿਆਲਾ ਗੁਰੂ ਦੇ ਪਿੰਡ ਬਲੀਆ ਮੰਜਪੁਰ ਅਤੇ ਬਲਾਕ ਰਈਆ ਦੇ ਪਿੰਡ ਨਿਰੰਜਣਪੁਰ ਵਿਖੇ ਨਿਰੀਖਣ ਦੌਰਾਨ, ਇਹ ਪਾਇਆ ਗਿਆ ਕਿ ਕਈ ਸਕੂਲਾਂ ਵਿੱਚ ਮਿਡ-ਡੇਅ ਮੀਲ ਫੂਡ ਟੈਸਟਿੰਗ (ਸਵਾਦ) ਰਜਿਸਟਰ ਜਾਂ ਤਾਂ ਨਹੀਂ ਰੱਖੇ ਗਏ ਸਨ ਜਾਂ ਕਈ ਮਹੀਨਿਆਂ ਤੋਂ ਨਹੀਂ ਰੱਖੇ ਗਏ ਸਨ।ਇਸ ਤੋਂ ਇਲਾਵਾ ਮਿਡ-ਡੇਅ ਮੀਲ ਵਰਕਰ ਨਾ ਤਾਂ ਟੋਪੀਆਂ, ਐਪਰਨ ਅਤੇ ਦਸਤਾਨੇ ਪਹਿਨ ਰਹੇ ਸਨ ਅਤੇ ਨਾ ਹੀ ਬੁਨਿਆਦੀ ਸਫਾਈ ਅਭਿਆਸਾਂ ਦੀ ਪਾਲਣਾ ਕਰ ਰਹੇ ਸਨ। ਸ਼੍ਰੀ ਦੱਤ ਨੇ ਸਕੂਲ ਅਧਿਕਾਰੀਆਂ ਨੂੰ ਸਖ਼ਤ ਤਾੜਨਾ ਕੀਤੀ ਅਤੇ ਉਨ੍ਹਾਂ ਨੂੰ ਸਾਰੇ ਨਿਰਧਾਰਤ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭੋਜਨ ਸੰਭਾਲਣ ਵਾਲਿਆਂ ਦੀ ਨਿਯਮਤ ਸਿਹਤ ਜਾਂਚ ਲਾਜ਼ਮੀ ਹੈ ਅਤੇ ਖਾਣਾ ਪਕਾਉਣ ਦੀ ਪ੍ਰਕਿਰਿਆ ਅਤੇ ਪਰੋਸਣ ਵਾਲੇ ਖੇਤਰ ਦੋਵਾਂ ਨੂੰ ਪੂਰੀ ਤਰ੍ਹਾਂ ਸਾਫ਼ ਅਤੇ ਸਵੱਛ ਰੱਖਿਆ ਜਾਣਾ ਚਾਹੀਦਾ ਹੈ।ਸ਼੍ਰੀ ਦੱਤ ਨੇ ਕਿਹਾ ਕਿ ਬੱਚਿਆਂ ਦੀ ਸਿਹਤ ਅਤੇ ਪੋਸ਼ਣ ਨਾਲ ਸੰਬੰਧਤ ਸਕੀਮਾਂ ਵਿੱਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਅਜਿਹੀਆਂ ਬੇਨਿਯਮੀਆਂ ਜਾਰੀ ਰਹੀਆਂ ਤਾਂ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਆਰ. ਡੀ. ਖੋਸਲਾ ਸਕੂਲ ਦੇ ਵਿਦਿਆਰਥੀਆਂ ਦੇ ਦੇਸ਼ ਦੇ ਵਿਕਾਸ 'ਚ ਯੋਗਦਾਨ ਪਾਉਣ ਦਾ ਪ੍ਰਣ ਲਿਆ

ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿੱਚ ਆਜ਼ਾਦੀ ਦਿਵਸ ਪੂਰੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਹ ਦਿਨ ਸਾਨੂੰ ਉਨ੍ਹਾਂ ਮਹਾਨ ਆਜ਼ਾਦੀ ਘੁਲਾਟੀਆਂ ਨੂੰ ਯਾਦ ਕਰਨ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਪ੍ਰਤੀ ਆਪਣੀ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਦਾ ਮੌਕਾ ਦਿੰਦਾ ਹੈ। ਸਕੂਲ ਵਿੱਚ ਆਯੋਜਿਤ ਇੱਕ ਵਿਸ਼ੇਸ਼ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ, ਨਾਚ, ਕਵਿਤਾਵਾਂ, ਭਾਸ਼ਣਾਂ, ਸਮੂਹ ਗਾਇਨ ਰਾਹੀਂ ਦੇਸ ਦੇ ਉਨ੍ਹਾਂ ਬਹਾਦਰ ਪੁੱਤਰਾਂ ਨੂੰ ਯਾਦ ਕੀਤਾ ਅਤੇ ਉਨ੍ਹਾਂ ਨੂੰ ਸਰਧਾਂਜਲੀ ਭੇਟ ਕੀਤੀ ਜਿਨ੍ਹਾਂ ਦੀ ਕੁਰਬਾਨੀ ਕਾਰਨ ਅੱਜ ਅਸੀਂ ਆਜ਼ਾਦ ਹਾਂ। 10ਵੀਂ ਜਮਾਤ ਦੀ ਵਿਦਿਆਰਥਣ ਪਹਿਲ ਨੇ ਆਪਣੇ ਭਾਸਣ ਰਾਹੀਂ ਅਤੇ 9ਵੀਂ ਜਮਾਤ ਦੀ ਦੀਪਤੀ ਮਹਾਜਨ ਨੇ ਆਪਣੀ ਕਵਿਤਾ ਰਾਹੀਂ ਦੱਸਿਆ ਕਿ ਆਜਾਦੀ ਦੀ ਲੜਾਈ ਵਿੱਚ ਸਾਡੇ ਦੇਸ ਦੇ ਘੁਲਾਟੀਆਂ ਨੇ ਖੂਨ-ਪਸੀਨਾ ਵਹਾ ਕੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ, ਇਹ ਸਾਨੂੰ ਆਪਣੀ ਆਜ਼ਾਦੀ ਦੀ ਕਦਰ ਕਰਨ ਅਤੇ ਦੇਸ ਦੀ ਬਿਹਤਰੀ ਲਈ ਕੰਮ ਕਰਨ, ਰਾਸ਼ਟਰਵਾਦ ਦੀ ਭਾਵਨਾ ਨੂੰ ਮੁੜ ਜਗਾਉਣ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦਾ ਹੈ। ਛੇਵੀਂ ਜਮਾਤ ਦੀਆਂ ਵਿਦਿਆਰਥਣਾਂ ਨਵਲੀਨ ਕੌਰ ਅਤੇ ਜਪਨੀਤ ਕੌਰ ਨੇ ਸਾਰਿਆਂ ਤੋਂ ਸਹੁੰ ਚੁੱਕੀ ਕਿ ਉਹ ਦੇਸ਼ ਦੀ ਆਜ਼ਾਦੀ, ਏਕਤਾ ਅਤੇ ਭਾਈਚਾਰਾ ਬਣਾਈ ਰੱਖ ਕੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣਗੇ। ਦਸਵੀਂ ਜਮਾਤ ਦੀ ਵਿਦਿਆਰਥਣ ਅਵਲੀਨ ਕੌਰ ਅਤੇ ਨੌਵੀਂ ਜਮਾਤ ਦੀ ਵਿਦਿਆਰਥਣ ਪੀਹੂ ਨੇ ਮੰਚ ਸੰਚਾਲਨ ਦਾ ਕਾਰਜ ਕੁਸ਼ਲਤਾ ਨਾਲ ਕੀਤਾ। ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਆਜ਼ਾਦੀ ਦਿਵਸ ਦੀਆਂ ਹਾਰਦਿਕ ਵਧਾਈਆਂ ਅਤੇ




ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਆਜ਼ਾਦੀ ਦਿਵਸ ਦਾ ਹਰ ਭਾਰਤੀ ਦੇ ਦਿਲ ਵਿੱਚ ਮਹੱਤਵਪੂਰਨ ਸਥਾਨ ਹੈ।

## ਕੈਬਨਿਟ ਮੰਤਰੀ ਕਟਾਰੂਚੱਕ ਨੇ ਨਵੀਂ ਬਣੀ ਕ੍ਰਿਸ਼ਨਾ ਨਗਰ ਕਲੋਨੀ ਦਾ ਕੀਤਾ ਦੌਰਾ

### *ਗਲੀਆਂ-ਨਾਲੀਆਂ ਤੇ ਸੀਵਰੇਜ ਦੀ ਸਮੱਸਿਆ ਛੇਤੀ ਹੱਲ ਕਰਵਾਉਣ ਦਾ ਦਿਵਾਇਆ ਭਰੋਸਾ



ਪਠਾਨਕੋਟ, (ਦਵਿੰਦਰ ਸਿੰਘ)-ਵਾਰਡ ਨੰਬਰ 43 ਅਤੇ 44 ਕ੍ਰਿਸ਼ਨਾ ਨਗਰ ਕਲੋਨੀ ਸਰਨਾ ਜੋ ਕਿ ਕਾਰਪੋਰੇਸ਼ਨ ਦੇ ਅਧੀਨ ਆਉਂਦਾ ਹੈ ਅਤੇ ਆਦਰਸ਼ ਕਲੋਨੀ ਦਾ ਹੀ ਹਿੱਸਾ ਹੈ, ਇੱਥੇ ਲੋਕਾਂ ਦੀ ਗਲੀਆਂ ਦੀ ਸਮੱਸਿਆ ਹੈ ਜਿਸ ਦਾ ਅੱਜ ਮੁਲਾਇਨਾ ਕੀਤਾ ਗਿਆ। ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਇਸ ਨਗਰ ਕਲੋਨੀ ਦਾ ਦੌਰਾ ਕਰਨ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਪਵਨ ਕੁਮਾਰ ਫੌਜੀ, ਬਲਾਕ ਪ੍ਰਧਾਨ ਸੋਹਣ ਲਾਲ, ਬਲਾਕ ਪ੍ਰਧਾਨ ਬਰਜਿੰਦਰ ਕੌਰ, ਬਲਾਕ ਪ੍ਰਧਾਨ ਸੰਦੀਪ ਕੁਮਾਰ, ਸੁਰਿੰਦਰ ਕੁਮਾਰ, ਰਾਹੁਲ ਖੱਲਰ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਵੀ ਹਾਜ਼ਰ ਸਨ। ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਇਸ ਕਲੋਨੀ ਦੇ ਲੋਕਾਂ ਲਈ ਸੀਵਰੇਜ ਦੀ ਵੀ ਕਮੀ ਹੈ। ਜ਼ਿਕਰਯੋਗ ਹੈ ਕਿ ਇਸ ਮੌਕੇ ਤੇ ਕੈਬਨਿਟ ਮੰਤਰੀ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਅੱਜ ਹੀ ਕ੍ਰਿਸ਼ਨਾ ਨਗਰ ਕਲੋਨੀ ਦਾ ਦੌਰਾ ਕੀਤਾ ਜਾਵੇ ਅਤੇ ਰਿਪੋਰਟ ਬਣਾ ਕੇ ਇੱਥੇ ਖੇਤਰ ਅੰਦਰ ਗਲੀਆਂ ਅਤੇ ਸੀਵਰੇਜ ਦੇ ਕਾਰਜ ਸ਼ੁਰੂ ਕੀਤੇ ਜਾਣ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵੱਡੇ ਕਾਰਜ ਕੀਤੇ ਜਾ ਰਹੇ ਹਨ, ਫ੍ਰੀ ਬਿਜਲੀ ਦੀ ਸੁਵਿਧਾ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾ ਰਹੇ ਹਨ ਅਤੇ ਹੁਣ ਲੋਕਾਂ ਨੂੰ ਵੱਡੀ ਸੋਗਾਤ ਦਿੱਤੀ ਗਈ ਹੈ ਹਰੇਕ ਨਾਗਰਿਕ ਦਾ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਸਹੂਲਤ ਦੀ ਸੁਵਿਧਾ ਦਿੱਤੀ ਗਈ ਹੈ।

## ਬਾਬਾ ਬਲਬੀਰ ਸਿੰਘ ਦੀ ਅਗਵਾਈ 'ਚ ਧਰਮ ਪ੍ਰਚਾਰ ਲਹਿਰ ਮਹਾਰਾਸ਼ਟਰ ਵਿਖੇ ਤੀਸਰੇ ਪੜਾਅ 'ਤੇ ਪੁੱਜੀ



ਪੁਣਾ/ਅੰਮ੍ਰਿਤਸਰ:(ਜਸਬੀਰ ਸਿੰਘ ਪੱਟੀ)—ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ 350 ਸਾਲਾ ਦਿਵਸ ਅਤੇ ਗੁਰੂ ਗੋਬਿੰਦ ਜੀ ਦਾ ਗੁਰਤਾਗੱਦੀ ਦਾ 350 ਸਾਲਾ ਦਿਵਸ ਦੀਆਂ ਸ਼ਤਾਬਦੀਆਂ ਨੂੰ ਸਮਰਪਿਤ ਵਿਸ਼ੇਸ਼ ਧਰਮ ਪ੍ਰਚਾਰ ਲਹਿਰ ਮਹਾਰਾਸ਼ਟਰ ਵਿਖੇ ਆਯੋਜਿਤ ਕੀਤੀ ਗਈ ਹੈ ਅਤੇ ਪੂਨੇ ਸ਼ਹਿਰ ਤੇ ਇਸ ਦੇ ਆਸਪਾਸ ਦੇ ਇਲਾਕਿਆ ਵਿੱਚ ਵਿਸ਼ੇਸ਼ ਗੁਰਮਤਿ ਸਮਾਗਮ ਤੇ ਨਗਰ ਕੀਰਤਨ ਆਰੰਭ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਗੁ: ਸਿੰਘ ਸਭਾ ਦੇਹੂਰੋਡ, ਗੁਰਮਤਿ ਸਮਾਗਮ ਹੋਇਆ ਗੁਰਦੁਆਰਾ ਨਾਨਕ ਦਰਬਾਰ ਪੂਨੇ ਤੋਂ ਨਗਰ ਕੀਰਤਨ ਆਰੰਭ ਹੋ ਕੇ ਗੁ: ਭਾਈ ਦਯਾ ਸਿੰਘ, ਭਾਈ ਸਾਹਿਬ ਸਿੰਘ, ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਲੰਗਰ ਸਾਹਿਬ ਅਤੇ ਅਖੀਰ ਗੁ: ਸਿੰਘ ਸਭਾ ਸਸ਼ਬਾਜੀ ਨਗਰ ਪੁਜਣ ਤੇ ਨਗਰ ਕੀਰਤਨ ਸੰਪੂਰਨ ਹੋਇਆ ਉਪਰੰਤ ਰਾਤ ਦੇ ਗੁਰਮਤਿ ਸਮਾਗਮ ਹੋਏ।ਨਗਰ ਕੀਰਤਨ ਵਿੱਚ ਮੱਧ ਪ੍ਰਦੇਸ਼ ਦੇ ਮੈਂਬਰ ਪਾਰਲੀਮੈਂਟ ਨੀਲੇਸ਼ ਲੰਕੇ, ਮੱਧ ਪ੍ਰਦੇਸ਼ ਦੇ ਐੱਮਐੱਲਏ ਸੰਗਰਾਮ ਜਗਤਾਪ, ਸੋਮਨਾਥ ਘੜਗੇ ਐਸ.ਪੀ, ਅਤੇ ਜ਼ਿਲ੍ਹਾ ਕਲੈਕਟਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਇਸ ਸਮੇਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਕਥਾਵਾਚਕ ਭਾਈ ਸਾਹਿਬ ਭਾਈ ਤਨਵੀਰ ਸਿੰਘ, ਜੈਮਲ ਸਿੰਘ ਐਸਿ: ਸੁਪਰਡੈਂਟ, ਇੰਦਰਪਾਲ ਸਿੰਘ ਫੌਜੀ, ਚਰਨਜੀਤ ਸਿੰਘ ਸਾਹਣੀ, ਬਲਦੇਵ ਸਿੰਘ ਵਾਹੀ, ਅਮਰਜੀਤ ਸਿੰਘ, ਮਹਿੰਦਰ ਸਿੰਘ, ਬਾਬਾ ਗੁਰਮੀਤ ਸਿੰਘ, ਬਾਬਾ ਗੁਰਮੁਖ ਸਿੰਘ, ਬਾਬਾ ਦਲੇਰ ਸਿੰਘ, ਬਾਬਾ ਪਰਮਜੀਤ ਸਿੰਘ, ਬਾਬਾ ਸ਼ਿੰਦਾ ਸਿੰਘ, ਬਾਬਾ ਲਛਮਣ ਸਿੰਘ, ਬਾਬਾ ਕਰਮ ਸਿੰਘ, ਬਾਬਾ ਸੁਖਦੇਵ ਸਿੰਘ ਸੁੱਖਾ, ਬਾਬਾ ਲਖਵੀਰ ਸਿੰਘ, ਬਾਬਾ ਗੁਰਸ਼ੇਰ ਸਿੰਘ, ਬਾਬਾ ਗੁਰਪਾਲ ਸਿੰਘ, ਬਾਬਾ ਸੁਖਵਿੰਦਰ ਸਿੰਘ ਮੌਰ, ਬਾਬਾ ਸਤਨਾਮ ਸਿੰਘ, ਬਾਬਾ ਜਸਬੀਰ ਸਿੰਘ, ਦਲਜੀਤ ਸਿੰਘ, ਬਾਬਾ ਗਗਨਦੀਪ ਸਿੰਘ ਨੇ ਸ਼ਮੂਲੀਅਤ ਕੀਤੀ।

## ਅਨੰਦਪੁਰ ਸਾਹਿਬ ਵਿਖੇ ਪੜ੍ਹੇ-ਲਿਖੇ ਮੰਗਤਿਆਂ ਨੇ ਦੁਕਾਨਦਾਰਾਂ ਨੂੰ ਕੀਤਾ ਪ੍ਰੇਸ਼ਾਨ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਭਾਵੇਂ ਕਿ ਪੰਜਾਬ ਸਰਕਾਰ ਵੱਲੋਂ ਰਾਜ ਭਰ ਵਿੱਚ ਮੰਗਤਿਆਂ 'ਤੇ ਪਾਬੰਦੀ ਲਗਾਈ ਗਈ ਹੈ ਅਤੇ ਉਨ੍ਹਾਂ ਦੇ ਖਿਲਾਫ ਕਾਨੂੰਨੀ ਕਾਰਵਾਈ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਹਕੀਕਤ ਵਿੱਚ ਅਜੇ ਵੀ ਸਥਿਤੀ ਵੱਖਰੀ ਹੀ ਦਿਖ ਰਹੀ ਹੈ।ਗੁਰੂ ਨਗਰੀ ਸ਼੍ਰੀ ਅਨੰਦਪੁਰ ਸਾਹਿਬ ਵਿੱਚ ਪਿਛਲੇ ਦਿਨੀਂ ਐਸਾ ਹੀ ਨਜ਼ਾਰਾ ਵੇਖਣ ਨੂੰ ਮਿਲਿਆ ਜਦੋਂ ਮੇਨ ਬਾਜ਼ਾਰ ਵਿੱਚ ਪੜ੍ਹੀਆਂ ਲਿਖੀਆਂ ਔਰਤਾਂ ਦੁਕਾਨਦਾਰਾਂ ਕੋਲੋਂ ਪੈਸੇ ਦੀ ਮੰਗ ਕਰਦੀਆਂ ਨਜ਼ਰ ਆਈਆਂ।ਇਨ੍ਹਾਂ ਔਰਤਾਂ ਦੇ ਹੱਥ ਵਿੱਚ ਇੱਕ ਕਾਗਜ਼ ਸੀ, ਜਿਸ 'ਤੇ ਹਿੰਦੀ ਵਿੱਚ ਲਿਖਿਆ ਸੀ ਕਿ ਉਹ ਰਾਣੀਪੁਰ ਦੀਆਂ ਰਹਿਣ ਵਾਲੀਆਂ ਹਨ ਅਤੇ ਮੁਸੀਬਤ ਪੈਣ ਕਰਕੇ ਉਨ੍ਹਾਂ ਨੂੰ ਘਰ ਛੱਡਣਾ ਪਿਆ ਹੈ। ਕਾਗਜ਼ 'ਤੇ ਇਹ ਵੀ ਦਰਸਾਇਆ ਗਿਆ ਸੀ ਕਿ ਉਨ੍ਹਾਂ ਨਾਲ ਛੋਟੇ-ਛੋਟੇ ਬੱਚੇ ਹਨ, ਖਾਣ-ਪੀਣ ਅਤੇ ਕੱਪੜਿਆਂ ਦੀ ਕੋਈ ਸਹੂਲਤ ਨਹੀਂ ਹੈ, ਇਸ ਲਈ ਲੋਕਾਂ ਨੂੰ ਅਪੀਲ ਕੀਤੀ ਗਈ ਸੀ ਕਿ ਉਹ ਕੁਝ ਮਦਦ ਕਰਨ।ਇਸ ਕਾਗਜ਼ ਦੇ ਥੱਲੇ ਕਈ ਲੋਕਾਂ ਦੇ ਦਸਤਖ਼ਤ ਅਤੇ ਉਨ੍ਹਾਂ ਵੱਲੋਂ ਦਿੱਤੇ ਪੈਸਿਆਂ



ਦੀਆਂ ਰਕਮਾਂ ਵੀ ਦਰਜ ਸਨ।ਜਦੋਂ ਇਹ ਔਰਤਾਂ ਸ਼੍ਰੀ ਅਨੰਦਪੁਰ ਸਾਹਿਬ ਦੇ ਬਾਜ਼ਾਰ ਵਿੱਚ ਪਹੁੰਚੀਆਂ ਤਾਂ ਉਹ ਹਰ ਇੱਕ ਦੁਕਾਨ 'ਤੇ ਜਾ ਕੇ ਪੈਸੇ ਦੀ ਮੰਗ ਕਰਦੀਆਂ ਰਹੀਆਂ।ਦੁਕਾਨਦਾਰਾਂ ਵੱਲੋਂ ਇਨਕਾਰ ਕਰਨ ਦੇ ਬਾਵਜੂਦ ਵੀ ਇਹ ਬੀਬੀਆਂ ਅੜ ਕੇ ਖੜੀਆਂ ਜਾਂਦੀਆਂ 'ਤੇ ਜ਼ੋਰ ਪਾ ਕੇ ਮਦਦ ਮੰਗਣ ਦੀ ਕੋਸ਼ਿਸ਼ ਕਰਦੀਆਂ।ਇਸ ਕਾਰਨ ਬਾਜ਼ਾਰ ਵਿੱਚ ਲੋਕਾਂ ਨੂੰ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਕਈ ਦੁਕਾਨਦਾਰਾਂ ਨੇ ਦੱਸਿਆ ਕਿ ਇਹ ਔਰਤਾਂ ਨਰਮੀ ਨਾਲ ਮੰਗਣ ਦੀ ਬਜਾਏ ਜ਼ਬਰਦਸਤੀ ਤੰਗ ਕਰਦੀਆਂ ਹਨ।ਇਸ ਸੰਬੰਧੀ ਜਦੋਂ ਚੌਂਕੀ ਇੰਚਾਰਜ ਜਸਮੇਰ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਸਪੱਸ਼ਟ ਕੀਤਾ ਕਿ ਸਰਕਾਰ ਵੱਲੋਂ ਮੰਗਤਿਆਂ ਵਿਰੁੱਧ ਪਹਿਲਾਂ ਹੀ ਸਖ਼ਤ ਕਾਨੂੰਨ ਨਗਰ ਦੇ ਜਿਹੜੇ ਲੋਕ ਇਸ 'ਤੇ ਅਮਲ ਨਹੀਂ ਕਰਦੇ, ਉਹਨਾਂ ਦੇ ਖ਼ਿਲਾਫ਼ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜੇ ਅੱਗੇ ਵੀ ਅਜਿਹਾ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਲੋਕ ਤੁਰੰਤ ਪੁਲਸ ਨੂੰ ਸੂਚਿਤ ਕਰਨ, ਤਾਂ ਜੋ ਮੰਗਤਿਆਂ ਨੂੰ ਕਾਬੂ ਕਰਕੇ ਕਾਰਵਾਈ ਕੀਤੀ ਜਾ ਸਕੇ।ਲੋਕਾਂ ਨੇ ਵੀ ਪੁਲਸ ਤੋਂ ਮੰਗ ਕੀਤੀ ਹੈ ਕਿ ਅਜਿਹੇ ਘਟਨਾਵਾਂ ਨੂੰ ਗੰਭੀਰਤਾ ਨਾਲ ਲਿਆ ਜਾਵੇ, ਕਿਉਂਕਿ ਸ਼ਹਿਰਾਂ ਅਤੇ ਧਾਰਮਿਕ ਨਗਰੀਆਂ ਵਿੱਚ ਵੱਧ ਰਹੇ ਮੰਗਤੇ ਨਾ ਸਿਰਫ਼ ਪਰੇਸ਼ਾਨੀ ਦਾ ਕਾਰਨ ਹਨ ਬਲਕਿ ਅਕਸਰ ਅਪਰਾਧਾਂ ਨਾਲ ਵੀ ਜੁੜੇ ਹੋ ਸਕਦੇ ਹਨ।

## ਪਲੇਸਮੈਂਟ ਕੈਂਪ ਭਲਕੇ

**ਮੋਹਾਲੀ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਮਿਸ਼ਨ ਘਰ ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ.ਏ.ਐਸ ਨਗਰ ਵੱਲੋਂ 20 ਅਗਸਤ ਦਿਨ ਬੁੱਧਵਾਰ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਡੀ ਬੀ ਈ ਈ, ਕਮਰਾ ਨੰ. 456, ਤੀਜੀ ਮੰਜ਼ਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਐਸ.ਏ.ਐਸ ਨਗਰ ਵਿਖੇ ਕੀਤਾ ਜਾ ਰਿਹਾ ਹੈ, ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 01.00 ਵਜੇ ਤੱਕ ਹੋਵੇਗਾ।ਡੀ ਬੀ ਈ ਈ ਐਸ ਏ ਐਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਜਿਸ ਤਹਿਤ ਉਕਤ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਕੈਂਪ ਵਿੱਚ 10ਵੀਂ ਪਾਸ, ਉਮਰ 19-40 ਸਾਲ, ਵਜ਼ਨ- 56-90 ਕਿਲੋ ਅਤੇ ਕੱਦ ਘੱਟੋ-ਘੱਟ 168 ਸੈ.ਮੀ. ਵਾਲੇ ਪ੍ਰਾਰਥੀਆਂ ਦੀ ਚੋਣ ਸਕਿਓਰਿਟੀ ਗਾਰਡ ਅਤੇ ਸੁਪਰਵਾਈਜ਼ਰ ਦੀ ਅਸਾਮੀ ਲਈ ਕੀਤੀ ਜਾਵੇਗੀ।

## ਕਰੀਮਪੁਰੀ ਦੀ ਅਗਵਾਈ ਹੇਠ ਬਸਪਾ ਵੱਲੋਂ ਫਿਲੌਰ 'ਚ ਵਿਸ਼ਾਲ ਰੋਸ ਪ੍ਰਦਰਸ਼ਨ

**ਫਿਲੌਰ (ਨਿਰਮਲ)** ਬਸਪਾ ਵਲੋਂ ਸੂਬੇ ਅੰਦਰ ਚਲਾਈ ਜਾ ਰਹੀ ਪੰਜਾਬ ਸੰਭਾਲੋ ਮੁਹਿੰਮ ਦੀ ਲੜੀ ਤਹਿਤ ਸਾਂਝਵਾਰ ਬਸਪਾ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਫਿਲੌਰ ਅੰਦਰ ਸੂਬਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖ਼ਿਲਾਫ਼ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ। ਪਿੰਡ ਨੰਗਲ ਫਿਲੌਰ ਤੋਂ ਸ਼ੁਰੂ ਹੋਇਆ ਇਹ ਰੋਸ ਮਾਰਚ ਮਾਨਯੋਗ ਐਸ ਡੀ ਐਮ ਫਿਲੌਰ ਨੂੰ ਮੰਗ ਪੱਤਰ ਦੇਣ ਉਪਰੰਤ ਸੰਪੰਨ ਹੋਇਆ। ਰੋਸ ਪ੍ਰਦਰਸ਼ਨ ਦੌਰਾਨ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਰੀਮਪੁਰੀ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ ਹੈ, ਸਰਕਾਰ ਦਾ ਯੁੱਧ ਨਸ਼ਿਆਂ ਵਿਰੁੱਧ ਪੂਰੀ ਤਰ੍ਹਾਂ ਝੂਠ ਦਾ ਪੁਲੰਦਾ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਹੋਮ ਡਿਲਿਵਰੀ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਰੇਤ ਮਾਫੀਆ, ਭੂ ਮਾਫੀਆ ਨੂੰ ਸਰਕਾਰ ਦੀ ਪੁਸ਼ਤ ਪਨਾਹੀ ਪ੍ਰਾਪਤ ਹੈ, ਲਾਅ ਐਂਡ ਆਰਡਰ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕਾ ਹੈ। ਹਰ ਰੋਜ਼ ਸੂਬੇ ਅੰਦਰ ਗੈਂਗਸਟਰਾਂ ਵਲੋਂ ਫਿਰੌਤੀਆਂ ਮੰਗੀਆਂ ਜਾ ਰਹੀਆਂ ਹਨ, ਮਾਸੂਮ ਲੋਕਾਂ ਨੂੰ ਗੋਲੀਆਂ ਦਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ ਤਰੱਕੀ ਦੀਆਂ ਲੀਹਾਂ ਉੱਤੇ ਲਿਜਾਣ ਅਤੇ ਅਮਨ ਕਾਨੂੰਨ ਦੀ ਸਥਿਤੀ ਨੂੰ ਬਹਾਲ ਕਰਨ ਲਈ ਇੱਕੋ ਇੱਕ ਵਿਕਲਪ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਦਾ ਹਿੱਸਾ ਬਣ ਕੇ 2027 ਵਿੱਚ ਬਸਪਾ ਨੂੰ ਸੱਤਾ 'ਤੇ



ਕਾਬਜ਼ ਕਰਨ ਲਈ ਇੱਕ ਝੰਡੇ ਥੱਲੇ ਇਕੱਠੇ ਹੋਣਾ ਹੈ। ਕਰੀਮਪੁਰੀ ਨੇ ਕਿਹਾ ਕਿ ਜਾਣਬੁੱਝ ਕੇ ਬਹੁਜਨ ਸਮਾਜ ਦੇ ਹਿਰਦਿਆਂ ਦਾ ਅਪਮਾਨ ਕੀਤਾ ਜਾ ਰਿਹਾ ਹੈ। ਕਰੀਮਪੁਰੀ ਨੇ ਕਿਹਾ ਕਿ ਮਨੀਸ਼ ਸਿਸੋਦੀਆ ਆਪਣੇ ਵਰਕਰਾਂ ਨੂੰ ਸ਼ਰੇਆਮ ਕਹਿ ਰਹੇ ਹਨ ਕਿ 2027 ਵਿੱਚ ਜਿੱਤਣ ਲਈ ਸਾਮ ਦਾਮ ਦੰਡ ਭੇਦ ਸਭ ਵੀ ਕਰਨੇ ਪੈਣ ਤਾਂ ਗੁਰੇਜ਼ ਨਹੀਂ ਕਰਨਾ, ਬਸ ਜਿੱਤ ਚਾਹੀਦੀ ਹੈ। ਕਰੀਮਪੁਰੀ ਨੇ ਕਿਹਾ ਕਿ ਮਨੀਸ਼ ਸਿਸੋਦੀਆ ਦਾ ਇਹ ਬਿਆਨ ਦਰਸਾਉਂਦਾ ਹੈ ਕਿ ਆਮ ਆਦਮੀ ਪਾਰਟੀ ਨਫ਼ਰਤ ਦੀ ਰਾਜਨੀਤੀ ਕਰਨ ਵਾਲੀ ਪਾਰਟੀ ਹੈ। ਇਸ ਮੌਕੇ ਬਸਪਾ ਪੰਜਾਬ ਦੇ ਕੋਆਰਡੀਨੇਟਰ ਤੀਰਥ ਰਾਜਪੁਰਾ ਨੇ ਘੱਟ ਗਿਣਤੀਆਂ ਨੂੰ ਬਸਪਾ ਦੇ ਨੀਲੇ ਝੰਡੇ ਹੇਠ ਇਕੱਠੇ ਹੋਣ ਦੀ ਅਪੀਲ ਕੀਤੀ। ਇਸ ਮੌਕੇ ਬਸਪਾ ਪੰਜਾਬ ਦੇ ਜਨਰਲ ਸੈਕਟਰੀ ਬਲਵਿੰਦਰ ਕੁਮਾਰ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਇਹ ਗੱਲ ਜਾਣ ਚੁੱਕੇ ਹਨ ਕਿ ਪੰਜਾਬ ਨੂੰ ਨਸ਼ਾ ਮੁਕਤ, ਭੈਅ ਮੁਕਤ ਤੇ ਖ਼ੁਸ਼ਹਾਲ ਬਣਾਉਣ ਲਈ ਜੇਕਰ ਕੋਈ ਪਾਰਟੀ ਜ਼ਿੰਦਣ ਨਾਲ ਜਤਨਸ਼ੀਲ ਹੈ ਤਾਂ ਉਹ ਬਸਪਾ ਹੈ ਇਹੀ ਕਾਰਨ ਹੈ ਕਿ ਪਿੰਡਾਂ ਤੇ ਸ਼ਹਿਰਾਂ ਅੰਦਰ ਵੱਡੀ ਗਿਣਤੀ ਵਿੱਚ ਲੋਕ ਬਸਪਾ ਨਾਲ ਜੁੜ ਰਹੇ ਹਨ। ਇਸ ਮੌਕੇ ਸਟੇਟ ਕੋਆਰਡੀਨੇਟਰ ਤੀਰਥ ਰਾਜਪੁਰਾ, ਲਾਲ ਚੰਦ ਔਜਲਾ, ਐਡਵੋਕੇਟ ਬਲਵਿੰਦਰ ਕੁਮਾਰ, ਗੁਰਮੇਲ ਚੁੰਬਰ, ਜਗਦੀਸ਼ ਸਿੰਘ ਨੰਗਲ, ਸੁਖਵਿੰਦਰ ਬਿੱਟੂ, ਸ਼ੁਸ਼ੀਲ ਵਿਰਦੀ, ਜਸਵਿੰਦਰ ਬੱਲੀ, ਮਹਿੰਦਰ ਪਾਲ, ਸਰਪੰਚ ਵਿਨੋ ਔਂਖਰ, ਸੋਨੀ ਗੰਨਾ ਪਿੰਡ, ਹੈਪੀ ਤੁੜਕਾ ਸਰਪੰਚ ਰਾਮ ਸਰੂਪ ਚੰਬਾ ਤੇ ਵੱਡੀ ਗਿਣਤੀ ਵਿੱਚ ਬਸਪਾ ਸਮਰਥਕ ਹਾਜ਼ਰ ਸਨ।

## ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਭਾਦੋਂ ਮਹੀਨੇ ਦੀ ਸੰਗਰਾਂਦ 'ਤੇ ਸਮਾਗਮ ਕਰਵਾਏ

**ਹੁਸ਼ਿਆਰਪੁਰ ( ਓ ਪੀ ਰਾਣਾ, ਬੀ ਐਸ ਸੈਣੀ )**

ਡੇਰਾ 108 ਸੰਤ ਬਾਬਾ ਸੀਤਲ ਦਾਸ ਜੀ ਬੋਹਣ ਵਿਖੇ ਭਾਦੋਂ ਮਹੀਨੇ ਦੀ ਸੰਗਰਾਂਦ ਦੇ ਵਿਸ਼ੇਸ਼ ਸਮਾਗਮ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਅਤੇ ਗੱਦੀਨਸ਼ੀਨ ਸੰਤ



ਸਰਵਣ ਦਾਸ ਜੀ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜਥੇ ਭਾਈ ਹਰਜਿੰਦਰ ਸਿੰਘ ਬਿਜਲੀ ਬੋਹਣ ਵਾਲੇ, ਭਾਈ ਅਜੇ ਪਾਲ ਸਿੰਘ, ਭਾਈ ਸੁਰਜੀਤ ਸਿੰਘ ਮਸਤੂਰ, ਭਾਈ ਗੁਰਮੇਲ ਸਿੰਘ ਰਾਮਪੁਰ ਭਾਈਆਂ ਅਤੇ ਡੇਰੇ ਦੇ ਸੇਵਾਦਾਰ ਲਖਪ੍ਰੀਤ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੰਗਰਾਂਦ ਦੇ ਮੌਕੇ ਸਵ. ਮਾਤਾ ਛਿੰਨੋ ਦੇਵੀ, ਸਵ. ਸੂਬੇਦਾਰ ਮਹੇਸ਼ ਰਾਜ ਦੇ ਸਪੁੱਤਰ ਪਰਮਜੀਤ ਭਟੋਆ ਜਰਮਨ, ਸ੍ਰੀਮਤੀ ਪਰਮਜੀਤ ਕੌਰ ਨੇ ਆਪਣੀ ਸਪੁੱਤਰੀ ਯੁਵਲੀਨ ਅਤੇ ਸਪੁੱਤਰ ਭਵਨੀਤ ਦੇ ਜਨਮ ਦਿਨ ਦੀਆਂ ਖੁਸ਼ੀਆਂ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਪ੍ਰਾਪਤ ਕੀਤੀ। ਇਸ ਮੌਕੇ ਰਿਟਾਇਰਡ ਡਾਇਰੈਕਟਰ ਰਜਿੰਦਰ ਕੁਮਾਰ ਭਾਟੀਆ, ਮਨਰੂਪ ਸਿੰਘ ਐਸ ਈ, ਸਰਪੰਚ ਗੁਰਚਰਨ ਸਿੰਘ ਮਿੰਟੂ, ਬਲਵੰਤ ਰਾਏ, ਗਿਆਨੀ ਦਲਜੀਤ ਸਿੰਘ, ਰਾਮ ਭੱਜ ਕਰਾੜੀ, ਗਿਆਨੀ ਰਵਿੰਦਰ ਸਿੰਘ ਵੀ ਹਾਜ਼ਰ ਸਨ।

### 15ਵੀਂ ਹਾਕੀ ਇੰਡੀਆ ਜੂਨੀਅਰ ਮੈਨ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ

## ਓਡੀਸ਼ਾ, ਮਨੀਪੁਰ, ਝਾਰਖੰਡ ਤੇ ਮੱਧ ਪ੍ਰਦੇਸ਼ ਕਵਾਰਟਰ ਫਾਈਨਲ 'ਚ

**ਜਲੰਧਰ (ਸ਼ੈਲੀ ਐਲਬਰਟ)**

ਓਡੀਸ਼ਾ, ਮਨੀਪੁਰ, ਝਾਰਖੰਡ ਅਤੇ ਮੱਧ ਪ੍ਰਦੇਸ਼ ਦੀਆਂ ਟੀਮਾਂ 15ਵੀਂ ਹਾਕੀ ਇੰਡੀਆ ਜੂਨੀਅਰ ਮੈਨ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ ਦੇ ਕਵਾਰਟਰ ਫਾਈਨਲ ਵਿੱਚ ਪਹੁੰਚ ਗਈਆਂ ਹਨ। ਇਸ ਸਬੰਧੀ ਹਾਕੀ ਪੰਜਾਬ ਦੇ ਪ੍ਰਧਾਨ ਨਿਤਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪੁਆਰ ਨੇ ਦੱਸਿਆ ਕਿ ਹਾਕੀ ਪੰਜਾਬ ਵਲੋਂ ਰਾਊਂਡ ਗਲਾਸ ਅਤੇ ਹੋਰ ਖੇਡ ਸਨਅਤਾਂ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਇਸ ਚੈਂਪੀਅਨਸ਼ਿਪ ਦੇ ਸੱਤਵੇਂ ਦਿਨ ਲੀਗ ਦੌਰ ਦੇ ਆਖਰੀ ਚਾਰ ਮੈਚ ਖੇਡੇ ਗਏ। ਕਵਾਰਟਰ ਫਾਈਨਲ ਮੁਕਾਬਲੇ 20 ਅਗਸਤ ਨੂੰ ਖੇਡੇ ਜਾਣਗੇ।ਪਹਿਲੇ ਮੈਚ ਵਿੱਚ ਓਡੀਸ਼ਾ ਨੇ ਆਂਧਰਾ ਪ੍ਰਦੇਸ਼ ਨੂੰ ਇਕ ਪਾਸੜ ਮੈਚ ਵਿੱਚ 10-0 ਨਾਲ ਹਰਾ ਕੇ ਕਵਾਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਦੂਜੇ ਮੈਚ ਵਿੱਚ ਮਨੀਪੁਰ ਨੇ ਦਾਦਰਾ ਨਗਰ ਹਵੇਲੀ ਨੂੰ 5-1 ਨਾਲ ਹਰਾਇਆ। ਤੀਜੇ ਮੈਚ ਵਿੱਚ ਝਾਰਖੰਡ ਨੇ ਮਹਾਰਾਸ਼ਟਰ ਨੂੰ 5-3 ਦੇ ਫਰਕ ਨਾਲ ਹਰਾ ਕੇ ਕਵਾਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਅੱਧੇ ਸਮੇਂ ਬਾਅਦ ਤਾਮਿਲਨਾਡੂ ਨੇ ਲਗਾਤਾਰ 2 ਗੋਲ ਕਰਕੇ ਸਕੋਰ 3-3 ਨਾਲ ਬਰਾਬਰ ਕਰ ਦਿੱਤਾ। ਤਾਮਿਲਨਾਡੂ ਮੈਚ ਬਰਾਬਰ ਕਰਨ ਦੇ ਬਾਵਜੂਦ ਕਵਾਰਟਰ ਫਾਈਨਲ ਵਿੱਚ ਨਹੀਂ ਪਹੁੰਚ ਸਕੀ ਕਿਉਂਕਿ ਗੋਲ ਔਸਤ ਦੇ ਆਧਾਰ 'ਤੇ ਮੱਧ ਪ੍ਰਦੇਸ਼ ਕਵਾਰਟਰ ਫਾਈਨਲ ਵਿੱਚ ਪ੍ਰਵੇਸ਼ ਕਰ ਲਈ।



ਅੱਧੇ ਸਮੇਂ ਤੱਕ ਮੱਧ ਪ੍ਰਦੇਸ਼ 3-1 ਨਾਲ ਅੱਗੇ ਸੀ।ਅੱਜ ਦੇ ਮੈਚਾਂ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਡਾਕਟਰ ਸਰਬਜੀਤ ਕੌਰ ਰਾਏ, ਸੁਰਿੰਦਰ ਸਿੰਘ ਭਾਪਾ, ਲਖਵਿੰਦਰ ਪਾਲ ਸਿੰਘ, ਉਲੰਪੀਅਨ ਗੁਰਜੀਤ ਕੌਰ, ਉਲੰਪੀਅਨ ਬਲਜੀਤ ਸਿੰਘ ਢਿੱਲੋਂ, ਕੁਲਵੰਤ ਰਾਏ ਸਹੋਤਾ, ਗੁੰਦੀਪ ਸਿੰਘ ਕਪੂਰ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ। ਇਸ ਮੌਕੇ ਉਲੰਪੀਅਨ ਸੰਜੀਵ ਕੁਮਾਰ, ਗੁਰਮੀਤ ਸਿੰਘ, ਜੀ ਐਸ ਸੰਘਾ, ਪਰਮਿੰਦਰ ਕੌਰ, ਐਚ ਐਸ ਸੰਘਾ, ਜਤਿੰਦਰ ਸਾਬੀ, ਪ੍ਰਦੀਪ ਕੌਰ, ਰਿਪੁਦਮਨ ਕੁਮਾਰ ਸਿੰਘ, ਰਾਮ ਸਰਨ, ਅਵਤਾਰ ਸਿੰਘ, ਕ੍ਰਿਪਾਲ ਸਿੰਘ ਮਠਾਰੂ, ਬਲਜੋਤ ਸਿੰਘ, ਨਿਤਨ ਮਹਾਜਨ, ਤੀਰਥ ਸਿੰਘ ਕਪੂਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਅਕਸ਼ੈ ਕੁਮਾਰ ਪੰਜਾਬ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਬਣੇ

**ਫਗਵਾੜਾ (ਇੰਦਰਜੀਤ ਸਿੰਘ ਮਠਾਰੂ)** ਪੰਜਾਬ ਰੈਸਲਿੰਗ ਐਸੋਸੀਏਸ਼ਨ ਦੀ ਮੀਟਿੰਗ ਐਸੋਸੀਏਸ਼ਨ ਦੇ ਲਾਈਫ ਟਾਈਮ ਪ੍ਰਧਾਨ ਪਦਮ ਸ਼੍ਰੀ ਕਰਤਾਰ ਸਿੰਘ (ਰਿਟ. ਆਈ.ਜੀ.) ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਅਕਸ਼ੈ ਕੁਮਾਰ ਅੰਮ੍ਰਿਤਸਰ ਨੂੰ ਸਰਬ ਸੰਮਤੀ ਨਾਲ ਐਸੋਸੀਏਸ਼ਨ ਦਾ ਪ੍ਰਧਾਨ ਐਲਾਨਿਆ ਗਿਆ। ਅਕਸ਼ੈ ਕੁਮਾਰ ਦੇ ਨਾਂਅ ਦਾ ਪ੍ਰਸਤਾਵ ਸਾਬਕਾ ਪ੍ਰਧਾਨ ਰਮਨ ਕੁਮਾਰ (ਰਿਟ. ਨਿਊਜ਼ ਰੀਡਰ ਦੂਰਦਰਸ਼ਨ ਜਲੰਧਰ) ਵਲੋਂ ਰੱਖਿਆ ਗਿਆ। ਪਦਮ ਸ਼੍ਰੀ ਕਰਤਾਰ ਸਿੰਘ ਤੋਂ ਇਲਾਵਾ ਸ਼ਾਹਬਾਜ਼ ਸਿੰਘ ਜਨਰਲ ਸਕੱਤਰ ਪੰਜਾਬ ਅਤੇ ਰੀਤ ਪ੍ਰੀਤ ਪਾਲ ਸਿੰਘ ਪ੍ਰੈਸ ਸਕੱਤਰ ਪੰਜਾਬ ਨੇ ਗੁਲਦਸਤੇ ਭੇਂਟ ਕਰਕੇ ਅਤੇ ਫੁੱਲ ਮਾਲਾਵਾਂ ਪਾ ਕੇ ਨਵ ਨਿਯੁਕਤ ਪ੍ਰਧਾਨ ਅਕਸ਼ੈ ਕੁਮਾਰ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਨਵ ਨਿਯੁਕਤ ਪ੍ਰਧਾਨ ਅਕਸ਼ੈ ਕੁਮਾਰ ਨੇ ਆਪਣੀ ਨਿਯੁਕਤੀ ਲਈ ਸਮੂਹ ਅਹੁਦੇਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਜੋ ਜ਼ਿੰਮੇਵਾਰੀ ਉਹਨਾਂ ਨੂੰ ਦਿੱਤੀ ਗਈ ਹੈ, ਉਸ ਨੂੰ ਪੂਰੀ ਤਨਦੇਹੀ ਦੇ ਨਾਲ ਨਿਭਾਉਣਗੇ। ਉਹਨਾਂ ਭਵਿੱਖ 'ਚ ਪਹਿਲਵਾਨ ਵਿਦਿਆਰਥੀਆਂ ਤੋਂ ਲਈ ਜਾਣ ਵਾਲੀ ਐਂਟਰੀ ਫੀਸ ਮਾਫ ਕਰਨ ਦਾ ਐਲਾਨ ਕੀਤਾ ਅਤੇ ਕਿਹਾ ਕਿ ਕਿਸੇ ਵੀ ਚੈਂਪੀਅਨਸ਼ਿਪ ਲਈ ਕੁਆਲੀਫਾਈ ਕਰਨ ਵਾਲੇ ਪਹਿਲਵਾਨਾਂ ਨੂੰ ਜਾਣ-ਆਉਣ ਦੀ ਟਿਕਟ ਵੀ ਫ੍ਰੀ ਦਿੱਤੀ ਜਾਵੇਗੀ। ਉਹਨਾਂ ਭਰੋਸਾ ਦਿੱਤਾ ਕਿ ਐਸੋਸੀਏਸ਼ਨ ਦੀ ਬਿਹਤਰੀ ਅਤੇ ਕੁਸ਼ਤੀ ਨੂੰ ਪ੍ਰਫੁੱਲਤ ਕਰਨ 'ਚ ਹਰ ਸੰਭਵ ਯੋਗਦਾਨ ਦੇਣਗੇ। ਇਸ ਮੌਕੇ ਗੁਰਮੀਤ ਸਿੰਘ ਏ.ਐਸ.ਆਈ., ਬਿਕਰਮ ਸ਼ਰਮਾ ਅੰਮ੍ਰਿਤਸਰ, ਪਿਆਰਾ ਸਿੰਘ ਕਪੂਰਥਲਾ, ਮੁਹੰਮਦ ਖਾਲਿਦ ਮਲੇਰਕੋਟਲਾ, ਰਜਿੰਦਰ ਸਿੰਘ ਹੁਸ਼ਿਆਰਪੁਰ, ਜੇ.ਐਸ. ਢਿੱਲੋਂ, ਰੋਪੜ, ਹਰਪਾਲ ਸਿੰਘ ਤਰਨਤਾਰਨ, ਅਸ਼ੋਕ ਕੁਮਾਰ ਤਰਨਤਾਰਨ, ਸਰਬਜੀਤ ਸਿੰਘ ਬਾਹਲਾ ਫਤਿਹਗੜ੍ਹ ਸਾਹਿਬ, ਅਬਦੁਲ ਸੱਤਾਰ ਸੰਗਰੂਰ, ਸੁਖਵੰਤ ਸਿੰਘ ਬਠਿੰਡਾ, ਵੇਦ ਪ੍ਰਕਾਸ਼ ਸੰਗਰੂਰ, ਗੁਰਪ੍ਰੀਤ ਸਿੰਘ ਫਰੀਦਕੋਟ, ਵਿਸ਼ਾਲਦੀਪ ਫਰੀਦਕੋਟ, ਪਵਨ ਕੁਮਾਰ, ਹਰਵਿੰਦਰ ਸਿੰਘ ਫਰੀਦਕੋਟ, ਅਭੈ ਸ਼ਰਮਾ ਮੋਗਾ, ਵਿਕਰਮ ਸ਼ਰਮਾ, ਅੰਮ੍ਰਿਤਸਰ, ਕਰਤਾਰ ਸਿੰਘ, ਰਮਨ ਕੁਮਾਰ ਜਲੰਧਰ, ਰਸਾਲ ਸਿੰਘ ਰੋਪੜ ਆਦਿ ਹਾਜ਼ਰ ਸਨ।



## ਆਪਣੇ ਚੁੱਲ੍ਹੇ ਸਮੇਟਣ ਦਾ ਹੁਕਮਨਾਮਾ ਜਾਰੀ ਕਰਨ ਵਾਲੇ ਖੁਦ ਆਪਣਾ ਚੁੱਲ੍ਹਾ ਬਣਾ ਕੇ ਬੈਠੇ : ਸਿੰਗੜੀਵਾਲਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )**

2 ਦਸੰਬਰ 2024 ਨੂੰ ਮੀਰੀ ਪੀਰੀ ਦੇ ਮਹਾਨ ਤਖਤ ਅਤੇ ਸਿਧਾਂਤ ਦੀ ਅਗਵਾਈ ਹੇਠ 5 ਸਿੰਘ ਸਾਹਿਬਾਨ ਨੇ ਹੁਕਮਨਾਮਾ ਜਾਰੀ ਕਰਦੇ ਹੋਏ ਲਿਖਤੀ ਰੂਪ ਵਿਚ ਕਿਹਾ ਸੀ ਕਿ ਵੱਖ-ਵੱਖ ਅਕਾਲੀ ਧੜੇ ਆਪੋ ਆਪਣੇ ਵੱਖ-ਵੱਖ ਸਿਆਸੀ ਚੁੱਲ੍ਹਿਆਂ ਨੂੰ ਸਮੇਟ ਕੇ ਇਸ ਮਹਾਨ ਸੰਸਥਾਂ ਦੀ ਸਰਬਉੱਚਤਾ ਨੂੰ ਪ੍ਰਵਾਨ ਕਰਕੇ ਇਕੋ ਇਕ ਸ਼੍ਰੋਮਣੀ ਅਕਾਲੀ ਦਲ ਨੂੰ ਹੋਂਦ ਵਿਚ ਲਿਆਉਣ ਪਰ ਅਜਿਹੇ ਹੁਕਮਨਾਮੇ ਜਾਰੀ ਕਰਨ ਵਾਲਿਆਂ ਚੋਂ ਸਾਬਕਾ ਜਥੇਦਾਰ ਦਮਦਮਾ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਸਿਆਸੀ ਲਾਲਸਾਵਾਂ ਅਧੀਨ ਆਪਣਾ ਹੀ ਇੱਕ ਹੋਰ ਚੁੱਲ੍ਹਾ ਬਣਾ ਬੈਠੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਕੱਲ ਹੋਂਦ ਵਿੱਚ ਆਏ ਨਵੇਂ ਅਕਾਲੀ ਦਲ ਪ੍ਰਤੀ ਪ੍ਰਤਿਕਿਰਿਆ ਜਾਰੀ ਕਰਦੇ ਹੋਏ ਕੀਤਾ। ਸਿੰਗੜੀਵਾਲਾ ਨੇ ਕਿਹਾ ਕਿ ਹੁਕਮਨਾਮੇ ਵਿਚ ਇਹ ਵੀ ਦਰਜ ਹੈ ਕਿ ਬਾਦਲ ਅਕਾਲੀ ਦਲ ਜਾਂ ਸੁਧਾਰ ਲਹਿਰ ਵਾਲੇ ਬਾਗੀ ਦਾਗੋ ਦਾਗ ਹੋਈ ਸਮੁੱਚੀ ਸਿੱਖ ਕੌਮ ਦੀ ਦੋਸ਼ੀ ਲੀਡਰਸਿਪ ਵੱਲੋਂ ਬੀਤੇ ਸਮੇ ਵਿਚ ਸਿੱਖ ਕੌਮ ਨਾਲ ਕੀਤੇ ਗਏ ਵੱਡੇ ਧੋਖੇ-ਫਰੇਬ ਦੀ ਬਦੌਲਤ ਹੁਣ ਇਨ੍ਹਾਂ ਨੂੰ ਸਿੱਖ ਕੌਮ ਦੀ ਧਾਰਮਿਕ ਜਾਂ ਰਾਜਨੀਤਿਕ ਅਗਵਾਈ ਕਰਨ ਦਾ ਇਖਲਾਕੀ ਹੱਕ ਨਹੀਂ ਰਿਹਾ । ਪਰ ਦੁੱਖ ਅਤੇ ਅਫਸੋਸ ਹੈ ਕਿ ਜੋ ਵਿਦਵਾਨ ਅਤੇ ਗਿਆਨੀ ਉਪਰੋਕਤ ਹੁਕਮਨਾਮੇ ਨੂੰ ਜਾਰੀ ਕਰਨ ਸਮੇਂ ਬਤੌਰ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਦੇ ਸਿੰਘ ਸਾਹਿਬਾਨ ਵਿਚ ਸ਼ਾਮਿਲ ਸਨ, ਉਹ ਖੁਦ ਹੀ ਹੋਏ ਹੁਕਮਨਾਮਿਆਂ ਨੂੰ ਲਾਗੂ ਕਰਵਾਉਣ ਜਾਂ ਸੰਪੂਰਨ ਕਰਵਾਉਣ ਦੀ ਬਜਾਇ ਆਪਣਾ ਇਕ ਨਵਾਂ ਚੁੱਲ੍ਹਾ ਆਪਣੀ ਪ੍ਰਧਾਨਗੀ ਵਿਚ ਬਣਾ ਕੇ ਬੈਠ ਗਏ ਅਤੇ ਇਕ ਧੜੇ ਦੁਆਰਾ ਕੀਤੀ ਗਈ ਭਰਤੀ ਨੂੰ ਕਾਨੂੰਨੀ ਆਧਾਰ ਦੱਸ ਕੇ ਆਪਣੇ ਧੜੇ ਦੀ ਜਮਹੂਰੀਅਤ ਚੋਣ ਹੋਣ ਦਾ ਗੁੰਮਰਾਹਕੁੰਨ ਪ੍ਰਚਾਰ ਤੇ ਪ੍ਰਸਾਰ ਕਰ ਰਹੇ ਨੇ । ਜਦੋਂਕਿ ਇਨ੍ਹਾਂ ਨੇ ਖੁਦ ਹੁਕਮਨਾਮੇ ਵਿਚ ਦਰਜ ਕੀਤਾ ਸੀ ਕਿ ਇਹ ਲੋਕ ਖਾਲਸਾ ਪੰਥ ਦੀ ਅਗਵਾਈ ਕਰਨ ਦਾ ਇਖਲਾਕੀ ਹੱਕ ਗੁਆ ਚੁੱਕੇ ਹਨ । ਕੀ ਗਿਆਨੀ ਹਰਪ੍ਰੀਤ ਸਿੰਘ ਖੁਦ ਹੀ ਇਸ ਦੁਖਦਾਇਕ ਅਤੇ ਕੌਮ ਵਿਰੋਧੀ ਵਰਤਾਰੇ ਦਾ ਹਿੱਸਾ ਬਣ ਕੇ ਆਪਣੀ ਹਾਜ਼ਰੀ ਵਿਚ ਹੋਏ ਹੁਕਮਨਾਮੇ ਦੀ ਤੌਹੀਨ ਨਹੀ ਕਰ ਰਹੇ ?



## ਐੱਸ ਡੀ ਹਾਈ ਸਕੂਲ ਮੈਨੇਜਮੈਂਟ ਕਮੇਟੀ ਦੀ ਮੀਟਿੰਗ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸੋਮਵਾਰ ਸ੍ਰੀ ਅਨੰਦਪੁਰ ਸਾਹਿਬ ਦੇ ਐਸ ਡੀ ਹਾਈ ਸਕੂਲ ਵਿਖੇ ਸਕੂਲ ਮੈਨੇਜਮੈਂਟ ਕਮੇਟੀ ਦੀ ਮੀਟਿੰਗ ਹੋਈ ਜਿਸ ਵਿੱਚ ਸਕੂਲ



ਦੇ ਪ੍ਰਬੰਧਾਂ ਲਈ ਕਮੇਟੀ ਦੇ ਮੈਂਬਰਾਂ ਵੱਲੋਂ ਆਪਣੇ ਆਪਣੇ ਵਿਚਾਰ ਦਿੱਤੇ ਗਏ। ਜਿਸ ਵਿੱਚ ਸਭ ਤੋਂ ਪੁਰਾਣੀ ਇਸ ਸਕੂਲ ਨੂੰ ਵਧੀਆ ਢੰਗ ਨਾਲ ਚਲਾਉਣ ਲਈ ਕਮੇਟੀ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਉੱਥੇ ਹੀ ਕਮੇਟੀ ਦੇ ਮੈਨੇਜਰ ਕ੍ਰਿਸ਼ਨ ਕੁਮਾਰ ਬੇਦੀ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਸਮੂਹ ਮੈਂਬਰਾਂ ਨੇ ਆਪਣੇ ਆਪਣੇ ਵਿਚਾਰ ਰੱਖੇ ਅਤੇ ਸਕੂਲ ਨੂੰ ਇੱਕ ਨਮੂਨੇ ਦਾ ਸਕੂਲ ਬਣਾਉਣ ਲਈ ਜਿੱਥੇ ਇਲਾਕੇ ਦੇ ਲੋਕਾਂ ਨੂੰ ਸਹਿਯੋਗ ਦੀ ਅਪੀਲ ਕੀਤੀ, ਉਥੇ ਹੀ ਸਕੂਲ ਦੇ ਪ੍ਰਬੰਧਾਂ ਨੂੰ ਹੋਰ ਵਧੀਆ ਢੰਗ ਨਾਲ ਚਲਾਉਣ ਲਈ ਪ੍ਰਬੰਧਕ ਕਮੇਟੀ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ। ਸਕੂਲ ਵਿੱਚ ਰੈਨੋਵੇਸ਼ਨ ਅਤੇ ਹੋਰ ਕੰਮਾਂ ਲਈ ਮਨੇਜਮੈਂਟ ਕਮੇਟੀ ਵੱਲੋਂ ਵਿਚਾਰ ਕੀਤੇ ਗਏ। ਇਸ ਮੀਟਿੰਗ ਵਿੱਚ ਕਮੇਟੀ ਦੇ ਪ੍ਰਧਾਨ ਮੋਹਨ ਲਾਲ, ਕਮੇਟੀ ਦੇ ਉਪ ਪ੍ਰਧਾਨ ਭੁਪਿੰਦਰ ਸ਼ਰਮਾ, ਜਨਰਲ ਸੈਕਟਰੀ ਰਾਜਨਦੀਪ ਕੌਸ਼ਲ, ਅਸਿਸਟੈਂਟ ਮੈਨੇਜਰ ਦਵਿੰਦਰ ਕੌਸ਼ਲ, ਮੈਂਬਰ ਗਿਰਜਾ ਸ਼ੰਕਰ ਦਵੇਦੀ, ਮਨੀਸ਼ ਕੇਅਰ ਪਾਲ ਹਰਮੀਸ਼ ਕੁਮਾਰ, ਬ੍ਰਾਹਮਣ ਸਭਾ ਦੇ ਪ੍ਰਧਾਨ ਰਮੇਸ਼ ਚੰਦਰ ਸ਼ਾਸਤਰੀ, ਪੰਡਿਤ ਤਰਲੋਚਨ ਸ਼ਰਮਾ, ਨਵਦੀਪ ਕੁਮਾਰ, ਪ੍ਰਿੰਸੀਪਲ ਸਤੀਸ਼ ਕੁਮਾਰ, ਨੀਲਮ ਕੁਮਾਰ, ਵਿਨੇ ਕੁਮਾਰ ਆਦਿ ਹਾਜ਼ਰ ਸਨ।

## ਭਾਨ ਮਜਾਰਾ 'ਚ ਮੁਫ਼ਤ ਮੈਡੀਕਲ ਕੈਂਪ ਲਗਾਇਆ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**–ਸੰਧੂ ਹਸਪਤਾਲ ਚੰਡੀਗੜ੍ਹ ਰੋਡ ਨਵਾਂਸ਼ਹਿਰ ਵੱਲੋਂ ਡੇਰਾ ਬਾਬਾ ਪੀਰ ਜੀ ਪਿੰਡ ਭਾਨ ਮਜਾਰਾ ਵਿੱਚ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਇੱਕ ਮੁਫ਼ਤ ਬਹੁ-ਵਿਸ਼ੇਸ਼ਗੀ ਮੈਡੀਕਲ ਕੈਂਪ ਲਗਾਇਆ ਗਿਆ।ਇਸ ਕੈਂਪ ਦਾ ਮੁੱਖ ਉਦੇਸ਼ ਪਿੰਡਾਂ ਦੇ ਨਿਵਾਸੀਆਂ ਤੱਕ ਵਿਸ਼ੇਸ਼ਗੀ ਚਿਕਿਤਸਾ ਸੇਵਾਵਾਂ ਅਤੇ ਸਿਹਤ ਜਾਗਰੂਕਤਾ ਪਹੁੰਚਾਉਣਾ ਸੀ।ਮੈਡੀਕਲ ਟੀਮ ਵਿੱਚ ਡਾ. ਕਨਵ ਟੰਡਨ (ਕੰਸਲਟੈਂਟ ਔਰਥੋਪੀਡਿਕ ਸਰਜਨ), ਡਾ. ਸੰਦੀਪ ਅਗਰਵਾਲ (ਸਰਜੀਕਲ ਮੈਡੀਸਨ ਵਿਭਾਗ), ਡਾ. ਅਨੁਜ (ਮੈਡੀਕਲ ਅਫਸਰ), ਡਾ. ਸਿਮਰਨ (ਮੈਡੀਕਲ ਅਫਸਰ) ਸ਼ਾਮਲ ਸਨ। ਕੈਂਪ ਦੌਰਾਨ ਮਰੀਜ਼ਾਂ ਨੂੰ ਮੁਫ਼ਤ ਮੈਡੀਕਲ ਸਲਾਹਾਂ, ਮੁਫ਼ਤ ਦਵਾਈਆਂ, ਸੰਧੂ ਹਸਪਤਾਲ ਵਿੱਚ ਐਕਸ-ਰੇ ਲਈ ਮੁਫ਼ਤ ਕੂਪਨ ਅਤੇ ਰਿਆਇਤੀ ਦਰਾਂ 'ਤੇ ਖੂਨ ਦੇ ਟੈਸਟ ਉਪਲਬਧ ਕਰਵਾਏ ਗਏ। ਇਸ ਮੌਕੇ 'ਤੇ ਪਿੰਡ ਦੇ ਚੇਅਰਮੈਨ ਚਮਨ ਸਿੰਘ ਭਾਨ ਮਜਾਰਾ ਨੇ ਸੰਧੂ ਹਸਪਤਾਲ ਦੀ ਮੈਡੀਕਲ ਟੀਮ ਦਾ ਤਹਿ-ਦਿਲੋਂ ਸਵਾਗਤ ਕੀਤਾ ਅਤੇ ਪਿੰਡ ਪੱਧਰ 'ਤੇ ਸਿਹਤ ਸੇਵਾਵਾਂ ਦੀ ਪਹੁੰਚ ਵਧਾਉਣ ਲਈ ਹਸਪਤਾਲ ਦੇ ਯਤਨਾਂ ਦੀ ਪਸੰਸਾ ਕੀਤੀ।

## ਦਿਹਾਣਾ ਵਿਖੇ ਜਨਮ ਅਸ਼ਟਮੀ ਮੌਕੇ ਧਾਰਮਿਕ ਸਮਾਗਮ ਕਰਵਾਏ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਦਿਹਾਣਾ ਪ੍ਰਚੀਨ ਸ਼ਿਵ ਮੰਦਰ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਧਾਰਮਿਕ ਸਮਾਗਮ ਕਰਵਾਏ ਗਏ। ਇਸ ਮੌਕੇ ਪੰਡਤ ਕਮਲਦੀਪ ਬੱਬੂ ਨੇ ਦੱਸਿਆ ਕਿ ਸਲਾਨਾ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ੍ਰੀ ਕ੍ਰਿਸ਼ਨ ਦੀ ਪੂਜਾ ਅਰਚਨਾ ਕੀਤੀ ਗਈ। ਉਪਰੰਤ ਦੀਵਾਨ ਹਾਲ ਵਿੱਚ ਬੀਬੀਆਂ ਭੈਣਾਂ ਵੱਲੋਂ ਭਜਨ ਕੀਰਤਨ ਕੀਤਾ ਗਿਆ। ਇਸ ਮੌਕੇ ਧਾਰਮਿਕ ਸਮਾਗਮ ਦੌਰਾਨ ਰਣਵੀਰ ਸਿੰਘ ਸਰੋਆ ਅਮਰੀਕਾ, ਰਵੀ ਪਾਲ ਸਿੰਘ ਸਰੋਆਂ ਸਪੇਨ, ਵਿਜੈ ਪਾਲ ਸਿੰਘ ਸਰੋਆ ਸਪੇਨ, ਕੁਲਵਿੰਦਰ ਪਾਲ ਸ਼ਰਮਾ ਅਮਰੀਕਾ, ਹਨੀ ਸ਼ਰਮਾ ਅਮਰੀਕਾ ਆਦਿ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਧਾਰਮਿਕ ਸਮਾਗਮ ਦੌਰਾਨ ਪੰਡਤ ਰਣਜੀਤ ਮਿਸਰਾ, ਪੰਡਤ ਕਮਲਦੀਪ ਬੱਬੂ, ਬਰਿੰਦਰ ਸਿੰਘ ਜਸਵਾਲ, ਸਿਰਤਾਜ ਪਾਲ ਸਿੰਘ ਹੈਪੀ ਸਰੋਆਂ,ਮਨਿੰਦਰ ਸਿੰਘ ਸਰੋਆ, ਪ੍ਰਵੇਸ਼ ਕੁਮਾਰ, ਕਨਵ ਸ਼ਰਮਾ, ਸਕਸ਼ਮ ਸ਼ਰਮਾ, ਰਾਦਵ, ਮਾਦਬ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਲੰਗਰ ਭੰਡਾਰਾ ਲਗਾਇਆ ਗਿਆ।

## ਮੇਹਰ ਚੰਦ ਕਾਲਜ ਦੇ ਇਲੈਕਟ੍ਰਾਨਿਕਸ ਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵੱਲੋਂ ਆਜ਼ਾਦੀ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**

ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਪ੍ਰਭਾਵਸ਼ਾਲੀ ਅਗਵਾਈ ਅਤੇ ਮੈਡਮ ਪ੍ਰੀਤ ਕੰਵਲ, ਇੰਚਾਰਜ, ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਦੇ



ਸਮਰੱਥ ਮਾਰਗਦਰਸ਼ਨ ਹੇਠ, ਈ. ਸੀ. ਈ ਵਿਭਾਗ ਨੇ ਭਾਰਤ ਦਾ 79ਵਾਂ ਆਜ਼ਾਦੀ ਦਿਵਸ ਉਤਸ਼ਾਹ ਅਤੇ ਦੇਸ਼ਭਗਤੀ ਨਾਲ ਮਨਾਇਆ।ਇਸ ਮੌਕੇ ਵਿਦਿਆਰਥੀਆਂ ਲਈ ਕਈ ਮੁਕਾਬਲੇ ਕਰਵਾਏ ਗਏ, ਜਿਵੇਂ ਕਿ ਕਲਾਸ ਸਜਾਵਟ, ਪੋਸਟਰ ਮੈਕਿੰਗ ਅਤੇ ਕਵਿਤਾ ਪਾਠ, ਤਾਂ ਜੋ ਉਹ ਆਪਣੇ ਦੇਸ਼ਭਗਤੀ ਦੇ ਜਜ਼ਬੇ ਨੂੰ ਕਲਾਤਮਕ ਅਤੇ ਸਾਹਿਤਕ ਰੂਪ ਵਿੱਚ ਪ੍ਰਗਟ ਕਰ ਸਕਣ।ਕਲਾਸ ਸਜਾਵਟ ਮੁਕਾਬਲੇ 'ਚ ਸਾਫਟਵੇਅਰ ਵਿਭਾਗ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਪੋਸਟਰ ਮੈਕਿੰਗ ਮੁਕਾਬਲੇ ਵਿੱਚ ਕੋਸ਼ਿਕ ਨੇ ਪਹਿਲਾ ਸਥਾਨ, ਮਾਧਵ ਨੇ ਦੂਜਾ ਸਥਾਨ ਅਤੇ ਪਾਰਥ ਨੇ ਤੀਜਾ ਸਥਾਨ ਹਾਸਲ ਕੀਤਾ। ਕਵਿਤਾ ਪਾਠ ਮੁਕਾਬਲੇ ਵਿੱਚ ਉਤਕਰਸ਼ ਨੇ ਪਹਿਲਾ, ਬੰਧਨ ਨੇ ਦੂਜਾ ਅਤੇ ਜ਼ੈਦ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਜੱਜਮੈਂਟ ਮੈਡਮ ਪ੍ਰੀਤ ਕੰਵਲ, ਇੰਚਾਰਜ (ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ) ਅਤੇ ਪ੍ਰਿੰਸ ਮਦਾਨ, ਇੰਚਾਰਜ (ਕੰਪਿਊਟਰ ਸਾਇੰਸ ਇੰਜੀਨੀਅਰਿੰਗ ਵਿਭਾਗ) ਵੱਲੋਂ ਕੀਤੀ।

## ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇ : ਡਾ. ਬਾਂਸਲ




**ਬਲਾਚੌਰ (ਜਸਵਿੰਦਰ ਬੈਂਸ)**

ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਮੋਹਾਲੀ (ਪੀ.ਐੱਚ.ਐੱਸ.ਸੀ.) ਦੇ ਡਿਪਟੀ ਡਾਇਰੈਕਟਰ ਡਾ. ਸੁਨੀਲ ਕੁਮਾਰ ਬਾਂਸਲ ਨੇ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਸਮੇਤ ਹੋਰਨਾਂ ਸਿਹਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਸਿਹਤ ਸੇਵਾਵਾਂ ਵਿਚ ਹੋਰ ਸੁਧਾਰ ਲਿਆਉਣ ਲਈ ਸਿਹਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ।ਡਿਪਟੀ ਡਾਇਰੈਕਟਰ ਡਾ. ਸੁਨੀਲ ਕੁਮਾਰ ਬਾਂਸਲ ਨੇ ਓ.ਪੀ.ਡੀ., ਆਈ.ਪੀ.ਡੀ., ਲੈਬ ਟੈਸਟ ਸੇਵਾਵਾਂ, ਜੱਚਾ-ਬੱਚਾ ਸਿਹਤ ਸੇਵਾਵਾਂ, ਓਟ ਸੇਵਾਵਾਂ, ਐਮਰਜੈਂਸੀ ਸੇਵਾਵਾਂ ਆਦਿ ਸਮੇਤ ਹੋਰ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਕੀਤੀ। ਇਸ ਮੌਕੇ ਉਨ੍ਹਾਂ ਨੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਸਮੇਤ ਹੋਰਨਾਂ ਸਿਹਤ ਅਧਿਕਾਰੀਆਂ ਨਾਲ ਸਿਹਤ ਸੇਵਾਵਾਂ ਸਬੰਧੀ ਵਿਚਾਰ-ਚਰਚਾ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਦੇ ਇਸ ਦੌਰੇ ਦਾ ਮੰਤਵ ਸਿਹਤ ਸੰਸਥਾਵਾਂ ਵਿਚ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਉਪਲਬੱਧ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਵਿਚ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਿਚ ਜਿੱਥੇ ਕਿਤੇ ਵੀ ਕੋਈ ਖਾਮੀ ਨਜ਼ਰ ਆਉਂਦੀ ਹੈ, ਉਸ ਨੂੰ ਤੁਰੰਤ ਦੂਰ ਕੀਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਸਿਹਤ ਸੰਸਥਾਵਾਂ ਵਿਚ ਸਾਫ-ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ। ਹਾਲਾਂਕਿ ਉਨ੍ਹਾਂ ਨੇ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਕੀਤੇ ਗਏ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ।ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਜ਼ਿਲ੍ਹੇ ਵਿਚ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਅਤੇ ਪ੍ਰਾਪਤੀਆਂ ਬਾਰੇ ਡਿਪਟੀ ਡਾਇਰੈਕਟਰ ਡਾ. ਸੁਨੀਲ ਕੁਮਾਰ ਬਾਂਸਲ ਨੂੰ ਜਾਣੂ ਕਰਵਾਇਆ।ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਸਮੇਤ ਹੋਰ ਸਿਹਤ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

## ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਮਨਾਇਆ ਕ੍ਰਿਸ਼ਨ ਜਨਮ ਅਸ਼ਟਮੀ ਉਤਸਵ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**

ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਯੋਗ ਰਹਿਨੁਮਾਈ ਹੇਠ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਬਹੁਤ ਹੀ ਧੂਮ ਧਾਮ ਨਾਲ ਮਨਾਈ ਗਈ।ਇਸ ਖਾਸ ਦਿਹਾੜੇ ਦੀ ਸ਼ੁਰੂਆਤ ਸਕੂਲ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਜੱਜ ਅਤੇ ਸਕੂਲ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੁਆਰਾ ਠਾਕੁਰ ਦੇ ਸਵਰੂਪ ਸਨਮੁੱਖ ਜੋਤ ਜਲਾ ਕੇ ਕੀਤੀ ਗਈ।ਇਸ ਮੌਕੇ ਸਕੂਲ ਵਿੱਚ ਕੋਰਿਓਗ੍ਰਾਫੀ ਕੰਪੀਟੀਸ਼ਨ ਆਯੋਜਿਤ ਕੀਤਾ ਗਿਆ ਜਿਸ ਵਿੱਚ ਸਾਰੇ ਕੋਆਰਡੀਨੇਟਰਸ ਦੀ ਯੋਗ ਅਗਵਾਈ ਹੇਠਾਂ ਸਕੂਲ ਵਿਦਿਆਰਥੀਆਂ ਦੁਆਰਾ ਸ੍ਰੀ ਕ੍ਰਿਸ਼ਨ ਭਗਵਾਨ ਦੇ ਜੀਵਨ ਕਾਲ ਦੇ ਵੱਖ-ਵੱਖ ਪਲਾਂ ਨੂੰ ਬਹੁਤ ਹੀ ਖੂਬਸੂਰਤੀ ਦੇ ਨਾਲ ਪੇਸ਼ ਕੀਤਾ ਗਿਆ।ਇਸ ਪ੍ਰਤੀਯੋਗਤਾ ਵਿੱਚ ਕੋਆਰਡੀਨੇਟਰ ਮੈਡਮ ਦੀਪਿਕਾ ਦੀ ਟੀਮ ਨੇ ਪਹਿਲਾ ਸਥਾਨ, ਮੈਡਮ ਸਪਨਾ ਸ਼ਰਮਾ ਦੀ ਟੀਮ ਨੇ ਦੂਜਾ ਸਥਾਨ, ਮੈਡਮ ਲੋਕੇਸ਼ਵਰੀ ਸ਼ਰਮਾ ਦੀ ਟੀਮ ਨੇ ਤੀਸਰਾ ਸਥਾਨ ਅਤੇ ਮੈਡਮ ਰੁਪਿੰਦਰ ਕੌਰ ਦੀ ਟੀਮ ਨੇ ਚੌਥਾ ਸਥਾਨ ਹਾਸਲ ਕੀਤਾ।ਜੇਤੂ ਵਿਦਿਆਰਥੀਆਂ ਨੂੰ ਸਕੂਲ ਮੈਨੇਜਮੈਂਟ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਜੱਜ ਦੁਆਰਾ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਸ਼੍ਰੀ ਕ੍ਰਿਸ਼ਨ ਭਗਵਾਨ ਦੇ ਜਨਮ ਉਤਸਵ ਦੀ ਬਹੁਤ- ਬਹੁਤ ਵਧਾਈ ਦਿੱਤੀ ਗਈ।ਇਸ ਮੌਕੇ ਸਕੂਲ ਸੁਪਰਵਾਈਜ਼ਰ ਮੈਡਮ ਨੂੰ ਮਲਹੋਤਰਾ ਮਿੰਗ ਕੰਸਲਟੈਂਟ ਕੋਆਰਡੀਨੇਟਰ ਮੈਡਮ ਦੀਪਿਕਾ, ਲੋਕੇਸ਼ਵਰੀ ਸ਼ਰਮਾ, ਸਪਨਾ ਸ਼ਰਮਾ, ਮਨਜੀਤ ਕੌਰ, ਰਮਨੀਤ ਕੌਰ, ਰੁਪਿੰਦਰ ਕੌਰ, ਐਕਟੀਵਿਟੀ ਇੰਚਾਰਜ ਮੈਡਮ ਨੂਤਨ ਸ਼ਰਮਾ, ਸੰਗੀਤ ਅਧਿਆਪਕ ਹਰਦੀਪ ਸਿੰਘ, ਰਾਜਨਪ੍ਰੀਤ ਸਿੰਘ ਅਤੇ ਸਕੂਲ ਸਟਾਫ਼ ਹਾਜ਼ਰ ਸਨ।



## ਗ੍ਰਾਮ ਪੰਚਾਇਤ ਰੁੜਕਾ ਕਲਾਂ ਵੱਲੋਂ 45 ਹਜ਼ਾਰ ਤੋਂ ਵੱਧ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ

**ਗੁਰਾਇਆ (ਬਿੰਦਰ ਸੁੰਮਨ)**-ਮਿਸ਼ਨ ਕਲੀਨ ਅਤੇ ਗਰੀਨ ਮੁਹਿੰਮ ਤਹਿਤ ਰੁੜਕਾ ਕਲਾਂ ਵਿੱਚ ਗ੍ਰਾਮ ਪੰਚਾਇਤ ਰੁੜਕਾ ਕਲਾਂ ਵੱਲੋਂ ਵਾਈ ਐਫ ਸੀ ਰੁੜਕਾ ਕਲਾਂ ਅਤੇ ਸਟੇਟ ਬੈਂਕ ਆਫ ਇੰਡੀਆ ਦੇ ਸਹਿਯੋਗ ਨਾਲ ਪਿੰਡ ਵਿੱਚ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਇਸੇ ਮੁਹਿੰਮ ਤਹਿਤ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਟੇਟ ਬੈਂਕ ਆਫ ਇੰਡੀਆ ਰੁੜਕਾਂ ਕਲਾਂ ਦੇ ਸਹਿਯੋਗ ਨਾਲ ਤਕਰੀਬਨ 1000 ਬੂਟੇ ਆਉਣ ਵਾਲੇ ਦਿਨਾਂ ਵਿੱਚ ਲਗਾਏ ਜਾਣਗੇ। ਇਸ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਵਿਸ਼ੇਸ਼ ਤੌਰ ਤੇ ਪਾਰੁਲ ਰੋਹਿਲ, ਚੀਫ ਮੈਨੇਜਰ ਸਟੇਟ ਬੈਂਕ ਆਫ ਇੰਡੀਆ ਭੌਂ-3 ਜਲੰਧਰ, ਇੰਦਰਪਾਲ ਸਿੰਘ ਕਾਲਰਾ ਰੀਜਨਲ ਮੈਨੇਜਰ ਸਟੇਟ ਬੈਂਕ ਆਫ ਇੰਡੀਆ ਭੌਂ-3 ਜਲੰਧਰ, ਅਮਨ ਅਟਰੀ ਬਰਾਂਚ ਮੈਨੇਜਰ ਸਟੇਟ ਬੈਂਕ ਆਫ ਇੰਡੀਆ ਰੁੜਕਾ ਕਲਾਂ, ਦਿਲ ਬਹਾਦਰ ਸੀਨੀਅਰ ਐਸੋਸੀਏਟ ਸਟੇਟ ਬੈਂਕ ਆਫ ਇੰਡੀਆ ਰੁੜਕਾ ਕਲਾਂ ਨੇ ਸ਼ਿਰਕਤ ਕੀਤੀ। ਇਸ ਸਮੇਂ ਸਰਪੰਚ ਅਕਵਿੰਦਰ ਕੌਰ ਵੱਲੋਂ ਸਮੁੱਚੀ ਗ੍ਰਾਮ ਪੰਚਾਇਤ ਤੇ ਹੋਰ ਪਤਵੰਤੇ ਸੱਜਣਾਂ ਦੀ ਹਾਜ਼ਰੀ ਵਿੱਚ ਸਟੇਟ ਬੈਂਕ ਆਫ ਇੰਡੀਆ ਤੋ ਆਈ ਟੀਮ ਦਾ ਧੰਨਵਾਦ ਕੀਤਾ। ਸਰਪੰਚ ਅਕਵਿੰਦਰ ਕੌਰ ਨੇ ਸਮੂਹ ਗ੍ਰਾਮ ਪੰਚਾਇਤ ਮੈਂਬਰਾਂ ਸਮੇਤ ਅਪੀਲ ਕੀਤੀ ਕਿ ਕਿਸੇ ਵੀ ਪਿੰਡ ਦੀ ਪੰਚਾਇਤ ਜਿਨਾਂ ਨੂੰ ਬੂਟੇ ਚਾਹੀਦੇ ਹਨ ਉਹ ਨਰਸਰੀ ਤੇ ਆ ਕੇ ਰਾਬਤਾ ਕਾਇਮ ਕਰਕੇ ਬੂਟੇ ਪ੍ਰਾਪਤ ਕਰ ਸਕਦੇ ਹਨ ਇਸੇ ਮੁਹਿੰਮ ਤਹਿਤ ਇਸ ਸਾਲ 4500 ਦੇ ਕਰੀਬ ਬੂਟੇ ਲਗਾਏ ਜਾਣਗੇ ਅਤੇ ਬਾਕੀ ਹੋਰ ਪਿੰਡਾਂ ਦੀਆਂ ਪੰਚਾਇਤਾਂ ਨੂੰ ਦਿੱਤੇ ਜਾਣਗੇ ਤਾਂ ਜੋ ਵਾਤਾਵਰਣ ਨੂੰ ਹੋਰ ਵਧੀਆ ਅਤੇ ਹਰਿਆ ਭਰਿਆ ਬਣਾਇਆ ਜਾ ਸਕੇ। ਅੰਤ ਵਿੱਚ ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਵੱਲੋਂ ਗ੍ਰਾਮ ਪੰਚਾਇਤ ਰੁੜਕਾ ਕਲਾਂ, ਸਟੇਟ ਬੈਂਕ ਆਫ ਇੰਡੀਆ ਰੁੜਕਾ ਕਲਾ, ਜੰਗਲਾਤ ਮਹਿਕਮੇ ਅਤੇ ਹੋਰ ਸਹਿਯੋਗੀ ਐਨ. ਆਰ.ਆਈ ਵੀਰਾਂ ਦਾ ਧੰਨਵਾਦ ਕੀਤਾ ਜਿਨਾਂ ਦੇ ਸਹਿਯੋਗ ਨਾਲ ਇਹਨਾਂ ਚੰਗੇ ਕੰਮਾਂ ਨੂੰ ਨੇਪਰੇ ਚੜਨ ਵਿੱਚ ਯੋਗਦਾਨ ਮਿਲ ਰਿਹਾ ਹੈ। ਇਸ ਸਮੇਂ ਸਰਪੰਚ ਅਕਵਿੰਦਰ ਕੌਰ ਉਨਾਂ ਦੇ ਨਾਲ ਮੌਜੂਦਾ ਪੰਚ ਸੁਖਦੀਪ ਸਿੰਘ, ਰਣਜੀਤ ਸਿੰਘ, ਅਵਤਾਰ ਰਾਮ, ਸਾਬਕਾ ਪੰਚ ਹਰਭਜਨ, ਮਨਪ੍ਰੀਤ ਸਿੰਘ ਉਨਾਂ ਦੇ ਨਾਲ ਜਗਜੀਤ ਸਿੰਘ, ਕੁਲਦੀਪ ਤੇ ਸੋਨੀਆ ਜੀ ਹਾਜ਼ਰ ਸਨ।



## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ



**ਕਪੂਰਥਲਾ (ਹਨੀ)**

ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਦੀ ਅਗਵਾਈ ਵਿਚ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਸਕੂਲ 'ਚ ਸਪੈਸ਼ਲ ਅਸੈਂਬਲੀ ਕਰਵਾਈ ਗਈ। ਪ੍ਰਿੰਸੀਪਲ ਮੋਂਗਾ ਨੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੰਦੇ ਹੋਏ ਕ੍ਰਿਸ਼ਨ ਜੀ ਦੀਆਂ ਬਾਲ ਲੀਲਾਵਾਂ 'ਤੇ ਚਾਨਣਾ ਪਾਇਆ । ਕੇ ਜੀ ਵਿੰਗ ਦੇ ਵਿਦਿਆਰਥੀ ਰਾਧਾ ਕ੍ਰਿਸ਼ਨ ਦੇ ਪਹਿਰਾਵੇ ਰਾਹੀਂ ਸਮਾਗਮ 'ਚ ਸ਼ਾਮਲ ਹੋਏ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੱਤੀ।

## ਟੈਲੀਕਾਮ ਕੰਪਨੀਆਂ ਨੂੰ 31 ਤੱਕ ਪੀ ਐੱਸ ਪੀ ਸੀ ਐੱਲ ਦੇ ਖੰਭਿਆਂ ਤੋਂ ਅਣਵਰਤੀਆਂ ਤੇ ਅਣਅਧਿਕਾਰਤ ਤਾਰਾਂ ਹਟਾਉਣ ਦੇ ਹੁਕਮ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਇਕ ਮਹੱਤਵਪੂਰਣ ਕਦਮ ਚੁੱਕਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹਾ ਜਲੰਧਰ ਵਿੱਚ ਕੰਮ ਕਰਦੀਆਂ ਸਮੂਹ ਟੈਲੀਕਾਮ ਅਤੇ ਇੰਟਰਨੈੱਟ ਸੇਵਾ ਪ੍ਰਦਾਨ ਕਰਨ ਵਾਲੀਆਂ ਕੰਪਨੀਆਂ ਨੂੰ ਪੀ ਐਸ ਪੀ ਸੀ ਐਲ ਦੇ ਖੰਭਿਆਂ 'ਤੇ ਵਿਛਾਈਆਂ ਆਪਣੀਆਂ ਅਣਵਰਤੀਆਂ ਅਤੇ ਅਣਅਧਿਕਾਰਤ ਤਾਰਾਂ 31 ਅਗਸਤ ਤੋਂ ਪਹਿਲਾਂ ਹਟਾਉਣ ਦੇ ਹੁਕਮ ਜਾਰੀ ਕੀਤੇ ਹਨ।ਹੁਕਮਾਂ ਵਿੱਚ ਡਿਪਟੀ ਕਮਿਸ਼ਨਰ ਵੱਲੋਂ ਸਮੂਹ ਟੈਲੀਕਾਮ ਅਤੇ ਇੰਟਰਨੈੱਟ ਸੇਵਾ ਪ੍ਰੋਵਾਈਡਰਾਂ ਨੂੰ ਪਾਵਰਕਾਮ ਦੇ ਖੰਭਿਆਂ 'ਤੇ ਵਿਛਾਈਆਂ ਆਪਣੀਆਂ ਤਾਰਾਂ 31 ਅਗਸਤ ਤੱਕ ਨਿਯਮਿਤ ਕਰਵਾਉਣ ਲਈ ਪੀ.ਐਸ.ਪੀ.ਸੀ.ਐਲ. ਨਾਲ ਸੰਪਰਕ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਡਾ. ਅਗਰਵਾਲ ਨੇ ਕਿਹਾ ਕਿ ਕੋਈ ਵੀ ਕੰਪਨੀ, ਜੋ ਉਕਤ ਮਿਤੀ ਤੱਕ ਅਜਿਹੇ ਅਣਅਧਿਕਾਰਤ ਕੁਨੈਕਸ਼ਨ ਨਿਯਮਤ ਕਰਾਉਣ ਜਾਂ ਹਟਾਉਣ ਵਿੱਚ ਅਸਫ਼ਲ ਰਹਿੰਦੀ ਹੈ, ਉਹ ਪੀ ਐਸ ਪੀ ਸੀ ਐਲ ਵੱਲੋਂ ਨਿਰਧਾਰਤ ਪ੍ਰਤੀ ਖੰਭੇ ਦੇ ਹਿਸਾਬ ਨਾਲ ਜੁਰਮਾਨਾ ਦੇਣ ਲਈ ਜ਼ਿੰਮੇਵਾਰ ਹੋਵੇਗੀ।

## ਬੀੜ ਪੁਆਦ ਵਿਖੇ ਸਾਲਾਨਾ ਮੇਲਾ ਸ਼ਰਧਾਪੂਰਵਕ ਮਨਾਇਆ



**ਬੰਗਾ (ਅਵਤਾਰ ਕਲੇਰ)** ਬੀਬੀ ਸੀਲਾ ਮਹੰਤ ਸਾਬਰੀ ਅਤੇ ਸਾਈਂ ਅਸੋਕ ਸ਼ਾਹ ਕਾਦਰੀ ਮਲੰਗ ਦੀ ਯਾਦ 'ਚ ਤਿੰਨ ਦਿਨਾਂ ਸਾਲਾਨਾ ਮੇਲਾ ਮੁੱਖ ਪ੍ਰਬੰਧਕ ਬਾਬਾ ਰੋਸ਼ਨ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਸ਼ਰਧਾਪੂਰਵਕ ਮਨਾਇਆ ਗਿਆ। ਦਰਬਾਰ ਦੀਆਂ ਧਾਰਮਿਕ ਰਸਮਾ ਤੋਂ ਬਾਅਦ ਸਟੇਜ ਸਜਾਈ ਗਈ। ਜਿਸ 'ਚ ਪੰਜਾਬ ਦੇ ਮਸ਼ਹੂਰ ਕਵਾਲ ਅਤੇ ਨਕਾਲ ਪਾਰਟੀਆ ਨੇ ਅਪਣਾ ਪ੍ਰੋਗਰਾਮ ਪੇਸ਼ ਕੀਤਾ। ਵੱਖ ਵੱਖ ਦਰਬਾਰਾਂ ਤੇ ਫੱਕਰ ਫਕੀਰ ਨੇ ਵੀ ਮੇਲੇ ਵਿੱਚ ਪਹੁੰਚ ਕੇ ਸੰਗਤ ਨੂੰ ਅਸ਼ੀਰਵਾਦ ਦਿੱਤਾ ਮੇਲੇ 'ਚ ਵਿਸ਼ੇਸ਼ ਤੌਰ 'ਤੇ ਸਾਂਈ ਉਮਰੇ ਸ਼ਾਹ, ਸ਼ਾਹ ਕਾਦਰੀ ਗੱਦੀ ਨਸ਼ੀਨ ਰੋਜਾ ਸਰੀਫ ਮੰਢਾਲੀ ਤੋਂ ਇਲਾਵਾ ਬਾਬਾ ਜੋਨੀ ਸ਼ਾਹ ਬਹਿਰਾਮ, ਮਨੀ ਸਾਂਈ, ਬਾਬਾ ਗੁਰਨਾਮ, ਬਾਬਾ ਬੂਟਾ ਜਲੰਧਰ, ਬੀਬੀ ਗੁਰਬਖਸ ਕੌਰ, ਸਾਂਈ ਮਗਰ ਸਾਹ, ਬਲਜੀਤ, ਜਿੰਦਰ ਮੁਠੱਡਾ, ਮੰਨਾ ਬਾਬਾ ਅਤੇ ਸਮੂਹ ਸੰਗਤਾਂ ਹਾਜ਼ਰ ਸਨ। ਮੁੱਖ ਸੇਵਾਦਾਰ ਬਾਬਾ ਰੋਸ਼ਨ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ।